ਸ਼ਨੀਵਾਰ, 5 ਸਤੰਬਰ, 2026
20 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 95

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • SATURDAY, 5 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# 'ਕਾਕਰੋਚਾਂ' ਨੇ ਦਿੱਲੀ ਪੁਲਸ ਯਰਕਾਈ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਜੰਤਰ-ਮੰਤਰ ਦੇ ਪ੍ਰੋਟੈਸਟ 'ਚ ਸ਼ਾਮਲ ਕੁੜੀ ਦੇ ਪਿਤਾ ਦਾ ਸਿਰ ਪਾੜਨ ਦਾ ਦਾਅਵਾ ਕਰਨ ਵਾਲੇ ਸਵਤੰਤਰ ਭਾਰਦਵਾਜ ਨੂੰ ਸ਼ੁੱਕਰਵਾਰ ਯੂ ਪੀ ਦੇ ਬੁਲੰਦਸ਼ਹਿਰ ਤੋਂ ਹਿਰਾਸਤ ਵਿੱਚ ਲੈ ਲਿਆ ਗਿਆ। ਭਾਰਦਵਾਜ ਬੁਲੇਟ ਮੋਟਰਸਾਈਕਲ 'ਤੇ ਨੈਥਲਾ ਪਿੰਡ ਤੋਂ ਭੱਜ ਗਿਆ ਸੀ ਅਤੇ ਪੁਲਸ ਟੀਮ ਦੇ ਉਸ ਨੂੰ ਫੜਨ ਲਈ ਉੱਥੇ ਪਹੁੰਚਣ ਤੋਂ ਪਹਿਲਾਂ ਹੀ ਖੁਰਜਾ ਵੱਲ ਚਲਾ ਗਿਆ ਸੀ। ਅਧਿਕਾਰੀਆਂ ਨੇ ਦੱਸਿਆ ਕਿ ਉਸ ਨੇ ਆਪਣੀ ਪਛਾਣ ਲੁਕਾਉਣ ਲਈ ਹੈਲਮੇਟ ਪਾਇਆ ਹੋਇਆ ਸੀ।

ਉਸ ਤੋਂ ਪਹਿਲਾਂ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੀ ਪ੍ਰਦਰਸ਼ਨਕਾਰੀ ਨਿਸ਼ੂ ਆਜ਼ਾਦ ਨੇ ਕਿਹਾ ਸੀ ਕਿ ਦਿੱਲੀ ਪੁਲਸ ਨੇ ਉਸ ਨੂੰ ਭਰੋਸਾ ਦਿੱਤਾ ਹੈ ਕਿ ਸਵਤੰਤਰ ਭਾਰਦਵਾਜ ਵਿਰੁੱਧ 72 ਘੰਟਿਆਂ ਦੇ ਅੰਦਰ ਕਾਰਵਾਈ ਕੀਤੀ ਜਾਵੇਗੀ। ਸੀ ਜੇ ਪੀ ਦੇ ਮੈਂਬਰਾਂ ਨੇ ਪਾਰਲੀਮੈਂਟ ਸਟਰੀਟ ਪੁਲਸ ਸਟੇਸ਼ਨ ਦੇ ਬਾਹਰ ਇਕੱਠੇ ਹੋ ਕੇ ਜੰਤਰ-ਮੰਤਰ 'ਤੇ ਪ੍ਰਦਰਸ਼ਨ ਦੌਰਾਨ ਨਿਸ਼ੂ ਦੇ ਪਿਤਾ ਸੰਜੇ ਕੁਮਾਰ ਦਾ ਸਿਰ ਪਾੜਨ ਵਾਲੇ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ ਸੀ। ਪ੍ਰਦਰਸ਼ਨ ਵਿੱਚ

**ਸ਼ੇਖੀਆਂ ਮਾਰਨ ਤੋਂ ਬਾਅਦ ਯਈਂ-ਯਈਂ**



ਸੀ ਜੇ ਪੀ ਦੇ ਕੋ-ਕਨਵੀਨਰ ਸੌਰਵ ਦਾਸ ਤੇ ਆਸ਼ੂਤੋਸ਼ ਰੰਕਾ ਅਤੇ ਸੰਸਦ ਮੈਂਬਰ ਚੰਦਰਸ਼ੇਖਰ ਆਜ਼ਾਦ ਤੇ ਪੱਪੂ ਯਾਦਵ ਵੀ ਸ਼ਾਮਲ ਸਨ।

ਨਿਸ਼ੂ ਨੇ ਦੱਸਿਆ ਕਿ ਕਈ ਦਿਨਾਂ ਤੋਂ ਭਾਰਦਵਾਜ ਦੇ ਹਮਾਇਤੀ ਉਸ ਨੂੰ ਗਾਲਾਂ ਕੱਢ ਰਹੇ ਹਨ ਅਤੇ ਬਲਾਤਕਾਰ ਦੀਆਂ ਧਮਕੀਆਂ ਦੇ ਰਹੇ ਹਨ। ਉਸ ਨੇ ਉਨ੍ਹਾਂ ਵਿਰੁੱਧ ਐੱਫ ਆਈ ਆਰ ਵੀ ਦਰਜ ਕਰਵਾਈ ਹੈ। ਇਸ ਘਟਨਾ ਨੇ ਉਸ ਨੂੰ ਡੂੰਘਾ ਪ੍ਰੇਸ਼ਾਨ ਕੀਤਾ ਹੈ। ਉਹ ਸਕੂਲ ਵੀ ਨਹੀਂ ਜਾ ਰਹੀ। ਉਮੀਦ ਹੈ ਕਿ ਪੁਲਸ ਹੁਣ ਕਾਰਵਾਈ ਕਰੇਗੀ ਅਤੇ ਇਹ ਯਕੀਨੀ ਬਣਾਏਗੀ ਕਿ ਉਸ ਨੂੰ ਹੋਰ ਦੁੱਖ ਨਾ ਝੱਲਣਾ ਪਵੇ। ਖੁਦ ਨੂੰ ਕੱਟੜ ਹਿੰਦੂ ਦੱਸਣ ਵਾਲੇ ਭਾਰਦਵਾਜ ਨੇ ਵਾਇਰਲ ਇੰਟਰਵਿਊ ਵਿੱਚ ਸ਼ੇਖੀ ਮਾਰੀ ਸੀ ਕਿ ਉਸ ਨੇ ਪ੍ਰੋਟੈੱਸਟ ਦੌਰਾਨ ਨਿਸ਼ੂ ਆਜ਼ਾਦ ਦੇ ਪਿਤਾ ਸੰਜੇ ਕੁਮਾਰ ਦਾ ਸਿਰ ਪਾੜਿਆ ਸੀ ਅਤੇ ਜੇਲ੍ਹ ਜਾਣ ਤੋਂ ਬਚਣ ਵਿੱਚ ਉਸ ਦੀ ਦਿੱਲੀ ਦੇ ਮੰਤਰੀ ਕਪਿਲ ਮਿਸ਼ਰਾ ਨੇ ਮਦਦ ਕੀਤੀ ਸੀ। ਉਸ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਆਪਣਾ ਵੱਡਾ ਭਰਾ ਤੇ ਕੇਂਦਰੀ ਮੰਤਰੀ ਚਿਰਾਗ ਪਾਸਵਾਨ ਨੂੰ ਭਰਾ ਵੀ ਦੱਸਿਆ। ਇੰਟਰਵਿਊ ਵਿੱਚ ਉਸ ਨੂੰ ਇਹ ਸ਼ੇਖੀ ਮਾਰਦੇ ਸੁਣਿਆ ਜਾ ਸਕਦਾ ਹੈ ਕਿ ਪੁਲਸ ਨੂੰ ਦਿੱਲੀ ਦੇ ਇੱਕ ਸਿਆਸਤਦਾਨ ਦਾ ਫੋਨ ਆਇਆ ਸੀ, ਜਿਸ ਨੂੰ ਉਸ ਨੇ ਵੱਡੇ ਭਰਾ ਦੱਸਿਆ।

ਇੱਕ ਹੋਰ ਵੀਡੀਓ ਵਿੱਚ, ਭਾਰਦਵਾਜ ਇਹ ਸ਼ੇਖੀ ਵੀ ਮਾਰ ਰਿਹਾ ਹੈ ਕਿ ਉਸ ਨੇ ਕੜੇ ਨਾਲ ਪ੍ਰਦਰਸ਼ਨਕਾਰੀਆਂ 'ਤੇ ਹਮਲਾ ਕੀਤਾ ਸੀ। ਉਹ ਇਹ ਵੀ ਸ਼ੇਖੀ ਮਾਰਦਾ ਦਿਖਾਈ ਦੇ ਰਿਹਾ ਹੈ ਕਿ ਉਸ ਨੇ 'ਇੱਕ

• ਬਾਕੀ ਸਫਾ 2 'ਤੇ

## ਸੁਰੰਗ 'ਚ ਫਸੇ ਦੋ ਬੰਦੇ 10 ਦਿਨਾਂ ਬਾਅਦ ਬਚਾਏ

**ਕਠਮੰਡੂ (ਨ ਜ਼ ਸ) :** ਭੋਟੇਕੋਸ਼ੀ ਹੜ੍ਹ ਤਬਾਹੀ ਦੇ 10 ਦਿਨਾਂ ਬਾਅਦ ਤ੍ਰਿਸ਼ੂਲੀ 3ਏ ਹਾਈਡਰੋਪਾਵਰ ਪ੍ਰੋਜੈਕਟ ਦੀ ਇੱਕ ਸੁਰੰਗ ਵਿੱਚੋਂ ਦੋ ਵਿਅਕਤੀਆਂ ਨੂੰ ਜ਼ਿੰਦਾ ਬਚਾ ਲਿਆ ਗਿਆ ਹੈ। ਉਨ੍ਹਾਂ ਦੀ ਪਛਾਣ ਕਬੀਰ ਮਹਾਰਜਨ (45) ਅਤੇ ਸੰਜੇ ਸਾਹ (30) ਵਜੋਂ ਹੋਈ ਹੈ। ਨੇਪਾਲ ਆਰਮੀ ਦੇ ਪਬਲਿਕ ਰਿਲੇਸ਼ਨਜ਼ ਡਾਇਰੈਕਟੋਰੇਟ ਮੁਤਾਬਕ ਮਹਾਰਜਨ ਪ੍ਰੋਜੈਕਟ 'ਚ ਮਕੈਨੀਕਲ ਸੁਪਰਵਾਈਜ਼ਰ ਵਜੋਂ ਕੰਮ ਕਰ ਰਹੀ ਸੀ, ਜਦੋਂ ਕਿ ਸਾਹ ਫੋਰਮੈਨ ਸੀ। ਨੇਪਾਲ ਆਰਮੀ ਦੀ ਅਗਵਾਈ ਹੇਠਲੀ ਸੁਰੱਖਿਆ ਕਮਾਂਡ ਵਿਸ਼ੇਸ਼ ਉਪਕਰਣਾਂ ਦੀ ਵਰਤੋਂ ਕਰਦਿਆਂ ਖੋਜ ਅਤੇ ਬਚਾਅ ਕਾਰਜਾਂ ਵਿੱਚ ਰੁੱਝੀ ਹੋਈ ਹੈ। ਕਾਠਮੰਡੂ ਪੋਸਟ ਅਖਬਾਰ ਦੀ ਰਿਪੋਰਟ ਮੁਤਾਬਕ, ਇਹ ਬਚਾਅ ਕਾਰਜ ਉਸ ਤੋਂ ਬਾਅਦ ਹੋਇਆ ਜਦੋਂ ਬਚਾਅ ਕਰਮਚਾਰੀਆਂ ਨੇ ਸੁਰੰਗ ਦੇ ਅੰਦਰੋਂ ਆਵਾਜ਼ਾਂ ਸੁਣੀਆਂ ਅਤੇ ਉੱਥੇ ਫਸੇ ਹੋਣ ਦੇ ਸ਼ੱਕ ਵਿੱਚ ਲੋਕਾਂ ਨਾਲ ਸੰਪਰਕ ਸਥਾਪਤ ਕੀਤਾ। ਆਵਾਜ਼ਾਂ ਸੁਣੇ ਜਾਣ ਤੋਂ ਬਾਅਦ ਨੇਪਾਲੀ ਸੈਨਾ ਅਤੇ ਆਰਮਡ ਪੁਲਸ ਫੋਰਸ ਨੇ ਉਨ੍ਹਾਂ ਤੱਕ ਪਹੁੰਚਣ ਲਈ ਯਤਨ ਤੇਜ਼ ਕਰ ਦਿੱਤੇ। ਹੜ੍ਹਾਂ ਕਾਰਨ ਮਰਨ ਵਾਲਿਆਂ ਦੀ ਗਿਣਤੀ ਵਧ ਕੇ 1,282 ਹੋ ਗਈ ਹੈ।

# 85 ਹਜ਼ਾਰ ਮੁਲਾਜ਼ਮਾਂ ਦਾ ਡੀ ਏ 60 ਫੀਸਦੀ ਕਰਨ ਦੀ ਸਿਫਾਰਸ਼

**17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਇਹ ਮੁਲਾਜ਼ਮ**

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**



ਅੰਤਮ ਫੈਸਲਾ ਮੁੱਖ ਮੰਤਰੀ ਲੈਣਗੇ।

ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਦੀ ਸੁਣਵਾਈ ਲਈ ਗਠਿਤ ਕੈਬਨਿਟ ਸਬ ਕਮੇਟੀ ਨੇ 85 ਹਜ਼ਾਰ ਮੁਲਾਜ਼ਮਾਂ ਨੂੰ ਮਹਿੰਗਾਈ ਭੱਤਾ ਮੌਜੂਦਾ 42 ਫੀਸਦੀ ਤੋਂ ਵਧਾ ਕੇ 60 ਫੀਸਦੀ ਕਰਨ ਦੀ ਸਿਫਾਰਸ਼ ਕੀਤੀ ਹੈ। ਪੰਜਾਬ 'ਚ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਇਨ੍ਹਾਂ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਦੇ ਵਾਧੇ ਦੀ ਤਿਆਰੀ ਨੂੰ ਅੰਤਮ ਛੋਹ ਦਿੱਤੀ ਜਾ ਰਹੀ ਹੈ। ਪੰਜਾਬ ਦੇ ਮੁਲਾਜ਼ਮਾਂ ਤੇ ਸੂਬਾ ਸਰਕਾਰ ਦਰਮਿਆਨ ਬਣੇ ਟਕਰਾਅ ਦੇ ਦਰਮਿਆਨ ਪੰਜਾਬ ਸਰਕਾਰ ਨੇ ਇਹ ਪੈਂਤੜਾ ਲਿਆ ਹੈ।

'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਸ਼ੁੱਕਰਵਾਰ ਇੱਥੇ ਇਸ ਫੈਸਲੇ ਦੀ ਜਾਣਕਾਰੀ ਦਿੱਤੀ। ਕੈਬਨਿਟ ਸਬ ਕਮੇਟੀ 'ਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਅਮਨ ਅਰੋੜਾ ਅਤੇ ਡਾ. ਬਲਜੀਤ ਕੌਰ ਸ਼ਾਮਲ ਹਨ। ਇਨ੍ਹਾਂ ਉਪਰੋਕਤ ਮੁਲਾਜ਼ਮਾਂ ਦੀ ਭਰਤੀ ਕੇਂਦਰੀ ਤਨਖਾਹ ਸਕੇਲਾਂ ਦੇ ਆਧਾਰ 'ਤੇ ਕੀਤੀ ਗਈ ਸੀ, ਜੋ ਕਿ ਛੇਵੇਂ ਪੰਜਾਬ ਤਨਖਾਹ ਕਮਿਸ਼ਨ ਦੁਆਰਾ ਸਿਫਾਰਸ਼ ਕੀਤੇ ਗਏ ਅਤੇ ਜੁਲਾਈ 2020 ਤੋਂ ਪਹਿਲਾਂ ਸੂਬਾਈ ਤਨਖਾਹ ਢਾਂਚੇ ਤਹਿਤ ਭਰਤੀ ਹੋਏ ਮੁਲਾਜ਼ਮਾਂ 'ਤੇ ਲਾਗੂ ਸਕੇਲਾਂ ਨਾਲੋਂ ਘੱਟ ਹਨ। ਅਰੋੜਾ ਨੇ ਕਿਹਾ ਕਿ 'ਆਪ' ਸਰਕਾਰ ਵੱਲੋਂ ਭਰਤੀ ਕੀਤੇ ਗਏ 71,000 ਮੁਲਾਜ਼ਮਾਂ ਤੋਂ ਇਲਾਵਾ ਪਿਛਲੀ ਕਾਂਗਰਸੀ ਸਰਕਾਰ ਦੌਰਾਨ ਭਰਤੀ ਹੋਏ 14,000 ਮੁਲਾਜ਼ਮਾਂ ਨੂੰ ਵੀ ਇਸ ਦਾ ਲਾਭ ਮਿਲੇਗਾ।

ਕੈਬਨਿਟ ਸਬ ਕਮੇਟੀ ਵੱਲੋਂ ਇਹ ਸਿਫਾਰਸ਼ ਅੰਤਮ ਪ੍ਰਵਾਨਗੀ ਲਈ ਮੁੱਖ ਮੰਤਰੀ ਕੋਲ ਜਾਵੇਗੀ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਰੀ ਝੰਡੀ ਮਿਲਣ ਮਗਰੋਂ ਇਨ੍ਹਾਂ ਸਿਫਾਰਸ਼ਾਂ ਨੂੰ ਅਮਲ 'ਚ ਲਿਆਉਣ ਲਈ ਰਾਹ ਪੱਧਰਾ ਹੋ ਜਾਵੇਗਾ।

## ਭਾਰਤੀ ਕੰਪਨੀ ਨਾਲ ਸੌਦੇ 'ਚ ਐਸਤੋਨੀਆ ਦੇ ਰੱਖਿਆ ਮੰਤਰੀ ਦੀ ਕੁਰਸੀ ਗਈ

**ਤਾਲਿਨ (ਨ ਜ਼ ਸ)**-ਬਾਲਟਿਕ ਦੇਸ਼ ਐਸਤੋਨੀਆ ਦੇ ਰੱਖਿਆ ਮੰਤਰੀ ਹੈਨੋ ਪੇਵਕੁਰ ਨੂੰ ਭਾਰਤੀਆਂ ਦੇ ਕੰਟਰੋਲ ਵਾਲੀ ਕੰਪਨੀ ਤੋਂ ਤੋਪਖਾਨਾ ਗੋਲਾ-ਬਾਰੂਦ ਖਰੀਦਣ ਦੇ 7 ਕਰੋੜ ਯੂਰੋ ਦੇ ਸੌਦੇ ਤੋਂ ਬਾਅਦ ਅਸਤੀਫਾ ਦੇਣਾ ਪਿਆ ਹੈ। ਹਾਲਾਂਕਿ ਉਸ ਨੇ ਦਾਅਵਾ ਕੀਤਾ ਹੈ ਕਿ ਉਹ ਸੌਦੇ ਲਈ ਨਿੱਜੀ ਤੌਰ 'ਤੇ ਦੋਸ਼ੀ ਨਹੀਂ ਸੀ।

ਵਿਵਾਦ ਦੇ ਕੇਂਦਰ ਵਿੱਚ ਡੈਟਾਸੈੱਲ ਹੈ, ਜੋ ਕਿ ਭਾਰਤ ਦੇ ਨੈਕੋ ਗਰੁੱਪ ਦੀ ਮਲਕੀਅਤ ਵਾਲੀ ਇੱਕ ਛੋਟੀ ਇਤਾਲਵੀ ਕੰਪਨੀ ਹੈ ਤੇ ਜਿਸ ਨੂੰ ਨਾਗਪੁਰ ਦਾ ਇੱਕ ਜੈਸਵਾਲ ਪਰਵਾਰ ਚਲਾਉਂਦਾ ਹੈ।

ਐਸਤੋਨੀਆ ਦਾ ਕਹਿਣਾ ਹੈ ਕਿ ਡੈਟਾਸੈੱਲ ਸਮੇਂ ਸਿਰ ਜ਼ਿਆਦਾਤਰ ਗੋਲਾ-ਬਾਰੂਦ ਪਹੁੰਚਾਉਣ ਵਿੱਚ ਅਸਫਲ ਰਹੀ। ਜੋ ਕੁਝ ਪਹੁੰਚਿਆ ਸੀ, ਉਸ ਵਿੱਚੋਂ ਕੁਝ ਲੋੜੀਂਦੇ ਮਾਪਦੰਡਾਂ 'ਤੇ ਖਰਾ ਨਹੀਂ ਉਤਰਿਆ।

ਡੈਟਾਸੈੱਲ ਨੇ ਮੰਨਿਆ ਹੈ ਕਿ ਦੇਰੀ ਹੋਈ ਸੀ, ਪਰ ਉਸ ਦਾ ਮਾਲ ਘਟੀਆ ਨਹੀਂ ਸੀ। ਇਹ ਵਿਵਾਦ ਹੁਣ

• ਬਾਕੀ ਸਫਾ 2 'ਤੇ

## 'ਬਿੱਟੂ ਵੱਲੋਂ ਵਾਇਰਲ ਵੀਡੀਓ ਨਕਲੀ'



**ਲੁਧਿਆਣਾ :** ਸਾਬਕਾ ਰੇਲ ਰਾਜ ਮੰਤਰੀ ਅਤੇ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਵੱਲੋਂ ਇੱਕ ਨੌਜਵਾਨ ਦੀ ਨਸ਼ੇ ਦੀ ਹਾਲਤ ਵਿੱਚ ਹੋਣ ਦੀ ਪਾਈ ਵੀਡੀਓ ਨੂੰ ਪੁਲਸ ਨੇ ਨਕਲੀ ਦੱਸਿਆ ਹੈ। ਵੀਡੀਓ ਵਿੱਚ ਦੁੱਗਰੀ ਇਲਾਕੇ ਵਿੱਚ ਇੱਕ ਸਿੱਖ ਨੌਜਵਾਨ ਨੂੰ ਨਸ਼ੇ ਦੇ ਪ੍ਰਭਾਵ ਹੇਠ 'ਸਟੋਨਡ' (ਨਸ਼ੇ ਵਿੱਚ ਧੁੱਤ) ਸਥਿਤੀ ਵਿੱਚ ਦਿਖਾਇਆ ਗਿਆ ਹੈ। ਆਪਣੇ ਇੰਸਟਾਗ੍ਰਾਮ ਹੈਂਡਲ 'ਤੇ, ਬਿੱਟੂ ਨੇ ਵੀਡੀਓ ਦੇ ਨਾਲ 'ਭਗਵੰਤ ਮਾਨ ਉਜਾੜਦਾ ਪੰਜਾਬ', 'ਰੰਗਲਾ ਪੰਜਾਬ ਐਕਸਪੋਜ਼ਡ', 'ਸੇਵ ਪੰਜਾਬ ਯੂਥ' ਲਿਖਿਆ ਹੈ। ਏ ਸੀ ਪੀ ਐੱਸ ਐੱਸ ਚੀਮਾ ਨੇ ਦੱਸਿਆ ਕਿ ਨੌਜਵਾਨ ਦੀ ਉਮਰ ਲਗਪਗ 30 ਸਾਲ ਹੈ ਅਤੇ ਉਹ ਪਹਿਲਾਂ ਨਸ਼ੇ ਦਾ ਆਦੀ ਸੀ ਪਰ ਬਹੁਤ ਪਹਿਲਾਂ ਚਿੱਟਾ ਛੱਡ ਚੁੱਕਾ ਸੀ। ਉਸ ਨੇ ਮੰਨਿਆ ਹੈ ਕਿ ਉਸ ਨੇ ਸੋਸ਼ਲ ਮੀਡੀਆ 'ਤੇ ਪ੍ਰਸਿੱਧੀ ਹਾਸਲ ਕਰਨ ਲਈ ਆਪਣੇ ਦੋਸਤ ਨਾਲ ਮਿਲ ਕੇ ਇਹ ਵੀਡੀਓ ਬਣਾਈ ਸੀ। ਜਦੋਂ ਇਹ ਵੀਡੀਓ ਬਣਾਈ ਗਈ ਸੀ, ਤਾਂ ਉਸ ਨੇ ਕੋਈ ਨਸ਼ਾ ਨਹੀਂ ਸੀ ਲਿਆ। ਚੀਮਾ ਨੇ ਦੱਸਿਆ ਕਿ ਸਚਾਈ ਦਾ ਪਤਾ ਲਗਾਉਣ ਲਈ ਉਸ ਦੇ ਮੈਡੀਕਲ ਟੈਸਟ ਕਰਵਾ ਰਹੇ ਹਾਂ ਅਤੇ ਰਿਪੋਰਟ ਆਉਣ ਤੋਂ ਬਾਅਦ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾਵੇਗੀ।

## 'ਡਾ. ਗਾਂਧੀ ਤੇ ਪਰਵਾਰ ਦੀਆਂ ਵੋਟਾਂ ਨਹੀਂ ਕੱਟੀਆਂ'



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹਾ ਪ੍ਰਸ਼ਾਸਨ ਨੇ ਪਟਿਆਲਾ ਦੇ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਦੇ ਉਨ੍ਹਾ ਅਤੇ ਉਨ੍ਹਾ ਦੇ ਪਰਵਾਰਕ ਮੈਂਬਰਾਂ ਦੇ ਨਾਂਅ 13 ਅਗਸਤ ਨੂੰ ਜਾਰੀ ਡਰਾਫਟ ਵੋਟਰ ਸੂਚੀ ਵਿੱਚੋਂ ਗਾਇਬ ਹੋਣ ਦੇ ਦਾਅਵੇ ਨੂੰ ਗਲਤ ਦੱਸਦਿਆਂ ਸ਼ੁੱਕਰਵਾਰ ਕਿਹਾ ਕਿ ਡਾ. ਗਾਂਧੀ, ਉਨ੍ਹਾ ਦੀ ਪਤਨੀ ਜਗਦੰਬਾ ਕੌਸ਼ਲ, ਧੀ ਰੋਹਣੀ ਪਰਾਸ਼ਰ, ਨੂੰਹ ਚਾਹਤ ਸਾਹੂਜਾ ਅਤੇ ਪੁੱਤਰ ਨਬੇਂਦੂ ਦੇ ਨਾਂਅ ਵਿਧਾਨ ਸਭਾ ਹਲਕਾ ਪਟਿਆਲਾ, ਭਾਗ ਨੰਬਰ 98, ਲੜੀ ਨੰਬਰ 44 ਤੋਂ 48 'ਤੇ ਵੋਟਰ ਵਜੋਂ ਰਜਿਸਟਰਡ ਹਨ।

## ਡਰਾਈਵਰ ਨੂੰ ਥੱਪੜ ਮਾਰਨ ਵਾਲਾ ਲਾਈਨ ਹਾਜ਼ਰ

**ਜਲੰਧਰ :** ਪਰਾਗਪੁਰ ਨੇੜੇ ਡਰਾਈਵਰ ਨੂੰ ਥੱਪੜ ਮਾਰਨ ਵਾਲੇ ਪੁਲਸ ਮੁਲਾਜ਼ਮ ਨੂੰ ਲਾਈਨ ਹਾਜ਼ਰ ਕਰ ਦਿੱਤਾ ਗਿਆ ਹੈ। ਬਠਿੰਡਾ ਨੇੜਲੇ ਟਰੱਕ ਡਰਾਈਵਰ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਜਲੰਧਰ ਬਾਈਪਾਸ-ਫਗਵਾੜਾ ਰੋਡ 'ਤੇ ਆਪਣਾ ਟਰੱਕ ਲੈ ਕੇ ਜਾ ਰਿਹਾ ਸੀ, ਜਦੋਂ ਪੁਲਸ ਮੁਲਾਜ਼ਮ ਨੇ ਉਸ ਨੂੰ ਰੋਕਿਆ ਅਤੇ ਪੈਸਿਆਂ ਦੀ ਮੰਗ ਕੀਤੀ। ਜਦੋਂ ਉਸ ਨੇ ਪੈਸੇ ਦੇਣ ਤੋਂ ਇਨਕਾਰ ਕੀਤਾ ਤਾਂ ਉਸ ਦਾ ਓਵਰਲੋਡਿੰਗ ਦਾ ਚਾਲਾਨ ਕੱਟ ਦਿੱਤਾ। ਜਦੋਂ ਉਸ ਨੇ ਇਸ ਪੂਰੀ ਘਟਨਾ ਦੀ ਵੀਡੀਓ ਆਪਣੇ ਮੋਬਾਈਲ 'ਤੇ ਰਿਕਾਰਡ ਕਰਨੀ ਸ਼ੁਰੂ ਕੀਤੀ ਤਾਂ ਪੁਲਸ ਮੁਲਾਜ਼ਮ ਨੇ ਉਸ ਦਾ ਮੋਬਾਈਲ ਖੋਹ ਲਿਆ। ਮੋਬਾਈਲ ਅਤੇ ਆਰ ਸੀ ਵਾਪਸ ਮੰਗਣ 'ਤੇ ਉਸ ਨੇ ਉਸ ਦੇ ਥੱਪੜ ਜੜ ਦਿੱਤਾ। ਮਨਪ੍ਰੀਤ ਨੇ ਦੱਸਿਆ ਕਿ ਉਹ ਗੁਜਰਾਤ ਅਤੇ ਰਾਜਸਥਾਨ ਸਮੇਤ ਕਈ ਰਾਜਾਂ ਵਿੱਚ 3 ਹਜ਼ਾਰ ਕਿੱਲੋਮੀਟਰ ਟਰੱਕ ਚਲਾ ਕੇ ਆਇਆ ਸੀ, ਪਰ ਜਲੰਧਰ ਪਹੁੰਚ ਕੇ ਉਸ ਦਾ ਚਾਲਾਨ ਕੱਟ ਦਿੱਤਾ ਗਿਆ। ਉਸ ਨੇ ਸਵਾਲ ਚੁੱਕਿਆ ਕਿ ਚਾਲਾਨ ਕੱਟਣਾ ਪੁਲਸ ਦੀ ਕਾਰਵਾਈ ਹੋ ਸਕਦੀ ਹੈ, ਪਰ ਕੀ ਇਸ ਦਾ ਵਿਰੋਧ ਕਰਨ 'ਤੇ ਥੱਪੜ ਮਾਰਨਾ ਠੀਕ ਹੈ? ਮਾਮਲੇ ਦੇ ਤੂਲ ਫੜਨ ਤੋਂ ਬਾਅਦ ਪੁਲਸ ਵਿਭਾਗ ਨੇ ਮੁਲਾਜ਼ਮ ਨੂੰ ਲਾਈਨ ਹਾਜ਼ਰ ਕਰ ਦਿੱਤਾ ਹੈ।

# 'ਬਦਲਾਅ ਜ਼ਰੂਰੀ ਹੈ' ਦੇ ਨਾਅਰੇ ਹੇਠ ਸਿਆਸੀ ਮੁਹਿੰਮ ਨੂੰ ਹੋਰ ਤੇਜ਼ ਕਰਨ ਦਾ ਸੱਦਾ

**ਲੁਧਿਆਣਾ (ਐਮ ਐਸ ਭਾਟੀਆ)**

'ਬਦਲਾਅ ਜ਼ਰੂਰੀ ਹੈ' ਦੇ ਨਾਅਰੇ ਹੇਠ ਤੇਜ਼ ਕੀਤੀ ਜਾਣ ਵਾਲੀ ਸਿਆਸੀ ਮੁਹਿੰਮ ਸੰਬੰਧੀ ਭਾਰਤੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਡੀ ਰਾਜਾ ਵੱਲੋਂ ਜਾਰੀ ਬਿਆਨ ਵਿਚ ਕਿਹਾ ਗਿਆ ਹੈ ਕਿ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਦੀ ਕੌਮੀ ਕਾਰਜਕਾਰਨੀ ਅਤੇ ਕੌਮੀ ਕੌਂਸਲ ਦੀ ਮੀਟਿੰਗ 2-3 ਸਤੰਬਰ ਨੂੰ ਹੋਈ ਮੀਟਿੰਗ ਵਿੱਚ ਦੇਸ਼ ਅਤੇ ਦੁਨੀਆ ਦੀ ਮੌਜੂਦਾ ਸਥਿਤੀ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ 6 ਤੋਂ 15 ਅਗਸਤ ਤੱਕ ਪੈਦਲ ਯਾਤਰਾਵਾਂ ਅਤੇ ਹੋਰ ਜਨ-ਸੰਪਰਕ ਦੇ ਢੰਗਾਂ ਰਾਹੀਂ ਚਲਾਈ ਗਈ ਪਾਰਟੀ ਦੀ ਸਿਆਸੀ ਮੁਹਿੰਮ ਦੀ ਸਮੀਖਿਆ ਕੀਤੀ ਗਈ ਅਤੇ ਪਹਿਲੀ ਸਤੰਬਰ ਨੂੰ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ ਹੋਈ ਬਹੁਤ ਹੀ ਸਫਲ 'ਬਦਲਾਅ ਜ਼ਰੂਰੀ ਹੈ' ਰੈਲੀ ਦਾ ਜਾਇਜ਼ਾ ਲਿਆ ਗਿਆ।

ਮੀਟਿੰਗ ਦੀ ਪ੍ਰਧਾਨਗੀ ਸੀ ਪੀ ਆਈ ਦੇ ਸਕੱਤਰੇਤ ਮੈਂਬਰ ਡਾ. ਗਿਰੀਸ਼ ਸ਼ਰਮਾ ਨੇ ਕੀਤੀ।ਕਾਮਰੇਡ ਰਾਜਾ ਨੇ ਕੌਮੀ ਅਤੇ ਕੌਮਾਂਤਰੀ ਘਟਨਾਕ੍ਰਮ ਬਾਰੇ ਰਿਪੋਰਟ ਪੇਸ਼ ਕੀਤੀ ਅਤੇ ਪਾਰਟੀ ਵੱਲੋਂ ਚਲਾਈਆਂ ਜਾ ਰਹੀਆਂ ਸਿਆਸੀ ਮੁਹਿੰਮਾਂ ਅਤੇ ਕੀਤੀਆਂ ਜਾ ਰਹੀਆਂ ਦਖਲਅੰਦਾਜ਼ੀਆਂ ਬਾਰੇ ਕੌਮੀ ਕੌਂਸਲ ਨੂੰ ਜਾਣਕਾਰੀ ਦਿੱਤੀ।

ਦੇਸ਼ ਭਰ ਤੋਂ ਮੀਟਿੰਗ ਵਿੱਚ ਸ਼ਾਮਲ ਹੋਏ ਕੌਮੀ ਕਾਰਜਕਾਰਨੀ ਅਤੇ ਕੌਮੀ ਕੌਂਸਲ ਦੇ ਮੈਂਬਰਾਂ ਨੇ ਸੀ ਪੀ ਆਈ ਦੀ ਸਿਆਸੀ ਦਖਲਅੰਦਾਜ਼ੀ ਨੂੰ ਸਮੇਂ ਸਿਰ ਅਤੇ ਮਹੱਤਵਪੂਰਨ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਦੇਸ਼ ਦੇ ਸਿਆਸੀ ਮਾਹੌਲ ਵਿੱਚ ਇੱਕ ਮਹੱਤਵਪੂਰਨ ਤਬਦੀਲੀ ਵੱਲ ਸੰਕੇਤ ਕਰਦੀ ਹੈ। ਸਮਾਜ ਦੇ ਵੱਖ-ਵੱਖ ਵਰਗਾਂ ਵਿੱਚ ਇਹ ਸਮਝ ਵਧ ਰਹੀ ਹੈ ਕਿ ਆਰ ਐੱਸ ਐੱਸ ਦੇ ਕੰਟਰੋਲ ਹੇਠਲੀ ਮੋਦੀ ਸਰਕਾਰ ਅਰਥਵਿਵਸਥਾ ਅਤੇ ਕੌਮੀ ਸੁਰੱਖਿਆ ਤੋਂ ਲੈ ਕੇ ਸਿੱਖਿਆ, ਸਿਹਤ ਸੇਵਾਵਾਂ, ਰੁਜ਼ਗਾਰ ਸਿਰਜਣ, ਸਮਾਜਿਕ ਸੁਰੱਖਿਆ ਅਤੇ ਕੀਮਤਾਂ 'ਤੇ ਕਾਬੂ ਪਾਉਣ ਤੱਕ ਲਗਪਗ ਹਰ ਵੱਡੇ ਮੋਰਚੇ 'ਤੇ ਨਾਕਾਮ ਰਹੀ ਹੈ।ਮੀਟਿੰਗ ਨੇ ਲੋਕਾਂ, ਖਾਸ ਕਰਕੇ ਨੌਜਵਾਨਾਂ ਅਤੇ ਵਿਦਿਆਰਥੀਆਂ ਵਿੱਚ ਵਧ ਰਹੀ ਨਿਰਾਸ਼ਾ ਅਤੇ ਨਾਰਾਜ਼ਗੀ ਨੂੰ ਨੋਟ ਕੀਤਾ। ਹਾਲ ਹੀ ਵਿੱਚ ਦੇਸ਼ ਪੱਧਰ 'ਤੇ ਹੋਇਆ ਵਿਦਿਆਰਥੀ ਅੰਦੋਲਨ ਇਸ ਵਧ ਰਹੇ ਗੁੱਸੇ ਦਾ ਪ੍ਰਗਟਾਵਾ ਹੈ। ਸੀ ਪੀ ਆਈ ਦੀ ਸਿਆਸੀ ਮੁਹਿੰਮ ਵੱਖ-ਵੱਖ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਇੱਕਜੁੱਟ ਕਰਨ ਵਿੱਚ ਸਫਲ ਰਹੀ ਹੈ। ਇਨ੍ਹਾਂ ਸਾਰੇ ਵਰਗਾਂ ਦਾ ਸਾਂਝਾ ਤਜਰਬਾ ਇਹ ਹੈ ਕਿ ਮੋਦੀ ਸਰਕਾਰ ਨੇ ਉਨ੍ਹਾਂ ਨੂੰ ਨਿਰਾਸ਼ ਕੀਤਾ ਹੈ।ਕੌਮੀ ਕੌਂਸਲ ਨੇ ਕਿਹਾ ਕਿ 'ਬਦਲਾਅ ਜ਼ਰੂਰੀ ਹੈ' ਦਾ ਨਾਅਰਾ ਇਸ ਸਾਂਝੀ ਨਿਰਾਸ਼ਾ ਅਤੇ ਲੋਕਾਂ ਵੱਲੋਂ ਸਾਰਥਕ ਤੇ ਸਕਾਰਾਤਮਕ ਤਬਦੀਲੀ ਦੀ ਇੱਛਾ ਦਾ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਸਿਆਸੀ ਪ੍ਰਗਟਾਵਾ ਬਣ ਕੇ ਉਭਰਿਆ ਹੈ।ਪੈਦਲ ਯਾਤਰਾਵਾਂ ਰਾਹੀਂ ਇਹ ਸੁਨੇਹਾ ਦੇਸ਼ ਭਰ ਦੇ ਪਿੰਡਾਂ ਅਤੇ ਕਸਬਿਆਂ ਤੱਕ ਪਹੁੰਚਾਇਆ ਗਿਆ। ਲੋਕਾਂ ਨੂੰ ਦਰਪੇਸ਼ ਮੁੱਖ ਮੁੱਦੇ ਉਠਾਏ ਗਏ ਅਤੇ ਬਦਲਾਅ ਦੀ ਮੰਗ ਨੂੰ ਲੈ ਕੇ ਲੋਕਾਂ ਨੂੰ ਲਾਮਬੰਦ ਕੀਤਾ ਗਿਆ। ਇਸ ਮੁਹਿੰਮ ਦਾ ਸਮਾਪਨ ਪਹਿਲੀ ਸਤੰਬਰ ਨੂੰ ਰਾਮਲੀਲਾ ਮੈਦਾਨ ਵਿੱਚ ਹੋਈ ਇਤਿਹਾਸਕ 'ਬਦਲਾਅ ਜ਼ਰੂਰੀ ਹੈ' ਰੈਲੀ ਨਾਲ ਹੋਇਆ, ਜਿਸ ਵਿੱਚ 80 ਹਜ਼ਾਰ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਹੋਈ।ਕੌਮੀ ਕੌਂਸਲ ਨੇ ਇਸ ਲਾਮਬੰਦੀ ਨੂੰ ਰੋਕਣ ਲਈ ਭਾਜਪਾ ਵੱਲੋਂ ਕੀਤੀਆਂ ਗਈਆਂ ਕੋਸ਼ਿਸ਼ਾਂ ਦੀ ਸਖਤ ਨਿੰਦਾ ਕੀਤੀ। ਕੇਰਲਾ ਅਤੇ ਤਾਮਿਲਨਾਡੂ ਤੋਂ ਪਹਿਲਾਂ ਤੋਂ ਬੁੱਕ ਕੀਤੀਆਂ ਰੇਲਗੱਡੀਆਂ ਰੱਦ ਕਰ ਦਿੱਤੀਆਂ ਗਈਆਂ, ਜਦਕਿ ਯੂ ਪੀ ਦੇ ਕਈ ਹਿੱਸਿਆਂ ਵਿੱਚ ਕਾਮਰੇਡਾਂ ਨੂੰ ਘਰਾਂ ਵਿੱਚ ਨਜ਼ਰਬੰਦ ਕਰ ਦਿੱਤਾ ਗਿਆ। ਕੌਮੀ ਕੌਂਸਲ ਨੇ ਕਿਹਾ ਕਿ ਅਜਿਹੇ ਗੈਰ-ਜਮਹੂਰੀ ਕਦਮ ਦਰਸਾਉਂਦੇ ਹਨ ਕਿ ਲੋਕਾਂ ਦੀ ਵਧ ਰਹੀ ਸਿਆਸੀ ਸਰਗਰਮੀ ਤੋਂ ਭਾਜਪਾ ਕਿੰਨੀ ਘਬਰਾਈ ਹੋਈ ਹੈ।

**ਰਾਮਲੀਲ੍ਹਾ ਮੈਦਾਨ ਦੀ ਰੈਲੀ ਸਰਕਾਰ ਖਿਲਾਫ ਗੁੱਸੇ ਦਾ ਇਤਿਹਾਸਕ ਤੇ ਪ੍ਰਭਾਵਸ਼ਾਲੀ ਪ੍ਰਗਟਾਵਾ ਹੋ ਨਿੱਬੜੀ : ਸੀ ਪੀ ਆਈ**

ਕੌਮੀ ਕੌਂਸਲ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਆਪਣੇ ਆਲੋਚਕਾਂ ਨੂੰ ਦਿਮਾਗੀ ਨਕਸਲੀ ਕਹਿ ਕੇ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਉਲਟਾ ਅਸਰ ਕ ਰ ਨ

• ਬਾਕੀ ਸਫਾ 2 'ਤੇ

## ਯੋਗੀ ਨੇ ਚੋਣਾਂ ਮੌਕੇ ਮਥੁਰਾ-ਵ੍ਰਿੰਦਾਵਨ ਦਾ ਰਾਗ ਛੇੜਿਆ

**ਮਥੁਰਾ (ਨ ਜ਼ ਸ)**



ਯੂ ਪੀ ਵਿੱਚ ਅਗਲੇ ਸਾਲ ਹੋਣ ਵਾਲੀਆਂ ਅਸੈਂਬਲੀ ਚੋਣਾਂ ਤੋਂ ਪਹਿਲਾਂ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਸ਼ੁੱਕਰਵਾਰ ਕਿਹਾ ਕਿ ਉਨ੍ਹਾਂ ਦੀ ਸਰਕਾਰ ਮਥੁਰਾ-ਵ੍ਰਿੰਦਾਵਨ ਵਿੱਚ ਅਯੁੱਧਿਆ ਤੇ ਕਾਸ਼ੀ ਵਿੱਚ ਬਣਾਏ ਗਏ ਧਾਰਮਕ ਬੁਨਿਆਦੀ ਢਾਂਚੇ ਦੀ ਤਰਜ਼ 'ਤੇ ਵਿਸ਼ਾਲ ਮੰਦਰ ਕੰਪਲੈਕਸਾਂ ਨੂੰ ਵਿਕਸਤ ਕਰਨ ਦੀ ਯੋਜਨਾ ਬਣਾ ਰਹੀ ਹੈ। ਸ੍ਰੀ ਕ੍ਰਿਸ਼ਨ ਜਨਮ ਭੂਮੀ ਮੰਦਰ ਵਿੱਚ ਪ੍ਰਾਰਥਨਾ ਕਰਨ ਤੋਂ ਬਾਅਦ ਬੋਲਦਿਆਂ, ਆਦਿਤਿਆਨਾਥ ਨੇ ਕਿਹਾ ਕਿ ਇਹ ਕਦਮ ਬ੍ਰਜ ਦੇ ਧਾਰਮਕ ਅਤੇ ਸੱਭਿਆਚਾਰਕ ਮਹੱਤਵ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾ ਕਿਹਾ, "ਦੁਨੀਆ ਦਾ ਸਭ ਤੋਂ ਵੱਡਾ ਮੰਦਰ ਸ੍ਰੀ ਅਯੁੱਧਿਆ ਧਾਮ ਵਿੱਚ ਬਣਾਇਆ ਗਿਆ ਹੈ...ਸਾਡੀ ਕੋਸ਼ਿਸ਼ ਹੈ ਕਿ ਮਥੁਰਾ-ਵ੍ਰਿੰਦਾਵਨ ਵਿੱਚ ਵੀ ਇਸੇ ਤਰ੍ਹਾਂ ਵਿਸ਼ਾਲ ਕੰਪਲੈਕਸ ਤਿਆਰ ਕੀਤੇ ਜਾਣ, ਜਿਵੇਂ ਕਿ ਸ੍ਰੀ ਅਯੁੱਧਿਆ ਧਾਮ ਅਤੇ ਕਾਸ਼ੀ ਵਿੱਚ ਹਨ...।"

ਉਨ੍ਹਾ ਵਾਰ-ਵਾਰ ਮਥੁਰਾ-ਵ੍ਰਿੰਦਾਵਨ ਦੇ ਧਾਰਮਕ ਵਿਕਾਸ ਨੂੰ ਅਯੁੱਧਿਆ ਅਤੇ ਕਾਸ਼ੀ ਦੇ ਪਰਿਵਰਤਨ ਨਾਲ ਜੋੜਿਆ। ਅਧਿਕਾਰੀਆਂ ਨੇ ਸ਼ੁੱਕਰਵਾਰ ਕਿਹਾ ਕਿ ਮਥੁਰਾ ਅਤੇ ਵ੍ਰਿੰਦਾਵਨ ਵਿਚਕਾਰ 12 ਕਿੱਲੋਮੀਟਰ ਲੰਬੇ ਰੇਲ ਟਰੈਕ ਦੇ ਨਾਲ ਇੱਕ ਸੜਕ ਬਣਾਈ ਜਾਵੇਗੀ, ਜਦੋਂ ਕਿ ਬ੍ਰਜ ਖੇਤਰ ਵਿੱਚ 200 ਵਿਰਾਸਤੀ ਢਾਂਚਿਆਂ ਨੂੰ ਇੱਕ ਨਵੀਂ 'ਤੀਰਥ ਮਿੱਤਰ' ਯੋਜਨਾ ਦੇ ਤਹਿਤ ਸੁਰੱਖਿਅਤ ਰੱਖਿਆ ਜਾਵੇਗਾ। ਇਹ ਫੈਸਲੇ ਬ੍ਰਜ ਤੀਰਥ ਵਿਕਾਸ ਪ੍ਰੀਸ਼ਦ ਦੀ ਨੌਵੀਂ ਮੀਟਿੰਗ ਵਿੱਚ ਲਏ ਗਏ, ਜਿਸਦੀ ਪ੍ਰਧਾਨਗੀ ਵੀਰਵਾਰ ਰਾਤ ਮੁੱਖ ਮੰਤਰੀ ਯੋਗੀ ਨੇ ਕੀਤੀ, ਜਿਸ ਵਿੱਚ ਖੇਤਰ ਦੇ ਵਿਕਾਸ, ਵਿਰਾਸਤੀ ਸੰਭਾਲ ਅਤੇ ਸ਼ਰਧਾਲੂਆਂ ਲਈ ਸਹੂਲਤਾਂ 'ਤੇ ਚਰਚਾ ਕੀਤੀ ਗਈ।

## ਅਮਰੀਕਾ ਦਾ ਮੋਸਟ ਵਾਂਟੇਡ ਜਲੰਧਰ 'ਚ ਗ੍ਰਿਫਤਾਰ

**ਜਲੰਧਰ (ਇਕਬਾਲ ਸਿੰਘ ਉੱਭੀ)**

ਜਲੰਧਰ ਪੁਲਿਸ ਕਮਿਸ਼ਨਰੇਟ ਨੇ ਧੋਖਾਧੜੀ ਦੇ ਇੱਕ ਮਾਮਲੇ ਵਿੱਚ ਮੁਲਜ਼ਮ ਮਨਜੀਤ ਸਿੰਘ ਬੇਦੀ ਨੂੰ ਗ੍ਰਿਫ਼ਤਾਰ ਕੀਤਾ ਹੈ।ਪੁਲਿਸ ਮੁਤਾਬਕ ਮੁਲਜ਼ਮ ਖ਼ਿਲਾਫ਼ ਥਾਣਾ ਰਾਮਾ ਮੰਡੀ ਵਿੱਚ ਬੀ ਐੱਨ ਐੱਸ ਅਤੇ ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਹੈ।

ਪੁਲਸ ਦੀ ਜਾਂਚ ਦੌਰਾਨ ਸਾਹਮਣੇ ਆਇਆ ਕਿ ਮੁਲਜ਼ਮ ਅਮਰੀਕਾ ਵਿੱਚ ਫਰਾਡ ਦੇ ਇੱਕ ਮਾਮਲੇ ਵਿੱਚ ਸ਼ਾਮਲ ਰਿਹਾ ਹੈ ਅਤੇ ਇਸ ਸਬੰਧੀ ਅਮਰੀਕੀ ਜਾਂਚ ਏਜੰਸੀ ਐੱਫ ਬੀ ਆਈ ਨੂੰ ਵੀ ਲੋੜੀਂਦਾ ਹੈ। ਪੁਲਿਸ ਅਨੁਸਾਰ ਉਸ ਦਾ ਨਾਮ ਅਮਰੀਕੀ ਅਧਿਕਾਰੀਆਂ ਵੱਲੋਂ ਮੋਸਟ ਵਾਂਟੇਡ ਧੋਖੇਬਾਜ਼ ਦੀ ਸੂਚੀ ਵਿੱਚ ਵੀ ਸ਼ਾਮਲ ਕੀਤਾ ਗਿਆ ਹੈ। ਜਾਂਚ ਮੁਤਾਬਕ ਮੁਲਜ਼ਮ ਨੇ ਅਮਰੀਕਾ ਦੇ ਸਿਆਟਲ, ਵਾਸ਼ਿੰਗਟਨ ਵਿੱਚ ਇੱਕ ਏਸ਼ੀਅਨ ਗ੍ਰੋਸਰੀ ਸਟੋਰ ਰਾਹੀਂ ਸਰਕਾਰੀ ਲਾਭ ਕਾਰਡਾਂ ਰਾਹੀਂ ਧੋਖਾਧੜੀ ਕੀਤੀ।ਪੁਲਸ ਮੁਤਾਬਕ ਖਾਣ-ਪੀਣ ਦੀਆਂ ਵਸਤਾਂ ਦੀ ਬਜਾਏ ਗਾਹਕਾਂ ਨੂੰ ਨਕਦ ਰਕਮ ਦਿੱਤੀ ਜਾਂਦੀ ਸੀ ਅਤੇ ਰਕਮ ਦਾ ਇੱਕ ਹਿੱਸਾ ਕਥਿਤ ਤੌਰ 'ਤੇ ਹੜੱਪ ਕੀਤਾ ਜਾਂਦਾ ਸੀ।

ਇਸ ਮਾਮਲੇ ਵਿੱਚ ਉਸ ਵੱਲੋਂ ਮਾਰਚ 2024 ਤੋਂ ਜੂਨ 2025 ਤੱਕ ਕਰੀਬ 6 ਲੱਖ ਅਮਰੀਕੀ ਡਾਲਰ ਦੀ ਧੋਖਾਧੜੀ ਦਾ ਦਾਅਵਾ ਕੀਤਾ ਗਿਆ ਹੈ।ਬੇਦੀ ਜਲੰਧਰ ਦੇ ਗੁਲਾਬ ਦੇਵੀ ਰੋਡ ਸਥਿਤ ਅਮਨ ਨਗਰ ਦਾ ਵਸਨੀਕ ਹੈ। ਉਸ ਨੂੰ ਸ਼ੁੱਕਰਵਾਰ ਨੂੰ ਪਰਾਗਪੁਰ ਇਲਾਕੇ 'ਚ ਗ੍ਰਿਫ਼ਤਾਰ ਕੀਤਾ ਗਿਆ।

## ਅੱਜ-ਨਾਮਾ

ਚਰਚਾ ਵਿੱਚ ਆ ਰਹਿੰਦਾ ਰਵਨੀਤ ਬਿੱਟੂ,
ਨਿੱਤ ਨਵੀਂ ਉਹ ਛੇੜ ਦਿੰਦਾ ਛੇੜ ਮੀਆਂ।
ਉਸ ਨੂੰ ਪਤਾ ਕਿ ਉਂਜ ਨਾ ਖਬਰ ਬਣਨੀ,
ਛੱਡਦਾ ਨਵੀਂ ਘੁਮਾਣੀ ਜਿਹੀ ਗੇੜ ਮੀਆਂ।
ਕਹਾਣੀ ਇਹੋ ਜਿਹੀ ਸੁੱਟੇ ਕਿ ਫਸ ਜਾਂਦਾ,
ਜੀਹਦਾ ਦਿੱਸੇ ਨਾ ਸੱਚ ਨਾਲ ਨੇੜ ਮੀਆਂ।
ਦੱਸਣਾ ਚਾਹੁੰਦਾ ਈ ਭਾਜਪਾ ਆਗੂਆਂ ਨੂੰ,
ਮੈਂ ਹੀ ਲੜਾਂ ਸਭ ਆਪ ਨਾਲ ਭੇੜ ਮੀਆਂ।
ਜਿੱਦਾਂ ਸਮਝ ਗਈ ਕਾਂਗਰਸ ਦਾਅ ਉਹਦੇ,
ਭਾਜਪਾ ਵਿੱਚ ਵੀ ਰਾਜ਼ ਜਾਊ ਖੁੱਲ੍ਹ ਮੀਆਂ।
ਕਾਂਗਰਸ ਵਿੱਚ ਸੀ ਜਿੱਦਾਂ ਦਾ ਭਰਮ ਜਿਹਾ,
ਮਾਰਦਾ ਓਦਾਂ ਹੈ ਬਿੱਟੂ ਪਿਆ ਟੁੱਲ ਮੀਆਂ।

-ਤੀਸ ਮਾਰ ਖਾਂ

## ਦੋ ਪੱਤਰਕਾਰ ਬੀਬੀਆਂ ਦੀ ਥਾਣੇ 'ਚ ਕੁੱਟਮਾਰ



**ਨਵੀਂ ਦਿੱਲੀ (ਨ ਜ਼ ਸ)**

4 ਪੀ ਐੱਮ ਨਿਊਜ਼ ਨੈੱਟਵਰਕ ਨਾਲ ਜੁੜੀ ਪੱਤਰਕਾਰ ਸ਼ਾਹੀਨ ਖਾਨ ਅਤੇ ਉਸ ਦੀ ਸਹਿਯੋਗੀ ਨਫੀਸਾ ਖਾਨ ਨੇ ਦੋਸ਼ ਲਗਾਇਆ ਹੈ ਕਿ ਰਿਪੋਰਟਿੰਗ ਕਰਦੇ ਸਮੇਂ ਦਿੱਲੀ ਪੁਲਸ ਉਨ੍ਹਾਂ ਨੂੰ ਹਿਰਾਸਤ ਵਿੱਚ ਲੈ ਕੇ ਥਾਣੇ ਲੈ ਗਈ ਅਤੇ ਮਾਨਸਿਕ ਤੇ ਸਰੀਰਕ ਤੌਰ 'ਤੇ ਤਸੀਹੇ ਦਿੱਤੇ। ਜਦੋਂ ਪੁਲਸ ਵਾਲਿਆਂ ਨੂੰ ਪਤਾ ਲੱਗਾ ਕਿ ਉਨ੍ਹਾਂ ਦਾ ਨਾਂਅ 'ਖਾਨ' ਹੈ, ਤਾਂ ਹਮਲਾ ਤੇਜ਼ ਹੋ ਗਿਆ। ਪ੍ਰੈੱਸ ਕਲੱਬ ਆਫ ਇੰਡੀਆ ਸਮੇਤ ਕਈ ਪੱਤਰਕਾਰ ਸੰਗਠਨਾਂ ਨੇ ਇਸ ਘਟਨਾ ਦੀ ਸਖਤ ਨਿੰਦਾ ਕੀਤੀ ਹੈ ਅਤੇ ਦੋਸ਼ੀ ਪੁਲਸ ਵਾਲਿਆਂ ਵਿਰੁੱਧ ਸਖਤ ਕਾਰਵਾਈ ਦੀ ਮੰਗ ਕੀਤੀ ਹੈ।

ਇਹ ਘਟਨਾ ਵੀਰਵਾਰ ਦੱਖਣੀ ਦਿੱਲੀ ਦੇ ਸਾਕੇਤ ਵਿੱਚ ਮੈਕਸ ਹਸਪਤਾਲ ਵਿੱਚ ਇੱਕ ਨਵੀਂ ਇਮਾਰਤ ਦੇ ਉਦਘਾਟਨ ਦੌਰਾਨ ਵਾਪਰੀ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਇਸ ਸਮਾਗਮ ਵਿੱਚ ਸ਼ਾਮਲ ਹੋਏ। ਸ਼ਾਹੀਨ ਮੁੱਖ ਮੰਤਰੀ ਰੇਖਾ ਗੁਪਤਾ ਤੋਂ ਸਾਈਕਲ ਘੁਟਾਲੇ ਬਾਰੇ ਸਵਾਲ ਕਰਨ ਦੀ ਕੋਸ਼ਿਸ਼ ਕਰ ਰਹੀ ਸੀ, ਜਦੋਂ ਉਨ੍ਹਾਂ ਨੂੰ ਪੁਲਸ ਮੁਲਾਜ਼ਮਾਂ ਨੇ ਰੋਕਿਆ। ਬਾਅਦ ਵਿੱਚ ਉਨ੍ਹਾਂ ਨੂੰ ਸਾਕੇਤ ਪੁਲਸ ਸਟੇਸ਼ਨ ਦੇ ਇੱਕ ਬੰਦ ਕਮਰੇ ਵਿੱਚ ਲਿਜਾਇਆ ਗਿਆ, ਜਿੱਥੇ ਸਾਦੇ ਕੱਪੜਿਆਂ ਵਿੱਚ ਮਹਿਲਾ ਪੁਲਸ ਮੁਲਾਜ਼ਮ ਨੇ ਉਨ੍ਹਾਂ ਨੂੰ ਥੱਪੜ ਮਾਰਿਆ ਅਤੇ ਡੰਡਿਆਂ ਨਾਲ ਕੁੱਟਿਆ।

4 ਪੀ ਐੱਮ ਨਿਊਜ਼ ਨੈੱਟਵਰਕ ਨੇ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਸਾਂਝਾ

• ਬਾਕੀ ਸਫਾ 2 'ਤੇ




# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਕਾਰ ਵਿਰੁੱਧ ਆਰ-ਪਾਰ ਦੀ ਲੜਾਈ ਦਾ ਐਲਾਨ

**ਸੰਧਵਾਂ ਦੀ ਰਿਹਾਇਸ਼ ਦਾ ਘਿਰਾਓ 12 ਨੂੰ ਤੇ 8 ਨੂੰ ਫ਼ਰੀਦਕੋਟ 'ਚ ਧਰਨਾ**



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**- ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਵਰਗ ਦੀਆਂ ਮੰਗਾਂ ਅਣਗੌਲੀਆਂ ਕਰਨ ਤੇ ਉਨ੍ਹਾਂ ਨੂੰ ਬਦਨਾਮ ਕਰਨ ਦੇ ਲਗਾਏ ਦੋਸ਼ਾਂ ਤਹਿਤ ਵੱਖ-ਵੱਖ ਜਥੇਬੰਦੀਆਂ ਨੇ ਸਰਕਾਰ ਵਿਰੁੱਧ ਸੰਘਰਸ਼ ਤੇਜ਼ ਕਰਨ ਦਾ ਐਲਾਨ ਕੀਤਾ ਹੈ।'ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ' ਜ਼ਿਲ੍ਹਾ ਫਰੀਦਕੋਟ ਦੀ ਇੱਕ ਅਹਿਮ ਮੀਟਿੰਗ ਅਧਿਆਪਕ ਆਗੂ ਸੁਖਵਿੰਦਰ ਸਿੰਘ ਸੁੱਖੀ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਵਿਖੇ ਹੋਈ।ਮੀਟਿੰਗ ਦੌਰਾਨ ਆਗੂਆਂ ਨੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ ਤੇ ਡਾ. ਬਲਜੀਤ ਕੌਰ ਵੱਲੋਂ ਪ੍ਰੈੱਸ ਕਾਨਫਰੰਸ ਦੌਰਾਨ ਪੇਸ਼ ਕੀਤੇ ਗਏ ਅੰਕੜਿਆਂ ਨੂੰ ਝੂਠਾ ਤੇ ਗੁੰਮਰਾਹਕੁਨ ਦੱਸਦਿਆਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਉਲੀਕੇ ਗਏ ਮੁੱਖ ਐਕਸ਼ਨ ਪ੍ਰੋਗਰਾਮ ਤਹਿਤ ਦਫ਼ਤਰੀ ਮੁਲਾਜ਼ਮਾਂ ਵੱਲੋਂ ਕੀਤੀ ਜਾ ਰਹੀ ਕਲਮ ਛੋੜ ਹੜਤਾਲ ਦੀ ਹਮਾਇਤ ਵਿੱਚ ਡਿਪਟੀ ਕਮਿਸ਼ਨਰ ਫਰੀਦਕੋਟ ਦੇ ਦਫ਼ਤਰ ਸਾਹਮਣੇ 8 ਸਤੰਬਰ ਸਵੇਰੇ 11:00 ਵਜੇ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ ਅਤੇ 12 ਸਤੰਬਰ ਨੂੰ ਫਰੀਦਕੋਟ, ਫਿਰੋਜ਼ਪੁਰ, ਫਾਜ਼ਿਲਕਾ, ਮੋਗਾ ਤੇ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਿਆਂ ਦੇ ਅਧਿਆਪਕ, ਮੁਲਾਜ਼ਮ ਤੇ ਪੈਨਸ਼ਨਰ ਇਕੱਠੇ ਹੋ ਕੇ ਸਵੇਰੇ 10:00 ਵਜੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਪਿੰਡ ਸੰਧਵਾਂ ਵਿਖੇ ਰਿਹਾਇਸ਼ ਸਾਹਮਣੇ ਰੈਲੀ ਕਰਨ ਤੋਂ ਬਾਅਦ ਕੋਠੀ ਦਾ ਘਿਰਾਓ ਕਰਨਗੇ।ਆਗੂਆਂ ਨੇ ਦੋਸ਼ ਲਾਇਆ ਕਿ ਕੇਂਦਰ ਤੇ ਹੋਰ ਰਾਜਾਂ ਵਿੱਚ 60 ਫ਼ੀਸਦੀ ਡੀ.ਏ. ਦਿੱਤਾ ਜਾ ਰਿਹਾ ਹੈ, ਜਦਕਿ ਪੰਜਾਬ ਦੀ ਉੱਚ ਅਫ਼ਸਰਸ਼ਾਹੀ ਨੂੰ ਵੀ 60 ਫ਼ੀਸਦੀ ਡੀ.ਏ. ਮਿਲ ਰਿਹਾ ਹੈ, ਪਰ ਆਮ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਸਿਰਫ਼ 42 ਫ਼ੀਸਦੀ ਡੀ.ਏ. ਦੇ ਕੇ ਧੋਖਾ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ 2022 ਵਿੱਚ ਕੈਬਨਿਟ ਫ਼ੈਸਲੇ ਦੇ ਬਾਵਜੂਦ ਪੁਰਾਣੀ ਪੈਨਸ਼ਨ ਸਕੀਮ ਬਹਾਲ ਨਹੀਂ ਕੀਤੀ ਗਈ।ਆਸ਼ਾ, ਮਿਡ-ਡੇ-ਮੀਲ ਤੇ ਆਂਗਣਵਾੜੀ ਵਰਕਰਾਂ ਦੇ ਮਾਣਭੱਤੇ ਦੁੱਗਣੇ ਕਰਨ ਦਾ ਚੋਣ ਵਾਅਦਾ ਅਧੂਰਾ ਹੈ।ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ ਨਹੀਂ ਕੀਤਾ ਗਿਆ।ਮੀਟਿੰਗ ਵਿੱਚ ਪ੍ਰੇਮ ਚਾਵਲਾ, ਜਤਿੰਦਰ ਕੁਮਾਰ, ਵਿਕਰਮਜੀਤ ਸਿੰਘ ਢਿੱਲੋਂ, ਰਵਿੰਦਰ ਪਾਲ ਸਿੰਘ ਘਾਲੀ, ਨਰਿੰਦਰਜੀਤ ਸਿੰਘ, ਲਖਵਿੰਦਰ ਕੌਰ, ਅਮਰਜੀਤ ਸਿੰਘ ਵਾਲੀਆ, ਸੁਖਮੰਦਰ ਸਿੰਘ ਗਿੱਲ ਸਮੇਤ ਵੱਡੀ ਗਿਣਤੀ 'ਚ ਆਗੂ ਤੇ ਉੱਘੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

## ਪਾਥਵੇਜ਼ ਗਲੋਬਲ ਸਕੂਲ ਨੇ ਕਰਾਟੇ 'ਚ ਜਿੱਤਿਆ ਗੋਲਡ ਮੈਡਲ



**ਕੋਟ ਈਸੇ ਖਾਂ (ਅਰੋੜਾ)**-ਪਾਥਵੇਜ਼ ਗਲੋਬਲ ਸਕੂਲ ਦੇ ਹੋਣਹਾਰ ਮੁੰਡਿਆਂ ਦੀ ਕਰਾਟੇ ਟੀਮ ਨੇ ਜ਼ਿਲ੍ਹਾ ਪੱਧਰੀ ਖੇਡਾਂ 2026 ਵਿੱਚ ਸ਼ਾਨਦਾਰ ਮੱਲਾਂ ਮਾਰੀਆਂ ਤੇ 5 ਗੋਲਡ ਮੈਡਲ ਅਤੇ 1 ਬਰੋਂਜ਼ ਮੈਡਲ ਜਿੱਤ ਕੇ ਜਿੱਥੇ ਪਾਥਵੇਜ਼ ਦਾ ਨਾਮ ਰੌਸ਼ਨ ਕੀਤਾ।ਇਹ ਖੇਡਾਂ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਾਈਆਂ ਗਈਆਂ।ਇਨ੍ਹਾਂ ਖੇਡਾਂ ਵਿੱਚ ਅਲੱਗ-ਅਲੱਗ ਜ਼ੋਨਾਂ ਜਿਵੇਂ ਬਾਘਾ ਪੁਰਾਣਾ, ਫਤੇਹੀ ਭਾਈ, ਧਰਮਕੋਟ, ਮੋਗਾ, ਚੜਿੱਕ, ਬੱਧਨੀ ਤੇ ਕੋਟ ਈਸੇ ਖਾਂ ਆਦਿ ਜ਼ੋਨਾਂ ਦੀਆਂ ਟੀਮਾਂ ਨੇ ਭਾਗ ਲਿਆ।ਕੋਟ ਈਸੇ ਖਾਂ ਇਲਾਕੇ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਪਾਥਵੇਜ਼ ਗਲੋਬਲ ਸਕੂਲ ਨੇ ਕੋਟ ਈਸੇ ਖਾਂ ਜ਼ੋਨ ਵੱਲੋਂ ਇਨ੍ਹਾਂ ਖੇਡਾਂ ਵਿੱਚ ਗੋਲਡ ਮੈਡਲ ਜਿੱਤ ਕੇ ਇਲਾਕੇ ਵਿੱਚ ਆਪਣੇ ਸ਼ਹਿਰ ਦਾ ਨਾਮ ਰੌਸ਼ਨ ਕੀਤਾ ਅਤੇ ਸਟੇਟ ਲੈਵਲ ਖੇਡਾਂ ਲਈ ਆਪਣੀ ਜਗ੍ਹਾ ਪੱਕੀ ਕਰ ਲਈ ਹੈ।ਪ੍ਰਿੰਸੀਪਲ ਸ੍ਰੀ ਆਸ਼ੀਸ਼ ਡੇਂਗਵੇਕਰ ਤੇ ਵਾਇਸ ਪ੍ਰਿੰਸੀਪਲ ਮੈਡਮ ਮਾਲਵਿਕਾ ਡੇਂਗਵੇਕਰ ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਜਿੱਤ ਪ੍ਰਾਪਤ ਕਰਨ ਤੇ ਵਧਾਈ ਦਿੱਤੀਆਂ ਤੇ ਇਸ ਜਿੱਤ ਦਾ ਸਿਹਰਾ ਕੋਚ ਹਰਦੀਪ ਕੁਮਾਰ, ਰਾਜਵੀਰ ਸਿੰਘ ਐਚ. ਓ. ਡੀ. ਫਿਜ਼ੀਕਲ ਐਜੂਕੇਸ਼ਨ ਡਿਪਾਰਟਮੈਂਟ ਅਤੇ ਬੱਚਿਆਂ ਦੀ ਸਖ਼ਤ ਮਿਹਨਤ ਨੂੰ ਜਾਂਦਾ ਹੈ।ਉਹਨਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਆ।

## ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਸਥਾਪਨਾ ਦਿਵਸ ਨੂੰ ਸਮਰਪਤ ਵਿਸ਼ੇਸ਼ ਸਮਾਗਮ



**ਪਟਿਆਲਾ (ਰਜਿੰਦਰ ਸਿੰਘ ਥਿੰਦ)**- ਪੰਜਾਬ ਦੀ ਪਹਿਲੀ ਸਰਕਾਰੀ ਓਪਨ ਯੂਨੀਵਰਸਿਟੀ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ 3 ਸਤੰਬਰ ਨੂੰ ਆਪਣਾ ਸਾਲਾਨਾ ਸਥਾਪਨਾ ਦਿਵਸ ਮਨਾਇਆ ਗਿਆ। ਯੂਨੀਵਰਸਿਟੀ ਦੇ ਮਾਨਯੋਗ ਉਪ ਕੁਲਪਤੀ ਪ੍ਰੋ. ਰਤਨ ਸਿੰਘ ਜੀ ਦੀ ਯੋਗ ਅਗਵਾਈ ਹੇਠ ਕਰਾਏ ਗਏ ਇਸ ਸਥਾਪਨਾ ਦਿਵਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਹੋਇਆਂ ਪਵਿੱਤਰ ਸੁਖਮਨੀ ਸਾਹਿਬ ਦੇ ਪਾਠ ਕਰਾਏ ਗਏ ਤੇ ਉਪਰੰਤ ਅਕਾਦਮਿਕ ਵਿਸ਼ੇਸ਼ ਸੈਮੀਨਾਰ ਰੂਪ ਵਿਚ ਆਯੋਜਿਤ ਕੀਤਾ ਗਿਆ। ਇਸ ਅਕਾਦਮਿਕ ਸੈਸ਼ਨ ਮੌਕੇ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਡਾ. ਹਰਪਾਲ ਸਿੰਘ ਪੰਨੂ ਜੀ ਨੇ ਯੂਨੀਵਰਸਿਟੀ ਦੇ ਸਥਾਪਨਾ ਦਿਵਸ ਮੌਕੇ ਜਗਤ ਗੁਰੂ, ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਸੰਦੇਸ਼ ਨੂੰ ਸਾਖੀ ਸਾਹਿਤ ਦੇ ਰਾਹੀਂ ਬਹੁਤ ਹੀ ਖੂਬਸੂਰਤ ਸ਼ਬਦਾਂ ਰਾਹੀਂ ਜਾਣੂ ਕਰਾਇਆ। ਵਿਸ਼ੇਸ਼ ਮਹਿਮਾਨ ਡਾ. ਕਸ਼ਮੀਰ ਸਿੰਘ ਜੀ ਨੇ ਗੁਰੂ ਨਾਨਕ ਦੇਵ ਜੀ ਬਾਣੀ ਤੇ ਇਤਿਹਾਸ ਦਾ ਚਾਨਣ ਆਪਣੇ ਸ਼ਬਦਾਂ ਰਾਹੀਂ ਦਰਸਾਇਆ। ਸੰਤ ਬਾਬਾ ਹਰਚਰਨ ਸਿੰਘ ਜੀ ਨਾਨਕਸਰ ਕੁਟੀਆ ਵਾਲਿਆਂ ਨੇ ਜਿਥੇ ਯੂਨੀਵਰਸਿਟੀ ਦੇ ਇਸ ਕਰਾਏ ਗਏ ਸਮਾਗਮ ਦੀ ਸ਼ਲਾਘਾ ਕੀਤੀ, ਉੱਥੇ ਉਨ੍ਹਾਂ ਨੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਤੇ ਸ਼ਤਾਬਦੀਆਂ ਨੂੰ ਮਨਾਉਣ ਦਾ ਸਾਡੇ ਉੱਤੇ ਪ੍ਰਭਾਵ ਕੀ ਪੈਂਦਾ ਹੈ ਤੇ ਅੱਗੇ ਹੋਰ ਕੀ ਪੈਣਾ ਚਾਹੀਦਾ ਹੈ, ਇਸ ਬਾਰੇ ਵਿਸ਼ੇਸ਼ ਤੌਰ 'ਤੇ ਆਪਣੇ ਵਿਚਾਰ ਸਾਰਿਆਂ ਨਾਲ ਸਾਂਝੇ ਕੀਤੇ।

## 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਤਹਿਤ ਸਫ਼ਾਈ ਦਾ ਕੰਮ ਜ਼ੋਰਾਂ 'ਤੇ



**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਤਹਿਤ ਸਾਫ਼ ਸਫ਼ਾਈ ਦਾ ਕੰਮ ਜ਼ੋਰਾਂ 'ਤੇ ਜਾਰੀ ਹੈ।ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਦੀ ਅਗਵਾਈ ਹੇਠ ਨਗਰ ਕੌਂਸਲ ਦੀ ਟੀਮ ਤੇ ਸਫ਼ਾਈ ਸੇਵਕਾਂ ਦੀ ਮਦਦ ਨਾਲ ਰਾਮਦੇਵ ਨਗਰੀ (ਚੌਕਰਾਂ ਵਾਲੇ ਡੂੰਗੇ) ਵਿਖੇ ਸਫ਼ਾਈ ਕੀਤੀ ਗਈ।ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਰਾਮਦੇਵ ਨਗਰੀ ਵਾਸੀਆਂ ਦੀ ਮੰਗ ਸੀ ਕਿ ਉਨ੍ਹਾਂ ਦੇ ਇੱਥੇ ਕੂੜੇ ਦਾ ਡੰਪ ਚੁਕਵਾਇਆ ਜਾਵੇ ਤੇ ਸਾਫ਼-ਸਫ਼ਾਈ ਕੀਤੀ ਜਾਵੇ ਤੇ ਨਗਰ ਕੌਂਸਲ ਦੀ ਟੀਮ ਦੇ ਸਹਿਯੋਗ ਨਾਲ ਇੱਥੇ ਸਫਾਈ ਕਰ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮਿਸ਼ਨ ਕਲੀਨ ਮੁਹਿੰਮ ਦਾ ਬਹੁਤ ਵਧੀਆ ਉਪਰਾਲਾ ਹੈ ਤੇ ਇਸ ਮੁਹਿੰਮ ਦੇ ਤਹਿਤ ਆਉਣ ਵਾਲੇ ਦਿਨਾਂ ਵਿੱਚ ਫਾਜ਼ਿਲਕਾ ਸ਼ਹਿਰ ਸਾਫ ਸੁਥਰਾ ਨਜ਼ਰ ਆਵੇਗਾ।ਉਨ੍ਹਾਂ ਕਿਹਾ ਕਿ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਲੋੜੀਂਦੀ ਮਸ਼ੀਨਰੀ, ਕ੍ਰਮਚਾਰੀ ਤੇ ਵਾਹਨ ਸਾਫ਼-ਸਫ਼ਾਈ ਦੇ ਕੰਮ ਵਿੱਚ ਲੱਗੇ ਹੋਏ ਹਨ।

## ਪੁਸਤਕ ਪ੍ਰਤੀਯੋਗਤਾ 'ਚ 300 ਵਿਦਿਆਰਥੀਆਂ ਨੇ ਲਿਆ ਹਿੱਸਾ



**ਭਵਾਨੀਗੜ੍ਹ (ਰਾਜ ਖੁਰਮੀ)**-ਪੜ੍ਹਨ ਦੀ ਰੁਚੀ ਨੂੰ ਉਤਸ਼ਾਹਿਤ ਕਰਨ ਤੇ ਵਿਦਿਆਰਥੀਆਂ ਨੂੰ ਗਿਆਨ ਨਾਲ ਜੋੜਨ ਦੇ ਮਕਸਦ ਨਾਲ ਪੜ੍ਹੋ, ਜੁੜੋ, ਸੰਘਰਸ਼ ਕਰੋ ਯੂਥ ਸਪੋਰਟਸ ਐਂਡ ਵੈਲਫੇਅਰ ਕਲੱਬ ਭਵਾਨੀਗੜ੍ਹ ਵੱਲੋਂ ਕੂਲ ਬ੍ਰੀਜ ਹੋਟਲ ਵਿਖੇ 17ਵੀਂ ਪੁਸਤਕ ਪ੍ਰਤੀਯੋਗਤਾ ਕਰਾਈ ਗਈ।ਪ੍ਰਤੀਯੋਗਤਾ ਵਿੱਚ ਭਵਾਨੀਗੜ੍ਹ ਤੇ ਆਸ-ਪਾਸ ਦੇ ਇਲਾਕਿਆਂ ਤੋਂ ਲਗਭਗ 300 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਸੈਂਟਰ ਇੰਚਾਰਜ ਰਾਜਵੀਰ ਸਿੰਘ ਰਾਜੂ ਨੇ ਦੱਸਿਆ ਕਿ ਪ੍ਰਤੀਯੋਗਤਾ ਦੌਰਾਨ ਪ੍ਰਬੁੱਧ ਭਾਰਤ ਫਾਊਂਡੇਸ਼ਨ ਵੱਲੋਂ ਡਾ. ਗੁਰਪ੍ਰੀਤ ਕੌਰ, ਦੀਪਕ ਕੁਮਾਰ ਪਟਿਆਲਾ ਤੇ ਡਾ. ਰਜਿੰਦਰ ਸਿੰਘ ਥਿੰਦ ਨੇ ਮੁੱਖ ਬੁਲਾਰਿਆਂ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਪੁਸਤਕਾਂ ਪੜ੍ਹਨ, ਗਿਆਨ ਹਾਸਲ ਕਰਨ ਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਣ ਲਈ ਪ੍ਰੇਰਿਤ ਕੀਤਾ।ਰਾਜਵੀਰ ਸਿੰਘ ਰਾਜੂ ਨੇ ਦੱਸਿਆ ਕਿ ਪ੍ਰਤੀਯੋਗਤਾ ਛੇਵੀਂ ਜਮਾਤ ਤੋਂ ਲੈ ਕੇ 40 ਸਾਲ ਤੱਕ ਦੀ ਉਮਰ ਦੇ ਪ੍ਰਤੀਯੋਗੀਆਂ ਲਈ ਏ, ਬੀ ਤੇ ਸੀ ਤਿੰਨ ਗਰੁੱਪਾਂ ਵਿੱਚ ਕਰਾਈ ਗਈ।ਪ੍ਰਤੀਯੋਗਤਾ ਦਾ ਨਤੀਜਾ 1 ਨਵੰਬਰ ਨੂੰ ਐਲਾਨਿਆ ਜਾਵੇਗਾ।

## ਪੈਨਸ਼ਰਨਰਜ਼ ਇਨ.ਫਰਮੇਸ਼ਨ ਸੈਂਟਰ ਕਮੇਟੀ ਦੀ ਮੀਟਿੰਗ



**ਲੁਧਿਆਣਾ (ਸਤੀਸ਼ ਸਚਦੇਵਾ)**-ਪੈਨਸ਼ਨਰਜ਼ ਇਨਫਰਮੇਸ਼ਨ ਸੈਂਟਰ ਮੈਨੇਜਮੈਂਟ ਕਮੇਟੀ ਦੀ ਮਹੀਨਾਵਾਰ ਮੀਟਿੰਗ ਚੇਅਰਮੈਨ ਸ੍ਰੀ ਸੁਸ਼ੀਲ ਕੁਮਾਰ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਵਿਖੇ ਹੋਈ।ਮੀਟਿੰਗ ਵਿੱਚ ਪਿਛਲੇ ਸਮੇਂ ਦੌਰਾਨ ਮੁਲਾਜ਼ਮਾਂ/ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਕੀਤੇ ਗਏ ਸੰਘਰਸ਼ ਦੀ ਵਿਸਥਾਰ ਵਿੱਚ ਚਰਚਾ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰੀ ਗੁਰਚਰਨ ਸਿੰਘ ਦੁੱਗਾ ਜਨਰਲ ਸਕੱਤਰ ਦੱਸਿਆ ਕਿ ਮੁਲਾਜ਼ਮਾਂ/ਪੈਨਸ਼ਨਰਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਸਰਕਾਰ ਆਨੇ ਬਹਾਨੇ ਟਾਲ ਰਹੀ ਹੈ, ਜਿਸ ਵਿੱਚ ਮਹਿੰਗਾਈ ਭੱਤਾ 42% ਤੋਂ ਵਧਾ ਕੇ 60% ਕਰਨਾ, 2.59 ਦੇ ਗੁਣਾਂਕ ਨਾਲ ਪੈਨਸ਼ਨ ਫਿਕਸ ਕਰਨੀ ਕੱਚੇ ਮੁਲਾਜ਼ਮ ਪੱਕੇ ਕਰਨੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨੀ, ਜੁਲਾਈ 2020 ਦਾ ਪੱਤਰ ਰੱਦ ਕਰਨਾ ਤੇ ਪੰਜਾਬ ਦੇ ਮੁਲਾਜ਼ਮਾਂ ਤੇ ਪੰਜਾਬ ਦੇ ਸਕੇਲ ਲਾਗੂ ਕਰਨੇ ਆਦਿ।ਸਾਰਿਆਂ ਦੀ ਇਕਮਤ ਰਾਇ ਸੀ ਕਿਸਾਨੀ ਸੰਘਰਸ਼ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰ ਸ਼ਾਮਲ ਹੋਣਗੇ ਤੇ 8 ਸਤੰਬਰ ਦੀ ਮੁਲਾਜ਼ਮਾਂ ਦੀ ਪੈੱਨ ਡਾਊਨ ਹੜਤਾਲ ਦਾ ਪੂਰਾ ਪੂਰਾ ਸਮਰਥਨ ਕਰਨਗੇ।

## ਕੈਂਬ੍ਰਿਜ ਸਕੂਲ 'ਚ ਜਨਮ ਅਸ਼ਟਮੀ ਮਨਾਈ



**ਕੋਟ ਈਸੇ ਖਾਂ (ਅਰੋੜਾ)**-ਕੈਂਬ੍ਰਿਜ ਕਾਨਵੈਂਟ ਸਕੂਲ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ, ਉਤਸ਼ਾਹ ਤੇ ਖੁਸ਼ੀ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਵਿੱਚ ਅਧਿਆਪਕਾਂ ਨੇ ਸ੍ਰੀ ਕ੍ਰਿਸ਼ਨ ਦੀਆਂ ਸਿੱਖਿਆਵਾਂ ਅਤੇ ਉਨ੍ਹਾਂ ਦੇ ਜੀਵਨੀ ਬਾਰੇ ਦੱਸਿਆ।ਵਿਦਿਆਰਥੀਆਂ ਨੇ ਸ੍ਰੀ ਕ੍ਰਿਸ਼ਨ ਦੇ ਜਨਮ ਤੇ ਉਨ੍ਹਾਂ ਦੇ ਜੀਵਨ ਨਾਲ ਸੰਬੰਧਿਤ ਵੱਖ-ਵੱਖ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ।ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਸ੍ਰੀ ਕ੍ਰਿਸ਼ਨ ਤੇ ਰਾਧਾ ਦੀ ਮਨਮੋਹਕ ਪੋਸ਼ਾਕ ਪਹਿਨ ਕੇ ਸਭ ਦਾ ਮਨ ਮੋਹ ਲਿਆ।ਵਿਦਿਆਰਥੀਆਂ ਵੱਲੋਂ ਕ੍ਰਿਸ਼ਨ ਜੀ ਦੀਆਂ ਲੀਲਾਵਾਂ, ਭਜਨ, ਕਵਿਤਾਵਾਂ ਤੇ ਮਨਮੋਹਕ ਨਾਚ ਪੇਸ਼ ਕੀਤੇ ਗਏ।ਵਿਦਿਆਰਥੀਆਂ ਨੇ ਸੁੰਦਰ ਢੰਗ ਨਾਲ ਸਜਾਏ ਗਏ ਕ੍ਰਿਸ਼ਨ ਝੂਲੇ, ਮਟਕੀਆਂ ਤੇ ਹੋਰ ਸਜਾਵਟੀ ਸਾਮਾਨ ਰਾਹੀਂ ਜਨਮ ਅਸ਼ਟਮੀ ਦੇ ਰੰਗ ਨੂੰ ਹੋਰ ਵੀ ਨਿਖਾਰਿਆ।ਬੱਚਿਆਂ ਨੇ ਇਸ ਤਿਉਹਾਰ ਦੀ ਮਹੱਤਤਾ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਅਤੇ ਭਾਰਤੀ ਸੱਭਿਆਚਾਰ ਤੇ ਪ੍ਰੰਪਰਾਵਾਂ ਨਾਲ ਜੁੜਨ ਦਾ ਮੌਕਾ ਹਾਸਲ ਕੀਤਾ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਸ੍ਰੀ ਕ੍ਰਿਸ਼ਨ ਦੇ ਜੀਵਨ ਤੋਂ ਪ੍ਰੇਰਣਾ ਲੈਣ ਅਤੇ ਸੱਚਾਈ, ਪਿਆਰ, ਦਇਆ, ਹਿੰਮਤ ਤੇ ਨੇਕੀ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

## ਕਿੱਕ ਬਾਕਸਿੰਗ 'ਚ ਮਾਤਾ ਗੁਜਰੀ ਸਕੂਲ ਨੇ ਜਿੱਤੇ ਤਮਗੇ



**ਦੇਵੀਗੜ੍ਹ (ਰਾਜਿੰਦਰ ਥਿੰਦ)**-70ਵੀਂ ਜ਼ਿਲ੍ਹਾ ਪੱਧਰੀ ਕਿੱਕ ਬਾਕਸਿੰਗ ਟੂਰਨਾਮੈਂਟ ਮਲਟੀ ਸਕੂਲ ਪਟਿਆਲਾ ਵਿਖੇ ਕਰਵਾਇਆ ਗਿਆ।ਇਸ ਟੂਰਨਾਮੈਂਟ ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇੱਕ ਚਾਂਦੀ ਤੇ ਚਾਰ ਕਾਂਸੀ ਦੇ ਤਮਗੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਮੁਕਾਬਲਿਆਂ ਵਿੱਚ ਏਕਮਜੋਤ ਸਿੰਘ (ਅੱਠਵੀਂ-ਬੀ) ਨੇ ਚਾਂਦੀ ਤਮਗਾ ਤੇ ਗੁਰਸਿਮਰਨ ਸਿੰਘ (ਅੱਠਵੀਂ-ਬੀ), ਹਰਨੂਰ ਸਿੰਘ (ਛੇਵੀਂ-ਏ), ਵੰਸ਼ਪ੍ਰੀਤ ਸਿੰਘ (ਸੱਤਵੀਂ-ਬੀ) ਤੇ ਗੁਰਜੀਤ ਸਿੰਘ (ਨੌਵੀਂ-ਏ) ਨੇ ਕਾਂਸੀ ਦੇ ਤਮਗੇ ਜਿੱਤੇ।ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਡਾਇਰੈਕਟਰ ਸ. ਭੁਪਿੰਦਰ ਸਿੰਘ, ਪ੍ਰਧਾਨ ਸ੍ਰੀਮਤੀ ਰਵਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਉਨ੍ਹਾਂ ਕੋਚ ਹਰਦੀਪ ਕੁਮਾਰ ਦੀ ਯੋਗ ਰਹਿਨੁਮਾਈ ਤੇ ਮਿਹਨਤ ਦੀ ਵੀ ਸ਼ਲਾਘਾ ਕੀਤੀ।

# ਸਵਾਲ ਪੁੱਛਣ ਵਾਲੇ ਨੌਜਵਾਨ ਨਾਲ ਅਣਮਨੁੱਖੀ ਵਿਵਹਾਰ ਲੋਕਤੰਤਰ 'ਤੇ ਹਮਲਾ : ਲਿਬਰੇਸ਼ਨ



**ਬੋਹਾ (ਨਿਰੰਜਣ ਬੋਹਾ)**

ਪਿਛਲੇ ਦਿਨੀਂ ਪਿੰਡ ਸ਼ੇਰੋਂ (ਸੁਨਾਮ) ਵਿਖੇ ਲੋਕ ਮਿਲਣੀ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਕੋਲ ਚਿੱਟੇ ਕਾਰਨ ਹੋ ਰਹੀਆਂ ਨੌਜਵਾਨਾਂ ਦੀਆਂ ਮੌਤਾਂ ਬਾਰੇ ਸਵਾਲ ਪੁੱਛਣ ਵਾਲੇ ਨੌਜਵਾਨ ਮੋਹਨਜੀਤ ਸਿੰਘ ਸ਼ੇਰੋਂ ਨਾਲ ਥਾਣਾ ਸੁਨਾਮ ਤੇ ਥਾਣਾ ਚੀਮਾ ਦੀ ਪੁਲਸ ਵੱਲੋਂ ਕੀਤੇ ਗਏ ਕਥਿਤ ਅਣਮਨੁੱਖੀ ਤਸ਼ੱਦਦ ਦੀ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਪਾਰਟੀ ਦੇ ਸੂਬਾ ਆਗੂ ਗੁਰਮੀਤ ਸਿੰਘ ਨੰਦਗੜ੍ਹ, ਜੀਤ ਸਿੰਘ ਬੋਹਾਨੇ ਕਿਹਾ ਕਿ ਪੰਜਾਬ ਵਿੱਚ ਲੋਕਤੰਤਰ ਤੇ ਲੋਕਾਂ ਦੇ ਹੱਕਾਂ ਦੀ ਗੱਲ ਕਰਨ ਵਾਲੀ ਸਰਕਾਰ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਜੇਕਰ ਮੁੱਖ ਮੰਤਰੀ ਖੁਦ ਲੋਕਾਂ ਨੂੰ ਸਵਾਲ ਪੁੱਛਣ ਲਈ ਕਹਿੰਦੇ ਹਨ ਤਾਂ ਫਿਰ ਸਵਾਲ ਪੁੱਛਣ ਵਾਲੇ ਨੌਜਵਾਨ ਨਾਲ ਪੁਲਸ ਵੱਲੋਂ ਅਜਿਹਾ ਵਹਿਸ਼ੀਆਨਾ ਵਿਵਹਾਰ ਕਿਉਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਮੋਹਨਜੀਤ ਸਿੰਘ ਨੇ ਖੁਦ ਮੀਡੀਆ ਸਾਹਮਣੇ ਆ ਕੇ ਗੰਭੀਰ ਦੋਸ਼ ਲਗਾਏ ਹਨ ਕਿ ਉਸ ਦੇ ਧਾਰਮਿਕ ਕਕਾਰਾਂ ਦੀ ਬੇਅਦਬੀ ਕੀਤੀ ਗਈ ਤੇ ਉਸ ਦੇ ਸਰੀਰ ਨੂੰ ਤੇਜ਼ਧਾਰ ਔਜ਼ਾਰਾਂ ਨਾਲ ਕੁਰੇਦ ਕੇ ਨਮਕ ਤੇ ਮਿਰਚਾਂ ਦਾ ਲੇਪ ਕੀਤਾ ਗਿਆ।ਜੇ ਇਹ ਦੋਸ਼ ਜਾਂਚ ਦੌਰਾਨ ਸਹੀ ਪਾਏ ਜਾਂਦੇ ਹਨ ਤਾਂ ਇਹ ਬੇਹੱਦ ਗੰਭੀਰ ਤੇ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲਾ ਮਾਮਲਾ ਹੈ।ਕਿਸੇ ਵੀ ਨਾਗਰਿਕ ਨੂੰ ਸਰਕਾਰ ਤੋਂ ਸਵਾਲ ਪੁੱਛਣ ਬਦਲੇ ਪੁਲਸ ਤਸ਼ੱਦਦ ਦਾ ਸਾਹਮਣਾ ਨਹੀਂ ਕਰਨਾ ਚਾਹੀਦਾ।ਸਵਾਲ ਪੁੱਛਣਾ ਲੋਕਤੰਤਰ ਵਿੱਚ ਹਰ ਨਾਗਰਿਕ ਦਾ ਹੱਕ ਹੈ।ਉਨ੍ਹਾ ਕਿਹਾ ਕਿ ਪੀੜਤ ਨੌਜਵਾਨ ਦਾ ਡਾਕਟਰਾਂ ਦੇ ਬੋਰਡ ਵੱਲੋਂ ਮੈਡੀਕਲ ਕਰਵਾਇਆ ਜਾਵੇ ਤੇ ਮਾਮਲੇ ਦੀ ਉੱਚ ਪੱਧਰੀ ਨਿਆਂਇਕ ਜਾਂਚ ਕਰਵਾਈ ਜਾਵੇ।

## ਸਫਾ 1 ਦੇ ਬਾਕੀ...

### 'ਬਦਲਾਅ ਜ਼ਰੂਰੀ ਹੈ' ਦੇ ...

ਵਾਲੀ ਅਤੇ ਬੇਮਾਇਨਾ ਸਾਬਤ ਹੋਈ ਹੈ। ਮੋਦੀ ਸਰਕਾਰ ਦੀਆਂ ਨਾਕਾਮੀਆਂ ਦੇ ਸਭ ਤੋਂ ਮਜ਼ਬੂਤ ਅਤੇ ਲਗਾਤਾਰ ਆਲੋਚਕਾਂ ਵਿੱਚੋਂ ਇੱਕ ਸੀ ਪੀ ਆਈ ਨੇ ਕੌਮੀ ਰਾਜਧਾਨੀ ਵਿੱਚ ਹਜ਼ਾਰਾਂ ਲੋਕਾਂ ਨੂੰ ਸਫਲਤਾਪੂਰਵਕ ਲਾਮਬੰਦ ਕਰਕੇ ਆਪਣੀ ਲਗਾਤਾਰ ਲੋਕਪ੍ਰਿਅਤਾ ਦਾ ਪ੍ਰਗਟਾਵਾ ਕੀਤਾ ਹੈ।ਵੱਡੀ ਜਨ-ਲਾਮਬੰਦੀ ਦੇ ਨਾਲ-ਨਾਲ ਲਗਾਤਾਰ ਪ੍ਰਕਾਸ਼ਨ ਮੁਹਿੰਮ ਵੀ ਚਲਾਈ ਗਈ। ਇਸ ਤਹਿਤ ਸੀ ਪੀ ਆਈ ਨੇ ਦੇਸ਼ ਨੂੰ ਦਰਪੇਸ਼ ਮਹੱਤਵਪੂਰਨ ਮੁੱਦਿਆਂ 'ਤੇ ਪੁਸਤਕਾਵਾਂ ਪ੍ਰਕਾਸ਼ਤ ਕੀਤੀਆਂ ਅਤੇ ਉੱਘੀਆਂ ਸ਼ਖ਼ਸੀਅਤਾਂ ਨੂੰ ਸ਼ਾਮਲ ਕਰਦਿਆਂ ਜਨ-ਸੰਪਰਕ ਮੁਹਿੰਮ ਵੀ ਚਲਾਈ।ਰਾਮਲੀਲਾ ਮੈਦਾਨ ਵਿੱਚ ਹੋਈ ਲਾਮਬੰਦੀ ਮੌਜੂਦਾ ਸਰਕਾਰ ਖਿਲਾਫ ਲੋਕਾਂ ਦੇ ਗੁੱਸੇ ਦਾ ਇੱਕ ਇਤਿਹਾਸਕ ਅਤੇ ਪ੍ਰਭਾਵਸ਼ਾਲੀ ਪ੍ਰਗਟਾਵਾ ਸੀ।ਕੌਮੀ ਰਾਜਧਾਨੀ ਵਿੱਚ ਸੀ ਪੀ ਆਈ ਦੇ ਝੰਡੇ ਹੇਠ ਹਜ਼ਾਰਾਂ ਲੋਕਾਂ ਨੂੰ ਲਾਮਬੰਦ ਕਰਨ ਦੀ ਸਮਰੱਥਾ ਦਰਸਾਉਂਦੀ ਹੈ ਕਿ ਪਾਰਟੀ ਅਤੇ ਉਸਦਾ ਸਿਆਸੀ ਪ੍ਰੋਗਰਾਮ ਅਜੇ ਵੀ ਲੋਕਾਂ ਵਿੱਚ ਆਪਣੀ ਪਕੜ ਅਤੇ ਪ੍ਰਭਾਵ ਰੱਖਦਾ ਹੈ ਅਤੇ ਮੌਜੂਦਾ ਸਿਆਸੀ ਸਥਿਤੀ ਬਾਰੇ ਪਾਰਟੀ ਦਾ ਮੁਲਾਂਕਣ ਸਹੀ ਦਿਸ਼ਾ ਵਿੱਚ ਅੱਗੇ ਵੱਧ ਰਿਹਾ ਹੈ।ਕੌਮੀ ਕੌਂਸਲ ਨੇ ਕਿਹਾ ਕਿ ਇਹ ਰੈਲੀ ਕਈ ਦਹਾਕਿਆਂ ਵਿੱਚ ਕੌਮੀ ਰਾਜਧਾਨੀ ਵਿੱਚ ਕਿਸੇ ਵੀ ਖੱਬੀ ਪਾਰਟੀ ਵੱਲੋਂ ਕੀਤੀ ਗਈ ਸਭ ਤੋਂ ਵੱਡੀ ਲਾਮਬੰਦੀ ਸੀ। ਕੌਂਸਲ ਨੇ ਇਸ ਨਾਜ਼ੁਕ ਮੋੜ 'ਤੇ ਸੀ ਪੀ ਆਈ ਦੀ ਲੀਡਰਸ਼ਿਪ ਵੱਲੋਂ ਕੀਤੀ ਗਈ ਸਿਆਸੀ ਦਖਲਅੰਦਾਜ਼ੀ ਦੀ ਸ਼ਲਾਘਾ ਕੀਤੀ ਅਤੇ ਸਾਰੇ ਪਾਰਟੀ ਯੂਨਿਟਾਂ, ਆਗੂਆਂ, ਕਾਡਰਾਂ ਅਤੇ ਸਮਰਥਕਾਂ ਨੂੰ ਮੁਹਿੰਮ ਅਤੇ ਰੈਲੀ ਨੂੰ ਸ਼ਾਨਦਾਰ ਸਫਲਤਾ ਦਿਵਾਉਣ ਲਈ ਵਧਾਈ ਦਿੱਤੀ। ਰੈਲੀ ਸੰਬੰਧੀ ਸੋਸ਼ਲ ਮੀਡੀਆ ਮੁਹਿੰਮ, ਆਪਣੀਆਂ ਸੀਮਾਵਾਂ ਦੇ ਬਾਵਜੂਦ, ਸੀ ਪੀ ਆਈ ਦੀ ਲਾਮਬੰਦੀ ਦਾ ਸੁਨੇਹਾ ਵੱਡੀ ਗਿਣਤੀ ਵਿੱਚ ਲੋਕਾਂ ਤੱਕ ਅਤੇ ਉਨ੍ਹਾਂ ਲੋਕਾਂ ਤੱਕ ਪਹੁੰਚਾਉਣ ਵਿੱਚ ਸਫਲ ਰਹੀ, ਜੋ ਰੈਲੀ ਵਿੱਚ ਸ਼ਾਮਲ ਨਹੀਂ ਹੋ ਸਕੇ।

'ਬਦਲਾਅ ਜ਼ਰੂਰੀ ਹੈ' ਦੇ ਨਾਅਰੇ ਦੀ ਲਗਾਤਾਰ ਪ੍ਰਸੰਗਿਕਤਾ ਨੂੰ ਦੇਖਦਿਆਂ ਕੌਮੀ ਲੀਡਰਸ਼ਿਪ ਨੇ ਮੁਹਿੰਮ ਨੂੰ ਹੋਰ ਤੇਜ਼ ਕਰਨ ਬਾਰੇ ਪ੍ਰੋਗਰਾਮ ਵੀ ਉਲੀਕਿਆ ਹੈ। ਇਸ ਤਹਿਤ ਸੀ ਪੀ ਆਈ 2 ਅਕਤੂਬਰ, ਮਹਾਤਮਾ ਗਾਂਧੀ ਜਯੰਤੀ, ਨੂੰ ਦੇਸ਼ ਭਰ ਵਿੱਚ ਫਿਰਕੂ ਸਦਭਾਵਨਾ ਦਿਵਸ ਵਜੋਂ ਮਨਾਏਗੀ।ਇਸ ਪ੍ਰੋਗਰਾਮ ਰਾਹੀਂ ਆਰ ਐੱਸ ਐੱਸ-ਭਾਜਪਾ ਦੇ ਰਾਜ ਹੇਠ ਵਧ ਰਹੀ ਫਿਰਕੂ ਧਰੁਵੀਕਰਨ ਅਤੇ ਸਮਾਜਿਕ ਵੰਡ ਦੇ ਦੌਰ ਵਿੱਚ ਭਾਰਤ ਦੇ ਸਮਾਜਿਕ ਤਾਣੇ-ਬਾਣੇ ਦੀ ਰੱਖਿਆ ਅਤੇ ਫਿਰਕੂ ਸਦਭਾਵਨਾ ਨੂੰ ਮਜ਼ਬੂਤ ਕਰਨ ਦੀ ਤੁਰੰਤ ਲੋੜ ਨੂੰ ਉਜਾਗਰ ਕੀਤਾ ਜਾਵੇਗਾ।

ਸੀ ਪੀ ਆਈ 7 ਨਵੰਬਰ ਨੂੰ ਇਨਕਲਾਬ ਦਿਵਸ ਵਜੋਂ ਮਨਾਏਗੀ। ਇਸ ਦਿਨ ਦੁਨੀਆ ਭਰ ਦੀਆਂ ਮੁਕਤੀ ਲਹਿਰਾਂ ਅਤੇ ਇਨਕਲਾਬੀ ਅੰਦੋਲਨਾਂ ਵਿੱਚ ਕਮਿਊਨਿਸਟਾਂ ਦੀ ਇਤਿਹਾਸਕ ਭੂਮਿਕਾ ਨੂੰ ਯਾਦ ਕੀਤਾ ਜਾਵੇਗਾ। ਇਸ ਦੇ ਨਾਲ ਹੀ ਭਾਰਤ ਦੀ ਆਜ਼ਾਦੀ ਦੀ ਲਹਿਰ ਅਤੇ ਜਮਹੂਰੀ ਤਬਦੀਲੀ ਵਿੱਚ ਕਮਿਊਨਿਸਟਾਂ ਦੇ ਯੋਗਦਾਨ ਨੂੰ ਵੀ ਉਜਾਗਰ ਕੀਤਾ ਜਾਵੇਗਾ।ਇਸ ਦਿਨ ਕਮਿਊਨਿਸਟ ਅੰਦੋਲਨ ਦੀ ਇਨਕਲਾਬੀ ਅਤੇ ਜਮਹੂਰੀ ਵਿਰਾਸਤ ਨੂੰ ਲੋਕਾਂ, ਖਾਸ ਕਰਕੇ ਨੌਜਵਾਨ ਪੀੜ੍ਹੀ ਵਿੱਚ, ਪ੍ਰਚਲਤ ਕਰਨ ਲਈ ਵਰਤਿਆ ਜਾਵੇਗਾ।ਮੋਦੀ ਸਰਕਾਰ ਦੇ ਦੌਰ ਵਿੱਚ ਦੇਸ਼ ਨੂੰ ਦਰਪੇਸ਼ ਬੇਮਿਸਾਲ ਆਰਥਕ, ਸਮਾਜਿਕ ਅਤੇ ਸਿਆਸੀ ਚੁਣੌਤੀਆਂ ਦੇ ਮੱਦੇਨਜ਼ਰ ਸੀ ਪੀ ਆਈ 1, 2 ਅਤੇ 3 ਦਸੰਬਰ ਨੂੰ 'ਬਦਲਾਅ ਜ਼ਰੂਰੀ ਹੈ' ਦੇ ਬੈਨਰ ਹੇਠ ਦੇਸ਼-ਵਿਆਪੀ ਜੇਲ੍ਹ ਭਰੋ ਅੰਦੋਲਨ ਸ਼ੁਰੂ ਕਰੇਗੀ।ਪਾਰਟੀ ਨੇ ਮੋਦੀ ਸਰਕਾਰ ਦੀਆਂ ਤਬਾਹਕੁੰਨ ਨੀਤੀਆਂ ਦੇ ਵਿਰੋਧ ਵਿੱਚ ਘੱਟੋ-ਘੱਟ ਪੰਜ ਲੱਖ ਕਾਮਰੇਡਾਂ ਵੱਲੋਂ ਗ੍ਰਿਫਤਾਰੀਆਂ ਦੇਣ ਦਾ ਟੀਚਾ ਰੱਖਿਆ ਹੈ। ਇਸ ਅੰਦੋਲਨ ਦੌਰਾਨ ਮਜ਼ਦੂਰਾਂ, ਕਿਸਾਨਾਂ, ਨੌਜਵਾਨਾਂ, ਵਿਦਿਆਰਥੀਆਂ, ਔਰਤਾਂ ਅਤੇ ਸਮਾਜ ਦੇ ਹੋਰ ਵਰਗਾਂ ਨੂੰ ਪ੍ਰਭਾਵਤ ਕਰਨ ਵਾਲੇ ਮੁੱਦੇ ਉਠਾਏ ਜਾਣਗੇ ਅਤੇ ਬੁਨਿਆਦੀ ਸਿਆਸੀ ਤੇ ਨੀਤੀਗਤ ਤਬਦੀਲੀ ਦੀ ਮੰਗ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਕੌਮੀ ਕੌਂਸਲ ਨੇ ਕੌਮੀ ਮਹੱਤਤਾ ਵਾਲੇ ਦੋ ਫੌਰੀ ਮੁੱਦਿਆਂ 'ਤੇ ਸਰਬਸੰਮਤੀ ਨਾਲ ਦੋ ਮਤੇ ਵੀ ਪਾਸ ਕੀਤੇ।ਕੌਮੀ ਕੌਂਸਲ ਨੇ ਮਾਈਨਜ਼ ਐਂਡ ਮਿਨਰਲਜ਼ (ਡਿਵੈਲਪਮੈਂਟ ਐਂਡ ਰੈਗੂਲੇਸ਼ਨ) ਸੋਧ ਕਾਨੂੰਨ ਵਾਪਸ ਲੈਣ ਦੀ ਮੰਗ ਕੀਤੀ। ਕੌਂਸਲ ਨੇ ਕਿਹਾ ਕਿ ਇਹ ਕਾਨੂੰਨ ਓਡੀਸ਼ਾ, ਝਾਰਖੰਡ, ਛੱਤੀਸਗੜ੍ਹ, ਤੇਲੰਗਾਨਾ ਅਤੇ ਆਂਧਰਾ ਪ੍ਰਦੇਸ਼ ਸਮੇਤ ਖਣਿਜ-ਸੰਪਦਾ ਵਾਲੇ ਰਾਜਾਂ ਦੇ ਹਿੱਤਾਂ ਦੇ ਵਿਰੁੱਧ ਹੈ। ਕੌਂਸਲ ਨੇ ਕਾਨੂੰਨ ਦੀ ਆਲੋਚਨਾ ਕਰਦਿਆਂ ਕਿਹਾ ਕਿ ਇਹ ਕੇਂਦਰ ਸਰਕਾਰ ਦੀਆਂ ਤਾਕਤਾਂ ਨੂੰ ਹੋਰ ਕੇਂਦਰੀਕ੍ਰਿਤ ਕਰਦਾ ਹੈ ਅਤੇ ਰਾਜਾਂ ਦੇ ਅਧਿਕਾਰਾਂ, ਖਾਸ ਕਰਕੇ ਖਣਿਜ ਸਰੋਤਾਂ ਤੋਂ ਟੈਕਸ ਵਸੂਲਣ ਨਾਲ ਸੰਬੰਧਤ ਅਧਿਕਾਰਾਂ ਨੂੰ ਪ੍ਰਭਾਵਤ ਕਰਦਾ ਹੈ।ਕੌਮੀ ਕੌਂਸਲ ਨੇ ਕਿਹਾ ਕਿ ਭਾਰਤ ਦੇ ਅਮੀਰ ਖਣਿਜ ਸਰੋਤ ਕੌਮੀ ਸੰਪਤੀ ਹਨ ਅਤੇ ਇਨ੍ਹਾਂ ਦੀ ਵਰਤੋਂ ਲੋਕਾਂ ਦੇ ਹਿੱਤ ਵਿੱਚ ਕੀਤੀ ਜਾਣੀ ਚਾਹੀਦੀ ਹੈ, ਨਾ ਕਿ ਕਾਰਪੋਰੇਟ ਹਿੱਤਾਂ ਨੂੰ ਸੌਂਪੇ ਜਾਣੇ ਚਾਹੀਦੇ ਹਨ। ਕੌਂਸਲ ਨੇ ਸੋਧ ਨੂੰ ਵਾਪਸ ਲੈਣ ਅਤੇ ਖਣਿਜ-ਸੰਪਦਾ ਵਾਲੇ ਰਾਜਾਂ ਅਤੇ ਉਨ੍ਹਾਂ ਦੇ ਲੋਕਾਂ ਦੇ ਅਧਿਕਾਰਾਂ ਦੀ ਰੱਖਿਆ ਕਰਨ ਦੀ ਮੰਗ ਕੀਤੀ।ਕੌਮੀ ਕੌਂਸਲ ਨੇ ਅਸਾਮ ਵਿੱਚ ਆਏ ਤਬਾਹਕੁੰਨ ਹੜ੍ਹਾਂ, ਖਾਸ ਕਰਕੇ ਅੱਪਰ ਅਸਾਮ ਵਿੱਚ, 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਹੜ੍ਹਾਂ ਨੇ ਇੱਕ ਹਜ਼ਾਰ ਤੋਂ ਵੱਧ ਪਿੰਡਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਹੈ। 100 ਤੋਂ ਵੱਧ ਲੋਕਾਂ ਦੇ ਮਾਰੇ ਜਾਣ ਅਤੇ ਕਈ ਹੋਰਾਂ ਦੇ ਲਾਪਤਾ ਹੋਣ ਦੀਆਂ ਰਿਪੋਰਟਾਂ ਹਨ।ਕੌਮੀ ਕੌਂਸਲ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਅਸਾਮ ਦੇ ਹੜ੍ਹਾਂ ਨੂੰ ਤੁਰੰਤ ਕੌਮੀ ਆਫਤ ਐਲਾਨਿਆ ਜਾਵੇ ਅਤੇ ਰਾਹਤ, ਮੁੜਵਸੇਬੇ ਅਤੇ ਪੁਨਰ-ਨਿਰਮਾਣ ਲਈ ਵਿਸ਼ੇਸ਼ ਆਰਥਕ ਪੈਕੇਜ ਦਾ ਐਲਾਨ ਕੀਤਾ ਜਾਵੇ।ਕੌਂਸਲ ਨੇ ਪ੍ਰਭਾਵਤ ਲੋਕਾਂ ਲਈ ਤੁਰੰਤ ਅਤੇ ਵਿਆਪਕ ਸਹਾਇਤਾ ਦੀ ਮੰਗ ਕੀਤੀ। ਇਸ ਵਿੱਚ ਮਾਰੇ ਗਏ ਲੋਕਾਂ ਦੇ ਪਰਵਾਰਾਂ ਲਈ ਢੁਕਵੀਂ ਮਦਦ, ਜ਼ਰੂਰੀ ਬੁਨਿਆਦੀ ਢਾਂਚੇ ਦੀ ਬਹਾਲੀ ਅਤੇ ਹੜ੍ਹ ਪ੍ਰਭਾਵਤ ਭਾਈਚਾਰਿਆਂ ਦੇ ਲੰਬੇ ਸਮੇਂ ਦੇ ਮੁੜਵਸੇਬੇ ਲਈ ਲੋੜੀਂਦੇ ਕਦਮ ਸ਼ਾਮਲ ਹਨ।ਸੀ ਪੀ ਆਈ ਕੌਮੀ ਕੌਂਸਲ ਨੇ 'ਬਦਲਾਅ ਜ਼ਰੂਰੀ ਹੈ' ਦੇ ਬੈਨਰ ਹੇਠ ਸਿਆਸੀ ਸੰਘਰਸ਼ ਨੂੰ ਹੋਰ ਤੇਜ਼ ਕਰਨ ਦੇ ਆਪਣੇ ਦ੍ਰਿੜ੍ਹ ਇਰਾਦੇ ਨੂੰ ਦੁਹਰਾਇਆ।ਕੌਂਸਲ ਨੇ ਮਜ਼ਦੂਰਾਂ, ਕਿਸਾਨਾਂ, ਨੌਜਵਾਨਾਂ, ਵਿਦਿਆਰਥੀਆਂ, ਔਰਤਾਂ ਅਤੇ ਸਮਾਜ ਦੇ ਸਾਰੇ ਜਮਹੂਰੀ ਤੇ ਧਰਮਨਿਰਪੱਖ ਵਰਗਾਂ ਨੂੰ ਇੱਕ ਬਦਲਵੀਂ ਸਿਆਸੀ ਦਿਸ਼ਾ ਅਤੇ ਭਾਰਤ ਦੇ ਲੋਕਾਂ ਲਈ ਬਿਹਤਰ ਭਵਿੱਖ ਦੀ ਲੜਾਈ ਵਿੱਚ ਇਕੱਠੇ ਹੋਣ ਦਾ ਸੱਦਾ ਦਿੱਤਾ।

### 'ਕਾਕਰੋਚਾਂ' ਨੇ ਦਿੱਲੀ...

ਨੀਲੇ ਕਬੂਤਰ ਨੂੰ ਖੂਨ ਵਿੱਚ ਡੁਬੋ ਦਿੱਤਾ', ਜੋ ਕਿ ਆਜ਼ਾਦ ਸਮਾਜ ਪਾਰਟੀ (ਏ ਐੱਸ ਪੀ) ਦੇ ਨੀਲੇ ਝੰਡੇ ਦਾ ਹਵਾਲਾ ਜਾਪਦਾ ਹੈ। ਉਸ ਨੇ ਕਿਹਾ, "ਅਸੀਂ ਉਹ ਹਾਂ ਜੋ ਕੰਮ ਕਰਦੇ ਹਾਂ... ਅਸੀਂ ਭਵਿੱਖ ਵਿੱਚ ਵੀ ਇਹ ਕਰਾਂਗੇ। ਬੈਲਟ ਟ੍ਰੀਟਮੈਂਟ ਹੋਵੇਗਾ; ਕੱਟਾ (ਦੇਸੀ ਪਿਸਤੌਲ) ਟ੍ਰੀਟਮੈਂਟ ਵੀ ਹੋ ਸਕਦਾ ਹੈ।" ਇਸੇ ਦੌਰਾਨ ਸਵਤੰਤਰ ਭਾਰਦਵਾਜ ਨੇ ਸ਼ੁੱਕਰਵਾਰ ਆਪਣੀਆਂ ਉਪਰੋਕਤ ਟਿੱਪਣੀਆਂ ਤੋਂ ਇਨਕਾਰ ਕਰਦਿਆਂ ਦਾਅਵਾ ਕੀਤਾ ਕਿ ਆਨਲਾਈਨ ਸਾਂਝੀ ਕੀਤੀ ਜਾ ਰਹੀ ਕਥਿਤ ਵੀਡੀਓ ਨਕਲੀ ਹੈ। ਉਸ ਨੇ ਕਿਹਾ ਹੈ ਕਿ ਉਸ ਨੇ ਸਵੈ-ਰੱਖਿਆ ਵਿੱਚ ਹਮਲਾ ਕੀਤਾ ਸੀ, ਨਹੀਂ ਤਾਂ ਭੀੜ ਉਸ ਨੂੰ ਮਾਰ ਦਿੰਦੀ। ਉਸ ਕੋਲ ਵੀਡੀਓ ਦੇ ਰੂਪ ਵਿੱਚ ਸਬੂਤ ਹਨ। ਉਸ ਨੂੰ 10-15 ਲੋਕਾਂ ਨੇ ਘੇਰ ਲਿਆ ਸੀ। ਜਦੋਂ ਉਸ ਨੇ ਸਵੈ-ਰੱਖਿਆ ਵਿੱਚ ਕਾਰਵਾਈ ਕੀਤੀ, ਤਾਂ ਪ੍ਰੋਟੈੱਸਟਰ ਦੇ ਸਿਰ 'ਤੇ ਕੜਾ ਵੱਜ ਗਿਆ।

ਦਿੱਲੀ ਪੁਲਸ ਦੁਆਰਾ ਸਾਂਝੀ ਕੀਤੀ ਗਈ ਮੈਡੀਕਲ ਰਿਪੋਰਟ ਦਾ ਹਵਾਲਾ ਦਿੰਦੇ ਹੋਏ ਭਾਰਦਵਾਜ ਨੇ ਕਿਹਾ ਕਿ ਜਿਸ ਵਿਅਕਤੀ 'ਤੇ ਉਸ ਨੇ ਹਮਲਾ ਕੀਤਾ ਸੀ, ਉਸ ਨੂੰ ਗੰਭੀਰ ਸੱਟਾਂ ਨਹੀਂ ਲੱਗੀਆਂ ਸਨ। ਉਹ ਚੱਲ ਰਹੀ ਜਾਂਚ ਵਿੱਚ ਸਹਿਯੋਗ ਕਰ ਰਿਹਾ ਹੈ। ਰਾਹੁਲ ਗਾਂਧੀ ਅਤੇ ਹੋਰਾਂ ਵੱਲੋਂ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਜਾ ਰਹੀ ਪੋਡਕਾਸਟ ਕਲਿੱਪ ਨਕਲੀ ਹੈ। ਜੋ ਲੋਕ ਕਹਿ ਰਹੇ ਹਨ ਕਿ ਉਸ ਨੂੰ ਕਪਿਲ ਮਿਸ਼ਰਾ ਦੇ ਪ੍ਰਭਾਵ ਕਾਰਨ ਰਿਹਾਅ ਕੀਤਾ ਗਿਆ ਸੀ, ਉਹ ਉਨ੍ਹਾਂ ਨੂੰ ਦੱਸਣਾ ਚਾਹੁੰਦਾ ਹੈ ਕਿ ਕਪਿਲ ਮਿਸ਼ਰਾ ਅਤੇ ਚਿਰਾਗ ਪਾਸਵਾਨ ਉਸ ਦੇ ਭਰਾਵਾਂ ਵਾਂਗ ਹਨ। ਲੋਕਾਂ ਨੂੰ ਸਮਝਣਾ ਚਾਹੀਦਾ ਹੈ ਕਿ ਵਿਅੰਗ ਵਿੱਚ ਕੀ ਕਿਹਾ ਗਿਆ ਸੀ। ਵੀਰਵਾਰ ਨੂੰ ਇਹ ਵਿਵਾਦ ਉਸ ਸਮੇਂ ਹੋਰ ਵਧ ਗਿਆ ਸੀ ਜਦੋਂ ਦਿੱਲੀ ਪੁਲਸ ਨੇ ਕਿਹਾ ਕਿ 38 ਸਾਲਾ ਸੰਜੇ ਕੁਮਾਰ ਨੂੰ ਝਗੜੇ ਦੌਰਾਨ ਸਿਰ ਵਿੱਚ ਮਾਮੂਲੀ ਸੱਟ ਲੱਗੀ ਸੀ ਅਤੇ ਇਨ੍ਹਾਂ ਦਾਅਵਿਆਂ ਨੂੰ ਰੱਦ ਕਰ ਦਿੱਤਾ ਸੀ ਕਿ ਉਸ ਦਾ ਸਿਰ ਪਾਟ ਗਿਆ ਸੀ। ਪੁਲਸ ਨੇ ਕਿਹਾ ਕਿ ਭਾਰਤੀ ਨਿਆਏ ਸੰਹਿਤਾ ਦੀਆਂ ਸੰਬੰਧਤ ਧਾਰਾਵਾਂ ਤਹਿਤ ਥਾਣਾ ਪਾਰਲੀਮੈਂਟ ਸਟਰੀਟ ਵਿਖੇ ਮਾਮਲਾ ਦਰਜ ਕੀਤਾ ਗਿਆ ਸੀ। ਸੂਰਜ ਕੁਮਾਰ (24) ਤੇ ਸਵਤੰਤਰ ਭਾਰਦਵਾਜ (21) ਨੂੰ ਮੌਕੇ ਤੋਂ ਹਿਰਾਸਤ ਵਿੱਚ ਲੈ ਲਿਆ ਗਿਆ ਸੀ ਅਤੇ ਜਾਂਚ ਦੌਰਾਨ ਦੋਹਾਂ ਨੂੰ ਕਾਨੂੰਨ ਅਨੁਸਾਰ ਨੋਟਿਸ ਜਾਰੀ ਕੀਤੇ ਗਏ ਸਨ ਅਤੇ ਪੁੱਛਗਿੱਛ ਕੀਤੀ ਗਈ ਸੀ। ਬਣਦੀ ਕਾਨੂੰਨੀ ਕਾਰਵਾਈ ਕੀਤੀ ਗਈ ਹੈ ਅਤੇ ਜਲਦੀ ਹੀ ਅਦਾਲਤ ਵਿੱਚ ਚਾਰਜਸ਼ੀਟ ਦਾਇਰ ਕੀਤੀ ਜਾਵੇਗੀ। ਉੱਧਰ ਸੌਰਵ ਦਾਸ ਨੇ ਕਿਹਾ ਹੈ, "ਸਵਤੰਤਰ ਭਾਰਦਵਾਜ ਵਰਗੇ ਗੁੰਡੇ ਜੰਤਰ-ਮੰਤਰ ਆਏ ਸਨ। ਕੀ ਦਿੱਲੀ ਪੁਲਸ ਨੇ ਉਨ੍ਹਾਂ ਦੀ ਪਛਾਣ ਨਹੀਂ ਕੀਤੀ? ਉਸ ਨੇ ਕਤਲ ਦੀ ਕੋਸ਼ਿਸ਼ ਕੀਤੀ। ਦਿੱਲੀ ਪੁਲਸ ਨੇ ਕੋਈ ਕਾਰਵਾਈ ਨਹੀਂ ਕੀਤੀ। ਹੁਣ ਪੁਲਸ ਨੇ ਭਰੋਸਾ ਦਿੱਤਾ ਹੈ ਕਿ ਨਿਸ਼ੂ ਨੂੰ ਧਮਕੀਆਂ ਦੇਣ 'ਤੇ ਐੱਫ ਆਈ ਆਰ ਦਰਜ ਕੀਤੀ ਜਾਵੇਗੀ ਅਤੇ ਪੋਕਸੋ ਐਕਟ ਦੀਆਂ ਧਾਰਾਵਾਂ ਜੋੜੀਆਂ ਜਾਣਗੀਆਂ। ਜੇ ਪੁਲਸ ਨੇ ਆਪਣੇ ਵਾਅਦੇ ਪੂਰੇ ਨਹੀਂ ਕੀਤੇ ਤਾਂ ਉਹ ਵਾਪਸ ਆ ਜਾਣਗੇ। ਜੇ ਗੁੰਡਾ ਖੁੱਲ੍ਹ ਕੇ ਕਹਿ ਰਿਹਾ ਹੈ ਕਿ ਕਪਿਲ ਮਿਸ਼ਰਾ ਅਤੇ ਚਿਰਾਗ ਪਾਸਵਾਨ ਨੇ ਫੋਨ ਕੀਤੇ ਸਨ ਅਤੇ ਉਸ ਨੂੰ ਰਿਹਾਅ ਕਰ ਦਿੱਤਾ ਗਿਆ ਸੀ, ਤਾਂ ਭਾਜਪਾ ਦੇ ਉੱਚ ਨੇਤਾਵਾਂ ਨੂੰ ਇਸ ਬਾਰੇ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ।" ਕਾਂਗਰਸ ਦੇ ਸੀਨੀਅਰ ਬੁਲਾਰੇ ਪਵਨ ਖੇੜਾ ਨੇ ਕਿਹਾ ਹੈ ਕਿ ਸਵਤੰਤਰ ਭਾਰਦਵਾਜ ਨੇ ਆਪਣੇ ਆਪ ਨੂੰ ਬੇਨਕਾਬ ਕਰ ਦਿੱਤਾ ਹੈ ਅਤੇ ਇਸ ਤੋਂ ਵੀ ਮਹੱਤਵਪੂਰਨ, ਉਸ ਨੇ ਉਨ੍ਹਾਂ ਲੋਕਾਂ ਨੂੰ ਬੇਨਕਾਬ ਕਰ ਦਿੱਤਾ ਹੈ, ਜੋ ਹੈਂਸਿਆਰਿਆਂ ਨੂੰ ਭੜਕਾਉਂਦੇ ਹਨ ਅਤੇ ਸੁਰੱਖਿਆ ਦਿੰਦੇ ਹਨ।

### ਦੋ ਪੱਤਰਕਾਰ ਬੀਬੀਆਂ ...

ਕੀਤਾ ਹੈ, ਜਿਸ ਵਿੱਚ ਸ਼ਾਹੀਨ ਖਾਨ ਸਾਕੇਤ ਪੁਲਸ ਸਟੇਸ਼ਨ ਦੇ ਅੰਦਰ ਖੜ੍ਹੀ ਦਿਖਾਈ ਦੇ ਰਹੀ ਹੈ। ਵੀਡੀਓ ਵਿੱਚ, ਉਸਨੇ ਨਫੀਸਾ ਖਾਨ ਦੇ ਸਰੀਰ 'ਤੇ ਸੱਟਾਂ ਵੀ ਦਿਖਾਈਆਂ। ਨੈੱਟਵਰਕ ਨੇ ਆਪਣੀ ਪੋਸਟ ਵਿੱਚ ਲਿਖਿਆ, "ਕੀ ਮੁੱਖ ਮੰਤਰੀ ਨੂੰ ਸਵਾਲ ਪੁੱਛਣਾ ਇੰਨਾ ਗੰਭੀਰ ਅਪਰਾਧ ਹੈ ਕਿ ਇੱਕ ਪੱਤਰਕਾਰ ਨੂੰ ਬੇਰਹਿਮੀ ਨਾਲ ਕੁੱਟਿਆ ਜਾਵੇ?" ਦਿੱਲੀ ਪੁਲਸ ਨੇ ਦੋਸ਼ਾਂ ਨੂੰ ਬੇਬੁਨਿਆਦ ਤੇ ਗੁੰਮਰਾਹਕੁੰਨ ਦੱਸ ਕੇ ਰੱਦ ਕਰ ਦਿੱਤਾ ਹੈ। ਪੁਲਸ ਮੁਤਾਬਕ ਉਨ੍ਹਾਂ ਨੂੰ ਨੇਤਾਵਾਂ ਨੂੰ ਸਵਾਲ ਕਰਨ ਦੀ ਕੋਸ਼ਿਸ਼ ਕਰਨ ਕਰਕੇ ਹਿਰਾਸਤ ਵਿੱਚ ਨਹੀਂ ਲਿਆ ਗਿਆ ਸੀ। ਉਨ੍ਹਾਂ ਦਾ ਸਕੂਟਰ ਨਿਰਧਾਰਤ ਵੀ ਵੀ ਆਈ ਪੀ ਸੁਰੱਖਿਆ ਰਸਤੇ ਵਿੱਚ ਰੁਕਾਵਟ ਪਾ ਰਿਹਾ ਸੀ ਅਤੇ ਉਨ੍ਹਾਂ ਨੇ ਵਾਰ-ਵਾਰ ਸੁਰੱਖਿਆ ਨਿਰਦੇਸ਼ਾਂ ਦੀ ਪਾਲਣਾ ਕਰਨ ਤੋਂ ਇਨਕਾਰ ਕਰ ਦਿੱਤਾ ਸੀ।

ਇਸੇ ਦੌਰਾਨ, ਪੱਤਰਕਾਰ ਬੀਬੀਆਂ ਨੇ ਏਮਜ਼ ਤੋਂ ਮੈਡੀਕੋ-ਲੀਗਲ ਕੇਸ (ਐੱਮ ਐੱਲ ਸੀ) ਰਿਪੋਰਟ ਤਿਆਰ ਕਰਵਾਈ ਹੈ। ਸਾਕੇਤ ਪੁਲਸ ਸਟੇਸ਼ਨ ਦੇ ਬਾਹਰ ਵੀ ਵਿਰੋਧ ਪ੍ਰਦਰਸ਼ਨ ਅਤੇ ਧਰਨਾ ਦਿੱਤਾ ਗਿਆ, ਜਿਸ ਵਿੱਚ ਪ੍ਰਦਰਸ਼ਨਕਾਰੀਆਂ ਨੇ ਮੰਗ ਕੀਤੀ ਕਿ ਹਮਲੇ ਵਿੱਚ ਸ਼ਾਮਲ ਪੁਲਸ ਕਰਮਚਾਰੀਆਂ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਜਾਵੇ। ਮਈ 2025 ਵਿੱਚ, ਕੇਂਦਰ ਨੇ ਰਾਸ਼ਟਰੀ ਸੁਰੱਖਿਆ ਅਤੇ ਜਨਤਕ ਵਿਵਸਥਾ ਦੇ ਆਧਾਰ 'ਤੇ 4 ਪੀ ਐੱਮ ਨਿਊਜ਼ ਨੂੰ ਯੂਟਿਊਬ 'ਤੇ ਬਲਾਕ ਕਰਨ ਦਾ ਹੁਕਮ ਦਿੱਤਾ ਸੀ। ਚੈਨਲ ਦੇ ਮੁੱਖ ਸੰਪਾਦਕ, ਸੰਜੇ ਸ਼ਰਮਾ ਨੇ ਸੁਪਰੀਮ ਕੋਰਟ ਵਿੱਚ ਇਸ ਫੈਸਲੇ ਨੂੰ ਚੁਣੌਤੀ ਦਿੱਤੀ, ਜਿਸਨੇ ਕੇਂਦਰ ਅਤੇ ਹੋਰ ਪ੍ਰਤੀਵਾਦੀਆਂ ਨੂੰ ਨੋਟਿਸ ਜਾਰੀ ਕੀਤਾ। ਬਾਅਦ ਵਿੱਚ ਸਰਕਾਰ ਨੇ ਬਲਾਕਿੰਗ ਹੁਕਮ ਵਾਪਸ ਲੈ ਲਿਆ।

### ਭਾਰਤੀ ਕੰਪਨੀ ਨਾਲ...

ਅਦਾਲਤ ਵਿੱਚ ਪਹੁੰਚ ਗਿਆ ਹੈ। ਐਸਤੋਨੀਆ ਪਹਿਲਾਂ ਤੋਂ ਅਦਾ ਕੀਤੇ ਪੈਸੇ ਵਾਪਸ ਕਰਨ ਦੀ ਮੰਗ ਕਰ ਰਿਹਾ ਹੈ ਅਤੇ ਕਹਿੰਦਾ ਹੈ ਕਿ ਜੇ ਲੋੜ ਪਈ ਤਾਂ ਉਹ ਵਿਵਾਦ ਨੂੰ ਅੰਤਰਰਾਸ਼ਟਰੀ ਸਾਲਸ ਕੋਲ ਵੀ ਲਿਜਾਏਗਾ।

ਇਸ ਮਾਮਲੇ ਨੇ ਇਹ ਵੱਡਾ ਸਵਾਲ ਵੀ ਖੜ੍ਹਾ ਕਰ ਦਿੱਤਾ ਹੈ ਕਿ ਇੱਕ ਛੋਟੀ ਕੰਪਨੀ, ਜਿਸ ਦਾ ਗੋਲਾ-ਬਾਰੂਦ ਸਪਲਾਈ ਕਰਨ ਦਾ ਕੋਈ ਰਿਕਾਰਡ ਨਹੀਂ ਸੀ, ਨੇ 7 ਕਰੋੜ ਯੂਰੋ ਦਾ ਠੇਕਾ ਕਿਵੇਂ ਹਾਸਲ ਕਰ ਲਿਆ।

## ਕੈਬਨਿਟ ਮੰਤਰੀ ਨੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਕੀਤਾ ਸੁਚੇਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਖੇਤੀਬਾੜੀ ਤੇ ਫੂਡ ਪ੍ਰੋਸੈਸਿੰਗ ਮੰਤਰੀ ਸ੍ਰ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਜ਼ਿਲ੍ਹੇ ਦੇ ਸਮੂਹ ਸਰਪੰਚਾਂ ਨੂੰ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਕਿਸਾਨ ਭਲਾਈ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਦੇ ਨਾਲ ਹੀ ਝੋਨੇ ਦੀ ਕਟਾਈ ਉਪਰੰਤ ਪੈਦਾ ਹੋਣ ਵਾਲੀ ਪਰਾਲੀ ਦੇ ਸੁਚੱਜੇ ਪ੍ਰਬੰਧਨ, ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਉਪਲਬਧ ਖੇਤੀ ਮਸ਼ੀਨਰੀ ਤੇ ਵਿਗਿਆਨਕ ਤਕਨੀਕਾਂ ਦੀ ਵਰਤੋਂ ਸਬੰਧੀ ਵੀ ਜਾਣਕਾਰੀ ਦਿੱਤੀ ਗਈ।ਸ੍ਰ. ਖੁੱਡੀਆਂ ਨੇ ਸਰਪੰਚਾਂ ਨੂੰ ਕਿਹਾ ਕਿ ਉਹ ਆਪਣੇ-ਆਪਣੇ ਪਿੰਡਾਂ ਦੇ ਕਿਸਾਨਾਂ ਨੂੰ ਵੀ ਪਰਾਲੀ ਨਾ ਸਾੜਨ ਤੇ ਵਾਤਾਵਰਣ ਦੀ ਸੁਰੱਖਿਆ ਲਈ ਪ੍ਰੇਰਿਤ ਕਰਨ ਅਤੇ ਉਹ ਪਿੰਡ ਪੱਧਰ 'ਤੇ ਕਿਸਾਨਾਂ ਨਾਲ ਤਾਲਮੇਲ ਕਰਕੇ ਪਰਾਲੀ ਪ੍ਰਬੰਧਨ ਸਬੰਧੀ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨ ਅਤੇ ਸੀ ਆਰ ਐੱਮ ਸਕੀਮ ਅਧੀਨ ਉਪਲਬਧ ਖੇਤੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕਰਵਾਉਣ, ਤਾਂ ਜੋ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕੇ।

ਇਸ ਮੌਕੇ ਚੇਅਰਪਰਸਨ ਜ਼ਿਲ੍ਹਾ ਪ੍ਰੀਸ਼ਦ ਗੁਰਵਿੰਦਰ ਕੌਰ, ਮੁੱਖ ਖੇਤੀਬਾੜੀ ਅਫਸਰ ਡਾ. ਜਗਸੀਰ ਸਿੰਘ ਤੇ ਡੀਡੀਪੀਓ ਸ. ਸੁਰਿੰਦਰ ਸਿੰਘ ਢਿੱਲੋਂ ਵੱਲੋਂ ਵਿਸ਼ੇਸ਼ ਸ਼ਮੂਲੀਅਤ ਕੀਤੀ ਗਈ। ਸਮੂਹ ਸਰਪੰਚ ਵੱਲੋਂ ਇਹ ਸੰਕਲਪ ਕੀਤਾ ਗਿਆ ਕਿ ਝੋਨੇ ਦੀ ਕਟਾਈ ਉਪਰੰਤ ਪੈਦਾ ਹੋਣ ਵਾਲੀ ਪਰਾਲੀ ਨੂੰ ਅੱਗ ਨਹੀਂ ਲਗਵਾਉਣਗੇ ਤੇ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਨ ਲਈ ਉਪਲਬਧ ਖੇਤੀ ਮਸ਼ੀਨਰੀ ਅਤੇ ਵਿਗਿਆਨਕ ਤਕਨੀਕਾਂ ਦੀ ਵਰਤੋਂ ਕਰਵਾਉਣਗੇ।

## ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ 'ਚ ਵਿਸ਼ਵਕਰਮਾ ਸਕੂਲ ਦੀਆਂ ਵਿਦਿਆਰਥਣਾਂ ਦਾ ਸ਼ਾਨਦਾਰ ਪ੍ਰਦਰਸ਼ਨ



**ਦਿੜ੍ਹਬਾ ਮੰਡੀ (ਜਸਵੀਰ ਲਾੜੀ)**-ਵਿਸ਼ਵਕਰਮਾ ਸਕੂਲ ਫਾਰ ਗਰਲਜ਼ ਦੀਆਂ ਵਿਦਿਆਰਥਣਾਂ ਨੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ।ਪ੍ਰਿੰਸੀਪਲ ਨੇ ਦੱਸਿਆ ਕਿ ਇਹ ਬੇਮਿਸਾਲ ਪ੍ਰਾਪਤੀਆਂ ਉਨ੍ਹਾਂ ਦੀ ਲਗਨ, ਖੇਡ ਕਲਾ ਅਤੇ ਉੱਤਮਤਾ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ।ਸਕੂਲ ਦੀਆਂ ਟੀਮਾਂ ਨੇ ਬਿਹਤਰੀਨ ਖੇਡ ਭਾਵਨਾ ਦਾ ਪ੍ਰਦਰਸ਼ਨ ਕਰਦਿਆਂ ਬੇਸਬਾਲ ਅੰਡਰ-17 ਵਿੱਚ ਦੂਜਾ, ਬੇਸਬਾਲ ਅੰਡਰ-19 ਵਿੱਚ ਤੀਜਾ ਅਤੇ ਸਾਫ਼ਟਬਾਲ ਅੰਡਰ-14 ਵਿੱਚ ਦੂਜਾ ਸਥਾਨ ਹਾਸਲ ਕੀਤਾ।ਇਹ ਪ੍ਰਭਾਵਸ਼ਾਲੀ ਪ੍ਰਾਪਤੀਆਂ ਨੌਜਵਾਨ ਖਿਡਾਰੀਆਂ ਦੀ ਮਿਹਨਤ ਤੇ ਸਕੂਲ ਵੱਲੋਂ ਲਗਾਤਾਰ ਦਿੱਤੇ ਜਾ ਰਹੇ ਉਤਸ਼ਾਹ ਦਾ ਨਤੀਜਾ ਹਨ।ਵਿਦਿਆਰਥਣਾਂ ਨੇ ਪ੍ਰਿੰਸੀਪਲ ਮੈਡਮ ਸੋਨਿਕਾ ਗੁਪਤਾ ਤੇ ਡੀ.ਪੀ.ਈ. ਸ਼੍ਰੀ ਮੰਗਤ ਸਿੰਘ ਕੋਹਰੀਆ ਦੀ ਯੋਗ ਅਗਵਾਈ ਹੇਠ ਪ੍ਰਦਰਸ਼ਨ ਕੀਤਾ, ਜਿਨ੍ਹਾਂ ਦੇ ਮਾਰਗਦਰਸ਼ਨ ਤੇ ਉਤਸ਼ਾਹ ਨੇ ਵਿਦਿਆਰਥੀਆਂ ਦੀ ਖੇਡ ਸਮਰੱਥਾ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਈ।ਖਿਡਾਰੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਸਕੂਲ ਮੈਨੇਜਮੈਂਟ ਕਮੇਟੀ ਦੀ ਚੇਅਰਪਰਸਨ ਸ਼੍ਰੀਮਤੀ ਹਰਪ੍ਰੀਤ ਕੌਰ ਧੀਮਾਨ ਨੇ ਪੂਰੀ ਟੀਮ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ। ਸਕੂਲ ਕੈਂਪਸ ਵਿੱਚ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਆਯੋਜਤ ਕੀਤਾ ਗਿਆ, ਜਿਸ ਵਿੱਚ ਜੇਤੂ ਖਿਡਾਰੀਆਂ ਨੂੰ ਸੰਸਥਾ ਦਾ ਨਾਂ ਰੋਸ਼ਨ ਕਰਨ ਲਈ ਸਨਮਾਨਿਤ ਕੀਤਾ ਗਿਆ।

## ਕਾਂਗਰਸ ਪਾਰਟੀ ਨੇ ਜੋ ਕਿਹਾ, ਉਹ ਕਰਕੇ ਦਿਖਾਇਆ : ਰਾਜ ਬਖਸ਼ ਕੰਬੋਜ



**ਜਲਾਲਾਬਾਦ (ਜੀਤ ਕੁਮਾਰ)**-ਕਾਂਗਰਸ ਪਾਰਟੀ ਨੇ ਜੋ ਵੀ ਵਾਅਦਾ ਕੀਤਾ ਹੈ, ਉਸ ਨੂੰ ਹਮੇਸ਼ਾ ਪੂਰਾ ਕਰਕੇ ਦਿਖਾਇਆ ਹੈ। ਇਸੇ ਕਾਰਨ ਹੀ ਅਗਾਮੀ ਵਿਧਾਨ ਸਭਾ ਦੀਆਂ ਚੋਣਾਂ-2027 ਵਿੱਚ ਲੋਕਾਂ ਨੇ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਦਾ ਮਨ ਬਣਾ ਲਿਆ ਹੈ। ਇਹ ਸ਼ਬਦ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓਬੀਸੀ ਡਿਪਾਰਮੈਂਟ ਦੇ ਸਾਬਕਾ ਚੇਅਰਮੈਨ ਰਾਜ ਬਖਸ਼ ਕੰਬੋਜ ਨੇ ਪਿੰਡ ਭੱਬਾ ਵੱਟੂ ਵਿਖੇ ਕਾਂਗਰਸ ਪਾਰਟੀ ਦੇ ਵਰਕਰਾਂ ਦੀ ਆਯੋਜਤ ਮੀਟਿੰਗ ਨੂੰ ਸੰਬੋਧਨ ਕਰਦਿਆਂ ਹੋਏ ਕਹੇ। ਉਨ੍ਹਾਂ ਅੱਗੇ ਕਿਹਾ ਕਿ ਕਾਂਗਰਸ ਪਾਰਟੀ ਹਰ ਵਰਗ ਦੇ ਲੋਕਾਂ ਲਈ ਸਮਾਜ ਭਲਾਈ ਕੰਮ ਤੇ ਵਿਕਾਸ ਨੂੰ ਪਹਿਲ ਦਿੱਤੀ ਹੈ। ਜਦੋਂ ਵੀ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣੀ, ਉਸ ਸਮੇਂ ਜਨਹਿਤ ਵਿੱਚ ਕਈ ਮਹੱਤਵਪੂਰਨ ਫੈਸਲੇ ਲਏ ਗਏ ਤੇ ਵਿਕਾਸ ਕਾਰਜਾਂ ਨੂੰ ਪਹਿਲ ਦਿੱਤੀ ਗਈ। ਇਸ ਸਮੇਂ ਪਿੰਡ ਭੱਬਾ ਵੱਟੂ ਉਤਾੜ ਦੇ ਗੁਰਮੇਜ਼ ਸਿੰਘ ਫੌਜੀ, ਕੁਲਵੰਤ ਸਿੰਘ, ਸੁਖਚੈਨ ਸਿੰਘ ਕਚੂਰਾ, ਗੁਰਚਰਨ ਸਿੰਘ,ਸੋਭਾ ਸਿੰਘ, ਗੁਰਪ੍ਰੀਤ ਸਿੰਘ ਤੇ ਉਨ੍ਹਾਂ ਦੇ ਨਾਲ ਬਲਾਕ ਕਾਂਗਰਸ ਕਮੇਟੀ ਘੁਬਾਇਆ ਦੇ ਪ੍ਰਧਾਨ ਬਲਵੀਰ ਸਿੰਘ ਸਵਨਾ, ਪਰਮਜੀਤ ਰੀਟਾਇਰ ਥਾਣੇਦਾਰ, ਸੋਨੂੰ ਐਮ.ਸੀ, ਵਿਨੋਦ ਸੈਨ, ਜੀਤਾ ਰਾਮ ਤੇ ਅਮਰੀਕ ਰਤਨਪਾਲ ਆਦਿ ਹਾਜ਼ਰ ਸਨ।

## ਹੈਲਿਕਸ ਸਕੂਲ 'ਚ ਸਨਮਾਨ ਸਮਾਰੋਹ ਕਰਵਾਇਆ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਹੈਲਿਕਸ ਸਕੂਲ 'ਚ ਅਧਿਆਪਕ ਦਿਵਸ ਨੂੰ ਸਮਰਪਿਤ ਸਨਮਾਨ ਸਮਾਰੋਹ ਦਾ ਕਰਵਾਇਆ ਗਿਆ। ਸਕੂਲ ਦੇ ਡਾਇਰੈਕਟਰ ਦਵਿੰਦਰ ਕੌਰ ਪ੍ਰਿੰਸੀਪਲ ਅਮਰਜੋਤ ਕੌਰ ਤੇ ਰੋਟਰੀ ਕੁਇਨਜ਼ ਕਲੱਬ ਦੇ ਪ੍ਰਮੁੱਖ ਅਹੁਦੇਦਾਰਾਂ ਵੱਲੋਂ ਸਮਾਜ ਦੀ ਸਿਰਜਣਾ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਅਧਿਆਪਕਾਂ ਨੂੰ ਸਨਮਾਨਤ ਕੀਤਾ ਗਿਆ।ਰੋਟਰੀ ਕੁਇਨਜ਼ ਕਲੱਬ ਦੇ ਪ੍ਰਧਾਨ ਸ਼ੈਲੀ, ਪੂਜਾ ਤੇ ਭਾਵਨਾ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਸਕੂਲ ਪ੍ਰਬੰਧਕਾਂ ਤੇ ਰੋਟਰੀ ਕੁਇਨਜ਼ ਕਲੱਬ ਦੇ ਅਹੁਦੇਦਾਰਾਂ ਵੱਲੋਂ ਅਧਿਆਪਕਾਂ ਦੀ ਅਣਥੱਕ ਮਿਹਨਤ, ਸਮਰਪਣ ਅਤੇ ਸਿੱਖਿਆ ਦੇ ਖੇਤਰ ਵਿੱਚ ਦਿੱਤੀਆਂ ਬੇਮਿਸਾਲ ਸੇਵਾਵਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਤੇ ਪ੍ਰਸ਼ੰਸਾ ਪੱਤਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਪਿੰਸੀਪਲ ਅਮਰਜੋਤ ਕੌਰ ਨੇ ਕਿਹਾ ਕਿ ਅਧਿਆਪਕ ਸਮਾਜ ਦਾ ਚਾਨਣ ਮੁਨਾਰਾ ਹਨ, ਜੋ ਨੌਜਵਾਨ ਪੀੜ੍ਹੀ ਦੇ ਭਵਿੱਖ ਨੂੰ ਸੁਨਹਿਰੀ ਦਿਸ਼ਾ ਪ੍ਰਦਾਨ ਕਰਦੇ ਹਨ।ਅਧਿਆਪਕਾਂ ਦੇ ਜਜ਼ਬੇ ਨੂੰ ਸਲਾਮ ਕਰਦਿਆਂ ਸਕੂਲ ਦੀਆਂ ਪ੍ਰਾਪਤੀਆਂ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਧੰਨਵਾਦ ਕੀਤਾ, ਸਕੂਲ ਦੇ ਡਾਇਰੈਕਟਰ ਦਵਿੰਦਰ ਕੌਰ ਨੇ ਮੁੱਖ ਮਹਿਮਾਨਾਂ ਨੂੰ ਪੌਦੇ ਦੇ ਕੇ ਸਨਮਾਨਤ ਕੀਤਾ।

## ਨਗਰ ਕੀਰਤਨ ਦਾ ਮਹਿਲ ਕਲਾਂ ਪੁੱਜਣ 'ਤੇ ਭਰਵਾਂ ਸਵਾਗਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਤੇ ਬਾਬਾ ਜੀਵਨ ਸਿੰਘ ਜੀ ਦੇ 365ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਵਿਸ਼ਾਲ ਨਗਰ ਕੀਰਤਨ ਦਾ ਮਹਿਲ ਕਲਾਂ ਵਿਖੇ ਪੁੱਜਣ 'ਤੇ ਦੁਕਾਨਦਾਰ ਯੂਨੀਅਨ ਵੱਲੋਂ ਸ਼ਰਧਾ, ਸਤਿਕਾਰ ਤੇ ਉਤਸ਼ਾਹ ਨਾਲ ਭਰਵਾਂ ਸਵਾਗਤ ਕੀਤਾ ਗਿਆ।ਨਗਰ ਕੀਰਤਨ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਦਿਆਂ ਗੁਰੂ ਸਾਹਿਬਾਨ ਪ੍ਰਤੀ ਆਪਣੀ ਅਟੁੱਟ ਸ਼ਰਧਾ ਦਾ ਪ੍ਰਗਟਾਵਾ ਕੀਤਾ।ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖਾਲਸਾ ਦੀ ਅਗਵਾਈ ਹੇਠ ਦੁਕਾਨਦਾਰ ਯੂਨੀਅਨ ਦੇ ਆਗੂਆਂ ਅਤੇ ਮੈਂਬਰਾਂ ਵੱਲੋਂ ਨਗਰ ਕੀਰਤਨ ਵਿੱਚ ਸ਼ਾਮਲ ਸੰਗਤਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸੰਗਤਾਂ ਲਈ ਸੇਵਾ-ਭਾਵਨਾ ਨਾਲ ਵੱਖ-ਵੱਖ ਪ੍ਰਬੰਧ ਵੀ ਕੀਤੇ ਗਏ।ਪ੍ਰਧਾਨ ਰਾਜ ਸਿੰਘ ਨੇ ਦੱਸਿਆ ਕਿ ਇਹ ਵਿਸ਼ਾਲ ਨਗਰ ਕੀਰਤਨ ਪਿੰਡ ਪਿੱਥੋ ਤੋਂ ਆਰੰਭ ਹੋਇਆ ਹੈ, ਜੋ ਰਾੜਾ ਸਾਹਿਬ ਸਮੇਤ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਸੰਪੰਨ ਹੋਵੇਗਾ।ਉਨ੍ਹਾਂ ਕਿਹਾ ਕਿ ਨਗਰ ਕੀਰਤਨ ਦਾ ਉਦੇਸ਼ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਮਹਾਨ ਵਿਰਸੇ ਨਾਲ ਸੰਗਤਾਂ ਨੂੰ ਜੋੜਨਾ ਹੈ।

## ਸਰੂਪ ਸਿੰਘ ਵਾਲਾ 'ਚ ਬਣ ਰਹੇ ਗਡਾਊਨ ਦਾ ਹੋਇਆ ਵਿਰੋਧ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਕਿਰਤੀ ਕਿਸਾਨ ਯੂਨੀਅਨ, ਪੇਂਡੂ ਕ੍ਰਾਂਤੀਕਾਰੀ ਯੂਨੀਅਨ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਤੇ ਉਗਰਾਹਾਂ ਕਿਸਾਨ ਜਥੇਬੰਦੀ ਵੱਲੋਂ ਪਿੰਡ ਸਰੂਪ ਸਿੰਘ ਵਾਲਾ ਵਿਖੇ ਬਣ ਰਹੇ ਗਡਾਉਣ ਨੂੰ ਰੋਕਣ ਲਈ ਪਿੰਡ ਦੀ ਪੰਚਾਇਤ ਨੂੰ ਸਹਿਯੋਗ ਦਿੱਤਾ ਗਿਆ।ਪਿੰਡ ਵਾਸੀਆਂ ਤੇ ਜਥਬੰਦੀਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਜੋ ਗਡਾਉਣ ਬਣ ਰਹੇ ਹਨ, ਇਸ 'ਤੇ ਪੱਕੇ ਤੌਰ 'ਤੇ ਪਾਬੰਦੀ ਲਾਈ ਜਾਵੇ।ਇਸ ਦਾ ਕਾਰਨ ਇਹ ਹੈ ਕਿ ਗਡਾਉਣ ਪਿੰਡ ਦੀ ਆਬਾਦੀ ਵਿੱਚ ਬਣ ਰਹੇ ਹਨ, ਦੂਜਾ ਲਿੰਕ ਰੋਡ 'ਤੇ ਬਣ ਰਹੇ ਹਨ, ਜੋ ਕਿ 8 ਤੋਂ 10 ਪਿੰਡਾਂ ਨੂੰ ਗੁਰੂ ਹਰਸਹਾਏ ਸ਼ਹਿਰ ਨਾਲ ਜੋੜਦੀ ਹੈ।ਇਸ ਸੜਕ 'ਤੇ ਪਹਿਲਾਂ ਹੀ ਗਡਾਉਣ ਬਣੇ ਹੋਏ ਹਨ, ਲਿੰਕ ਤੇ ਛੋਟੀ ਸੜਕ ਹੋਣ ਕਾਰਨ ਆਵਾਜਾਈ ਕਾਫੀ ਪ੍ਰਭਾਵਿਤ ਹੁੰਦੀ ਹੈ ਅਤੇ ਇਸ ਸੜਕ ਤੋਂ ਪਿੰਡ ਦਾ ਸਕੂਲ ਵੀ ਨਜ਼ਦੀਕ ਹੈ, ਜੋ ਬੱਚਿਆਂ ਨੂੰ ਬਹੁਤ ਪ੍ਰੇਸ਼ਾਨੀ ਹੁੰਦੀ ਹੈ ਅਤੇ ਆਮ ਲੋਕਾਂ ਨੂੰ ਵੀ ਇਸ ਸੜਕ ਤੋਂ ਲੰਘਣ ਸਮੇਂ ਪ੍ਰੇਸ਼ਾਨੀ ਦਾ ਸਾਹਮਣਾ ਕਰਦੇ ਹਨ।ਅਨਾਜ ਦੀ ਢੋਆ ਢੁਆਈ ਸਮੇਂ ਕਾਫੀ ਲੰਬਾ ਜਾਮ ਲੱਗ ਜਾਂਦਾ ਹੈ ਤੇ ਕਈ ਵਾਰ ਬੱਚੇ ਸਮੇਂ ਸਿਰ ਸਕੂਲ ਵੀ ਨਹੀਂ ਪਹੁੰਚ ਪਾਉਂਦੇ ਅਤੇ ਜਾਮ ਕਾਰਨ ਲੜਾਈ ਝਗੜਾ ਤੇ ਸੜਕ ਹਾਦਸੇ ਹੁੰਦੇ ਹਨ ਤੇ ਅਨਾਜ ਦੀ ਸਾਂਭ ਸੰਭਾਲ ਲਈ ਵਰਤੀ ਵਰਤੀ ਜਾਂਦੀ ਕੀਟ ਨਾਸ਼ਕ ਦਵਾਈ ਮਨੁੱਖੀ ਸਰੀਰ ਲਈ ਕਾਫੀ ਨੁਕਸਾਨ ਦਾਇਕ ਹੈ।ਇਸ ਲਈ ਇਹ ਗਡਾਉਣ ਪਿੰਡ ਤੋਂ ਘੱਟ ਤੋਂ ਘੱਟ 3 ਤੋਂ 4 ਕਿਲੋਮੀਟਰ ਦੂਰ ਜਾਂ ਹਾਈਵੇ 'ਤੇ ਬਣਨੇ ਚਾਹੀਦੇ ਹਨ।ਇਸ ਸਮੇਂ ਲਖਵਿੰਦਰ ਸਿੰਘ ਸਰਪੰਚ, ਰਾਜਿੰਦਰ ਦੀਪ ਸਿੰਘ ਵਾਲਾ, ਕੁਲਦੀਪ ਮੋਠਾਂ ਵਾਲਾ, ਪ੍ਰਤਾਪ ਸਿੰਘ ਲਖਮੀਰਪੁਰਾ, ਸਤਪਾਲ ਸਿੰਘ ਚੱਕ ਨਿਧਾਨਾ ਆਦਿ ਹਾਜ਼ਰ ਸਨ।

## ਸੈਂਟੀਨਲ ਸਕੂਲ ਵਿਖੇ ਜਨਮ-ਅਸ਼ਟਮੀ ਦਾ ਤਿਉਹਾਰ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਵਿਖੇ ਪ੍ਰਿੰਸੀਪਲ ਡਾ. ਪੂਨਮ ਸ਼ਰਮਾਂ ਦੀ ਅਗਵਾਈ ਵਿੱਚ ਛੋਟੇ ਵਿਦਿਆਰਥੀਆਂ ਵੱਲੋਂ ਸ਼੍ਰੀ ਕ੍ਰਿਸ਼ਨ ਜਨਮ-ਆਸ਼ਟਮੀ ਦਾ ਪਵਿੱਤਰ ਤਿਉਹਾਰ ਬੜੇ ਹੀ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਭਗਵਾਨ ਸ਼੍ਰੀ ਕ੍ਰਿਸ਼ਨ ਜੀ ਦੀ ਆਰਤੀ ਤੇ ਭਜਨ-ਬੰਦਗੀ ਨਾਲ ਕੀਤੀ ਗਈ।ਉਪਰੰਤ ਵਿਦਿਆਰਥੀਆਂ ਵੱਲੋਂ ਸ਼੍ਰੀ ਕ੍ਰਿਸ਼ਨ ਜੀ ਦੇ ਜੀਵਨ ਤੇ ਉਨ੍ਹਾਂ ਦੀਆਂ ਲੀਲਾਵਾਂ 'ਤੇ ਆਧਾਰਤ ਸੁੰਦਰ ਕੋਰੀਓਗ੍ਰਾਫ਼ੀ ਪੇਸ਼ ਕੀਤੀ ਗਈ। ਬੱਚਿਆਂ ਨੇ ਸ਼੍ਰੀ ਕ੍ਰਿਸ਼ਨ, ਰਾਧਾ ਤੇ ਗੋਪੀਆਂ ਦੇ ਰੂਪ ਧਾਰਨ ਕਰਕੇ ਮੱਖਣ ਚੋਰੀ, ਬੰਸਰੀ ਵਜਾਉਣਾ, ਰਾਸਲੀਲਾ ਵਰਗੇ ਮਨੋਹਰ ਪ੍ਰਸੰਗ ਪੇਸ਼ ਕੀਤੇ।ਇਸ ਮੌਕੇ ਐੱਮ. ਡੀ. ਅੰਮ੍ਰਿਤਪਾਲ ਕੌਰ ਢਿੱਲੋਂ ਨੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਸ਼੍ਰੀ ਕ੍ਰਿਸ਼ਨ ਜੀ ਜਨਮ-ਅਸ਼ਟਮੀ ਦੀ ਵਧਾਈ ਦਿੱਤੀ।ਇਸ ਮੌਕੇ ਪ੍ਰਿਸੀਪਲ ਡਾ. ਪੂਨਮ ਸ਼ਰਮਾ ਨੇ ਕਿਹਾ ਕਿ ਅਜਿਹੇ ਧਾਰਮਿਕ ਤੇ ਸੱਭਿਆਚਾਰਕ ਮੌਕੇ ਵਿਦਿਆਰਥੀਆਂ ਨੂੰ ਆਪਣੀ ਅਮੀਰ ਵਿਰਾਸਤ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਦੇ ਆਤਮ-ਵਿਸ਼ਵਾਸ ਤੇ ਨੈਤਿਕ ਕਦਰਾਂ-ਕੀਮਤਾਂ ਨੂੰ ਵੀ ਮਜ਼ਬੂਤ ਕਰਦੇ ਹਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਪਿੰਡਾਂ ਤੋਂ ਸ਼ਹਿਰਾਂ ਵੱਲ ਹਿਜਰਤ ਨੂੰ ਪਈ ਠੱਲ੍ਹ : ਧਾਲੀਵਾਲ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਆਮ ਆਦਮੀ ਪਾਰਟੀ ਦੇ ਸੂਬਾ ਮੁੱਖ ਬੁਲਾਰੇ, ਵਿਧਾਇਕ ਅਤੇ ਸਾਬਕਾ ਮੰਤਰੀ ਪੰਜਾਬ ਸ. ਕੁਲਦੀਪ ਸਿੰਘ ਧਾਲੀਵਾਲ ਵੱਲੋਂ ਆਪਣੇ ਵਿਧਾਨ ਸਭਾ ਹਲਕਾ ਅਜਨਾਲਾ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕਰਨ ਦੀ ਮੁਹਿੰਮ ਤਹਿਤ ਵੀਰਵਾਰ ਨੂੰ ਵੱਖ-ਵੱਖ ਪਿੰਡਾਂ ਵਿੱਚ 1.15 ਕਰੋੜ ਰੁਪਏ ਦੀ ਲਾਗਤ ਨਾਲ 3.17 ਕਿਲੋਮੀਟਰ ਲੰਮੀਆਂ ਚਾਰ ਲਿੰਕ ਸੜਕਾਂ ਦੇ ਨੀਂਹ ਪੱਥਰ ਰੱਖੇ ਗਏ। ਇਸ ਤਹਿਤ ਪਿੰਡ ਪੰਡੋਰੀ ਸੁੱਖਾ ਸਿੰਘ ਤੋਂ ਅਜਨਾਲਾ-ਚੋਗਾਵਾਂ ਰੋਡ ਤੱਕ 35.69 ਲੱਖ ਰੁਪਏ, ਪਿੰਡ ਦੀ ਫ਼ਿਰਨੀ ਤੋਂ ਸ਼ਮਸ਼ਾਨ ਘਾਟ ਤੱਕ 16.73 ਲੱਖ ਰੁਪਏ, ਫ਼ਿਰਨੀ ਪਿੰਡ ਫੱਤੇਵਾਲ ਤੋਂ ਅੱਡਾ ਤੱਕ 27.41 ਲੱਖ ਰੁਪਏ ਅਤੇ ਪਿੰਡ ਆਬਾਦੀ ਬਾਬਾ ਗਮ ਚੁੱਕ ਸਾਹਿਬ ਤੋਂ ਛੰਨਾ ਤੱਕ 35.18 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਦੇ ਨੀਂਹ ਪੱਥਰ ਰੱਖਣ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਸ. ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੇਂਡੂ ਖੇਤਰਾਂ ਦੇ ਸਰਵਪੱਖੀ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸੜਕਾਂ, ਸਿਹਤ, ਸਿੱਖਿਆ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਨਾਲ ਪੇਂਡੂ ਲੋਕਾਂ ਨੂੰ ਆਪਣੇ ਹੀ ਪਿੰਡਾਂ ਵਿੱਚ ਬਿਹਤਰ ਸਹੂਲਤਾਂ ਮਿਲ ਰਹੀਆਂ ਹਨ, ਜਿਸ ਨਾਲ ਪਿੰਡਾਂ ਤੋਂ ਸ਼ਹਿਰਾਂ ਵੱਲ ਹੋ ਰਹੀ ਮਜਬੂਰੀਵਸ ਹਿਜਰਤ ਨੂੰ ਕਾਫ਼ੀ ਹੱਦ ਤੱਕ ਠੱਲ੍ਹ ਪਈ ਹੈ।

# ਭੁੰਬਲੀ ਦਾ ਛਿੰਝ ਮੇਲਾ ਅਮੀਰ ਵਿਰਸੇ ਦੀ ਸ਼ਾਨਦਾਰ ਮਿਸਾਲ : ਜੈ ਕਿਸ਼ਨ ਰੋੜੀ

**ਧਾਰੀਵਾਲ (ਮਨਦੀਪ ਵਿੱਕੀ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਦੇ ਨਾਲ ਹੀ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ। ਇਹ ਪ੍ਰਗਟਾਵਾ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਸ੍ਰੀ ਜੈ ਕਿਸ਼ਨ ਰੋੜੀ ਨੇ ਇਥੋਂ ਨਜ਼ਦੀਕ ਪਿੰਡ ਭੁੰਬਲੀ ਵਿਖੇ ਕਰਵਾਏ ਗਏ ਧੰਨ-ਧੰਨ ਬਾਬਾ ਚੱਠਾ ਜੀ ਛਿੰਝ ਮੇਲੇ ਦੌਰਾਨ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਮੇਲੇ ਦੀ ਪ੍ਰਬੰਧਕੀ ਕਮੇਟੀ ਵੱਲੋਂ ਪੰਜਾਬੀ ਸੱਭਿਆਚਾਰ, ਖੇਡਾਂ ਅਤੇ ਕੁਸ਼ਤੀ ਦੀ ਰਵਾਇਤ ਨੂੰ ਕਾਇਮ ਰੱਖਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਅਤੇ ਰਮਨ ਬਹਿਲ ਦੀ ਸਿਫਾਰਸ਼ 'ਤੇ ਆਪਣੇ ਅਖਤਿਆਰੀ ਫੰਡ ਵਿੱਚੋਂ 5 ਲੱਖ ਰੁਪਏ ਵਿਕਾਸ ਕਾਰਜਾਂ ਲਈ ਦੇਣ ਦਾ ਐਲਾਨ ਕੀਤਾ। ਜੈ ਕਿਸ਼ਨ ਰੋੜੀ ਨੇ ਕਿਹਾ ਕਿ ਪਿੰਡ ਭੁੰਬਲੀ ਵਿਖੇ ਲੱਗਣ ਵਾਲਾ ਛਿੰਝ ਮੇਲਾ ਸਿਰਫ਼ ਗੁਰਦਾਸਪੁਰ ਜਾਂ ਮਾਝੇ ਤੱਕ ਹੀ ਸੀਮਤ ਨਹੀਂ, ਸਗੋਂ ਇਹ ਪੂਰੇ ਪੰਜਾਬ ਵਿੱਚ ਆਪਣੀ ਵਿਲੱਖਣ ਪਛਾਣ ਰੱਖਦਾ ਹੈ। ਉਨ੍ਹਾਂ ਕਿਹਾ ਕਿ ਮੇਲੇ ਦੌਰਾਨ ਸੱਭਿਆਚਾਰਕ ਪ੍ਰੋਗਰਾਮਾਂ ਦੇ ਨਾਲ-ਨਾਲ




ਕਬੱਡੀ ਅਤੇ ਖਾਸ ਕਰਕੇ ਕੁਸ਼ਤੀ ਦੇ ਮੁਕਾਬਲੇ ਕਰਵਾਏ ਜਾਣਾ ਪੰਜਾਬ ਦੀ ਖੇਡ ਪਰੰਪਰਾ ਨੂੰ ਮਜ਼ਬੂਤ ਕਰਨ ਦਾ ਸ਼ਲਾਘਾਯੋਗ ਉਪਰਾਲਾ ਹੈ।ਇਸ ਮੌਕੇ ਸੂਬਾ ਉਪ ਪ੍ਰਧਾਨ ਪੰਜਾਬ ਅਤੇ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਸ. ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਇਸ ਤੋਂ ਪਹਿਲਾਂ ਰਮਨ ਬਹਿਲ, ਹਲਕਾ ਇੰਚਾਰਜ ਵਿਧਾਨ ਸਭਾ ਹਲਕਾ ਗੁਰਦਾਸਪੁਰ ਨੇ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ, ਜਗਰੂਪ ਸਿੰਘ ਸੇਖਵਾਂ ਅਤੇ ਮੇਲੇ ਵਿੱਚ ਪਹੁੰਚੀਆਂ ਸਮੂਹ ਸ਼ਖ਼ਸ਼ੀਅਤਾਂ ਦਾ ਸਵਾਗਤ ਕਰਦਿਆਂ ਧੰਨਵਾਦ ਕੀਤਾ । ਇਸ ਮੌਕੇ ਚੇਅਰਮੈਨ ਬਲਾਕ ਸੰਮਤੀ ਰਣਜੀਤ ਸਿੰਘ ਰਾਣਾ, ਚੇਅਰਮੈਨ ਲਖਵਿੰਦਰ ਸਿੰਘ ਬੱਬਰੀ ਨੰਗਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸ੍ਰੀਮਤੀ ਜਤਿੰਦਰ ਕੌਰ, ਟਰੱਸਟੀ ਜਗਜੀਤ ਸਿੰਘ ਪਿੰਟਾ, ਅਜੇ ਬਹਿਲ, ਮੇਲਾ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਲਖਵਿੰਦਰ ਸਿੰਘ, ਸੁੱਖਵਿੰਦਰ ਸਿੰਘ, ਹਰਪਾਲ ਸਿੰਘ, ਪ੍ਰਤਾਪ ਸਿੰਘ, ਮਨਜੀਤ ਸਿੰਘ, ਯੋਧਵੀਰ ਸਿੰਘ, ਗੁਰਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਗਾਇਕ ਹਰਪ੍ਰੀਤ ਢਿੱਲੋਂ, ਗਾਇਕਾ ਸਿਮ ਕੌਰ ਸਮੇਤ ਵੱਖ-ਵੱਖ ਪਿੰਡਾਂ ਦੇ ਪੰਚ-ਸਰਪੰਚ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

# ਝਬਕਰਾ ਫੋਕਲ ਪੁਆਇੰਟ ਤੋਂ ਮਰਾੜਾ ਤੱਕ ਨਵੀਂ ਬਣੀ ਸੜਕ ਦਾ ਉਦਘਾਟਨ

**ਦੀਨਾਨਗਰ ( ਬਲਵਿੰਦਰ ਸਿੰਘ ਬਿਲਾ)**- ਦੀਨਾਨਗਰ ਹਲਕੇ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਝਬਕਰਾ ਫੋਕਲ ਪੁਆਇੰਟ ਤੋਂ ਲੈ ਕੇ ਪਿੰਡ ਮਰਾੜਾ ਤੱਕ 2.02 ਕਿਲੋਮੀਟਰ ਲੰਮੀ ਅਤੇ 47.92 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਬਣੀ ਲਿੰਕ ਸੜਕ ਦਾ ਰਸਮੀ ਤੌਰ 'ਤੇ ਉਦਘਾਟਨ ਕੀਤਾ ਗਿਆ। ਇਸ ਮੌਕੇ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਇਲਾਕੇ ਦੇ ਭਾਰੀ ਗਿਣਤੀ ਵਿੱਚ ਪੰਚ-ਸਰਪੰਚ, ਮੋਹਤਬਰ ਸ਼ਖ਼ਸੀਅਤਾਂ ਅਤੇ ਸਥਾਨਕ ਨਿਵਾਸੀ ਹਾਜ਼ਰ ਸਨ, ਜਿਨ੍ਹਾਂ ਨੇ ਹਲਕਾ ਇੰਚਾਰਜ ਦਾ ਇੱਥੇ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ।



ਇਸ ਮੌਕੇ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਇਸ ਸੜਕ ਦੀ ਹਾਲਤ ਬੇਹੱਦ ਖ਼ਸਤਾ ਸੀ, ਜਿਸ ਕਾਰਨ ਝਬਕਰਾ, ਮਰਾੜਾ ਅਤੇ ਆਸ-ਪਾਸ ਦੇ ਦਰਜਨਾਂ ਪਿੰਡਾਂ ਦੇ ਲੋਕਾਂ, ਸਕੂਲੀ ਬੱਚਿਆਂ ਅਤੇ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਉਨ੍ਹਾਂ ਕਿਹਾ ਕਿ ਲੋਕਾਂ ਦੀ ਇਸ ਜਾਇਜ਼ ਅਤੇ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਨੂੰ ਮੁੱਖ ਰੱਖਦਿਆਂ ਸਰਕਾਰ ਵੱਲੋਂ ਵਿਸ਼ੇਸ਼ ਗ੍ਰਾਂਟ ਜਾਰੀ ਕਰਵਾ ਕੇ ਇਸ ਸੜਕ ਦਾ ਨਿਰਮਾਣ ਕਾਰਜ ਮੁਕੰਮਲ ਕਰਵਾਇਆ ਗਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਹ ਨਵੀਂ ਬਣੀ ਸੜਕ ਇਲਾਕੇ ਦੇ ਆਰਥਿਕ ਅਤੇ ਸਮਾਜਿਕ ਵਿਕਾਸ ਲਈ ਇੱਕ ਮੀਲ ਪੱਥਰ ਸਾਬਤ ਹੋਵੇਗੀ। ਇਸ ਦੌਰਾਨ ਪਿੰਡ ਮਰਾੜਾ ਅਤੇ ਝਬਕਰਾ ਦੇ ਮੋਹਤਬਰਾਂ ਨੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਜਿੱਥੇ ਉਨ੍ਹਾਂ ਦਾ ਸਫ਼ਰ ਸੁਖਾਲਾ ਹੋਵੇਗਾ, ਉੱਥੇ ਹੀ ਫੋਕਲ ਪੁਆਇੰਟ ਤੱਕ ਫ਼ਸਲਾਂ ਲੈ ਕੇ ਜਾਣ ਵਾਲੇ ਕਿਸਾਨਾਂ ਨੂੰ ਵੀ ਵੱਡੀ ਰਾਹਤ ਮਿਲੇਗੀ।

ਇਸ ਮੌਕੇ ਹੋਰ ਲੋਕਾਂ ਦੇ ਇਲਾਵਾ ਜੋਧ ਰਾਜ ਮਰਾੜਾ, ਸਰਪੰਚ ਗੁਰਦੀਪ ਸਿੰਘ ਚੂਹੜਚੱਕ, ਦਲੇਰ ਸਿੰਘ ਡਾਲੀਆ, ਸੋਮ ਰਾਜ, ਭੁਪਿੰਦਰ ਸਿੰਘ ਸੁਲਤਾਨੀ ਅਤੇ ਬਿਕਰਮ ਨੀਵਾਂ ਧਕਾਲਾ ਵੀ ਮੌਜੂਦ ਸਨ।

# ਸਿਹਤ ਵਿਭਾਗ ਵੱਲੋਂ ਡੇਂਗੂ ਜਾਗਰੂਕਤਾ ਮੁਹਿੰਮ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਵੱਲੋਂ ਡੇਂਗੂ ਦੀ ਰੋਕਥਾਮ ਅਤੇ ਲੋਕਾਂ ਨੂੰ ਇਸ ਬਿਮਾਰੀ ਤੋਂ ਬਚਾਅ ਸਬੰਧੀ ਜਾਗਰੂਕ ਕਰਨ ਲਈ



ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਵੀਰਵਾਰ ਨੂੰ ਸ਼ਹਿਰ ਦੇ ਵੱਖ-ਵੱਖ ਸਰਕਾਰੀ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀ ਵਿਖੇ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਦੌਰਾਨ ਐਂਟੀ ਲਾਰਵਾ ਗਤੀਵਿਧੀਆਂ ਦੇ ਨਾਲ-ਨਾਲ ਸਪਰੇਅ ਅਤੇ ਫੌਗਿੰਗ ਕਰਵਾਈ ਗਈ ਅਤੇ ਵਿਦਿਆਰਥੀਆਂ ਨੂੰ ਡੇਂਗੂ ਤੋਂ ਬਚਾਅ ਦੇ ਉਪਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਗਤੀਵਿਧੀਆਂ ਦੌਰਾਨ ਸਿਵਲ ਸਰਜਨ ਡਾ. ਰਸ਼ਮੀ ਵਿੱਜ ਨੇ ਕਿਹਾ ਕਿ ਬਰਸਾਤੀ ਮੌਸਮ ਦੌਰਾਨ ਕਈ ਥਾਵਾਂ 'ਤੇ ਪਾਣੀ ਇਕੱਠਾ ਹੋਣਾ ਸੁਭਾਵਿਕ ਹੈ, ਪਰ ਜੇਕਰ ਇਹ ਪਾਣੀ ਲੰਮੇ ਸਮੇਂ ਤੱਕ ਖੜ੍ਹਾ ਰਹੇ ਤਾਂ ਇਸ ਵਿੱਚ ਡੇਂਗੂ ਫੈਲਾਉਣ ਵਾਲੇ ਮੱਛਰਾਂ ਦੀ ਪੈਦਾਵਾਰ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਡੇਂਗੂ ਦੀ ਰੋਕਥਾਮ ਲਈ ਸਿਹਤ ਵਿਭਾਗ ਵੱਲੋਂ ਲਗਾਤਾਰ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ, ਪਰ ਇਸ ਮੁਹਿੰਮ ਦੀ ਸਫ਼ਲਤਾ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਡੇਂਗੂ ਤੋਂ ਬਚਾਅ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਮੱਛਰਾਂ ਦੀ ਪੈਦਾਵਾਰ ਨੂੰ ਰੋਕਣਾ ਹੈ। ਇਸ ਦੇ ਨਾਲ ਹੀ ਲੋਕਾਂ ਨੂੰ ਪੂਰੀਆਂ ਬਾਹਾਂ ਵਾਲੇ ਕੱਪੜੇ ਪਹਿਨਣ ਅਤੇ ਲੋੜ ਅਨੁਸਾਰ ਮੱਛਰ ਭਜਾਉਣ ਵਾਲੀ ਕਰੀਮ ਜਾਂ ਰਿਪੈਲੈਂਟ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ। ਜ਼ਿਲ੍ਹਾ ਐਪੀਡੀਮਿਓਲੋਜਿਸਟ ਡਾ. ਹਰਜੋਤ ਕੌਰ ਨੇ ਦੱਸਿਆ ਕਿ ਡੇਂਗੂ ਇੱਕ ਵਾਇਰਲ ਬਿਮਾਰੀ ਹੈ, ਜੋ ਏਡੀਜ਼ ਐਜਿਪਟੀ ਮੱਛਰ ਦੇ ਕੱਟਣ ਨਾਲ ਫੈਲਦੀ ਹੈ।

ਇਸ ਮੌਕੇ ਸਹਾਇਕ ਮਲੇਰੀਆ ਅਫਸਰ ਬਲਜੀਤ ਸਿੰਘ, ਪ੍ਰਿਤਪਾਲ ਸਿੰਘ, ਦਲਬੀਰ ਸਿੰਘ, ਜਸਪਾਲ ਸਿੰਘ, ਐਸ.ਆਈ. ਸੁਖਦੇਵ ਸਿੰਘ, ਹਰਵਿੰਦਰ ਸਿੰਘ, ਆਈ.ਸੀ. ਹਰਮੀਤ ਸਿੰਘ, ਮਲਟੀਪਰਪਜ ਹੈਲਥ ਵਰਕਰ ਕੁਲਦੀਪ ਸਿੰਘ, ਰਣਜੋਧ ਸਿੰਘ, ਬਿਕਰਮਜੀਤ ਸਿੰਘ, ਮਲਕੀਤ ਸਿੰਘ, ਅਮਨਦੀਪ ਸਿੰਘ ਅਤੇ ਦਿਲਜੀਤ ਸਿੰਘ ਤੋਂ ਇਲਾਵਾ ਫੀਲਡ ਵਰਕਰ ਅਤੇ ਬਰੀਡਿੰਗ ਚੈੱਕਰ ਵੀ ਹਾਜ਼ਰ ਸਨ।

# ਸੇਂਟ ਸੋਵਰੇਨ ਕਾਨਵੈਂਟ ਚਵਿੰਡਾ ਦੇਵੀ ਸਕੂਲ 'ਚ ਜਨਮ ਅਸ਼ਟਮੀ ਮਨਾਈ




**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਸੇਂਟ ਸੋਵਰੇਨ ਕਾਨਵੈਂਟ ਸਕੂਲ ਚਵਿੰਡਾ ਦੇਵੀ ਵਿੱਚ ਛੋਟੇ ਵਿਦਿਆਰਥੀਆਂ ਵੱਲੋਂ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ। ਬੱਚਿਆਂ ਦੁਆਰਾ ਕ੍ਰਿਸ਼ਨ ਜੀ ਦੇ ਲੀਲਾ ਬੜੀ ਖ਼ੂਬੀ ਨਾਲ ਨਿਭਾਉਂਦੇ ਹੋਇਆ ਉਹਨਾਂ ਦੇ ਜੀਵਨ ਬਾਰੇ ਜਾਣਕਾਰੀ, ਉਹਨਾਂ ਨਾਲ ਸੰਬੰਧਿਤ ਝਾਕੀਆਂ, ਗਰੁੱਪ ਡਾਂਸ ਪੇਸ਼ ਕੀਤਾ ਗਿਆ। ਇਸ ਮੌਕੇ ਸਕੂਲ ਮੈਨੇਜਮੈਂਟ, ਸਟਾਫ਼ ਅਤੇ ਬੱਚਿਆਂ ਦੁਆਰਾ ਕ੍ਰਿਸ਼ਨ ਜੀ ਦੀ ਪੂਜਾ ਕਰਕੇ ਮੱਥਾ ਟੇਕ ਕੇ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਅਸ਼ਵਨੀ ਕਪੂਰ, ਐੱਮ.ਡੀ ਕੋਮਲ ਕਪੂਰ, ਡਾਇਰੈਕਟਰ ਸ਼ਵੀ ਕਪੂਰ ਅਤੇ ਪ੍ਰਿੰਸੀਪਲ ਨਿਤਿਕਾ ਸੇਠੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਤਿਉਹਾਰ ਤੋਂ ਸਾਨੂੰ ਕ੍ਰਿਸ਼ਨ ਦੀ ਦੋਸਤੀ ਦੀ ਭਾਵਨਾ ਅਤੇ ਉਹਨਾਂ ਦੀਆਂ ਸਿੱਖਿਆਵਾਂ 'ਤੇ ਚੱਲਣ ਬਾਰੇ ਸਿੱਖਿਆ ਮਿਲਦੀ ਹੈ।

# ਕੋਟਲਾ ਭਰਾ, ਗਿੱਲ ਤੇ ਹੋਰ ਬਾਬਾ ਸੱਜਣ ਸਿੰਘ ਦਾ ਹਾਲ ਚਾਲ ਜਾਣਨ ਲਈ ਪਹੁੰਚੇ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਛੇਵੇਂ ਪਾਤਸ਼ਾਹ ਸ੍ਰੀ ਗੁਰ ਹਰਗੋਬਿੰਦ ਸਾਹਿਬ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜਿਨ੍ਹਾਂ ਦੀ ਸਿਹਤ ਕੁਝ ਢਿੱਲੀ ਹੋ ਗਈ ਸੀ ਅਤੇ ਉਹ ਹਸਪਤਾਲ ਦਾਖਲ ਰਹੇ ਤੋਂ ਬਾਅਦ ਹੁਣ ਗੁਰਦੁਆਰਾ ਸਾਹਿਬ ਪਹੁੰਚੇ ਹਨ, ਦਾ ਹਾਲ ਚਾਲ ਜਾਣਨ ਲਈ ਵੱਖ-ਵੱਖ ਸਿਆਸੀ ਅਤੇ ਗੈਰ ਸਿਆਸੀ ਆਗੂ , ਸੰਤ ਮਹਾਂਪੁਰਸ਼ ਪਹੁੰਚ ਰਹੇ ਹਨ । ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਤਰਫੋਂ ਉਹਨਾਂ ਦੇ ਸਪੁੱਤਰ ਸਰਪ੍ਰੀਤ ਸਿੰਘ ਗਿੱਲ ਅਤੇ ਹਰ ਭੁਪਿੰਦਰ ਸਿੰਘ ਸ਼ਾਹ ਵੀ ਸੰਤਾਂ ਦਾ ਹਾਲ ਚਾਲ ਜਾਣਨ ਲਈ ਗੁਰਦੁਆਰਾ ਸਾਹਿਬ ਪਹੁੰਚੇ ਅਤੇ ਉਹਨਾਂ ਦੀ ਸਿਹਤਯਾਬੀ ਦੀ ਕਾਮਨਾ ਕੀਤੀ। ਵਾਰਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਆਗੂ ਕੋਟਲਾ ਭਰਾ ਬਿਕਰਮਜੀਤ ਸਿੰਘ ਕੋਟਲਾ ਅਤੇ ਡਾਕਟਰ ਦਲਬੀਰ ਸਿੰਘ ਕੋਟਲਾ ਵੀ ਉਚੇਚੇ ਤੌਰ 'ਤੇ ਬਾਬਾ ਸੱਜਣ ਸਿੰਘ ਦਾ ਹਾਲ ਚਾਲ ਜਾਣਨ ਲਈ ਪਹੁੰਚੇ । ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਗੁਲਜਿੰਦਰ ਸਿੰਘ ਲਾਡੀ ਮਹਿਤਾ ਚੌਕ ਅਤੇ ਰਾਜਵੀਰ ਸਿੰਘ ਵੀ ਆਪਣੇ ਸਾਥੀਆਂ ਸਮੇਤ ਬਾਬਾ ਸੱਜਣ ਸਿੰਘ ਦੀ ਸਿਹਤਯਾਬੀ ਦੀ




ਕਾਮਨਾ ਕਰਨ ਲਈ ਪਹੁੰਚੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵੱਖ-ਵੱਖ ਆਗੂਆਂ ਦੇ ਨਾਲ ਕੇਵਲ ਸਿੰਘ ਬੰਮਾ, ਧਿਆਨ ਸਿੰਘ ਛੀਨਾ, ਮਨਧੀਰ ਸਿੰਘ ਰਸੂਲਪੁਰ, ਭਾਈ ਰਣਜੀਤ ਸਿੰਘ ਰਾਣਾ ਬਾਬੋਵਾਲ, ਜਗਰੂਪ ਸਿੰਘ ਬੋਪਾਰਾਏ, ਪ੍ਰਿੰਸੀਪਲ ਗੁਰਸੇਵਕ ਸਿੰਘ, ਬਾਬਾ ਰਾਜਾ ਸਿੰਘ ਬਲਾਰਾ ਅਤੇ ਹੋਰ ਆਗੂ ਹਾਜ਼ਰ ਸਨ। ਸੰਤ ਬਾਬਾ ਸੱਜਣ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ।

## ਸਿਵਲ ਹਸਪਤਾਲ ਬਟਾਲਾ ਨੂੰ ਡੇਂਗੂ ਮੁਕਤ ਬਣਾਇਆ ਜਾਵੇਗਾ- ਡਾ ਅਰਸ਼ਦੀਪ ਸਿੰਘ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** - ਸ਼ੁੱਕਰਵਾਰ ਨੂੰ ਨੈਸ਼ਨਲ ਵੈਕਟਰ ਬੌਰਨ ਡਸੀਜ ਕੰਟਰੋਲ ਪ੍ਰੋਗਰਾਮ ਐਨ ਵੀ ਬੀ ਡੀ ਸੀ ਪੀ ਦੀ ਸਟੇਟ ਟੀਮ ਨੇ ਹੱਲਾ ਬੋਲ ਮੁਹਿੰਮ ਤਹਿਤ ਸਿਵਲ ਹਸਪਤਾਲ ਬਟਾਲਾ ਦੀ ਹੱਦੂਦ ਅੰਦਰ ਖੇਤਰ ਦਾ ਨਰੀਖਣ ਕੀਤਾ। ਇਸ ਦੌਰਾਨ ਸਟੇਟ ਪ੍ਰੋਗਰਾਮ ਅਫਸਰ ਡਾ. ਅਰਸ਼ਦੀਪ, ਸੀਨੀਅਰ ਮੈਡੀਕਲ ਅਫਸਰ ਡਾ. ਮਨਿੰਦਰਜੀਤ ਸਿੰਘ, ਮਲੇਰੀਆ ਅਫਸਰ ਡਾ. ਮਮਤਾ ਵਸ਼ਿਸ਼ਟ, ਡਿਸਟ੍ਰਿਕਟ ਐਪੀਡੀਮੋਲੋਜਿਸਟ ਡਾ. ਮਧੂ ਨੇ ਹੈਲਥ ਇੰਸਪੈਕਟਰ, ਹੈਲਥ ਵਰਕਰਾਂ, ਆਸ਼ਾ ਵਰਕਰਾਂ ਅਤੇ ਵਿਦਿਆਰਥੀਆਂ ਨਾਲ ਮਿਲ ਕੇ ਜਾਇਜ਼ਾ ਲਿਆ। ਗੋਸ਼ੂਪੁਰਾ ਵਿਚ ਇਕ ਥਾਂ 'ਤੇ ਲਾਰਵਾ ਪਾਇਆ ਗਿਆ। ਇਸ ਦੌਰਾਨ ਟੀਮ ਨੇ ਲੋਕਾਂ ਨੂੰ ਇਸ ਬਾਰੇ ਜਾਗਰੂਕ ਕੀਤਾ ਅਤੇ ਦੱਸਿਆ ਕਿ ਇਹ ਹੱਲਾ ਬੋਲ ਮੁਹਿੰਮ ਇਸੇ ਤਰ੍ਹਾਂ ਚਲਦੀ ਰਹੇਗੀ ਅਤੇ ਬਟਾਲਾ ਨੂੰ ਡੇਂਗੂ ਮੁਕਤ ਬਣਾਇਆ ਜਾਵੇਗਾ।



## ਬਾਲ ਕ੍ਰਿਸ਼ਨ ਦੇ ਰੂਪ ਵਿੱਚ ਨਜ਼ਰ ਆਏ ਪ੍ਰਿਯਾਂਸ਼ ਸੁੰਦਰ ਤੇ ਹਰਸ਼ਿਤ ਸੁੰਦਰ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)** : ਭਾਰਤ ਦੇਸ਼ ਵਿੱਚ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਸ਼ਰਧਾਲੂ ਆਪਣੇ ਬੱਚਿਆਂ ਨੂੰ ਬਾਲ ਕ੍ਰਿਸ਼ਨ ਦੇ ਰੂਪ ਵਿੱਚ ਤਿਆਰ ਕਰਦੇ ਹਨ। ਇਸੇ ਤਹਿਤ ਪਿੰਡ ਚਵਿੰਡਾ ਦੇਵੀ ਦੇ ਬੱਚੇ ਪ੍ਰਿਯਾਂਸ਼ ਸੁੰਦਰ ਅਤੇ ਹਰਸ਼ਿਤ ਸੁੰਦਰ ਵੀ ਬਾਲ ਕ੍ਰਿਸ਼ਨ ਦੇ ਮਨਮੋਹਕ ਰੂਪ ਵਿੱਚ ਨਜ਼ਰ ਆਏ। ਬੱਚਿਆਂ ਨੂੰ ਕ੍ਰਿਸ਼ਨ ਦੇ ਰੂਪ ਵਿੱਚ ਸਜਾਇਆ ਗਿਆ, ਜਿਸ ਨੂੰ ਦੇਖ ਕੇ ਪਰਿਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਖ਼ੁਸ਼ੀ ਪ੍ਰਗਟ ਕੀਤੀ।

## ਹਿੰਦੂ ਕੰਨਿਆ ਮਹਾਵਿਦਿਆਲਿਆ ਦੇ ਨਵੇਂ ਸੈਸ਼ਨ ਦੀ ਸ਼ੁਰੂਆਤ ਹਵਨ ਨਾਲ ਹੋਈ

**ਧਾਰੀਵਾਲ (ਮਨਦੀਪ ਵਿੱਕੀ)** - ਹਿੰਦੂ ਕੰਨਿਆ ਮਹਾਂਵਿਦਿਆਲਿਆ ਧਾਰੀਵਾਲ ਵਿਖੇ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਭ ਸ਼ੁਰੂਆਤ ਮੌਕੇ ਕਾਲਜ ਕੈਂਪਸ ਵਿੱਚ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰੀ ਐਨ.ਡੀ. ਅਨੰਦ , ਸਕੱਤਰ ਸ੍ਰੀ ਰਮੇਸ਼ ਕੋਹਲੀ , ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਵਿੱਚ ਹਵਨ ਯੱਗ ਕਰਵਾਇਆ ਗਿਆ। ਇਸ ਦੌਰਾਨ ਕਾਲਜ ਦੀ ਤਰੱਕੀ, ਵਿਦਿਆਰਥਣਾਂ ਦੇ ਉਜਵਲ ਭਵਿੱਖ, ਚੰਗੀ ਸਿਹਤ ਅਤੇ ਨਵੇਂ ਅਕਾਦਮਿਕ ਸੈਸ਼ਨ ਦੀ ਸਫ਼ਲਤਾ ਲਈ ਪ੍ਰਾਰਥਨਾ ਕੀਤੀ ਗਈ। ਹਵਨ ਦੀਆਂ ਆਹੂਤੀਆਂ ਨਾਲ ਸਮੁੱਚਾ ਕਾਲਜ ਕੈਂਪਸ ਆਧਿਆਤਮਿਕ ਅਤੇ ਸਕਾਰਾਤਮਕ ਊਰਜਾ ਨਾਲ ਭਰ ਗਿਆ। ਇਸ ਮੌਕੇ ਪ੍ਰਧਾਨ ਸ੍ਰੀ ਐਨ.ਡੀ. ਅਨੰਦ ਅਤੇ ਸਕੱਤਰ ਸ੍ਰੀ ਰਮੇਸ਼ ਕੋਹਲੀ ਨੇ ਨਵੇਂ ਸੈਸ਼ਨ ਲਈ ਵਿਦਿਆਰਥਣਾਂ ਅਤੇ ਸਮੂਹ ਸਟਾਫ਼ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸਿੱਖਿਆ ਦੇ ਨਾਲ-ਨਾਲ ਸਾਡੀਆਂ ਸੰਸਕ੍ਰਿਤਕ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੁੜੇ ਰਹਿਣਾ ਵੀ ਬਹੁਤ ਜ਼ਰੂਰੀ ਹੈ। ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਨਵੇਂ ਸੈਸ਼ਨ ਦੀ ਸ਼ੁਰੂਆਤ ਅਜਿਹੇ ਪਵਿੱਤਰ ਅਤੇ ਸਕਾਰਾਤਮਕ ਮਾਹੌਲ ਵਿੱਚ ਕਰਨਾ ਵਿਦਿਆਰਥਣਾਂ ਵਿੱਚ ਨਵੀਂ ਊਰਜਾ ਅਤੇ ਉਤਸ਼ਾਹ ਪੈਦਾ ਕਰਦਾ ਹੈ।



# ਮਾਝਾ ਜੋਨ ਸਕੂਲਜ਼ ਟੂਰਨਾਮੈਂਟ ਅਮਿੱਟ ਯਾਦਾਂ ਛੱਡਦਾ ਸਮਾਪਤ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ , ਸਕੱਤਰ (ਵਿੱਦਿਆ) ਸ੍ਰ.ਸੁਖਮਿੰਦਰ ਸਿੰਘ ਤੇ ਸਹਾਇਕ ਡਾਇਰੈਕਟਰ ਮੈਡਮ ਸਤਵੰਤ ਕੌਰ ਦੀ ਯੋਗ ਰਹਿਨੁਮਾਈ ਹੇਠ ਐਸ ਜੀ ਪੀ ਸੀ ਦੇ ਸਕੂਲਾਂ ਦਾ ਦੋ ਦਿਨਾਂ ਮਾਝਾ ਜੋਨ ਸਕੂਲਜ਼ ਟੂਰਨਾਮੈਂਟ ਅਮਿੱਟ ਯਾਦਾਂ ਛੱਡਦਾ ਹੋਇਆ ਸਫਲਤਾਪੂਰਵਕ ਸਮਾਪਤ ਹੋ ਗਿਆ।



ਇਹ ਟੂਰਨਾਮੈਂਟ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ,ਬੀੜ ਸਾਹਿਬ ਅਤੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਬੀੜ ਸਾਹਿਬ ਦੀ ਗਰਾਊਂਡ ਵਿਖੇ ਕਰਵਾਇਆ ਗਿਆ। ਟੂਰਨਾਮੈਂਟ ਦੇ ਦੂਜੇ ਅਤੇ ਆਖਰੀ ਦਿਨ ਲੜਕਿਆਂ ਅਤੇ ਲੜਕੀਆਂ ਦੀਆਂ ਵਾਲੀਬਾਲ ਅਤੇ ਫੁੱਟਬਾਲ ਟੀਮਾਂ ਦੇ ਸੈਮੀਫਾਈਨਲ ਅਤੇ ਫਾਈਨਲ ਮੁਕਾਬਲੇ ਕਰਵਾਏ ਗਏ।ਟੂਰਨਾਮੈਂਟ ਦੇ ਸਮਾਪਤੀ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਸਹਾਇਕ ਡਾਇਰੈਕਟਰ ਮੈਡਮ ਸਤਵੰਤ ਕੌਰ, ਐਸ ਜੀ ਪੀ ਸੀ ਸਪੋਰਟਸ ਵਿਭਾਗ ਦੇ ਇੰਚਾਰਜ ਸੁਖਦੀਪ ਸਿੰਘ ਗਿੱਲ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਧਰਵਿੰਦਰ ਸਿੰਘ,ਪ੍ਰਿੰਸੀਪਲ ਤਰਨਜੀਤ ਸਿੰਘ ਅਤੇ ਪ੍ਰਿੰਸੀਪਲ ਮੈਡਮ ਸਰਬਜੀਤ ਕੌਰ ਜਫਰਵਾਲ ਵੱਲੋਂ ਜੇਤੂ ਟੀਮਾਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਨਾਮ ਵੰਡ ਸਮਾਗਮ ਨੂੰ ਸੰਬੋਧਨ ਕਰਦਿਆਂ ਮੈਡਮ ਸਤਵੰਤ ਕੌਰ ਨੇ ਕਿਹਾ ਕਿ ਮਾਝਾ ਜੋਨ ਸਕੂਲਜ਼ ਟੂਰਨਾਮੈਂਟ ਦੀ ਸ਼ੁਰੂਆਤ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਵਿੱਚ ਅਨੁਸ਼ਾਸਨ, ਸਹਿਯੋਗ ਅਤੇ ਖੇਡ ਭਾਵਨਾ ਦਾ ਜਜ਼ਬਾ ਪੈਦਾ ਕਰਨ ਦੇ ਉਦੇਸ਼ ਨਾਲ ਕੀਤੀ ਗਈ ਹੈ।ਐਸ ਜੀ ਪੀ ਸੀ ਸਪੋਰਟਸ ਵਿਭਾਗ ਦੇ ਇੰਚਾਰਜ ਸੁਖਦੀਪ ਸਿੰਘ ਗਿੱਲ ਨੇ ਆਪਣੇ ਸੰਬੋਧਨ ਦੌਰਾਨ ਸਕੂਲਾਂ ਦੇ ਪ੍ਰਿੰਸੀਪਲ ਮੈਡਮ ਸਰਬਜੀਤ ਕੌਰ ਜਫਰਵਾਲ ਅਤੇ ਮੈਡਮ ਜਗਰੂਪ ਕੌਰ ਸਮੇਤ ਡੀ ਪੀ ਈ ਗੁਰਮੀਤ ਸਿੰਘ,ਡੀ ਪੀ ਈ ਅਵਤਾਰ ਸਿੰਘ, ਡੀ ਪੀ ਈ ਮੈਡਮ ਅਮਨਪ੍ਰੀਤ ਕੌਰ, ਪੀ ਟੀ ਆਈ ਪਵਨਪ੍ਰੀਤ ਸਿੰਘ ਆਦਿ ਸਮੂਹ ਸਟਾਫ਼ ਦੀ ਪ੍ਰਸੰਸਾ ਕੀਤੀ । ਇਸ ਮੌਕੇ ਪ੍ਰਿੰਸੀਪਲ ਰਾਜਅਨਮੋਲ ਕੌਰ,ਪ੍ਰਿੰਸੀਪਲ ਪੂਜਾ ਸ਼ਰਮਾ, ਪ੍ਰਿੰਸੀਪਲ ਗੁਰੀਤ ਕੌਰ,ਪ੍ਰਿੰਸੀਪਲ ਮਮਤਾ ਕੌਰ,ਪ੍ਰਿੰਸੀਪਲ ਕਿਰਨਦੀਪ ਕੌਰ,ਪ੍ਰਿੰਸੀਪਲ ਕਵਲਜੀਤ ਕੌਰ,ਪ੍ਰਿੰਸੀਪਲ ਹਰਪ੍ਰੀਤ ਸਿੰਘ, ਪ੍ਰਿੰਸੀਪਲ ਬਿਕਰਮਜੀਤ ਸਿੰਘ,ਪ੍ਰਿੰਸੀਪਲ ਪ੍ਰਭਜੀਤ ਸਿੰਘ,ਪ੍ਰਿੰਸੀਪਲ ਗੁਰਸ਼ਰਨ ਸਿੰਘ, ਮੈਡਮ ਸੁਖਵਿੰਦਰ ਕੌਰ ਛੀਨਾ,ਡੀਪੀਈ ਗੁਰਮੀਤ ਸਿੰਘ,ਮਨਿੰਦਰ ਸਿੰਘ,ਜਗਮੀਤ ਸਿੰਘ,ਭੁਪਿੰਦਰ ਸਿੰਘ,ਤਰਸੇਮ ਸਿੰਘ, ਜਸਬੀਰ ਸਿੰਘ,ਡੀਪੀਈ ਅਵਤਾਰ ਸਿੰਘ, ਡੀ ਪੀ ਈ ਮੈਡਮ ਅਮਨਪ੍ਰੀਤ ਕੌਰ, ਪੀ ਟੀ ਆਈ ਪਵਨਪ੍ਰੀਤ ਸਿੰਘ,ਮੈਡਮ ਮਨਪ੍ਰੀਤ ਕੌਰ,ਮੈਡਮ ਹਰਪ੍ਰੀਤ ਕੌਰ,ਮੈਡਮ ਕੁਲਜੀਤ ਕੌਰ ਆਦਿ ਸਮੂਹ ਸਕੂਲ ਸਟਾਫ ਮੈਂਬਰ ਹਾਜ਼ਰ ਸਨ।

# ਦਿਵਯ ਜਯੋਤੀ ਜਾਗਰਤੀ ਸੰਸਥਾਨ ਨੇ ਜਨਮ ਅਸ਼ਟਮੀ ਸ਼ਰਧਾ ਨਾਲ ਮਨਾਈ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਦੁਆਰਾ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਓਹਾਰ ਧੂਮ ਧਾਮ ਦੇ ਨਾਲ ਮਨਾਇਆ ਗਿਆ। ਸ੍ਰੀ ਆਸ਼ੂਤੋਸ਼ ਮਹਾਰਾਜ ਦੀ ਸ਼ਿਸ਼ਯਾ ਸਾਧਵੀ ਗਰਿਮਾ ਭਾਰਤੀ ਨੇ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਦਾ ਚਰਿੱਤਰ ਏਨਾ ਵਿਸ਼ਾਲ ਹੈ ਕਿ ਉਸ ਨੂੰ ਸ਼ਬਦਾਂ ਵਿੱਚ ਬਿਆਨ ਨਹੀਂ ਕੀਤਾ ਜਾ ਸਕਦਾ। ਭਗਵਾਨ ਸ੍ਰੀ ਕ੍ਰਿਸ਼ਨ ਦੇ ਜੀਵਨ ਨੂੰ ਦੇਖੀਏ ਤਾਂ ਕਿਤੇ ਤਾਂ ਉਹ ਵਰਿੰਦਾਵਨ ਦੀਆਂ ਗਲੀਆਂ ਵਿੱਚ ਗਊਆਂ ਨੂੰ ਚਰਾਉਂਦੇ ਹੋਏ ਗਊਪਾਲਕ ਕਹਾਉਂਦੇ ਹਨ। ਕਿਤੇ ਆਪਣੇ ਬੰਸਰੀ ਦੀਆਂ ਧੁਨ ਨਾਲ ਸਭ ਨੂੰ ਮੋਹ ਲੈਣ ਵਾਲੇ ਬੰਸਰੀ ਵਾਧਕ। ਕਿਤੇ ਗੋਪੀਆਂ ਦੇ ਘਰ ਮੱਖਣ ਚਰਾਉਣ ਵਾਲੇ ਮੱਖਣ ਚੋਰ। ਕਿਤੇ ਆਪਣੀ ਛੋਟੀ ਉਂਗਲੀ 'ਤੇ ਗੋਵਰਧਨ ਉਠਾਉਣ ਵਾਲੇ ਗੋਵਰਧਨ ਧਾਰੀ ਹਨ। ਕਦੇ ਅਧਰਮੀ ਕੰਸ, ਸ਼ਿਸ਼ੂਪਾਲ ਦਾ ਅੰਤ ਕਰਕੇ ਕਲਿਆਨ ਕਰਦੇ ਹਨ। ਕਦੇ ਕੁਰਕਸ਼ੇਤਰ ਦੇ ਯੁੱਧ ਦੇ ਮੈਦਾਨ ਦੇ ਵਿੱਚ ਅਰਜੁਨ ਨੂੰ ਗੀਤਾ ਦਾ ਉਪਦੇਸ਼ ਦੇਣ ਵਾਲੇ ਯੋਗੇਸ਼ਵਰ ਪਰਮ ਯੋਗੀ ਕਹਾਉਂਦੇ ਹਨ। ਸਾਧਵੀ ਨੇ ਕਿਹਾ ਕਿ ਜਦੋਂ ਮਨੁੱਖ ਬ੍ਰਹਮ ਗਿਆਨੀ ਬਣ ਕੇ ਭਗਤ ਬਣ ਜਾਂਦਾ ਹੈ ਤਾਂ ਉਹ ਅਸਲ ਵਿੱਚ ਮਨੁੱਖ ਬਣ ਜਾਂਦਾ ਹੈ ਉਹ ਜਾਤ- ਪਾਤ ਉਚ- ਨੀਚ ਦੇ ਦਾਇਰੇ ਵਿੱਚੋਂ ਨਿਕਲਣ ਦੇ ਸਮਰੱਥ ਹੋ ਜਾਂਦਾ ਹੈ। ਸਾਧਵੀ ਕਿਰਨ ਭਾਰਤੀ , ਸਾਧਵੀ ਪੂਰਨਿਮਾ ਭਾਰਤੀ , ਸਾਧਵੀ ਸ਼ਬਦਪ੍ਰੀਆ ਭਾਰਤੀ , ਸਾਧਵੀ ਸ਼ੀਤਲ ਭਾਰਤੀ , ਸਾਧਵੀ ਸੰਦੀਪ ਭਾਰਤੀ , ਸਾਧਵੀ ਚੰਦਰਕਲਾ ਭਾਰਤੀ ਨੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਭਾਵ ਪੂਰਨ ਭਜਨਾਂ ਦਾ ਗਾਇਨ ਕੀਤਾ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਜਸਕਰਨ ਸਿੰਘ (ਐਮ ਸੀ ਆਮ ਆਦਮੀ ਪਾਰਟੀ), ਨਰਿੰਦਰ ਸਿੰਘ ਨਾਗੀ (ਐਮ ਸੀ ਆਮ ਆਦਮੀ ਪਾਰਟੀ), ਸ੍ਰੀ ਮਨੋਜ ਅਗਨੀਹੋਤਰੀ (ਐਮ ਸੀ), ਸਵਿੰਦਰ ਸਿੰਘ (ਐਮ ਸੀ), ਸ਼ਾਮ ਸਿੰਘ (ਐਮ ਸੀ), ਰਾਜਬੀਰ ਸਿੰਘ ਭੁੱਲਰ (ਜ਼ਿਲਾ ਕਾਂਗਰਸ ਪ੍ਰਧਾਨ ਤਰਨ ਤਾਰਨ), ਹਰਜੀਤ ਸਿੰਘ ਸੰਧੂ (ਹਲਕਾ ਪ੍ਰਧਾਨ ਤਰਨ ਤਾਰਨ ਬੀਜੇਪੀ), ਸ੍ਰੀ ਪਵਨ ਦੇਵਗਨ , ਸ੍ਰੀ ਗੌਰਵ ਦੇਵਗਨ , ਸ੍ਰੀ ਰੋਹਿਤ ਬੇਦੀ , ਹਰਪ੍ਰੀਤ ਸਿੰਘ ਸਿੰਧਬਾਦ, ਸ੍ਰੀ ਹਰਿੰਦਰ ਅਗਰਵਾਲ , ਸ੍ਰੀ ਚੰਦਰ ਅਗਰਵਾਲ , ਸ੍ਰੀ ਚੰਦਨ ਭਾਰਦਵਾਜ , ਲਖਵਿੰਦਰ ਸਿੰਘ ਢੀਂਗਰਾ (ਸ਼ਹਿਰੀ ਪ੍ਰਧਾਨ ਕਾਂਗਰਸ), ਸ੍ਰੀਮਤੀ ਅੰਜੂ ਵਰਮਾ (ਜਿਲ੍ਹਾ ਸੈਕਟਰੀ ਆਮ ਆਦਮੀ ਪਾਰਟੀ), ਸ੍ਰੀਮਤੀ ਅਨੀਤਾ ਵਰਮਾ ਨੇ ਹਾਜਰੀ ਭਰੀ। ਸਾਰੀ ਸੰਗਤ ਦੇ ਲਈ ਲੰਗਰ ਪ੍ਰਸ਼ਾਦ ਦਾ ਪ੍ਰਬੰਧ ਵੀ ਕੀਤਾ ਗਿਆ।



## ਨਸ਼ੇ ਦਾ ਸੇਵਨ ਕਰਨ ਵਾਲਾ ਨੌਜਵਾਨ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**- ਪੁਲਿਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਚਾਵਾ ਦੇ ਸ਼ਮਸ਼ਾਨਘਾਟ ਨੇੜੇ ਇਕ ਨੌਜਵਾਨ ਨੂੰ ਨਸ਼ਾ ਕਰਦਿਆਂ ਪੁਲਿਸ ਨੇ ਰੰਗੇ ਹੱਥੀ ਕਾਬੂ ਕੀਤਾ ਹੈ। ਤਫਤੀਸ਼ੀ ਅਫਸਰ ਏ.ਐਸ.ਆਈ. ਚੈਂਚਲ ਸਿੰਘ ਨੇ ਦੱਸਿਆ ਕਿ ਪੁਲਿਸ ਪਾਰਟੀ ਨਸ਼ਾ ਤਸਕਰਾਂ ਖ਼ਿਲਾਫ਼ ਵਿਢੀ ਮੁਹਿਮ ਤਹਿਤ ਗੁਰਦਾਸਪੁਰ-ਮੁਕੇਰੀਆਂ ਰੋਡ 'ਤੇ ਗਸ਼ਤ ਕਰ ਰਹੀ ਸੀ ਕਿ ਜਦੋਂ ਉਹ ਨਵਾਂ ਨੌਸ਼ਹਿਰਾ ਸਮਸ਼ਾਨਘਾਟ ਪੁੱਜੇ ਤਾਂ ਉਥੇ ਇਕ ਨੌਜਵਾਨ ਜਗੀਰ ਸਿੰਘ ਪੁੱਤਰ ਲਖਬੀਰ ਸਿੰਘ ਵਾਸੀ ਬਹਾਦਰ ਨਸ਼ੇ ਦਾ ਸੇਵਨ ਕਰ ਰਿਹਾ ਸੀ । ਪੁਲਿਸ ਨੇ ਨੌਜਵਾਨ ਨੂੰ ਗ੍ਰਿਫਤਾਰ ਕਰਕੇ ਉਸ ਵਿਰੁੱਧ ਮਾਮਲਾ ਦਰਜ ਕਰ ਲਿਆ ਹੈ।

## ਭਾਜਪਾ ਪੰਜਾਬ ਦੇ ਪ੍ਰਭਾਰੀ ਸਤੀਸ਼ ਪੂਨੀਆ ਦਾ ਗੁਰੂ ਦੀ ਨਗਰੀ ਵਿੱਚ ਹੋਇਆ ਭਰਪੂਰ ਸਵਾਗਤ

**ਅੰਮ੍ਰਿਤਸਰ (ਅਰੋੜਾ)** : ਭਾਰਤੀ ਜਨਤਾ ਪਾਰਟੀ ਵੱਲੋਂ ਸਤੀਸ਼ ਪੂਨੀਆ ਨੂੰ ਪੰਜਾਬ ਪ੍ਰਭਾਰੀ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਨਿਯੁਕਤੀ 'ਤੇ ਭਾਜਪਾ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਵਰਕਰਾਂ ਅਤੇ ਭਾਜਪਾ ਆਗੂਆਂ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਸਤੀਸ਼ ਪੂਨੀਆ ਅੰਮ੍ਰਿਤਸਰ ਵਿੱਚ ਸਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦੁਰਗਿਆਣਾ ਤੀਰਥ ਅਤੇ ਕੇਂਦਰੀ ਵਾਲਮੀਕਿ ਮੰਦਿਰ ਵਿੱਚ ਨਤਮਸਤਕ ਹੋਣ ਲਈ ਪਹੁੰਚੇ। ਕੇਂਦਰੀ ਵਾਲਮੀਕਿ ਮੰਦਿਰ ਵਿੱਚ ਭਾਜਪਾ ਆਗੂ ਰਾਕੇਸ਼ ਗਿੱਲ ਅਤੇ ਯੂਥ ਪ੍ਰਧਾਨ ਗੌਰਵ ਗਿੱਲ ਵੱਲੋਂ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ ਗਿਆ।ਇਸ ਮੌਕੇ ਮਨਪ੍ਰੀਤ ਸਿੰਘ ਬਾਦਲ, ਭਾਜਪਾ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ, ਡਾ. ਰਾਮ ਚਾਵਲਾ, ਸੁਖਵਿੰਦਰ ਪਿੰਟੂ, ਜ਼ਿਲ੍ਹਾ ਪ੍ਰਧਾਨ ਸਲਿਲ ਕਪੂਰ, ਦਰਸ਼ਨ ਸਿੰਘ, ਸਤੀਸ਼ ਪੁੰਜ, ਮਨਜੀਤ ਮਿੰਟਾ, ਜ਼ਿਲ੍ਹਾ ਜਨਰਲ ਸਕੱਤਰ ਮਨੀਸ਼ ਸ਼ਰਮਾ, ਸੰਜੀਵ ਕੁਮਾਰ ਸਮੇਤ ਕਈ ਭਾਜਪਾ ਆਗੂ ਮੌਜੂਦ ਸਨ। ਕੇਂਦਰੀ ਵਾਲਮੀਕਿ ਮੰਦਿਰ ਦੇ ਪ੍ਰਧਾਨ ਯੋਗਰਾਜ, ਚੇਅਰਮੈਨ ਵਿਮਲ ਕੁਮਾਰ, ਮੀਤ ਪ੍ਰਧਾਨ ਵਿੱਕੀ ਝੀਤਾ ਵੱਲੋਂ ਭਾਜਪਾ ਪੰਜਾਬ ਦੇ ਪ੍ਰਭਾਰੀ ਸਤੀਸ਼ ਪੂਨੀਆ ਨੂੰ ਸਨਮਾਨਿਤ ਵੀ ਕੀਤਾ ਗਿਆ।



## ਡਾਕਟਰ ਰੀਤੂ ਕੁੰਡਲ ਨੇ ਜਨਮ ਅਸ਼ਟਮੀ ਦੀ ਵਧਾਈ ਦਿੱਤੀ

**ਗੁਰਦਾਸਪੁਰ (ਜਨਕ ਮਹਾਜਨ)** - ਹਿਮਾਲਯ ਪਰਿਵਾਰ ਸੰਸਥਾ ਪੰਜਾਬ ਦੀ ਮਹਾਂਮੰਤਰੀ ਡਾ . ਰਿਤੂ ਕੌਂਡਲ ਨੇ ਇਲਾਕਾ ਵਾਸੀਆਂ ਨੂੰ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀਆਂ ਵਧਾਈਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਸ਼੍ਰੀ ਕ੍ਰਿਸ਼ਨ ਮਹਾਰਾਜ ਦੇ ਦਰਸਾਏ ਮਾਰਗ 'ਤੇ ਚੱਲ ਕੇ ਆਪਣੇ ਜੀਵਨ ਨੂੰ ਸਫਲ ਬਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਸ਼੍ਰੀ ਕ੍ਰਿਸ਼ਨ ਮਹਾਰਾਜ ਨੇ ਸਾਨੂੰ ਸੱਚ ਦੇ ਰਾਹ 'ਤੇ ਚੱਲਣ ਦਾ ਉਪਦੇਸ਼ ਦਿੱਤਾ ।

## ਪੱਤਰਕਾਰ ਹਰਦੀਪ ਸਿੰਘ ਅਤੇ ਸੁਖਜਿੰਦਰ ਸਿੰਘ ਝਬਾਲ ਨੂੰ ਸਦਮਾ, ਮਾਤਾ ਦਾ ਦਿਹਾਂਤ



**ਝਬਾਲ (ਹਰਜਿੰਦਰ ਸਿੰਘ ਸੋਨੀ)** - ਪ੍ਰੈੱਸ ਫੀਲਡ ਜਰਨਲਿਸਟ ਐਸੋਸੀਏਸ਼ਨ ਸਰਕਲ ਝਬਾਲ ਦੇ ਪ੍ਰਧਾਨ ਪੱਤਰਕਾਰ ਹਰਦੀਪ ਸਿੰਘ ਅਤੇ ਪੱਤਰਕਾਰ ਸੁਖਜਿੰਦਰ ਸਿੰਘ ਝਬਾਲ ਦੇ ਸਤਿਕਾਰਯੋਗ ਮਾਤਾ ਸਵਿੰਦਰ ਕੌਰ (74) ਪਤਨੀ ਸ੍ਰ ਬਲਬੀਰ ਸਿੰਘ ਵਾਸੀ ਝਬਾਲ ਕਲਾਂ ਸਦੀਵੀ ਵਿਛੋੜਾ ਦਿੰਦਿਆਂ ਗੁਰ ਚਰਨਾ ਵਿੱਚ ਜਾ ਬਿਰਾਜੇ ਹਨ। ਉਨ੍ਹਾਂ ਦਾ ਅੰਤਿਮ ਸੰਸਕਾਰ 4 ਸਤੰਬਰ ਦਿਨ ਸ਼ੁਕਰਵਾਰ ਨੂੰ ਝਬਾਲ ਦੇ ਸ਼ਮਸ਼ਾਨ ਘਾਟ ਵਿਖੇ ਸਵੇਰੇ 11ਵਜੇ (ਨੇੜੇ ਗੁਰਦੁਆਰਾ ਮਾਤਾ ਭਾਗੋ ਜੀ ਝਬਾਲ) ਵਿਖੇ ਹੋਵੇਗਾ।

# ਹਲਕਾ ਇੰਚਾਰਜ ਨੇ ਵੀਡਿਓ ਕਾਨਫਰੰਸਿੰਗ ਰਾਹੀਂ ਸਮੱਸਿਆ ਵੱਲ ਧਿਆਨ ਦਿਵਾਇਆ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਦੀਨਾਨਗਰ ਸ਼ਹਿਰ ਦੇ ਲੋਕਾਂ ਨੂੰ ਸੀਵਰੇਜ ਜਾਮ ਦੀ ਲਗਾਤਾਰ ਆ ਰਹੀ ਸਮੱਸਿਆ ਮਗਰੋਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਸ਼ਹਿਰ ਦੇ ਕਈ ਇਲਾਕਿਆਂ ਦਾ ਦੌਰਾ ਕਰਕੇ ਸੀਵਰੇਜ ਦੀ ਸਥਿਤੀ ਜਾਨਣ ਮਗਰੋਂ ਸੀਵਰੇਜ ਬੋਰਡ ਦੇ ਉੱਚ ਅਧਿਕਾਰੀਆਂ ਦਾ ਵੀਡਿਓ ਕਾਨਫਰੰਸਿੰਗ ਰਾਹੀਂ ਸਮੱਸਿਆ ਵੱਲ ਧਿਆਨ ਦਿਵਾਇਆ ਅਤੇ ਇਸ ਮੁਸ਼ਕਲ ਨੂੰ ਸੰਤੁਸ਼ਟੀਜਨਕ ਢੰਗ ਨਾਲ ਠੀਕ ਕਰਨ ਲਈ ਕਿਹਾ। ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਇਸ ਸੀਵਰੇਜ ਪ੍ਰੋਜੈਕਟ ਨੂੰ ਵੀ ਕਾਂਗਰਸ ਪਾਰਟੀ ਆਪਣੀ ਪਿਛਲੀ ਸਰਕਾਰ ਵੇਲੇ ਦੀ ਪ੍ਰਾਪਤੀ ਦੱਸਦੀ ਹੈ ਪਰ ਅਸਲ ਵਿਚ ਇਸ ਸੀਵਰੇਜ ਸਿਸਟਮ ਦਾ ਲੋਕਾਂ ਨੂੰ ਲਾਭ ਘੱਟ ਅਤੇ ਪਰੇਸ਼ਾਨੀਆਂ ਵੱਧ ਹੋ ਰਹੀਆਂ ਹਨ। ਸ਼ਹਿਰ ਦੇ ਲੋਕ ਰੋਜ਼ਾਨਾਂ ਹੀ ਸੀਵਰੇਜ ਜਾਮ ਅਤੇ ਓਵਰਫਲੋ ਹੋਣ ਦੀਆਂ ਮੁਸ਼ਕਲਾਂ ਲੈ ਕੇ ਉਹਨਾਂ ਕੋਲ ਆਉਂਦੇ ਹਨ। ਸ਼ਮਸ਼ੇਰ ਸਿੰਘ ਨੇ ਕਿਹਾ ਕਿ ਹਲਕੇ ਅੰਦਰ ਸਾਰੇ ਕੰਮ ਲੋਕਾਂ ਦੀ ਮੰਗ ਅਤੇ ਜ਼ਮੀਨੀ ਹਕੀਕਤ ਨੂੰ ਧਿਆਨ ਵਿਚ ਰੱਖ ਕੇ ਹੀ ਕਰਵਾਏ ਜਾ ਰਹੇ ਹਨ, ਤਾਂ ਜੋ ਇਹਨਾਂ ਕੰਮਾਂ ਦਾ ਲੋਕ ਵੱਧ ਤੋਂ ਵੱਧ ਲਾਭ ਲੈ ਸਕਣ। ਇਸ ਮੌਕੇ ਵਾਰਡ ਨੰਬਰ ਇਕ ਦੇ ਕੌਂਸਲਰ ਪ੍ਰਦੀਪ ਕੁਮਾਰ, ਵਾਰਡ ਇੰਚਾਰਜ ਰਾਜੀਵ ਕੁਮਾਰ, ਮਦਨ ਮੋਹਨ ਡਾਲੀ, ਤਿਲਕ ਚੌਹਾਨ ਅਤੇ ਨਿਰਮਲ ਸਿੰਘ ਦੇ ਇਲਾਵਾ ਹੋਰ ਲੋਕ ਵੀ ਮੌਜੂਦ ਸਨ।



# ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਸਬੰਧੀ ਜ਼ਿਲ੍ਹਾ ਪੱਧਰੀ ਵਰਕਸ਼ਾਪ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਅਤੇ ਵਿਕਾਸ ਕਾਰਜਾਂ ਦਾ ਲਾਭ ਆਮ ਲੋਕਾਂ ਤੱਕ ਘਰ-ਘਰ ਪਹੁੰਚਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਚੁਣੇ ਹੋਏ ਨੁਮਾਇੰਦਿਆਂ (ਫ੍ਰੀਸ) ਲਈ ਜ਼ਿਲ੍ਹਾ ਪੱਧਰੀ ਵਰਕਸ਼ਾਪ ਕਰਵਾਈ ਗਈ। ਵਰਕਸ਼ਾਪ ਦੌਰਾਨ ਵੱਖ-ਵੱਖ ਸਰਕਾਰੀ ਸਕੀਮਾਂ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਯੋਗ ਲਾਭਪਾਤਰੀਆਂ ਤੱਕ ਇਨ੍ਹਾਂ ਦਾ ਲਾਭ ਪਹੁੰਚਾਉਣ ਵਿੱਚ ਚੁਣੇ ਹੋਏ ਨੁਮਾਇੰਦਿਆਂ ਦੀ ਭੂਮਿਕਾ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ. ਦਲਬੀਰ ਸਿੰਘ ਟੌਂਗ, ਅੰਮ੍ਰਿਤਸਰ ਕੇਂਦਰੀ ਦੇ ਵਿਧਾਇਕ ਸ੍ਰੀ ਅਜੈ ਗੁਪਤਾ, ਅੰਮ੍ਰਿਤਸਰ ਪੱਛਮੀ ਦੇ ਵਿਧਾਇਕ ਸ. ਜਸਬੀਰ ਸਿੰਘ ਸੰਧੂ, ਸੋਨੀਆ ਮਾਨ, ਜ਼ਿਲ੍ਹਾ ਪ੍ਰੀਸ਼ਦ ਅੰਮ੍ਰਿਤਸਰ ਦੇ ਚੇਅਰਮੈਨ ਸ. ਸਰਬਜੀਤ ਸਿੰਘ ਬੱਲ ਅਤੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀ ਸੁਰਿੰਦਰ ਸਿੰਘ ਸਮੇਤ ਵੱਖ-ਵੱਖ ਪੰਚਾਇਤਾਂ ਦੇ ਚੁਣੇ ਹੋਏ ਨੁਮਾਇੰਦੇ ਹਾਜ਼ਰ ਸਨ। ਵਰਕਸ਼ਾਪ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀ ਸੁਰਿੰਦਰ ਸਿੰਘ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰੀ ਯੋਜਨਾਵਾਂ ਦਾ ਅਸਲ ਮਕਸਦ ਤਾਂ ਹੀ ਪੂਰਾ ਹੁੰਦਾ ਹੈ, ਜਦੋਂ ਇਨ੍ਹਾਂ ਦਾ ਲਾਭ ਹਰੇਕ ਯੋਗ ਅਤੇ ਲੋੜਵੰਦ ਵਿਅਕਤੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚੇ। ਉਨ੍ਹਾਂ ਚੁਣੇ ਹੋਏ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਲੋਕਾਂ ਨੂੰ ਸਰਕਾਰੀ ਸਕੀਮਾਂ ਬਾਰੇ ਵੱਧ ਤੋਂ ਵੱਧ ਜਾਗਰੂਕ ਕਰਨ। ਇਸ ਮੌਕੇ ਡੀ.ਡੀ.ਪੀ.ਓ. ਸ. ਪ੍ਰੀਤ ਮਹਿੰਦਰ ਸਿੰਘ ਸਹੋਤਾ, ਸ੍ਰੀਮਤੀ ਰੇਖਾ ਸ਼ਰਮਾ, ਸ੍ਰੀਮਤੀ ਸੁਰਭੀ ਭਾਟੀਆ ਅਤੇ ਲੇਬਰ ਵੈਲਫੇਅਰ ਬੋਰਡ ਦੇ ਮੈਂਬਰ ਸ. ਹਰਪ੍ਰੀਤ ਸਿੰਘ ਅਲੂਵਾਲੀਆ ਸਮੇਤ ਹੋਰ ਅਧਿਕਾਰੀ ਅਤੇ ਨੁਮਾਇੰਦੇ ਵੀ ਹਾਜ਼ਰ ਸਨ।



# ਸਿਆਸੀ ਆਧਾਰ ਖਿਸਕਦਾ ਦੇਖ ਬੌਖਲਾਏ ਬਿਕਰਮ ਮਜੀਠੀਆ : ਮਨਦੀਪ ਸਿੰਘ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)** - ਹਲਕਾ ਮਜੀਠਾ ਦੇ ਕੋਆਰਡੀਨੇਟਰ ਅਤੇ ਸਰਪੰਚ ਮਨਦੀਪ ਸਿੰਘ ਪਿੰਡ ਪੁਰਾਣਾ ਤਨੇਲ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਬਿਕਰਮਜੀਤ ਸਿੰਘ ਮਜੀਠੀਆ ਵੱਲੋਂ ਕੀਤੀ ਜਾ ਰਹੀ ਬਿਆਨਬਾਜ਼ੀ 'ਤੇ ਤਿੱਖਾ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਮਜੀਠੀਆ ਨੂੰ ਆਪਣੀ ਸਿਆਸੀ ਜ਼ਮੀਨ ਖਿਸਕਦੀ ਸਾਫ਼ ਨਜ਼ਰ ਆ ਰਹੀ ਹੈ, ਜਿਸ ਕਾਰਨ ਉਹ ਬੌਖਲਾਹਟ ਵਿੱਚ ਬੇਤੁਕੇ ਅਤੇ ਬੇਬੁਨਿਆਦ ਬਿਆਨਾਂ ਦਾ ਸਹਾਰਾ ਲੈ ਰਹੇ ਹਨ। ਮਨਦੀਪ ਸਿੰਘ ਨੇ ਕਿਹਾ ਕਿ ਸਿਆਸਤ ਵਿੱਚ ਮੁੱਦੇ ਅਤੇ ਨੀਤੀਆਂ 'ਤੇ ਬਹਿਸ ਹੋਣੀ ਚਾਹੀਦੀ ਹੈ, ਪਰ ਜਦੋਂ ਕਿਸੇ ਆਗੂ ਕੋਲ ਲੋਕਾਂ ਸਾਹਮਣੇ ਰੱਖਣ ਲਈ ਕੋਈ ਠੋਸ ਮੁੱਦਾ ਨਾ ਰਹੇ ਤਾਂ ਉਹ ਨਿੱਜੀ ਅਤੇ ਪਰਿਵਾਰਕ ਮਾਮਲਿਆਂ ਨੂੰ ਸਿਆਸੀ ਰੰਗ ਦੇਣ ਲੱਗ ਪੈਂਦਾ ਹੈ। ਮਜੀਠੀਆ ਵੱਲੋਂ ਕੀਤੀਆਂ ਜਾ ਰਹੀਆਂ ਟਿੱਪਣੀਆਂ ਇਸੇ ਸਿਆਸੀ ਘਬਰਾਹਟ ਦੀ ਨਿਸ਼ਾਨੀ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਿਆਸੀ ਬਿਆਨਾਂ ਅਤੇ ਸੁਰਖੀਆਂ ਦੀ ਰਾਜਨੀਤੀ ਤੋਂ ਅੱਗੇ ਨਿਕਲ ਚੁੱਕੇ ਹਨ। ਜਨਤਾ ਹੁਣ ਇਹ ਪੁੱਛਦੀ ਹੈ ਕਿ ਉਸ ਦੇ ਇਲਾਕੇ ਵਿੱਚ ਕੀ ਕੰਮ ਹੋਇਆ, ਨੌਜਵਾਨਾਂ ਲਈ ਕੀ ਕੀਤਾ ਗਿਆ, ਸਿਹਤ ਅਤੇ ਸਿੱਖਿਆ ਵਿੱਚ ਕੀ ਸੁਧਾਰ ਆਇਆ ਅਤੇ ਆਮ ਲੋਕਾਂ ਨੂੰ ਸਰਕਾਰ ਦੀਆਂ ਨੀਤੀਆਂ ਦਾ ਕੀ ਲਾਭ ਮਿਲਿਆ। ਮਨਦੀਪ ਸਿੰਘ ਨੇ ਕਿਹਾ ਕਿ ਵਿਰੋਧੀ ਧਿਰ ਨੂੰ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਪੁੱਛਣ ਦਾ ਪੂਰਾ ਹੱਕ ਹੈ, ਪਰ ਨਿੱਜੀ ਜ਼ਿੰਦਗੀ ਅਤੇ ਪਰਿਵਾਰਾਂ ਨੂੰ ਸਿਆਸਤ ਵਿੱਚ ਘਸੀਟਣਾ ਕਿਸੇ ਵੀ ਤਰ੍ਹਾਂ ਸਿਹਤਮੰਦ ਲੋਕਤੰਤਰ ਦੀ ਨਿਸ਼ਾਨੀ ਨਹੀਂ।



# ਪ੍ਰਿੰਸੀਪਲਾਂ ਦਾ ਸਨਮਾਨ ਭਲਕੇ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਆਲ ਇੰਡੀਆ ਸਕੂਲ ਐਸੋਸੀਏਸ਼ਨ (ਏ ਆਈ ਐਸ ਏ) ਵੱਲੋਂ ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਅਕੈਡਮੀ ਦੇ ਸਹਿਯੋਗ ਨਾਲ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਦੀ ਅਗਵਾਈ ਹੇਠ 6 ਸਤੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਅਧਿਆਪਕ ਦਿਵਸ ਨੂੰ ਸਮਰਪਿਤ ਉੱਤਰੀ ਭਾਰਤ ਦੇ ਜੋ ਨਾਮੀ ਪ੍ਰਿੰਸੀਪਲ ਹਨ ਦਾ ਵਿੱਦਿਆ ਜੋਤ ਸਨਮਾਨ ਕੀਤਾ ਜਾ ਰਿਹਾ ਹੈ। ਪ੍ਰਿੰਸੀਪਲ ਹਰਸਦੀਪ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਨੇ ਦੱਸਿਆ ਕਿ ਐਤਵਾਰ ਨੂੰ ਕੀਤੇ ਜਾ ਰਹੇ ਇਸ ਸਨਮਾਨ ਸਮਾਰੋਹ ਵਿੱਚ ਪੰਜਾਬ ਅਤੇ ਹੋਰ ਰਾਜਾਂ ਤੋਂ 200 ਦੇ ਕਰੀਬ ਪ੍ਰਿੰਸੀਪਲ ਪਹੁੰਚ ਰਹੇ ਹਨ ਜਿਨ੍ਹਾਂ ਦਾ ਵਿਦਿਆ ਜੋਤ ਸਨਮਾਨ ਕੀਤਾ ਜਾ ਰਿਹਾ ਹੈ ।

# 8 ਘੰਟੇ ਮੋਟਰਾਂ ਦੀ ਸਪਲਾਈ ਨਾ ਮਿਲਣ ਕਰਕੇ ਕਿਸਾਨਾਂ ਦਿੱਤਾ ਧਰਨਾ

**ਕਾਦੀਆਂ ( ਯਾਦਵਿੰਦਰ ਸਿੰਘ ਮਲਹੋਤਰਾ)**- ਕਿਸਾਨ ਮਜ਼ਦੂਰ ਨੌਜਵਾਨ ਏਕਤਾ ਪੰਜਾਬ ਬਲਾਕ ਬਾਬਾ ਰਾਮ ਥੰਮਣ ਸਾਹਿਬ ਵੱਲੋਂ 8 ਘੰਟੇ ਮੋਟਰਾਂ ਵਾਲੀ ਨਿਰਵਿਘਨ ਸਪਲਾਈ ਨੂੰ ਲੈ ਕੇ ਸਬ ਡਿਵੀਜ਼ਨ ਦਫਤਰ ਉਧਨਵਾਲ ਵਿਖੇ ਹਰਵਿੰਦਰ ਸਿੰਘ ਖਜਾਲਾ, ਬਾਬਾ ਸੀਤਲ ਸਿੰਘ ਢਭਈ, ਡਾ. ਇੰਦਰਜੀਤ ਚੌੜੇ, ਨਵਤੇਜ ਸਿੰਘ ਭੰਬੋਈ, ਮੰਗਲ ਸਿੰਘ ਧੀਰਾ,ਹਰਭਜਨ ਸਿੰਘ ਨੱਤ, ਸੂਬੇਦਾਰ ਸਰਬਜੀਤ ਸਿੰਘ, ਭੁਪਿੰਦਰ ਸਿੰਘ ਭੰਬੋਈ ਦੀ ਅਗਵਾਈ ਵਿੱਚ 4 ਘੰਟੇ ਸਬ ਡਵੀਜ਼ਨ ਦਫਤਰ ਅੰਦਰ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਚੇਤਾਵਨੀ ਦਿੱਤੀ ਗਈ ਕਿ ਜੇਕਰ ਬਿਜਲੀ ਕੱਟ ਇਸੇ ਤਰੀਕੇ ਨਾਲ ਲੱਗਦੇ ਰਹੇ ਤਾਂ ਸਮੂਹ ਸਬ ਡਿਵੀਜ਼ਨ ਦਫਤਰਾਂ ਦੇ ਵਿੱਚ ਅਣਮਿੱਥੇ ਸਮੇਂ ਲਈ ਧਰਨੇ ਦਿੱਤੇ ਜਾਣਗੇ। ਜਿਸ ਲਈ ਜਿੰਮੇਵਾਰ ਪੰਜਾਬ ਸਰਕਾਰ ਤੇ ਸੰਬੰਧਿਤ ਅਧਿਕਾਰੀ ਹੋਣਗੇ । ਹਰਵਿੰਦਰ ਸਿੰਘ ਖੁਜਾਲਾ ਨੇ ਦੱਸਿਆ ਕਿ ਝੋਨੇ ਦੀ ਫਸਲ ਹੁਣ ਨਸਾਰੇ 'ਤੇ ਹੈ ਤੇ ਪਾਵਰ ਕਾਮ ਵਲੋਂ ਬਿਜਲੀ ਦੀ ਸਪਲਾਈ 2 ਘੰਟੇ ਕਰ ਦਿੱਤੀ ਗਈ ਹੈ ।



ਫਸਲ ਨੂੰ ਪਾਣੀ ਪੂਰਾ ਨਹੀਂ ਮਿਲ ਰਿਹਾ ।ਇਸ ਮੌਕੇ ਬਲਵਿੰਦਰ ਚੌੜੇ,ਜਸਬੀਰ ਸਿੰਘ ਬਾਊ, ਮਨਜੀਤ ਸਿੰਘ ਨੱਤ,ਬਲਜੀਤ ਸਿੰਘ, ਸਿਕੰਦਰ ਸਿੰਘ, ਬਚਿੱਤਰ ਸਿੰਘ ਚਿੱਤਾ, ਬਾਈ ਬਿੱਟੂ, ਸੁਖਵਿੰਦਰ ਸਿੰਘ,ਮੱਖਣ ਸਿੰਘ, ਆਦਿ ਕਿਸਾਨ ਆਗੂ ਹਾਜ਼ਰ ਸਨ।

# ਬਚਪਨ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ 'ਚ ਅਸ਼ਟਮੀ ਦਾ ਤਿਉਹਾਰ ਮਨਾਇਆ

**ਅਜਨਾਲਾ: (ਸੁਖਜਿੰਦਰ ਸਿੰਘ ਰਾਜੂ )**- ਬਚਪਨ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ, ਅਜਨਾਲਾ ਵਿਖੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਜਨਮ ਦਿਹਾੜੇ 'ਤੇ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਸ਼ਰਧਾ, ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਨਿੱਕੇ-ਨਿੱਕੇ ਬੱਚਿਆਂ ਨੇ ਕ੍ਰਿਸ਼ਨ ਦੇ ਜੀਵਨ ਨਾਲ ਸਬੰਧਤ ਵੱਖ-ਵੱਖ ਪਾਤਰਾਂ ਦੀਆਂ ਭੂਮਿਕਾਵਾਂ ਨਿਭਾ ਕੇ ਇੱਕ ਮਨਮੋਹਕ ਨਾਟਕ ਪੇਸ਼ ਕੀਤਾ। ਬੱਚਿਆਂ ਨੇ ਸ੍ਰੀ ਕ੍ਰਿਸ਼ਨ, ਮਾਤਾ ਦੇਵਕੀ, ਪਿਤਾ ਵਾਸੁਦੇਵ, ਰਾਧਾ, ਸੁਦਾਮਾ ਅਤੇ ਹੋਰ ਪਾਤਰਾਂ ਦਾ ਰੂਪ ਧਾਰ ਕੇ ਆਪਣੀ ਕਲਾਤਮਕ ਪ੍ਰਤਿਭਾ ਦਾ ਸੁੰਦਰ ਪ੍ਰਦਰਸ਼ਨ ਕੀਤਾ। ਬੱਚਿਆਂ ਦੇ ਮਾਪਿਆਂ ਨੇ ਵੀ ਉਨ੍ਹਾਂ ਨੂੰ ਪਾਤਰਾਂ ਅਨੁਸਾਰ ਤਿਆਰ ਕਰਨ ਵਿੱਚ ਆਪਣਾ ਪੂਰਾ ਸਹਿਯੋਗ ਦਿੱਤਾ। ਨਿੱਕੇ-ਨਿੱਕੇ ਬੱਚਿਆਂ ਦੀਆਂ ਪਿਆਰੀਆਂ ਅਤੇ ਪ੍ਰਭਾਵਸ਼ਾਲੀ ਪੇਸ਼ਕਾਰੀਆਂ ਨੇ ਸਾਰਿਆਂ ਦਾ ਮਨ ਮੋਹ ਲਿਆ। ਇਸ ਤੋਂ ਬਾਅਦ ਬੱਚਿਆਂ ਵੱਲੋਂ ਰਾਧਾ-ਕ੍ਰਿਸ਼ਨ ਦੀ ਰਾਸ ਲੀਲਾ ਅਤੇ ਧਾਰਮਿਕ ਗੀਤਾਂ 'ਤੇ ਮਨਮੋਹਕ ਨਾਚ ਪੇਸ਼ ਕੀਤਾ ਗਿਆ। ਰੰਗ-ਬਿਰੰਗੇ ਪਰੰਪਰਾਗਤ ਪਹਿਰਾਵਿਆਂ ਵਿੱਚ ਸਜੇ ਬੱਚੇ ਬਹੁਤ ਹੀ ਆਕਰਸ਼ਕ ਲੱਗ ਰਹੇ ਸਨ। ਇਸ ਮੌਕੇ ਸਕੂਲ ਦੀ ਐਮ.ਡੀ. ਸ਼੍ਰੀਮਤੀ ਸੰਤੋਸ਼ ਬਜਾਜ ਤੇ ਅੰਸ਼ ਬਜਾਜ ਨੇ ਬੱਚਿਆਂ ਨੂੰ ਭਗਵਾਨ ਸ੍ਰੀ ਕ੍ਰਿਸ਼ਨ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸ਼੍ਰੀਮਦ ਭਗਵਦ ਗੀਤਾ ਦੇ ਉਪਦੇਸ਼ਾਂ ਦਾ ਜ਼ਿਕਰ ਕਰਦਿਆਂ ਬੱਚਿਆਂ ਨੂੰ ਸੱਚਾਈ, ਨੇਕੀ, ਹਿੰਮਤ, ਪਿਆਰ ਅਤੇ ਆਪਣੇ ਕਰਤੱਵ ਨੂੰ ਇਮਾਨਦਾਰੀ ਨਾਲ ਨਿਭਾਉਣ ਦੀ ਪ੍ਰੇਰਣਾ ਦਿੱਤੀ। ਸਕੂਲ ਦੀ ਪ੍ਰਿੰਸੀਪਲ ਮੋਨਿਕਾ ਖੋਖਰ ਨੇ ਕ੍ਰਿਸ਼ਨ ਅਤੇ ਹੋਰ ਪਾਤਰਾਂ ਦੀ ਭੂਮਿਕਾ ਨਿਭਾਉਣ ਵਾਲੇ ਬੱਚਿਆਂ ਦੀ ਹੌਸਲਾ-ਅਫ਼ਜ਼ਾਈ ਕੀਤੀ ਅਤੇ ਉਨ੍ਹਾਂ ਨੂੰ ਚਾਕਲੇਟਾਂ ਦੇ ਟੋਕਨ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸਕੂਲ ਦਾ ਸਮੂਹ ਸਟਾਫ਼—ਰਿੰਕੀ ਕੁਕਰੇਜਾ, ਰੀਨਾ ਸ਼ਰਮਾ, ਪ੍ਰਭਦੀਪ, ਜੋਬਨਜੀਤ, ਜਗਰੂਪ, ਨਵਜੀਤ, ਸੁਖਪ੍ਰੀਤ ਅਮਨਦੀਪ, ਸੰਦੀਪ ਅਤੇ ਨਵਰਾਜ ਆਦਿ ਹਾਜ਼ਰ ਸਨ। ਅੰਤ ਵਿੱਚ ਜੈ ਸ਼੍ਰੀ ਕ੍ਰਿਸ਼ਨ ਦੇ ਜੈਕਾਰਿਆਂ ਨਾਲ ਸਮਾਗਮ ਦਾ ਸਮਾਪਨ ਹੋਇਆ।



# ਰਾਹੁਲ ਗਾਂਧੀ ਨੂੰ ਪਰਚਿਆਂ ਨਾਲ ਡਰਾਇਆ ਨਹੀਂ ਜਾ ਸਕਦਾ : ਸੱਚਰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਇੰਚਾਰਜ ਮਜੀਠਾ ਭਗਵੰਤ ਪਾਲ ਸਿੰਘ ਸੱਚਰ ਨੇ ਰਾਹੁਲ ਗਾਂਧੀ ਖ਼ਿਲਾਫ਼ ਕੀਤੀ ਜਾ ਰਹੀ ਸਿਆਸੀ ਕਾਰਵਾਈ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਰਾਹੁਲ ਗਾਂਧੀ ਨੂੰ ਪਰਚਿਆਂ ਅਤੇ ਸਰਕਾਰੀ ਦਬਾਅ ਨਾਲ ਡਰਾਇਆ ਜਾਂ ਝੁਕਾਇਆ ਨਹੀਂ ਜਾ ਸਕਦਾ। ਸੱਚਰ ਨੇ ਕਿਹਾ ਕਿ ਰਾਹੁਲ ਗਾਂਧੀ ਦੇਸ਼ ਦੇ ਆਮ ਲੋਕਾਂ, ਕਿਸਾਨਾਂ, ਮਜ਼ਦੂਰਾਂ ਅਤੇ ਨੌਜਵਾਨਾਂ ਦੀ ਆਵਾਜ਼ ਬਣ ਕੇ ਕੇਂਦਰ ਸਰਕਾਰ ਤੋਂ ਲਗਾਤਾਰ ਸਵਾਲ ਪੁੱਛ ਰਹੇ ਹਨ। ਉਨ੍ਹਾਂ ਕਿਹਾ ਕਿ ਜਦੋਂ ਕੋਈ ਆਗੂ ਲੋਕਾਂ ਦੇ ਹੱਕਾਂ ਅਤੇ ਲੋਕਤੰਤਰ ਦੀ ਗੱਲ ਕਰਦਾ ਹੈ ਤਾਂ ਉਸ ਦੀ ਆਵਾਜ਼ ਦਬਾਉਣ ਲਈ ਜਾਂਚ ਏਜੰਸੀਆਂ ਅਤੇ ਕੇਸਾਂ ਦਾ ਸਹਾਰਾ ਲੈਣਾ ਲੋਕਤੰਤਰ ਲਈ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਿਆਸੀ ਵਿਰੋਧੀਆਂ ਨੂੰ ਡਰਾਉਣ ਲਈ ਹੋਛੇ ਹੱਥਕੰਡੇ ਵਰਤ ਰਹੀ ਹੈ, ਪਰ ਕਾਂਗਰਸ ਨਾ ਅਜਿਹੇ ਦਬਾਅ ਅੱਗੇ ਝੁਕੀ ਹੈ ਅਤੇ ਨਾ ਹੀ ਅੱਗੇ ਝੁਕੇਗੀ। ਸੱਚਰ ਨੇ ਕਿਹਾ ਕਿ ਕਾਂਗਰਸ ਦਾ ਸੰਘਰਸ਼ ਕਿਸੇ ਇੱਕ ਵਿਅਕਤੀ ਲਈ ਨਹੀਂ, ਸਗੋਂ ਸੰਵਿਧਾਨ, ਲੋਕਤੰਤਰ ਅਤੇ ਦੇਸ਼ ਦੇ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਹੈ। ਉਨ੍ਹਾਂ ਕਿਹਾ ਕਿ ਪਰਚੇ ਕਿਸੇ ਆਗੂ ਦੀ ਆਵਾਜ਼ ਨੂੰ ਨਹੀਂ ਰੋਕ ਸਕਦੇ ਅਤੇ ਸੱਚ ਬੋਲਣ ਦੀ ਹਿੰਮਤ ਨੂੰ ਖ਼ਤਮ ਨਹੀਂ ਕਰ ਸਕਦੇ। ਇਸ ਮੌਕੇ ਸੁਲੱਖਣ ਸਿੰਘ ਕੱਥੂਨੰਗਲ, ਪਰਮਜੀਤ ਸਿੰਘ ਭੋਏਵਾਲ, ਸਾਬਕਾ ਸਰਪੰਚ ਪਰਗਟ ਸਿੰਘ ਚੰਨਣਕੇ, ਡਾ. ਸੁਖਵਿੰਦਰ ਸਿੰਘ ਰੰਧਾਵਾ, ਸੁਨੀਲ ਕੁਮਾਰ ਤੋਂ ਇਲਾਵਾ ਹੋਰ ਵੀ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

# ਘਾਲਾਮਾਲਾ

*ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਦੇ ਤੀਜੇ ਪੜਾਅ ਤਹਿਤ ਜਾਰੀ ਕੀਤੀਆਂ ਗਈਆਂ ਡਰਾਫਟ ਵੋਟਰ ਸੂਚੀਆਂ ਤੋਂ ਪਤਾ ਚਲਦਾ ਹੈ ਕਿ 17 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਵੋਟਰ ਸੂਚੀਆਂ ਵਿੱਚੋਂ 6 ਕਰੋੜ 15 ਲੱਖ ਨਾਂਅ ਹਟਾ ਦਿੱਤੇ ਗਏ ਹਨ। ਡਰਾਫਟ ਸੂਚੀਆਂ ਦਰਸਾਉਂਦੀਆਂ ਹਨ ਕਿ ਸਭ ਤੋਂ ਵੱਧ ਨਾਂਅ ਦਿੱਲੀ ਤੇ ਚਾਰ ਰਾਜਾਂ ਵਿੱਚ ਹਟਾਏ ਗਏ ਹਨ, ਜਿੱਥੇ ਪਿਛਲੇ ਤਿੰਨ ਸਾਲਾਂ ਵਿੱਚ ਵਿਧਾਨ ਸਭਾ ਚੋਣਾਂ ਹੋਈਆਂ : ਮਹਾਰਾਸ਼ਟਰ (2024), ਕਰਨਾਟਕ (2023), ਤੇਲੰਗਾਨਾ (2023), ਦਿੱਲੀ (2025) ਅਤੇ ਆਂਧਰਾ ਪ੍ਰਦੇਸ਼ (2024)। ਦਿੱਲੀ ਵਿੱਚ ਸਭ ਤੋਂ ਵੱਧ 32.78 ਪ੍ਰਤੀਸ਼ਤ ਵੋਟਾਂ ਹਟਾਈਆਂ ਗਈਆਂ ਹਨ, ਇਸ ਤੋਂ ਬਾਅਦ ਦਾਦਰਾ ਤੇ ਨਗਰ ਹਵੇਲੀ ਅਤੇ ਦਮਨ ਤੇ ਦੀਵ (29.65 ਪ੍ਰਤੀਸ਼ਤ), ਤੇਲੰਗਾਨਾ (21.69 ਪ੍ਰਤੀਸ਼ਤ), ਮਹਾਰਾਸ਼ਟਰ (21.14 ਪ੍ਰਤੀਸ਼ਤ), ਕਰਨਾਟਕ (19.48 ਪ੍ਰਤੀਸ਼ਤ) ਅਤੇ ਅਰੁਣਾਚਲ ਪ੍ਰਦੇਸ਼ (19.09 ਪ੍ਰਤੀਸ਼ਤ) ਹਨ। ਜੇ ਵੋਟਰ ਸੂਚੀਆਂ ਵਿੱਚ ਏਨੀ ਵੱਡੀ ਗਿਣਤੀ ਵਿੱਚ 'ਅਯੋਗ' ਵੋਟਰ ਮੌਜੂਦ ਸਨ, ਤਾਂ ਉਹ ਹਾਲ ਹੀ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਵੋਟ ਪਾਉਣ ਦੇ ਯੋਗ ਕਿਵੇਂ ਹੋ ਗਏ ਅਤੇ ਉਨ੍ਹਾਂ ਨੇ ਅੱਜ ਸੱਤਾ ਵਿੱਚ ਆਉਣ ਵਾਲੀਆਂ ਸਰਕਾਰਾਂ ਨੂੰ ਚੁਣਨ ਲਈ ਕਿਵੇਂ ਵੋਟ ਪਾਈ?*

*ਐੱਸ ਆਈ ਆਰ ਦਾ ਤੀਜਾ ਪੜਾਅ 16 ਰਾਜਾਂ ਅਤੇ ਤਿੰਨ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਕੀਤਾ ਗਿਆ। ਇਨ੍ਹਾਂ ਵਿੱਚੋਂ ਨਾਗਾਲੈਂਡ ਅਤੇ ਤ੍ਰਿਪੁਰਾ ਲਈ ਡਰਾਫਟ ਵੋਟਰ ਸੂਚੀਆਂ ਅਜੇ ਜਾਰੀ ਨਹੀਂ ਕੀਤੀਆਂ ਗਈਆਂ। 17 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ ਡਰਾਫਟ ਸੂਚੀਆਂ ਜਾਰੀ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਕੁੱਲ 61,507, 245 ਨਾਂਅ ਹਟਾ ਦਿੱਤੇ ਗਏ ਹਨ। ਮਹਾਰਾਸ਼ਟਰ ਵਿੱਚ ਸਭ ਤੋਂ ਵੱਧ 2 ਕਰੋੜ 6 ਲੱਖ ਨਾਂਅ ਹਟਾਏ ਗਏ ਹਨ। ਚੋਣ ਕਮਿਸ਼ਨ ਦੇ ਅੰਕੜਿਆਂ ਮੁਤਾਬਕ ਰਾਜ ਵਿੱਚ 2024 ਵਿੱਚ ਵਿਧਾਨ ਸਭਾ ਚੋਣਾਂ 'ਚ 6 ਕਰੋੜ 41 ਲੱਖ ਵੋਟਰਾਂ ਨੇ ਵੋਟ ਪਾਈ ਸੀ। ਇਸ ਤਰ੍ਹਾਂ ਹਟਾਏ ਗਏ ਨਾਂਅ ਵੋਟਰਾਂ ਦੀ ਕੁੱਲ ਗਿਣਤੀ ਦੇ ਇੱਕ-ਤਿਹਾਈ ਤੋਂ ਥੋੜ੍ਹਾ ਘੱਟ ਹਨ। ਦਿੱਲੀ 'ਚ ਵਿਧਾਨ ਸਭਾ ਚੋਣਾਂ 2025 ਵਿੱਚ ਹੋਈਆਂ ਸਨ, ਅਤੇ ਵੋਟਰ ਸੂਚੀ ਵਿੱਚ 1 ਕਰੋੜ 45 ਲੱਖ ਵੋਟਰ ਸਨ, ਜਿਨ੍ਹਾਂ ਵਿੱਚੋਂ 47 ਲੱਖ 56 ਹਜ਼ਾਰ ਨਾਂਅ ਹਟਾ ਦਿੱਤੇ ਗਏ ਹਨ। ਆਂਧਰਾ ਪ੍ਰਦੇਸ਼ ਵਿੱਚ 2024 ਵਿੱਚ ਲੋਕ ਸਭਾ ਚੋਣਾਂ ਦੇ ਨਾਲ ਵਿਧਾਨ ਸਭਾ ਚੋਣਾਂ ਵੀ ਹੋਈਆਂ ਸਨ। ਹੁਣ ਉੱਥੇ 44.89 ਲੱਖ ਨਾਂਅ ਹਟਾ ਦਿੱਤੇ ਗਏ ਹਨ।*

*ਪਿਛਲੇ ਸਾਲ ਅਗਸਤ ਵਿੱਚ ਰਾਹੁਲ ਗਾਂਧੀ ਨੇ ਚੋਣ ਕਮਿਸ਼ਨ ਅਤੇ ਭਾਜਪਾ ਵਿਚਕਾਰ ਮਿਲੀਭੁਗਤ ਦਾ ਦੋਸ਼ ਲਗਾਉਂਦਿਆਂ ਕਿਹਾ ਸੀ ਕਿ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਕਰਨਾਟਕ ਦੇ ਮਹਾਦੇਵਪੁਰਾ ਵਿਧਾਨ ਸਭਾ ਹਲਕੇ ਵਿੱਚ 100,000 ਤੋਂ ਵੱਧ ਵੋਟਾਂ ਚੋਰੀ ਕੀਤੀਆਂ ਗਈਆਂ। 2019 ਦੀਆਂ ਵਿਧਾਨ ਸਭਾ ਚੋਣਾਂ ਅਤੇ 2024 ਦੀਆਂ ਲੋਕ ਸਭਾ ਚੋਣਾਂ ਵਿਚਕਾਰ ਮਹਾਰਾਸ਼ਟਰ ਵਿੱਚ 32 ਲੱਖ ਵੋਟਰ ਜੋੜੇ ਗਏ ਸਨ, ਜਦੋਂ ਕਿ 2024 ਦੀਆਂ ਲੋਕ ਸਭਾ ਚੋਣਾਂ ਅਤੇ ਮਹਾਰਾਸ਼ਟਰ ਵਿਧਾਨ ਸਭਾ ਚੋਣਾਂ ਵਿਚਕਾਰ ਸਿਰਫ ਪੰਜ ਮਹੀਨਿਆਂ ਵਿੱਚ 39 ਲੱਖ ਵੋਟਰ ਜੋੜੇ ਗਏ। ਮਹਾਰਾਸ਼ਟਰ ਲਈ ਡਰਾਫਟ ਵੋਟਰ ਸੂਚੀ ਜਾਰੀ ਹੋਣ ਤੋਂ ਬਾਅਦ ਰਾਹੁਲ ਗਾਂਧੀ ਨੇ ਇੱਕ ਵਾਰ ਫਿਰ ਇਨ੍ਹਾਂ ਅੰਕੜਿਆਂ ਦਾ ਹਵਾਲਾ ਦਿੰਦਿਆਂ ਪੁੱਛਿਆ ਹੈ ਕਿ ਲੋਕ ਸਭਾ 2024 : 9.29 ਕਰੋੜ, ਵਿਧਾਨ ਸਭਾ 2024 : 9.7 ਕਰੋੜ, ਐੱਸ ਆਈ ਆਰ 2026 : 7.78 ਕਰੋੜ। ਕਿਹੜੀ ਸੂਚੀ ਸਹੀ ਸੀ?*

*ਆਖਰਕਾਰ, ਇੰਨੇ ਵੱਡੇ ਪੱਧਰ 'ਤੇ ਨਾਵਾਂ ਨੂੰ ਹਟਾਉਣਾ ਨਾ ਸਿਰਫ ਵੋਟਰ ਸੂਚੀ ਤੋਂ ਬਾਹਰ ਕੀਤੇ ਜਾ ਰਹੇ ਲੋਕਾਂ ਬਾਰੇ, ਸਗੋਂ ਪੂਰੀ ਪ੍ਰਕਿਰਿਆ ਬਾਰੇ ਸਵਾਲ ਖੜ੍ਹੇ ਕਰਦਾ ਹੈ। ਅਜਿਹੇ ਮਾਮਲੇ ਸਾਹਮਣੇ ਆ ਰਹੇ ਹਨ, ਜਿੱਥੇ ਲੋਕ ਦਾਅਵਾ ਕਰ ਰਹੇ ਹਨ ਕਿ ਉਹ ਅਸਲ ਵਿੱਚ ਮੌਜੂਦ ਹਨ ਅਤੇ ਲੱਭੇ ਜਾ ਸਕਦੇ ਹਨ, ਫਿਰ ਵੀ ਉਨ੍ਹਾਂ ਦੇ ਨਾਂਅ ਸੂਚੀ ਵਿੱਚੋਂ ਬਾਹਰ ਕੀਤੇ ਜਾ ਰਹੇ ਹਨ। ਇਸ ਦਾ ਮਤਲਬ ਹੈ ਕਿ ਸਮੱਸਿਆ ਵਿਅਕਤੀ ਦੇ ਚਰਿੱਤਰ ਵਿੱਚ ਨਹੀਂ, ਸਗੋਂ ਉਸ ਪ੍ਰਕਿਰਿਆ ਦੀ ਪ੍ਰਕਿਰਤੀ ਵਿੱਚ ਹੈ, ਜੋ ਉਨ੍ਹਾਂ ਨੂੰ ਵੋਟਰ ਸੂਚੀ ਵਿੱਚੋਂ ਬਾਹਰ ਕਰ ਰਹੀ ਹੈ। ਏਨੀ ਵੱਡੀ ਗਿਣਤੀ ਵਿੱਚ ਨਾਂਅ ਕੱਟਣ ਦੇ ਸਿਆਸੀ ਪ੍ਰਭਾਵ ਬਾਰੇ ਵੀ ਸਵਾਲ ਉੱਠ ਰਹੇ ਹਨ। ਕੀ ਕੁਝ ਸਮੂਹ, ਜੋ ਇੱਕ ਜਾਂ ਦੂਜੀ ਪਾਰਟੀ ਨੂੰ ਵੋਟ ਪਾਉਣ ਦੀ ਜ਼ਿਆਦਾ ਸੰਭਾਵਨਾ ਰੱਖਦੇ ਹਨ, ਨੂੰ ਦੂਜਿਆਂ ਨਾਲੋਂ ਜ਼ਿਆਦਾ ਗਿਣਤੀ ਵਿੱਚ ਵੋਟਰ ਸੂਚੀਆਂ ਵਿੱਚੋਂ ਹਟਾਇਆ ਜਾ ਰਿਹਾ ਹੈ?*

## ਫੇਸ ਬੁੱਕ ਦਾ ਸੱਚ !

*ਸਿਆਸਤਾਂ ਦੇ ਘਰ ਬੜੀ ਦੂਰ ਹੁੰਦੇ ਨੇ,*
*ਹੁੰਦੀਆਂ ਲੜਾਈਆਂ ਨਹੀਂ ਫੇਸ ਬੁੱਕ 'ਤੇ।*
*ਦੰਗਲ 'ਚ ਢਹਿਣਾ ਅਤੇ ਢਾਹੁਣਾ ਪੈਂਦਾ ਹੈ,*
*ਵੱਜਣ ਭਕਾਈਆਂ ਨਹੀਂ ਫੇਸ ਬੁੱਕ 'ਤੇ।*
*ਲੋਕਾਂ ਦੀ ਕਚਹਿਰੀ ਵਿੱਚ ਹੁੰਦੇ ਫੈਸਲੇ,*
*ਹੋਣ ਚਤਰਾਈਆਂ ਨਹੀਂ ਫੇਸ ਬੁੱਕ 'ਤੇ।*
*ਪਹਿਨਣ ਤੋਂ ਪਹਿਲਾਂ ਰਾਹ ਰੱਖੇ ਹੁੰਦੇ ਨੇ,*
*ਸੁੱਥਣਾਂ ਸਿਵਾਈਆਂ ਨਹੀਂ ਫੇਸ ਬੁੱਕ 'ਤੇ।*
*ਗੰਦਗੀ ਦੇ ਵਿੱਚ ਖੁਦ ਜਾਣਾ ਹੁੰਦਾ ਹੈ,*
*ਹੁੰਦੀਆਂ ਸਫਾਈਆਂ ਨਹੀਂ ਫੇਸ ਬੁੱਕ 'ਤੇ।*
*ਵਿਰਲੇ ਤੇ ਵਾਂਝੇ ਬਹੁਤ ਘੱਟ ਹੋਣਗੇ,*
*ਇੱਜ਼ਤਾਂ ਗਵਾਈਆਂ ਨਹੀਂ ਫੇਸ ਬੁੱਕ 'ਤੇ।*
*ਦੱਸੋ ਕਿਸ ਹੀਰ ਨੇ ਤੇ ਦੱਸੋ ਕਿਸ ਰਾਂਝੇ ਨੇ,*
*ਕੀਤੀਆਂ ਟਰਾਈਆਂ ਨਹੀਂ ਫੇਸ ਬੁੱਕ 'ਤੇ।*
*ਮੰਨਣੇ ਹੀ ਪੈਂਦੇ ਫੈਸਲੇ ਅਦਾਲਤੀ,*
*ਹੋਣ ਸੁਣਵਾਈਆਂ ਨਹੀਂ ਫੇਸ ਬੁੱਕ 'ਤੇ।*

-ਗੁਲਪੁਰ

# ਭਾਰਤੀ ਨਿਆਂ ਵਿਵਸਥਾ ਨਿਘਾਰ ਵੱਲ

ਦੇਸ਼ ਵਿਚ ਇਕ ਪਾਸੇ ਆਰਥਿਕ-ਰਾਜਨੀਤਕ ਅਤੇ ਸਮਾਜਿਕ-ਸੱਭਿਆਚਾਰਕ ਸੰਕਟ ਦੇ ਸੰਕੇਤ ਸਪੱਸ਼ਟ ਦਿਖਾਈ ਦੇ ਰਹੇ ਹਨ, ਉੱਥੇ ਦੂਜੇ ਪਾਸੇ ਗਰੀਬਾਂ, ਦਲਿਤਾਂ, ਔਰਤਾਂ, ਆਦਿਵਾਸੀਆਂ ਤੇ ਘੱਟ ਗਿਣਤੀਆਂ 'ਤੇ ਵਧੀਕੀਆਂ ਲਗਾਤਾਰ ਵਧ ਰਹੀਆਂ ਹਨ। ਇਨ੍ਹਾਂ ਵਰਗਾਂ ਦੀ ਰਾਖੀ ਕਰਨ ਲਈ ਕਾਨੂੰਨ ਤਾਂ ਹਨ, ਪਰ ਇਨ੍ਹਾਂ ਕਾਨੂੰਨਾਂ ਨੂੰ ਲਾਗੂ ਕਰਨ ਦੀ ਡੋਰ ਬਹੁਗਿਣਤੀ ਭਾਈਚਾਰੇ ਦੇ ਰਾਜਨੀਤਕ ਆਗੂਆਂ, ਧਨ-ਕੁਬੇਰਾਂ ਤੇ ਉੱਚ ਅਫਸਰਸ਼ਾਹੀ ਦੇ ਹੱਥਾਂ 'ਚ ਹੈ।

**ਡਾ. ਅਨੂਪ ਸਿੰਘ**

ਦੇਸ਼ ਵਿਚ ਔਰਤਾਂ ਸੁਰੱਖਿਅਤ ਨਹੀਂ। ਗਰੀਬਾਂ, ਦਲਿਤਾਂ, ਆਦਿਵਾਸੀਆਂ ਤੇ ਘੱਟ ਗਿਣਤੀਆਂ ਨਾਲ ਸੰਬੰਧਤ ਔਰਤਾਂ ਦੀ ਇੱਜ਼ਤ-ਆਬਰੂ ਨੂੰ ਸਭ ਤੋਂ ਵੱਧ ਖ਼ਤਰਾ ਹੈ। ਦੇਸ਼ ਵਿਚ ਵਿਚਾਰ ਪ੍ਰਗਟ ਕਰਨ ਦੀ ਆਜ਼ਾਦੀ ਆਏ ਦਿਨ ਸੀਮਤ ਹੁੰਦੀ ਜਾ ਰਹੀ ਹੈ।

ਭਾਰਤੀ ਨਿਆਂ ਪਾਲਿਕਾ ਲੋਕਾਂ ਦੀ ਇੱਕੋ-ਇੱਕ ਆਸ ਸੀ ਅਤੇ ਸ਼ਾਇਦ ਕੁਝ ਹੱਦ ਤੱਕ ਹੁਣ ਵੀ, ਪਰ 2019 ਤੋਂ ਬਾਅਦ ਕੇਂਦਰ ਸਰਕਾਰ ਦੇ ਸਿੱਧੇ-ਅਸਿੱਧੇ ਦਖ਼ਲ ਤੇ ਪ੍ਰਭਾਵ ਕਾਰਨ ਇਹ ਆਸ ਨਿਰੰਤਰ ਖੀਣ ਹੋ ਰਹੀ ਹੈ। ਸਰਕਾਰੀ ਦਖ਼ਲ ਤੋਂ ਛੁੱਟ ਨਿਆਂ ਪਾਲਿਕਾ ਦੀ ਬਣਤਰ ਤੇ ਬੁਣਤੀ; ਨਿਆਂ ਪਾਲਿਕਾ ਦੀ ਕਾਰਜ ਵਿਧੀ, ਨਿਆਂ ਉਡੀਕਦੇ ਕੇਸਾਂ ਦੇ ਅੰਬਾਰ ਆਦਿ ਸਾਰਥਿਕ ਨਿਆਂ ਨੂੰ ਮ੍ਰਿਗ ਤ੍ਰਿਸ਼ਨਾ 'ਚ ਬਦਲ ਦਿੰਦੇ ਹਨ। ਜ਼ਰਾ ਪੈਂਡਿੰਗ ਕੇਸਾਂ ਦੇ ਅੰਬਾਰ ਵੱਲ ਝਾਤੀ ਮਾਰੋ। ਤਹਿਸੀਲ ਤੇ ਜ਼ਿਲ੍ਹਾ ਪੱਧਰੀ ਅਦਾਲਤਾਂ ਵਿਚ 5.41 ਕਰੋੜ; ਹਾਈ ਕੋਰਟਾਂ 'ਚ 64 ਲੱਖ ਅਤੇ ਸੁਪਰੀਮ ਕੋਰਟ 92,000 ਕੇਸ ਫੈਸਲਿਆਂ ਦੀ ਉਡੀਕ ਵਿਚ ਹਨ। ਪੈਂਡਿੰਗ ਕੇਸਾਂ ਦਾ ਇਕ ਵੱਡਾ ਕਾਰਨ ਜੱਜਾਂ ਦੀ ਗਿਣਤੀ ਦਾ ਵਿਸ਼ਵ ਪੱਧਰੀ ਮਿਆਰਾਂ ਤੋਂ ਘੱਟ ਹੋਣਾ ਅਤੇ ਜੱਜਾਂ ਦੀਆਂ ਪੋਸਟਾਂ ਦਾ ਵਰ੍ਹਿਆਂਬੱਧੀ ਖਾਲ੍ਹੀ ਰਹਿਣਾ ਹੈ। ਪੰਜਾਬ ਤੇ ਹਰਿਆਣਾ ਹਾਈ ਕੋਰਟ 'ਚ ਜੱਜਾਂ ਦੀਆਂ ਤੀਜਾ ਹਿੱਸਾ ਅਸਾਮੀਆਂ ਖਾਲੀ ਪਈਆਂ ਹਨ।

ਪੈਂਡਿੰਗ ਕੇਸਾਂ ਦੀ ਗਿਣਤੀ ਅਤੇ ਨਵੇਂ ਕੇਸਾਂ ਦੇ ਦਰਜ ਹੋਣ ਦੀ ਰਫ਼ਤਾਰ ਏਨੀ ਜ਼ਿਆਦਾ ਹੈ ਕਿ ਕੇਸਾਂ ਦੇ ਨਿਪਟਾਰੇ ਦੀ ਮੌਜੂਦਾ ਦਰ ਨਾਲ ਸਥਿਤੀ ਹੋਰ ਭਿਆਨਕ ਹੋਣ ਦਾ ਖ਼ਦਸ਼ਾ ਹਕੀਕੀ ਹੈ। ਇਸ ਸਮੇਂ ਪੈਂਡਿੰਗ 5.4 ਕਰੋੜ ਕੇਸਾਂ 'ਚੋਂ 1.8 ਲੱਖ/ਪੌਣੇ ਦੋ ਲੱਖ ਤੋਂ ਵੱਧ ਕੇਸ ਤਿੰਨ ਦਹਾਕੇ ਪਹਿਲਾਂ ਦੇ ਹਨ। ਕਾਨੂੰਨ ਤੇ ਨਿਆਂ ਮੰਤਰਾਲੇ ਦੀ 2 ਅਪ੍ਰੈਲ 2026 ਦੀ ਰਿਪੋਰਟ ਅਨੁਸਾਰ ਦੇਸ਼ ਦੀਆਂ ਜ਼ਿਲ੍ਹਾ ਤੇ ਅਧੀਨ ਅਦਾਲਤਾਂ ਵਿਚ 52,56,293 ਅਜਿਹੇ ਕੇਸ ਹਨ, ਜੋ ਬੀਤੇ 10 ਸਾਲਾਂ ਤੋਂ ਵੱਧ ਸਮੇਂ ਤੋਂ ਬਕਾਇਆ ਪਏ ਹਨ। ਇਹ ਅੰਕੜਾ 27 ਮਾਰਚ 2026 ਤੱਕ ਨੈਸ਼ਨਲ ਜੁਡੀਸ਼ੀਅਲ ਡੇਟਾ ਗਰਿੱਡ ਦੇ ਆਧਾਰ 'ਤੇ ਹੈ। ਉੱਕਤ ਕੇਸਾਂ ਵਿਚ 22,37,931 ਭਾਵ 42 ਫੀਸਦੀ ਕੇਸ ਇਕੱਲੇ ਯੂ ਪੀ ਤੋਂ ਹਨ। ਪੈਂਡਿੰਗ ਕੇਸਾਂ ਦੀ ਗਿਣਤੀ ਪੱਖੋਂ ਬਿਹਾਰ, ਪੱਛਮੀ ਬੰਗਾਲ, ਮਹਾਰਾਸ਼ਟਰ ਅਤੇ ਉਡੀਸ਼ਾ ਅਗਲੇ ਨੰਬਰਾਂ 'ਤੇ ਹਨ।

ਉੱਕਤ ਸਥਿਤੀ ਦੇ ਸਨਮੁੱਖ 'ਵਿਸ਼ਵ ਨਿਆਂ ਪ੍ਰਾਜੈਕਟ ਰਿਪੋਰਟ' ਅਨੁਸਾਰ ਕਾਨੂੰਨ ਦੇ ਰਾਜ ਦੇ ਮਾਮਲੇ 'ਚ ਸਾਡਾ ਦੇਸ਼ ਸਾਲ 2025 ਵਿਚ 143 ਦੇਸ਼ਾਂ ਵਿਚੋਂ 86ਵੇਂ ਸਥਾਨ 'ਤੇ ਹੈ। ਸਾਲ 2014 ਵਿਚ ਭਾਰਤ ਦਾ ਸਥਾਨ 66ਵਾਂ ਸੀ। ਸਪੱਸ਼ਟ ਹੈ ਕਿ 2014 ਤੋਂ ਬਾਅਦ ਕਾਨੂੰਨ ਦੇ ਰਾਜ ਦੇ ਮਾਮਲੇ 'ਚ ਭਾਰਤ ਨੇ ਹੇਠਾਂ ਵੱਲ ਖਿਸਕਣਾ ਸ਼ੁਰੂ ਕੀਤਾ ਹੈ। ਸਪੱਸ਼ਟ ਹੈ ਕਿ ਦੇਸ਼ ਦੀ ਨਿਆਂ ਪਾਲਿਕਾ ਦੀ ਸੁਤੰਤਰਤਾ, ਗੁਣਵਤਾ ਤੇ ਗੌਰਵ ਤੇਜ਼ੀ ਨਾਲ ਹੇਠਾਂ ਵੱਲ ਸਰਕ ਰਿਹਾ ਹੈ। ਇਸ ਸਭ ਕਾਸੇ ਦਾ ਸਭ ਤੋਂ ਵੱਡਾ ਕਾਰਨ ਯੋਗ ਜੱਜਾਂ ਦੀ ਵੱਡੇ ਪੱਧਰ 'ਤੇ ਘਾਟ ਹੈ। ਸਾਡੇ ਦੇਸ਼ ਵਿਚ 10 ਲੱਖ ਦੀ ਵੱਸੋਂ ਪਿੱਛੇ 15 ਜੱਜ ਹਨ। ਵਿਕਸਤ ਦੇਸ਼ਾਂ ਵਿਚ 10 ਲੱਖ ਦੀ ਵੱਸੋਂ ਪਿੱਛੇ 150 ਤੋਂ 200 ਜੱਜ ਹਨ। ਚੀਨ 'ਚ ਇਹ ਗਿਣਤੀ 300 ਹੈ। ਦੂਜਾ ਮਸਲਾ ਭ੍ਰਿਸ਼ਟਾਚਾਰ ਦਾ ਹੈ। ਭਾਰਤ ਦੇ ਕੇਵਲ 12 ਫੀਸਦੀ ਜੱਜਾਂ ਨੇ ਹੀ ਆਪਣੀ ਜਾਇਦਾਦ ਸਾਂਝੀ/ਜਨਤਕ ਕੀਤੀ ਹੈ। ਭ੍ਰਿਸ਼ਟ ਜੱਜ ਵੀ ਭਾਰਤ ਵਿਚ ਆਮ ਪਾਏ ਜਾਂਦੇ ਹਨ।

ਅਗਲਾ ਦੁਖਦਾਈ ਪਹਿਲੂ ਇਹ ਹੈ ਕਿ ਕੁਝ ਕਾਨੂੰਨਾਂ ਦੀ ਵੱਡੇ ਪੱਧਰ 'ਤੇ ਦੁਰਵਰਤੋਂ ਹੋ ਰਹੀ ਹੈ। ਗ਼ੈਰ-ਕਾਨੂੰਨੀ ਗਤੀਵਿਧੀਆਂ ਰੋਕੂ ਕਾਨੂੰਨ ਤਹਿਤ ਦਰਜ ਕੇਸਾਂ 'ਚ 2019 ਤੋਂ 2023 ਤੱਕ ਸਜ਼ਾ ਦੀ ਦਰ 2 ਤੋਂ 6 ਫੀਸਦੀ ਹੈ। ਸਪੱਸ਼ਟ ਹੈ ਕਿ ਸਮੁੱਚੇ ਭਾਰਤ 'ਚ 94 ਤੋਂ 98 ਫੀਸਦੀ ਕੇਸਾਂ ਵਿਚ ਨਾਗਰਿਕਾਂ ਨੂੰ ਬੇਬੁਨਿਆਦ ਦੋਸ਼ਾਂ ਹੇਠ ਫਸਾਇਆ ਗਿਆ ਹੈ।

ਇਕ ਹੋਰ ਅਧਿਐਨ ਅਨੁਸਾਰ ਸਾਲ 2019 ਅਤੇ 2023 ਦਰਮਿਆਨ ਉੱਕਤ ਦਮਨਕਾਰੀ ਕਾਨੂੰਨ ਅਨੁਸਾਰ ਦੇਸ਼ ਦੇ 28 ਰਾਜਾਂ ਵਿਚ 5960 ਗ੍ਰਿਫ਼ਤਾਰੀਆਂ ਕੀਤੀਆਂ ਗਈਆਂ, ਪਰ ਕੇਵਲ 268 ਕੇਸਾਂ ਵਿਚ ਸਜ਼ਾ ਸੁਣਾਈ ਗਈ। ਸਪੱਸ਼ਟ ਹੈ ਕਿ ਸਜ਼ਾ ਦੀ ਦਰ ਕੇਵਲ 5 ਫੀਸਦੀ ਰਹੀ। ਸਾਲ 2023 ਵਿਚ ਯੂ ਏ ਪੀ ਏ ਐਕਟ ਤਹਿਤ 1686 ਵਿਅਕਤੀ ਗ੍ਰਿਫ਼ਤਾਰ ਕੀਤੇ ਗਏ, ਪਰ ਸਜ਼ਾ ਕੇਵਲ 84 ਵਿਅਕਤੀਆਂ ਨੂੰ ਹੋਈ, ਭਾਵ ਸਜ਼ਾ ਦੀ ਦਰ ਕੇਵਲ 4.98 ਫੀਸਦੀ ਰਹੀ। ਯਾਦ ਰਹੇ ਕਿ ਯੂ ਏ ਪੀ ਏ ਅਤੇ ਐੱਨ ਐੱਸ ਏ ਤਹਿਤ ਦਰਜ ਕੇਸਾਂ ਵਿਚ ਤਾਂ ਵਰ੍ਹਿਆਂ ਤੱਕ ਵੀ ਜ਼ਮਾਨਤ ਨਹੀਂ ਮਿਲਦੀ। ਉਮਰ ਖ਼ਾਲਿਦ ਅਤੇ ਸਰਜ਼ੀਲ ਇਮਾਮ ਦਾ ਕੇਸ ਅੰਤਰਰਾਸ਼ਟਰੀ ਪੱਧਰ 'ਤੇ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਇਹੀ ਹਾਲ ਭੀਮਾ-ਕੋਰੇਗਾਓਂ ਕੇਸ ਨਾਲ ਸੰਬੰਧਤ ਚਿੰਤਕਾਂ, ਬੁੱਧੀਜੀਵੀਆਂ, ਸਮਾਜਿਕ ਕਾਰਕੁਨਾਂ ਤੇ ਲੇਖਕਾਂ ਦਾ ਹੈ। ਯੂ ਏ ਪੀ ਏ ਤਹਿਤ ਦਰਜ ਕੇਸਾਂ ਵਿਚ ਦੋ ਰਾਜਾਂ ਦਾ ਵਿਸ਼ੇਸ਼ ਜ਼ਿਕਰ ਕਰਨਾ ਬਣਦਾ ਹੈ। ਸਾਲ 2019 ਤੋਂ 2023 ਤੱਕ ਸਾਲਵਾਰ ਹੇਠ ਲਿਖੇ ਅਨੁਸਾਰ ਗ੍ਰਿਫ਼ਤਾਰੀਆਂ ਹੋਈਆਂ। ਪਹਿਲਾਂ ਜੰਮੂ-ਕਸ਼ਮੀਰ :

| ਸਾਲ | ਗ੍ਰਿਫ਼ਤਾਰੀਆਂ | ਸਜ਼ਾ |
|---|---|---|
| 2019 | 227 | 0 |
| 2020 | 346 | 2 |
| 2021 | 645 | 0 |
| 2022 | 1238 | 11 |
| 2023 | 1206 | 10 |

ਪੰਜ ਸਾਲਾਂ 'ਚ 3662 ਗ੍ਰਿਫ਼ਤਾਰੀਆਂ ਹੋਈਆਂ ਅਤੇ ਸਜ਼ਾ ਕੇਵਲ 23 ਵਿਅਕਤੀਆਂ ਨੂੰ। ਬਾਕੀ 3639 ਬੇਕਸੂਰਾਂ ਨੇ ਕਈ-ਕਈ ਵਰ੍ਹੇ ਜੇਲ੍ਹਾਂ 'ਚ ਬਿਤਾਏ।

ਜੰਮੂ ਕਸ਼ਮੀਰ 'ਚ 2019 ਤੋਂ 2023 ਤੱਕ 3662 ਵਿਅਕਤੀਆਂ ਨੂੰ ਯੂ ਏ ਪੀ ਏ ਤਹਿਤ ਜ਼ੇਲ੍ਹਾਂ ਵਿਚ ਬੰਦ ਕੀਤਾ ਗਿਆ ਅਤੇ ਭਾਰਤੀ ਸਟੇਟ ਕੇਵਲ 0.6 ਫੀਸਦੀ ਕੇਸਾਂ 'ਚ ਸਜ਼ਾ ਦਿਵਾ ਸਕੀ। ਸਪੱਸ਼ਟ ਹੈ ਕਿ 99 ਫੀਸਦੀ ਤੋਂ ਵੱਧ ਕਸ਼ਮੀਰੀਆਂ ਨੂੰ ਨਜਾਇਜ਼ ਜੇਲ੍ਹਾਂ 'ਚ ਰੱਖਿਆ ਗਿਆ। ਆਉ ਹੁਣ ਪੰਜਾਬ ਦੀ ਗੱਲ ਕਰੀਏ:

| ਸਾਲ | ਗ੍ਰਿਫ਼ਤਾਰੀਆਂ |
|---|---|
| 2019 | 30 |
| 2020 | 44 |
| 2021 | 49 |
| 2022 | 80 |
| 2023 | 50 |

ਇਸ ਤਰ੍ਹਾਂ ਪੰਜਾਬ ਵਿਚ ਯੂ ਏ ਪੀ ਏ ਤਹਿਤ ਪੰਜ ਸਾਲਾਂ 'ਚ 259 ਗ੍ਰਿਫ਼ਤਾਰੀਆਂ ਹੋਈਆਂ, ਪਰ ਸਜ਼ਾ ਕਿਸੇ ਇਕ ਨੂੰ ਵੀ ਨਹੀਂ ਹੋਈ। ਕੁਝ ਦੂਜੇ ਭਾਰਤੀ ਰਾਜਾਂ 'ਚ ਯੂ ਏ ਪੀ ਏ ਤਹਿਤ ਦਰਜ ਕੇਸਾਂ ਤੇ ਸਜ਼ਾ ਦੀ ਗਿਣਤੀ ਨੂੰ ਵੇਖੀਏ :

| ਰਾਜ | ਗ੍ਰਿਫ਼ਤਾਰੀਆਂ | ਸਜ਼ਾ |
|---|---|---|
| ਯੂ.ਪੀ. | 1122 | 76 |
| ਅਸਾਮ | 154 | 1 |
| ਮਨੀਪੁਰ | 130 | 0 |
| ਮੇਘਾਲਿਆ | 71 | 0 |

ਉੱਕਤ ਸਮੁੱਚੀ ਸੂਚਨਾ ਕੇਂਦਰੀ ਗ੍ਰਹਿ ਮੰਤਰਾਲੇ ਨੇ ਸੰਸਦ ਵਿਚ ਸਾਂਝੀ ਕੀਤੀ ਹੈ।

ਆਉ, ਹੁਣ ਆਰਥਿਕ ਅਪਰਾਧਾਂ ਬਾਰੇ ਇਕ ਦਮਨਕਾਰੀ ਕਾਨੂੰਨੀ ਸੰਸਥਾ ਈ ਡੀ ਦੀ ਦੁਰਵਰਤੋਂ ਬਾਰੇ ਕੁਝ ਤੱਥ ਜਾਣੀਏ। ਸਾਲ 2005-06 ਤੋਂ 2025-26 ਦੇ 20 ਸਾਲਾਂ 'ਚ 2396 ਕੇਸਾਂ, ਜਿਨ੍ਹਾਂ 'ਚ ਚਾਰਜਸ਼ੀਟ ਅਦਾਲਤ 'ਚ ਪੇਸ਼ ਕੀਤੀ ਗਈ, ਕੇਵਲ 56 ਮਾਮਲਿਆਂ 'ਚ ਹੀ ਦੋਸ਼ੀਆਂ ਨੂੰ ਸਜ਼ਾ ਸੁਣਾਈ ਗਈ-ਭਾਵ ਸਜ਼ਾ ਦੀ ਦਰ ਕੇਵਲ 2.33 ਫੀਸਦੀ ਸੀ। ਇਹ ਜਾਣਕਾਰੀ 2025-26 ਦੀ ਸਾਲਾਨਾ ਰਿਪੋਰਟ 'ਚ ਪਹਿਲੀ ਮਈ 2026 ਨੂੰ ਦਿੱਤੀ ਗਈ। ਘੱਟ ਸਜ਼ਾ ਦੇ ਦੋ ਪ੍ਰਮੁੱਖ ਕਾਰਨ ਹਨ। (ੳ) ਸੱਤਾਧਾਰੀ ਧਿਰ ਦੀ ਦਖ਼ਲ ਅੰਦਾਜ਼ੀ (ਅ) ਗਲ-ਗਲ ਤੱਕ ਧਸਿਆ ਭ੍ਰਿਸ਼ਟਾਚਾਰ ਅਤੇ ਅਫਸਰਸ਼ਾਹ ਦਖ਼ਲ ਅੰਦਾਜ਼ੀ। ਈ ਡੀ ਨੂੰ ਕੰਮ ਕਰਦਿਆਂ 70 ਸਾਲ ਹੋ ਗਏ ਹਨ। ਨਾ ਸਾਡੇ ਰਾਜਨੀਤੀਕ ਮਚਿਓਰ ਹੋਏ ਹਨ ਅਤੇ ਨਾ ਹੀ ਸਾਡੀਆਂ ਸੰਸਥਾਵਾਂ ਸੁਤੰਤਰ ਤੇ ਨਿਰਪੱਖ ਰਹਿ ਕੇ ਕਾਰਜ ਕਰਨ ਦੇ ਸਮਰੱਥ ਹੋ ਸਕੀਆਂ ਹਨ। ਸਿੱਟਾ ਇਹ ਹੈ ਕਿ ਜਨਵਰੀ 2016 ਤੋਂ ਦਸੰਬਰ 2025 ਤੱਕ ਈ ਡੀ ਨੇ 193 ਸਿਆਸਤਦਾਨਾਂ ਵਿਰੁੱਧ ਕੇਸ ਦਰਜ ਕੀਤੇ, ਪਰ ਇਸ ਦਹਾਕੇ ਵਿੱਚ ਸਜ਼ਾ ਕੇਵਲ ਦੋ ਨੂੰ ਹੀ ਦਿਵਾਈ ਜਾ ਸਕੀ। ਕਾਰਨ? 95 ਫੀਸਦੀ ਤੋਂ ਵੱਧ ਕੇਸ ਰਾਜਨੀਤਕ ਬਦਲਾਖ਼ੋਰੀ ਤਹਿਤ ਵਿਰੋਧੀ ਧਿਰਾਂ ਦੇ ਆਗੂਆਂ ਵਿਰੁੱਧ ਦਰਜ ਕੀਤੇ ਗਏ ਸਨ।

ਵਿਰੋਧੀ ਧਿਰ ਦੇ ਆਗੂਆਂ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ 2024-25 ਵਿਚ 1491 ਕੇਸ ਦਰਜ ਕੀਤੇ ਗਏ ਅਤੇ 2025-26 ਇਹ ਗਿਣਤੀ ਵਧ ਕੇ 2989 ਹੋ ਗਈ। ਇਹ ਗਿਣਤੀ 100 ਫੀਸਦੀ ਤੋਂ ਵੀ ਵੱਧ ਹੈ।

ਕੌਮੀ ਅਪਰਾਧ ਰਿਕਾਰਡ ਬਿਊਰੋ ਵੱਲੋਂ ਸਾਲ 1999 ਵਿਚ ਜਾਰੀ ਅੰਕੜਿਆਂ ਅਨੁਸਾਰ ਇਸ ਸਾਲ ਤੱਕ ਦੇਸ਼ ਵਿਚ 1116 ਜੇਲ੍ਹਾਂ ਸਨ ਅਤੇ ਇਨ੍ਹਾਂ 'ਚ 2,81,380 ਕੈਦੀ ਸਨ। ਸਪਸ਼ਟ ਹੈ ਕਿ ਔਸਤਨ ਹਰ ਜੇਲ੍ਹ ਵਿਚ 252 ਕੈਦੀ ਸਨ। ਸਾਲ 2022 ਵਿਚ ਜੇਲ੍ਹਾਂ ਦੀ ਗਿਣਤੀ ਵਧ ਕੇ 1330 ਹੋ ਗਈ ਅਤੇ ਕੈਦੀ ਵਧ ਕੇ 5,73,220 ਹੋ ਗਏ। ਕੈਦੀਆਂ ਦੀ ਗਿਣਤੀ ਦੁਗਣੀ ਹੋ ਗਈ। ਇਸੇ ਤਰ੍ਹਾਂ ਬੀਤੇ ਲਗਭਗ 25 ਸਾਲਾਂ 'ਚ ਜੇਲ੍ਹਾਂ ਦੀ ਗਿਣਤੀ 'ਚ 20 ਫੀਸਦੀ ਵਾਧਾ ਹੋਇਆ। ਦੂਜੇ ਪਾਸੇ ਕੌਮੀ ਅਪਰਾਧ ਰਿਕਾਰਡ ਬਿਊਰੋ ਅਨੁਸਾਰ 31 ਦਸੰਬਰ 2022 ਤੱਕ ਭਾਰਤੀ ਜੇਲ੍ਹਾਂ ਦੀ ਕੈਦੀ ਰੱਖਣ ਦੀ ਸਮਰੱਥਾ 4,36,266 ਸੀ ਪਰ ਜ਼ੇਲ੍ਹਾਂ 'ਚ ਬੰਦ ਕੈਦੀ ਸਮਰੱਥਾ ਤੋਂ ਕਿਤੇ ਵੱਧ 5,73,220 ਸਨ। ਭਾਵ ਕੁੱਲ ਸਮਰੱਥਾ ਤੋਂ 31 ਫੀਸਦੀ ਵੱਧ ਸਨ। ਅਗਲਾ ਦੁੱਖਦਾਈ ਪੱਖ ਇਹ ਹੈ ਕਿ ਇਨ੍ਹਾਂ 'ਚ 75 ਫੀਸਦੀ ਕੈਦੀ ਉਹ ਹਨ, ਜਿਨ੍ਹਾਂ ਦੇ ਮੁਕੱਦਮੇ ਅਜੇ ਸੁਣਵਾਈ ਅਧੀਨ ਹਨ। ਸਭ ਤੋਂ ਦੁੱਖਦਾਈ ਸਥਿਤੀ ਇਹ ਹੈ ਕਿ ਵੱਡੀ ਗਿਣਤੀ 'ਚ ਹਵਾਲਾਤੀਆਂ ਨੇ ਆਪਣੀ ਸੰਭਾਵੀ (ਵੱਧ ਤੋਂ ਵੱਧ) ਸਜ਼ਾ ਨਾਲੋਂ ਵੱਧ ਕੈਦ ਕੱਟ ਲਈ ਹੈ। ਇਨ੍ਹਾਂ ਦੀ ਵੱਡੀ ਗਿਣਤੀ ਦਲਿਤਾਂ, ਗਰੀਬਾਂ ਤੇ ਘੱਟ ਗਿਣਤੀਆਂ ਨਾਲ ਸੰਬੰਧਤ ਹੈ। ਇਕ ਹੋਰ ਹਿਕਾਰਤ ਯੋਗ ਪੱਖ ਇਹ ਹੈ ਕਿ ਵੱਡੀ ਗਿਣਤੀ 'ਚ ਕੈਦੀਆਂ ਨੇ ਵੀ ਅਦਾਲਤਾਂ ਵੱਲੋਂ ਸੁਣਾਈ ਸਜ਼ਾ ਨਾਲੋਂ ਕਿਤੇ ਵੱਧ ਸਜ਼ਾ ਕੱਟ ਲਈ ਹੈ। ਜੇਲ੍ਹਾਂ 'ਚ ਕੈਦੀਆਂ ਦੇ ਧੜਿਆਂ ਦੇ ਲੜਾਈ-ਝਗੜੇ, ਪੁਲਸ ਦਾ ਅੰਨ੍ਹਾ ਜਬਰ ਅਤੇ ਕੁਝ ਗੈਂਗਸਟਰ ਬੰਦੀਆਂ ਵੱਲੋਂ ਅਪਰਾਧੀ ਸਰਗਣਿਆਂ ਨਾਲ ਤਾਲਮੇਲ ਅਤੇ ਅਪਰਾਧਿਕ ਗਤੀਵਿਧੀਆਂ ਆਮ ਵਰਤਾਰਾ ਹੈ। ਜੇਲ੍ਹਾਂ 'ਚ ਨਸ਼ੇ ਤਾਂ ਸਰੇਆਮ ਵੇਚੇ-ਵਰਤੇ ਜਾਂਦੇ ਹਨ।

**# ਸੰਪਰਕ : 98768-01268**

# ਰਾਸ਼ਟਰ ਨਿਰਮਾਣ 'ਚ ਅਧਿਆਪਕਾਂ ਦਾ ਅਹਿਮ ਰੋਲ

**ਵਰਿੰਦਰ ਸ਼ਰਮਾ**

ਕੋਈ ਨਾ ਕੋਈ ਦਿਨ ਮਨਾਉਣ ਦੀ ਪ੍ਰੰਪਰਾ ਸਾਰੇ ਸੰਸਾਰ 'ਚ ਸਦੀਆਂ ਤੋਂ ਚਲੀ ਆ ਰਹੀ ਹੈ। ਸਾਡੇ ਭਾਰਤ ਦੇਸ਼ ਵਿਚ ਵੀ ਇਹ ਰਿਵਾਜ ਪੁਰਾਤਨ ਸਮੇਂ ਤੋਂ ਲਗਾਤਾਰ ਜਾਰੀ ਹੈ। ਪੰਜ ਸਤੰਬਰ ਦਾ ਦਿਨ 'ਅਧਿਆਪਕ ਦਿਵਸ' ਅਧਿਆਪਕਾਂ ਦੇ ਆਦਰ, ਸਤਿਕਾਰ ਅਤੇ ਸਨਮਾਨ ਵਜੋਂ ਮਨਾਇਆ ਜਾਂਦਾ ਹੈ। ਸਾਡੇ ਦੇਸ਼ ਭਾਰਤ 'ਚ ਅਧਿਆਪਕਾਂ ਦਾ ਮਾਣ-ਸਨਮਾਨ ਤਾਂ ਹਮੇਸ਼ਾ ਰਿਹਾ ਹੈ। ਇਨ੍ਹਾਂ ਤੋਂ ਬਿਨਾਂ ਸਮਾਜ ਅਧੂਰਾ ਹੈ। ਇਸੇ ਲਈ ਅਧਿਆਪਕ ਰਾਸ਼ਟਰ ਨਿਰਮਾਤਾ ਵੀ ਹਨ। ਨੌਜਵਾਨਾਂ ਦੀ ਵਾਗਡੋਰ ਇਨ੍ਹਾਂ ਦੇ ਹੱਥਾਂ 'ਚ ਹੀ ਹੈ। ਬੱਚਾ ਤਾਂ ਇਕ ਕੋਰੀ ਸਲੇਟ ਹੁੰਦਾ ਹੈ। ਉਸ @ਤੇ ਜੋ ਵੀ ਉਕੇਰ ਦਿੱਤਾ ਗਿਆ, ਜ਼ਿੰਦਗੀ ਭਰ ਉਸ ਦੀ ਅਮਿਟ ਛਾਪ ਬੱਚੇ 'ਤੇ ਰਹੇਗੀ। ਇਸ ਲਈ ਇਕ ਬੱਚੇ ਨੂੰ ਦੇਸ਼ ਦਾ ਇੱਕ ਚੰਗਾ ਨਾਗਰਿਕ ਬਣਾਉਣ ਦੀ ਅਧਿਆਪਕ ਦੇ ਮੋਢਿਆਂ 'ਤੇ ਬਹੁਤ ਵੱਡੀ ਜ਼ਿੰਮੇਵਾਰੀ ਆ ਜਾਂਦੀ ਹੈ, ਪਰ ਬਹੁਤ ਹੀ ਦੁੱਖ ਦੀ ਗੱਲ ਹੈ ਕਿ ਅੱਜ ਦੁਨੀਆ ਦੇ ਹੋਰਨਾਂ ਦੇਸ਼ਾਂ ਵਾਂਗ ਸਾਡੇ ਭਾਰਤ 'ਚ ਵੀ ਸਿੱਖਿਆ ਲੈਣ-ਦੇਣ ਇਕ ਪ੍ਰਕਾਰ ਦਾ ਬਹੁਤ ਵੱਡਾ ਕਾਰੋਬਾਰ ਬਣ ਗਿਆ ਹੈ। ਪੁਰਾਤਨ ਸਮੇਂ 'ਤੇ ਆਧੁਨਿਕ ਸਮਾਂ ਬੇਹੱਦ ਭਾਰੂ ਹੈ। ਵਰਤਮਾਨ ਸਮੇਂ ਵਿਦਿਆਰਥੀ ਤੇ ਅਧਿਆਪਕ ਦਾ ਆਪਸੀ ਸੰਬੰਧ ਵੇਚਣ ਅਤੇ ਖ੍ਰੀਦਣ ਵਾਲੇ ਵਾਂਗ ਹੋ ਗਿਆ ਹੈ। ਨਿਸਚਿਤ ਹੀ ਇਸ ਸਥਿਤੀ ਨੂੰ ਉਚਿਤ, ਚੰਗੀ, ਉਪਯੋਗੀ ਜਾਂ ਸਾਰਥਿਕ ਨਹੀਂ ਕਿਹਾ ਜਾ ਸਕਦਾ।




'ਅਧਿਆਪਕ ਦਿਵਸ' ਮਨਾਉਣ ਦੀ ਸਾਰਥਿਕਤਾ ਇਸ 'ਚ ਹੀ ਹੈ, ਜੇ ਅਧਿਆਪਕ ਦੇ ਮਹੱਤਵ ਨੂੰ ਭਲੀਭਾਂਤ ਸਮਝ ਲਿਆ ਜਾਵੇ। ਇਕ ਅਧਿਆਪਕ ਵੀ ਸਿੱਖਿਆ ਦੇਣ ਨੂੰ ਮਹਿਜ਼ ਵਪਾਰ ਨਹੀਂ, ਬਲਕਿ ਇਸ ਨੂੰ ਪਵਿੱਤਰ ਰਾਸ਼ਟਰੀ ਅਤੇ ਸੰਸਕ੍ਰਿਤਕ ਕੰਮ ਜਾਂ ਨੈਤਿਕ ਕਰਤੱਵ ਮੰਨੇ। ਸਾਨੂੰ ਲੱਗਦਾ ਹੈ ਕਿ ਹਰ ਸਾਲ 'ਅਧਿਆਪਕ ਦਿਵਸ' ਮਨਾਉਣ ਦੇ ਪਿੱਛੇ ਇਹੀ ਇੱਛਾ ਜਾਂ ਭਾਵਨਾ ਕੰਮ ਕਰਦੀ ਹੈ।

ਦਰਅਸਲ, ਆਜ਼ਾਦੀ ਮਿਲਣ ਤੋਂ ਬਾਅਦ ਸਾਡੇ ਦੇਸ਼ ਭਾਰਤ ਨੇ ਮੂਲ ਰੂਪ 'ਚ ਆਪਣੇ ਆਪ ਨੂੰ ਸਿੱਖਿਆ ਅਤੇ ਉੱਚੇ ਚਰਿੱਤਰ ਦੇ ਪੱਧਰ 'ਤੇ ਉਚਾ ਚੁੱਕਣ ਲਈ ਡੂੰਘੀ ਸੋਚਣੀ ਸ਼ੁਰੂ ਕੀਤੀ। ਵਿੱਦਿਆ ਹੀ ਇੱਕ ਅਜਿਹੀ ਚੀਜ਼ ਹੈ, ਜਿਸ ਨਾਲ ਮਨੁੱਖ ਆਪਣੇ ਆਪ ਨੂੰ ਪੁਲਾੜ ਦੀਆਂ ਉਚਾਈਆਂ ਤੱਕ ਪਹੁੰਚਾਉਣ ਵਿੱਚ ਸਫ਼ਲਤਾ ਪ੍ਰਾਪਤ ਕਰਦਾ ਹੈ। ਸੁਤੰਤਰ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਨੇ ਪੁਰਾਤਨ ਅਤੇ ਆਧੁਨਿਕ ਭਾਰਤ ਦੀ ਸਿੱਖਿਆ ਦੇ ਦੀਵੇ ਮਹਾਮਹਿਮ ਰਾਜੇਂਦਰ ਪ੍ਰਸਾਦ ਤੋਂ ਬਾਅਦ ਰਾਧਾਕ੍ਰਿਸ਼ਨਨ ਨੂੰ ਦੂਜਾ ਰਾਸ਼ਟਰਪਤੀ ਨਿਯੁਕਤ ਕੀਤਾ, ਕਿਉਂਕਿ ਉਹ ਸਿੱਖਿਆ ਦੇ ਖੇਤਰ ਵਿੱਚ ਇੱਕ ਅਜਿਹੇ ਮਜ਼ਬੂਤ ਥੰਮ੍ਹ ਸਨ ਅਤੇ ਉਹ ਇੱਕ ਸਫਲ ਦਾਰਸ਼ਨਿਕ ਅਧਿਆਪਕ ਵੀ ਸੀ।ਸਾਡੇ ਉਭਰ ਰਹੇ ਰਾਸ਼ਟਰ ਨੇ ਉਨ੍ਹਾ ਦੇ ਜਨਮ ਦਿਨ ਨੂੰ ਅਧਿਆਪਕ ਦਿਵਸ ਵਜੋਂ ਸਵੀਕਾਰ ਕੀਤਾ। ਉਨ੍ਹਾ ਨੂੰ ਇੱਕ ਅਧਿਆਪਕ ਵਜੋਂ ਏਨਾ ਮਾਣ-ਸਤਿਕਾਰ ਦਿੱਤਾ ਗਿਆ ਕਿ 5 ਸਤੰਬਰ ਨੂੰ ਉਨ੍ਹਾ ਦਾ ਜਨਮ ਦਿਨ ਇਸ ਦੇਸ਼ ਨੇ ਅਧਿਆਪਕ ਦਿਵਸ ਨੂੰ ਹੀ ਸਵੀਕਾਰ ਕਰ ਲਿਆ। ਇਤਿਹਾਸ ਦੱਸਦਾ ਹੈ ਕਿ ਜਦੋਂ ਤਤਕਾਲੀ ਪ੍ਰਧਾਨ ਮੰਤਰੀ ਨੇ ਰਾਧਾਕ੍ਰਿਸ਼ਨਨ ਨੂੰ ਭਾਰਤ ਦੀ ਸਿੱਖਿਆ ਦੇ ਪ੍ਰਤੀਨਿਧੀ ਵਜੋਂ ਰੂਸ ਵਿੱਚ ਰਾਜਦੂਤ ਵਜੋਂ ਭੇਜਿਆ ਤਾਂ ਉਸ ਨੇ ਸੋਵੀਅਤ ਯੂਨੀਅਨ ਦੇ ਸ਼ਕਤੀਸ਼ਾਲੀ ਆਗੂ ਸਟਾਲਿਨ ਦੀ ਗੱਲ੍ਹ 'ਤੇ ਏਨੇ ਨਰਮ ਤਰੀਕੇ ਨਾਲ ਛੂਹਿਆ ਕਿ ਅਜਿਹੇ ਮਹਾਨ ਨੇਤਾ ਨੇ ਉਨ੍ਹਾ ਨੂੰ ਗੁਰੂ ਕਹਿ ਕੇ ਸਤਿਕਾਰਿਆ।

ਹਰ ਸਾਲ ਇਸ ਦਿਨ ਭਾਰਤ ਆਪਣੇ ਅਧਿਆਪਕਾਂ ਦਾ ਸਨਮਾਨ ਕਰਨ ਲਈ ਸਰਵੋਤਮ ਅਧਿਆਪਕਾਂ ਦੀ ਚੋਣ ਕਰਦਾ ਹੈ। ਇਹ ਅਧਿਆਪਕ ਦਿਵਸ ਸਤੰਬਰ ਦੇ ਪੰਜਵੇਂ ਦਿਨ ਪੂਰੇ ਦੇਸ਼ ਵਿੱਚ ਮਨਾਇਆ ਜਾਂਦਾ ਹੈ। ਇਸ ਦਿਨ ਦੇਸ਼ ਬੀਤੇ ਸਮੇਂ ਦੇ ਯੋਗ ਅਧਿਆਪਕਾਂ ਨੂੰ ਯਾਦ ਕਰਦਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਦੇਸ਼ ਸਿੱਖਿਆ ਦੇ ਖੇਤਰ ਵਿੱਚ ਦਿਨ-ਰਾਤ ਦੁੱਗਣੀ-ਚੌਗੁਣੀ ਤਰੱਕੀ ਕਰਦਾ ਰਹੇ -ਅਜਿਹਾ ਦ੍ਰਿੜ੍ਹ ਇਰਾਦਾ ਦਿਲਾਂ ਵਿੱਚ ਵਸਾਇਆ ਜਾਂਦਾ ਹੈ।

ਗੁਰੂ ਪੂਰਨਿਮਾ 'ਤੇ ਵੀ ਦੇਸ਼ ਆਪਣੇ ਸਤਿਕਾਰਯੋਗ ਗੁਰੂਆਂ ਨੂੰ ਯਾਦ ਕਰਦਾ ਹੈ ਅਤੇ ਉਨ੍ਹਾਂ ਦੀ ਪੂਜਾ ਕਰਦਾ ਹੈ। ਇਹ ਦਿਨ ਭਾਦੋਂ ਮਹੀਨੇ ਦੀ ਪੂਰਨਮਾਸ਼ੀ ਨੂੰ ਆਉਂਦਾ ਹੈ। ਕੌਮੀ ਰੂਪ 'ਚ ਅਧਿਆਪਕਾਂ ਪ੍ਰਤੀ ਸਤਿਕਾਰ ਸਤੰਬਰ ਮਹੀਨੇ ਦੀ ਪੰਜਵੀਂ ਤਰੀਕ ਨੂੰ ਹੀ ਪ੍ਰਗਟ ਹੁੰਦਾ ਹੈ। ਅਧਿਆਪਕ ਰਾਸ਼ਟਰ ਦੇ ਅਸਲੀ ਨਿਰਮਾਤਾ ਹਨ। ਭਾਰਤ ਦੇ ਅਧਿਆਪਕਾਂ ਦੇ ਉੱਚੇ ਚਰਿੱਤਰ ਦੀ ਸਿੱਖਿਆ ਦੁਨੀਆ ਨੂੰ ਵੀ ਸੇਧ ਦੇਵੇਗੀ। ਇਸ ਲਈ 'ਪ੍ਰਿਥਿਵਯਮ ਸਰਵਮਾਨਵ' ਦੀ ਤੁਕ ਦੁਹਰਾਈ ਜਾਂਦੀ ਹੈ। ਇਹ ਅਧਿਆਪਕ ਹੀ ਹਨ ਜੋ ਆਪਣੀ ਮਿਹਨਤ ਨਾਲ ਧਰਤੀ ਨੂੰ ਇਹ ਬ੍ਰਹਮਤਾ ਪ੍ਰਦਾਨ ਕਰਦੇ ਹਨ। ਇਸ ਲਈ ਕਿਹਾ ਗਿਆ :

ਅਧਿਆਪਕ ਹਨ ਦੁਨੀਆ ਦੇ ਨਿਰਮਾਤਾ,
ਗੀਤ ਉਨ੍ਹਾਂ ਦੇ ਗਾਉਂਦੇ ਹਾਂ
ਸਿੱਖਿਆ ਦੇਣ ਵਾਲੇ ਹਰ ਪਲ ਯਾਦ ਦੇਸ਼ ਨੂੰ ਆਉਂਦੇ ਹਨ।

**# ਸੰਪਰਕ: 94172-80333**

# ਸਮਾਜ ਨੂੰ ਜਗਾਉਣ ਵਾਲਿਓ, ਆਪ ਵੀ ਜਾਗੋ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਕੋਈ ਵੇਲਾ ਸੀ, ਜਦੋਂ ਭਾਰਤ ਵਿਚ ਪ੍ਰੈੱਸ ਭਾਵ ਪੱਤਰਕਾਰਤਾ ਨੂੰ ਲੋਕਤੰਤਰ ਦਾ ਚੌਥਾ ਥੰਮ੍ਹ ਆਖ ਕੇ ਵਡਿਆਇਆ ਜਾਂਦਾ ਸੀ। ਸੱਚੇ-ਸੁੱਚੇ, ਈਮਾਨਦਾਰ, ਇੱਜ਼ਤਦਾਰ ਅਤੇ ਨੈਤਿਕ ਗੁਣਾਂ ਪੱਖੋਂ ਖਰੇ ਪੱਤਰਕਾਰਾਂ ਦੇ ਗੁਰਦਿਆਂ ਵਿਚ ਐਨੀ ਜੁਰਅਤ ਹੁੰਦੀ ਸੀ ਕਿ ਉਹ ਸੱਤਾ ਅਤੇ ਨਿਆਂ ਦੇ ਉੱਚੇ ਤਖ਼ਤਾਂ 'ਤੇ ਬੈਠੇ ਲੋਕਾਂ ਨੂੰ ਸਵਾਲ ਕਰਨ ਤੋਂ ਡਰਦੇ ਜਾਂ ਝਿਜਕਦੇ ਨਹੀਂ ਸਨ। ਰੇਡੀਓ ਜਾਂ ਟੀ ਵੀ ਜਿਹੇ ਜਨਤਕ ਪਲੇਟਫ਼ਾਰਮਾਂ 'ਤੇ ਉਹ ਵੱਡੇ ਸਿਆਸਤਦਾਨਾਂ ਅਤੇ ਸੱਤਾਧਾਰੀਆਂ ਨੂੰ ਅਜਿਹੇ ਸਵਾਲ ਪੁੱਛ ਲੈਂਦੇ ਸਨ ਕਿ ਵੱਡੇ-ਵੱਡਿਆਂ ਦੇ ਪਸੀਨੇ ਛੁੱਟ ਜਾਇਆ ਕਰਦੇ ਸਨ। ਖੋਜੀ ਅਤੇ ਨਿਰਭਉ ਪੱਤਰਕਾਰਾਂ ਦੇ ਸਵਾਲਾਂ ਦੇ ਸਹੀ ਜਵਾਬ ਦੇਣ 'ਚ ਅਸਮਰਥ ਰਹਿਣ ਕਰਕੇ ਕਈ ਮੰਤਰੀਆਂ ਨੂੰ ਆਪਣੇ ਅਹੁਦੇ ਗੁਆਉਣੇ ਪੈਂਦੇ ਸਨ, ਤੇ ਕੇਂਦਰ ਜਾਂ ਸੂਬਾ ਸਰਕਾਰਾਂ ਹਿੱਲ ਜਾਇਆ ਕਰਦੀਆਂ ਸਨ ਪਰ ਇਹ ਸਭ ਹੁਣ ਬੀਤੇ ਦੀ ਬਾਤ ਹੋ ਗਿਆ ਲਗਦਾ ਹੈ। ਹੁਣ ਤੱਥਹੀਣ ਅਤੇ ਬੇਅਰਥੇ ਸਵਾਲਾਂ ਦੀਆਂ ਖੁੰਢੀਆਂ ਤਲਵਾਰਾਂ ਨਾਲ ਨੋਟਾਂ ਦੀ ਪੈੜ 'ਤੇ ਪੈਰ ਧਰ ਕੇ ਪੱਤਰਕਾਰੀ ਕਰਦੇ ਅਜੋਕੇ ਅਖ਼ੌਤੀ ਪੱਤਰਕਾਰਾਂ ਨੇ ਪੱਤਰਕਾਰੀ ਦੀ ਪੱਤ ਰੋਲ ਕੇ ਰੱਖ ਦਿੱਤੀ ਹੈ।

ਕਿੰਨੀ ਸ਼ਰਮ ਦੀ ਗੱਲ ਹੈ ਕਿ ਦੇਸ਼ ਵਿਚ ਹੋ ਰਹੇ ਵੱਡੇ ਅੰਦੋਲਨਾਂ ਵਿਚ ਹੁਣ ਅਖੌਤੀ 'ਦਿੱਗਜ਼ ਪੱਤਰਕਾਰਾਂ' ਨੂੰ ਵੜਨ ਤੱਕ ਨਹੀਂ ਦਿੱਤਾ ਜਾਂਦਾ, ਸਗੋਂ ਸਰੇਆਮ ਉਨ੍ਹਾਂ ਦੀ ਖ਼ਿਲਾਫ਼ਤ ਦੇ ਨਾਅਰੇ ਲਗਾ ਕੇ ਤੇ 'ਬੇਇੱਜ਼ਤ' ਕਰਕੇ ਉਥੋਂ ਬਾਹਰ ਕੱਢ ਦਿੱਤਾ ਜਾਂਦਾ ਹੈ। ਪੱਤਰਕਾਰਾਂ ਦੀ ਇਸ ਫ਼ਜ਼ੀਹਤ ਲਈ ਕੀ ਕੋਈ ਹੋਰ ਧਿਰ ਜ਼ਿੰਮੇਵਾਰ ਹੈ ਜਾਂ ਫਿਰ ਸਾਰਾ ਕਸੂਰ ਪੱਤਰਕਾਰ ਭਾਈਚਾਰੇ ਦਾ ਆਪਣਾ ਹੈ? ਦਰਅਸਲ ਸੰਨ 2014 ਤੋਂ ਬਾਅਦ ਇਸ ਮੁਲਕ ਵਿਚ ਪੱਤਰਕਾਰਾਂ ਦੀ ਇਕ ਨਵੀਂ ਜਮਾਤ ਸਾਹਮਣੇ ਆਈ ਸੀ, ਜਿਸ ਨੂੰ 'ਗੋਦੀ ਮੀਡੀਆ' ਦਾ ਨਾਂਅ ਦਿੱਤਾ ਗਿਆ ਸੀ। ਇਸ ਜਮਾਤ ਦੇ ਪੱਤਰਕਾਰਾਂ ਬਾਰੇ ਇਹ ਰਾਇ ਸਾਹਮਣੇ ਆਈ ਸੀ ਕਿ ਇਹ ਪੱਤਰਕਾਰ ਸੱਤਾ ਧਿਰ ਅੱਗੇ ਪੂਰੀ ਤਰ੍ਹਾਂ ਨਤਮਸਤਕ ਹਨ ਅਤੇ ਸੱਤਾ ਧਿਰ ਤੋਂ ਉਸ ਦੀ ਮਾੜੀ ਜਾਂ ਚੰਗੀ ਕਾਰਗੁਜ਼ਾਰੀ ਬਾਰੇ ਸਵਾਲ ਪੁੱਛਣ ਦੀ ਥਾਂ ਸਾਰਾ ਦਿਨ ਵਿਰੋਧੀ ਦਲਾਂ ਨੂੰ ਜਾਂ ਪਿਛਲੀਆਂ ਸਰਕਾਰਾਂ ਨੂੰ ਭੰਡਦੇ ਰਹਿੰਦੇ ਹਨ। ਇਸ ਧਿਰ ਨਾਲ ਜੁੜੇ ਅਖ਼ਬਾਰਾਂ ਅਤੇ ਨਿਊਜ਼ ਚੈਨਲਾਂ ਦੇ ਪੱਤਰਕਾਰਾਂ ਨੇ ਚਾਪਲੂਸੀ ਦੀਆਂ ਸਾਰੀਆਂ ਹੱਦਾਂ ਪਾਰ ਕਰਦਿਆਂ ਹੋਇਆਂ ਤੇ ਆਪਣੇ ਪੱਤਰਕਾਰੀ ਦੇ ਧਰਮ ਨਾਲ ਗ਼ੱਦਾਰੀ ਕਰਦਿਆਂ ਹੋਇਆਂ ਸੱਤਾ ਧਿਰ ਦੇ ਵੱਡੇ ਸਿਆਸਤਦਾਨਾਂ ਨੂੰ ਦੇਸ਼ ਨੂੰ ਦਰਪੇਸ਼ ਵੱਡੇ ਸੰਜੀਦਾ ਅਤੇ ਸੰਵੇਦਨਸ਼ੀਲ ਮਸਲਿਆਂ ਬਾਰੇ ਸਵਾਲ ਕਰਨ ਦੀ ਥਾਂ ਉਨ੍ਹਾਂ ਦੇ ਅੰਬ ਖਾਣ ਦੇ ਤਰੀਕਿਆਂ ਜਾਂ ਜੇਬ ਵਿਚ ਪਰਸ ਰੱਖਣ ਜਾਂ ਨਾ ਰੱਖਣ ਜਿਹੇ ਹਲਕੇ ਪੱਧਰ ਦੇ ਸਵਾਲ ਪੁੱਛ ਕੇ ਸੱਚੀ-ਸੁੱਚੀ ਪੱਤਰਕਾਰੀ ਦਾ ਦਿਨ-ਦਿਹਾੜੇ ਘਾਣ ਕਰਨਾ ਸ਼ੁਰੂ ਕਰ ਦਿੱਤਾ।

ਨਿਊਜ਼ ਚੈਨਲਾਂ 'ਤੇ ਕੰਮ ਕਰਦੇ ਕਈ ਪੱਤਰਕਾਰ ਤਾਂ 'ਟੁਕੜਬੋਚ' ਬਣ ਕੇ ਆਪਣੇ ਖ਼ੁਦ ਦੇ ਨਿਊਜ਼ ਚੈਨਲ ਕਾਇਮ ਕਰਨ 'ਚ ਕਾਮਯਾਬ ਹੋ ਗਏ, ਜੋ ਸਾਰਾ ਦਿਨ ਸਰਕਾਰ ਦੇ ਗੁਣ ਅਤੇ ਵਿਰੋਧੀ ਧਿਰ ਦੀ ਆਲੋਚਨਾ ਦੇ ਕੁਝ ਵੀ ਹੋਰ ਨਹੀਂ ਕਰਦੇ ਹਨ। ਪੱਤਰਕਾਰ ਜਮਾਤ ਆਪਣੇ ਇਨ੍ਹਾਂ 'ਵਿਕੇ ਹੋਏ' ਸਾਥੀਆਂ ਨੂੰ ਸਮਝਾਉਣ ਅਤੇ ਆਪਣਾ ਫ਼ਰਜ਼ ਯਾਦ ਕਰਵਾਉਣ ਵਿਚ ਅਸਫ਼ਲ ਰਹੀ। ਸਭ ਤੋਂ ਦੁਖਦਾਇਕ ਅਤੇ ਚਿੰਤਾਜਨਕ ਪਹਿਲੂ ਉਸ ਵੇਲੇ ਸਾਹਮਣੇ ਆਇਆ, ਜਦੋਂ ਨਿਰਪੱਖ ਅਤੇ ਨਿਡਰ ਹੋ ਕੇ ਪੱਤਰਕਾਰੀ ਕਰਨ ਵਾਲੇ ਕੁਝ ਪੱਤਰਕਾਰਾਂ ਨੂੰ ਉਨ੍ਹਾਂ ਦੇ 'ਮਾਲਕਾਂ' ਨੇ ਅਹੁਦੇ ਤੋਂ ਹਟਾ ਦਿੱਤਾ ਤੇ ਸਰਕਾਰੀ ਦਹਿਸ਼ਤ ਦੇ ਚਲਦਿਆਂ ਅਤੇ ਸਰਕਾਰੀ ਇਸ਼ਤਿਹਾਰ ਖੁਸਣ ਤੋਂ ਡਰਦਿਆਂ ਮੁੜ ਕਿਸੇ ਦੂਜੇ ਚੈਨਲ ਜਾਂ ਅਖ਼ਬਾਰ ਨੇ ਉਨ੍ਹਾਂ ਮਿਹਨਤੀ ਅਤੇ ਸਿਰੜੀ ਪੱਤਰਕਾਰਾਂ ਨੂੰ ਅਪਣਾਉਣ ਦਾ ਹੀਆ ਹੀ ਨਾ ਕੀਤਾ, ਪਰ ਗ਼ਨੀਮਤ ਇਹ ਰਹੀ ਕਿ ਉਹ ਪੱਤਰਕਾਰ 'ਸੱਚ ਬੋਲਣ ਅਤੇ ਸੱਚ ਲਿਖਣ' ਦੇ ਆਪਣੇ ਪੱਤਰਕਾਰੀ ਵਾਲੇ 'ਧਰਮ' ਤੋਂ ਫਿਰ ਵੀ ਪਿੱਛੇ ਨਾ ਹਟੇ ਤੇ ਸੋਸ਼ਲ ਮੀਡੀਆ ਰਾਹੀਂ ਆਪਣੀ ਆਵਾਜ਼ ਬੁਲੰਦ ਕਰਦੇ ਹੀ ਰਹੇ ਤੇ ਅੱਜ ਵੀ ਕਰ ਰਹੇ ਹਨ। ਆਪਣੇ ਹੀ ਸੱਚੇ-ਸੁੱਚੇ ਸਾਥੀਆਂ ਦੀ 'ਬੇਪਤੀ' ਖ਼ਿਲਾਫ 'ਖ਼ਾਮੋਸ਼' ਰਹਿਣ ਵਾਲਾ ਸਮੂਹ ਪੱਤਰਕਾਰ ਭਾਈਚਾਰਾ ਇਹ ਭੁੱਲ ਗਿਆ ਕਿ 'ਸਮਾਂ ਬੜਾ ਬਲਵਾਨ ਹੁੰਦਾ ਹੈ।' ਸਮਾਂ ਕਿਸੇ ਨੂੰ ਨਹੀਂ ਬਖ਼ਸ਼ਦਾ ਹੈ। ਇਤਿਹਾਸ ਗਵਾਹ ਹੈ ਕਿ ਸਮਾਂ ਜ਼ਾਲਮ ਸੱਤਾਧਾਰੀ ਅਤੇ ਉਸ ਦੇ ਮਦਦਗਾਰਾਂ ਨੂੰ ਇਤਿਹਾਸ ਵਿਚ ਕਾਲੇ ਅੱਖਰਾਂ ਵਿਚ ਦਰਜ ਕਰਦਾ ਹੈ ਤੇ ਸੱਚ ਦਾ ਸਾਥ ਦੇਣ ਵਾਲਿਆਂ ਦੇ ਸੋਹਿਲੇ ਸਦੀਆਂ ਤੱਕ ਗਾਉਂਦਾ ਹੈ। ਦੇਸ਼ ਦੀ ਸਰਬਉੱਚ ਅਦਾਲਤ ਦੇ ਮੁਖੀ ਵੱਲੋਂ ਦੇਸ਼ ਦੇ ਨੌਜਵਾਨਾਂ ਸੰਬੰਧੀ ਕੀਤੀ ਤਲਖ਼ ਟਿੱਪਣੀ ਤੋਂ ਬਾਅਦ ਦੇਸ਼ ਦਾ ਨੌਜਵਾਨ 'ਜਾਗ' ਪਿਆ ਅਤੇ ਜਦੋਂ ਸੜਕਾਂ 'ਤੇ ਉਤਰ ਆਇਆ ਤਾਂ ਸੱਤਾ ਧਿਰ ਨੂੰ ਹੱਥਾਂ-ਪੈਰਾਂ ਦੀ ਪੈ ਗਈ ਤੇ ਇਸ ਸੰਵੇਦਨਸ਼ੀਲ ਸਮੇਂ ਵਿਚ ਵੀ 'ਸਰਕਾਰੀ ਪੱਤਰਕਾਰ', ਸਰਕਾਰ ਦਾ ਸਾਥ ਦਿੰਦੇ ਨਜ਼ਰ ਆਏ ਤੇ ਅੰਦੋਲਨਕਾਰੀ ਨੌਜਵਾਨ ਦਾ ਪੱਖ ਸਰਕਾਰ ਤੱਕ ਰੱਖਣ ਦੀ ਥਾਂ ਨੌਜਵਾਨਾਂ ਨੂੰ ਬਦਨਾਮ ਕਰਦੇ ਅਤੇ ਸਰਕਾਰ ਦਾ ਪੱਖ ਪੂਰਦੇ ਹੋਏ ਨਜ਼ਰ ਆਏ, ਜਿਸ ਦਾ ਸਿੱਟਾ ਇਹ ਨਿਕਲਿਆ ਕਿ ਦੇਸ਼ ਦੇ ਨੌਜਵਾਨਾਂ ਦਾ ਇਕ ਵੱਡਾ ਵਰਗ 'ਗੋਦੀ ਮੀਡੀਆ' ਦੇ ਖ਼ਿਲਾਫ ਉਠ ਖੜ੍ਹਾ ਹੋਇਆ ਤੇ 'ਗੋਦੀ ਮੀਡੀਆ ਗੋ ਬੈਕ' ਦੇ ਨਾਅਰੇ ਮਾਰਨ ਲੱਗ ਪਿਆ। ਦਰਅਸਲ ਹੁਣ ਉਹ ਵੇਲਾ ਆ ਗਿਆ ਹੈ, ਜਦੋਂ ਪੱਤਰਕਾਰੀ ਦੀ ਪਵਿੱਤਰਤਾ ਕਾਇਮ ਰੱਖਣ ਦੇ ਹਾਮੀ ਪੱਤਰਕਾਰਾਂ ਨੂੰ ਇਕਜੁੱਟ ਹੋ ਕੇ 'ਠੀਕ ਨੂੰ ਠੀਕ' ਅਤੇ 'ਗ਼ਲਤ ਨੂੰ ਗ਼ਲਤ' ਆਖਣ ਦੀ ਆਦਤ ਪਾ ਲੈਣੀ ਚਾਹੀਦੀ ਹੈ। ਪੱਤਰਕਾਰ ਕਿਸੇ ਦਾ ਵੀ 'ਸਕਾ' ਨਹੀਂ ਹੋਣਾ ਚਾਹੀਦਾ। ਉਸ ਲਈ ਸੱਚ ਅਤੇ ਨਿਰਪੱਖਤਾ ਤੋਂ 'ਤੇ ਨਾ ਕੋਈ ਵਿਅਕਤੀ ਹੋਣਾ ਚਾਹੀਦਾ ਹੈ ਤੇ ਨਾ ਕੋਈ ਅਦਾਰਾ। ਨੋਟਾਂ ਜਾਂ ਅਹੁਦਿਆਂ ਬਦਲੇ ਅਸੂਲ ਨਹੀਂ ਵਿਕਣੇ ਚਾਹੀਦੇ ਹਨ। ਪੱਤਰਕਾਰੀ ਇਕ ਕਿੱਤਾ ਨਹੀਂ, ਸਗੋਂ ਇਕ 'ਧਰਮ' ਸਮਝਿਆ ਜਾਣਾ ਚਾਹੀਦਾ ਹੈ। ਇਸ ਦੇਸ਼ ਨੇ ਵਿਨੋਦ ਦੂਆ, ਮਾਰਕ ਟੱਲੀ,ਕਰਨ ਥਾਪਰ,ਬਰਖਾ ਦੱਤ, ਰਵੀਸ਼ ਕੁਮਾਰ,ਪ੍ਰਣਯ ਰਾਏ, ਰਾਜਦੀਪ ਸਰਦੇਸਾਈ, ਸੰਦੀਪ ਚੌਧਰੀ ਅਤੇ ਆਸ਼ੂਤੋਸ਼ ਜਿਹੇ ਧਾਕੜ ਪੱਤਰਕਾਰ ਵੇਖੇ ਹਨ, ਜੋ ਸ਼ਕਤੀਸ਼ਾਲੀ ਤੋਂ ਸ਼ਕਤੀਸ਼ਾਲੀ ਸਿਆਸਤਦਾਨ ਅਤੇ ਅਫ਼ਸਰ ਦੀਆਂ ਅੱਖਾਂ 'ਚ ਅੱਖਾਂ ਪਾ ਕੇ ਸਵਾਲ ਪੁੱਛਣ ਦਾ ਮਾਦਾ ਰੱਖਦੇ ਹਨ ਤੇ ਜਵਾਬ ਦੇਣ ਵਾਲੀ ਧਿਰ ਦੇ ਛੱਕੇ ਛੁਡਾ ਦਿੰਦੇ ਹਨ।

ਦੇਸ਼ ਦੀ ਸਮੁੱਚੀ ਪੱਤਰਕਾਰ ਜਮਾਤ ਦੇ ਆਪਣੀ ਪੀੜ੍ਹੀ ਹੇਠ ਸੋਟਾ ਫੇਰਨ ਭਾਵ ਸਵੈ-ਪੜਚੋਲ ਕਰਨ ਦਾ ਸਮਾਂ ਆ ਗਿਆ ਹੈ, ਕਿਉਂਕਿ ਜਿੱਥੇ ਇਕ ਪਾਸੇ ਕੁਝ ਨਿਧੜਕ ਪੱਤਰਕਾਰ ਬਾਂਹ ਕੱਢ ਕੇ ਆਖਣ ਲੱਗ ਪਏ ਹਨ ਕਿ ਜੇਕਰ ਸੱਚ ਜਾਨਣਾ ਹੈ ਤਾਂ ਭਾਰਤ ਦੇ ਨਿਊਜ਼ ਚੈਨਲ ਵੇਖਣੇ ਬੰਦ ਕਰ ਦਿਉ, ਉਥੇ ਹੀ ਦੂਜੇ ਪਾਸੇ ਸੰਸਾਰ ਪੱਧਰ ਦੀ ਪੱਤਰਕਾਰਤਾ ਦੀ ਦਰਜਾਬੰਦੀ ਵਿਚ ਭਾਰਤ ਬੇਹੱਦ ਹੇਠਲੇ ਪਾਏਦਾਨ ਪੁੱਜ ਗਿਆ ਹੈ। ਕੌਮਾਂਤਰੀ ਪੱਤਰਕਾਰਤਾ ਵਿਚ ਭਾਰਤ ਦੀ ਸਾਖ਼ ਬਹੁਤ ਡਿੱਗ ਚੁੱਕੀ ਹੈ ਤੇ ਜੇਕਰ ਸਮਾਂ ਰਹਿੰਦਿਆਂ ਅਜੇ ਵੀ ਸਮਾਜ ਨੂੰ ਜਗਾਉਣ ਵਾਲੀ ਇਹ ਜਮਾਤ ਆਪ ਨਾ 'ਜਾਗੀ' ਤਾਂ ਉਹ ਦਿਨ ਦੂਰ ਨਹੀਂ, ਜਦੋਂ ਦੇਸ਼ ਦਾ ਨੌਜਵਾਨ ਵਰਗ ਭਾਰਤੀ ਪੱਤਰਕਾਰੀ ਅਤੇ ਪੱਤਰਕਾਰਾਂ ਨੂੰ ਆਪਣੀਆਂ 'ਦੁਕਾਨਾਂ' ਬੰਦ ਕਰਨ ਲਈ ਮਜਬੂਰ ਕਰ ਦੇਵੇਗਾ।

**# ਸੰਪਰਕ : 97816-46008**

# ਝੂਠੀ ਮੂਠੀ 7.8% ਵਿਕਾਸ ਦਰ ਦੱਸ ਕੇ ਮੋਦੀ ਸਰਕਾਰ ਲੋਕਾਂ ਨੂੰ ਗੁੰਮਰਾਹ ਕਰ ਰਹੀ : ਸੀ ਪੀ ਆਈ

## ਜੰਤਰ ਮੰਤਰ 'ਤੇ ਵਿਦਿਆਰਥੀਆਂ ਦੇ ਰੋਸ ਨੇ ਸਰਕਾਰ ਦੇ ਦਾਅਵੇ ਨੂੰ ਪਹਿਲਾਂ ਹੀ ਝੁਠਲਾ ਦਿੱਤਾ ਹੈ



ਚਮਕੌਰ ਸਿੰਘ ਕਾਰਜਕਾਰੀ ਜ਼ਿਲ੍ਹਾ ਸਕੱਤਰ — ਐਮ ਐਸ ਭਾਟੀਆ ਸ਼ਹਿਰੀ ਸਕੱਤਰ

**ਲੁਧਿਆਣਾ (ਨ ਜ਼ ਸ)**-ਸਾਲ 2026 ਦੀ ਪਹਿਲੀ ਤਿਮਾਹੀ ਦੀ 7.8% ਜੀਡੀਪੀ ਦਾ ਜੋ ਸਰਕਾਰ ਦਾਅਵਾ ਕਰ ਰਹੀ ਹੈ, ਬਾਰੇ ਵੱਖ-ਵੱਖ ਅਰਥ ਸ਼ਾਸਤਰੀਆਂ ਤੇ ਮਾਹਿਰਾਂ ਨੇ ਸ਼ੰਕਾ ਜ਼ਾਹਰ ਕਰਦਿਆਂ ਕਿਹਾ ਹੈ ਕਿ ਇਹ ਬਿਲਕੁਲ ਗਲਤ ਹੈ।ਇਸੇ ਸਿਲਸਿਲੇ ਵਿੱਚ ਭਾਰਤ ਦੇ ਸਾਬਕਾ ਵਿੱਤ ਸਕੱਤਰ ਤੇ ਆਰਥਿਕ ਮਾਮਲਿਆਂ ਦੇ ਸਕੱਤਰ ਸੁਭਾਸ਼ ਚੰਦਰ ਗਰਗ ਵੱਲੋਂ ਦਿੱਤੇ ਗਏ ਬਿਆਨ ਵਿੱਚ ਭਾਰਤੀ ਅਰਥਵਿਵਸਥਾ ਦੀ ਸਥਿਤੀ ਬਾਰੇ ਚਿੰਤਾ ਪ੍ਰਗਟ ਕਰਦਿਆਂ ਜ਼ੋਰ ਦਿੱਤਾ ਸੀ ਕਿ ਆਰਥਿਕ ਵਿਕਾਸ ਦੇ ਅੰਕੜਿਆਂ ਨੂੰ ਵਧਾ-ਚੜ੍ਹਾ ਕੇ ਪੇਸ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਸੀ ਕਿ ਮੰਦੀ ਨੂੰ ਨਜ਼ਰਅੰਦਾਜ਼ ਕਰਨ ਦੀ ਬਜਾਏ ਮੌਜੂਦਾ ਢਾਂਚਾਗਤ ਸਮੱਸਿਆਵਾਂ ਨੂੰ ਸਵੀਕਾਰ ਕੀਤਾ ਜਾਵੇ।ਸ਼੍ਰੀ ਗਰਗ ਨੇ ਵਿੱਤ ਮੰਤਰਾਲੇ ਅਧੀਨ ਭਾਰਤ ਦੇ ਆਰਥਿਕ ਮਾਮਲਿਆਂ ਦੇ ਸਕੱਤਰ (2017-2019) ਤੇ 2019 ਵਿੱਚ ਵਿੱਤ ਸਕੱਤਰ ਵਜੋਂ ਸੇਵਾ ਨਿਭਾਈ ਸੀ।ਅਹੁਦਾ ਛੱਡਣ ਤੋਂ ਬਾਅਦ, ਸ੍ਰੀ ਗਰਗ ਅਕਸਰ ਵਿੱਤੀ ਨੀਤੀ, ਜੀ.ਡੀ.ਪੀ. ਦੀ ਗਣਨਾ ਦੇ ਤਰੀਕਿਆਂ ਤੇ ਬਜਟ ਪ੍ਰਬੰਧਨ 'ਤੇ ਲਿਖਦੇ ਅਤੇ ਟਿੱਪਣੀਆਂ ਕਰਦੇ ਰਹੇ ਹਨ।ਉਹ ਅਕਸਰ ਸਰਕਾਰੀ ਅੰਕੜਿਆਂ ਤੇ ਆਰਥਿਕ ਰਿਪੋਰਟਾਂ ਵਿੱਚ ਵੱਧ ਤੋਂ ਵੱਧ ਪਾਰਦਰਸ਼ਤਾ ਦੀ ਵਕਾਲਤ ਕਰਦੇ ਹਨ।

ਇਥੇ ਜਾਰੀ ਇੱਕ ਬਿਆਨ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਨੇ ਮੰਗ ਕੀਤੀ ਹੈ ਕਿ ਮੋਦੀ ਸਰਕਾਰ ਆਪਣੇ ਪ੍ਰਚਾਰ ਤੰਤਰ ਤੇ ਆਈਟੀ ਸੈੱਲ ਰਾਹੀਂ ਝੂਠਾ ਕੂੜ ਪ੍ਰਚਾਰ ਬੰਦ ਕਰੇ ਅਤੇ ਇਸ ਦੀ ਅਸਲੀਅਤ ਲੋਕਾਂ ਨੂੰ ਦੱਸੇ।ਸਾਡੇ ਦੇਸ਼ ਦੀ ਪਿਛਲੇ ਸਾਲ ਦੀ ਜੀਡੀਪੀ 86.05 ਲੱਖ ਕਰੋੜ ਦੇ ਲਗਭਗ ਸੀ, ਜਦੋਂ ਕਿ ਇਸ ਸਾਲ ਦੀ ਜੀਡੀਪੀ 88.27 ਲੱਖ ਕਰੋੜ ਦੇ ਲਗਭਗ ਹੈ।

ਇਸ ਦੇ ਹਿਸਾਬ ਨਾਲ ਜੀਡੀਪੀ ਦੀ ਵਿਕਾਸ ਦਰ 2.6% ਪ੍ਰਤੀਸ਼ਤ ਬਣਦੀ ਹੈ।ਮੋਦੀ ਸਰਕਾਰ ਦਾ ਦਾਅਵਾ ਇਸ ਤੱਥ ਤੋਂ ਝੂਠਾ ਸਾਬਿਤ ਹੁੰਦਾ ਹੈ ਕਿ ਵਿਦਿਆਰਥੀਆਂ ਤੇ ਨੌਜਵਾਨਾਂ ਵਿੱਚ ਬੇਚੈਨੀ ਹੈ, ਕਿਉਂਕਿ ਉਨ੍ਹਾਂ ਨੂੰ ਨਾ ਤਾਂ ਯੋਗ ਸਿੱਖਿਆ ਮਿਲ ਰਹੀ ਹੈ ਅਤੇ ਨਾ ਹੀ ਰੁਜ਼ਗਾਰ।ਇਸ ਦਾ ਪ੍ਰਗਟਾਵਾ ਜੰਤਰ-ਮੰਤਰ ਵਿਖੇ ਹੋਏ ਵਿਰੋਧ ਪ੍ਰਦਰਸ਼ਨ ਦੌਰਾਨ ਵੀ ਹੋਇਆ, ਜਿੱਥੇ ਸਰਕਾਰ ਵੱਲੋਂ ਕੀਤੇ ਗਏ ਸਖ਼ਤ ਦਮਨ ਦੇ ਬਾਵਜੂਦ ਲੱਖਾਂ ਨੌਜਵਾਨ ਇਕੱਠੇ ਹੋਏ।ਜ਼ਰੂਰੀ ਵਸਤਾਂ, ਜਿਨ੍ਹਾਂ ਵਿੱਚ ਖੰਡ ਵੀ ਸ਼ਾਮਲ ਹੈ, ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਹੋਇਆ ਹੈ।ਬਿਆਨ ਜਾਰੀ ਕਰਨ ਵਾਲਿਆਂ ਵਿੱਚ ਪਾਰਟੀ ਦੇ ਕਾਰਜਕਾਰੀ ਜ਼ਿਲ੍ਹਾ ਚਮਕੌਰ ਸਿੰਘ, ਜ਼ਿਲ੍ਹਾ ਸਹਾਇਕ ਸਕੱਤਰ ਐੱਮ ਐੱਸ ਭਾਟੀਆ (ਸ਼ਹਿਰੀ ਸਕੱਤਰ) ਅਤੇ ਡਾ. ਰਜਿੰਦਰ ਪਾਲ ਸਿੰਘ ਔਲਖ, ਡਾ. ਅਰੁਣ ਮਿੱਤਰਾ, ਰਮੇਸ਼ ਰਤਨ, ਕੇਵਲ ਸਿੰਘ ਬਣਵੈਤ ਤੇ ਵਿਜੇ ਕੁਮਾਰ ਸ਼ਾਮਲ ਹਨ।

# ਉਗਰਾਹਾਂ ਜਥੇਬੰਦੀ ਵੱਲੋਂ ਡੀ ਸੀ ਦਫ਼ਤਰ ਮੂਹਰੇ ਧਰਨਾ ਛੇਵੇਂ ਦਿਨ 'ਚ ਦਾਖਲ

## ਧਰਨੇ 'ਚ ਵੱਡੀ ਗਿਣਤੀ ਮੁਲਾਜ਼ਮ ਤੇ ਪੈਨਸ਼ਨਰਜ਼ ਅਤੇ ਵਰਕਰਾਂ ਵੱਲੋਂ ਸ਼ਮੂਲੀਅਤ



**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਮਾਨਸਾ ਦੇ ਮੂਹਰੇ ਦਿਨ ਰਾਤ ਦਾ ਪੱਕਾ ਮੋਰਚਾ ਅੱਜ ਛੇਵੇਂ ਦਿਨ 'ਚ ਦਾਖਲ ਹੋ ਗਿਆ।ਇਸ ਧਰਨੇ ਦੀ ਇਹ ਵਿਸ਼ੇਸ਼ਤਾ ਰਹੀ ਕਿ ਉਗਰਾਹਾਂ ਜੱਥੇਬੰਦੀ ਵੱਲੋਂ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਨੂੰ ਖ਼ਾਸ ਤੌਰ 'ਤੇ ਸੱਦਾ ਦਿੱਤਾ ਗਿਆ ਸੀ ਅਤੇ ਅੱਜ ਦਾ ਇਹ ਦਿਨ ਮੁਲਾਜ਼ਮਾਂ ਨੂੰ ਸਮਰਪਤ ਸੀ।ਧਰਨੇ ਨੂੰ ਜ਼ਿਆਦਾਤਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਆਗੂਆਂ ਵੱਲੋਂ ਹੀ ਸੰਬੋਧਨ ਕੀਤਾ ਗਿਆ।ਇਸ ਮੌਕੇ ਵੱਖ ਵੱਖ ਮੁਲਾਜ਼ਮ ਤੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਆਗੂਆਂ ਨੇ ਕਿਹਾ ਕਿ ਇਸ ਤਰ੍ਹਾਂ ਦੀ ਏਕਤਾ ਮੁਲਾਜ਼ਮਾਂ, ਮਜ਼ਦੂਰਾਂ, ਕਿਸਾਨਾਂ ਲਈ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਮਨਵਾਉਣ ਲਈ ਇੱਕ ਸ਼ੁਭ ਸੰਕੇਤ ਤੋਂ ਇਲਾਵਾ ਸਮੇਂ ਦੀ ਅਣਸਰਦੀ ਲੋੜ ਹੈ।ਮੁਲਾਜ਼ਮ ਤੇ ਪੈਨਸ਼ਨਰਜ਼ ਆਗੂਆਂ ਨੇ ਕਿਹਾ ਕਿ ਸਰਕਾਰ ਦੀ ਫੁੱਟ ਪਾਓ ਤੇ ਰਾਜ ਕਰੋ ਦੀ ਨੀਤੀ ਨੂੰ ਕਿਸੇ ਵੀ ਸੂਰਤ 'ਚ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।ਇਸ ਮੌਕੇ ਉਗਰਾਹਾਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਭੈਣੀ ਬਾਘਾ ਨੇ ਸਾਰੀਆਂ ਧਿਰਾਂ ਦੇ ਇੱਕ ਮੰਚ 'ਤੇ ਇਕੱਠੇ ਹੋਣ ਲਈ ਵਧਾਈ ਦਿੰਦਿਆਂ ਕਿਹਾ ਕਿ ਇਸ ਨੂੰ ਭਵਿੱਖ 'ਚ ਵੀ ਇਸੇ ਤਰ੍ਹਾਂ ਜਾਰੀ ਰੱਖਿਆ ਜਾਵੇਗਾ ਤਾਂ ਜੁ ਮੁਲਾਜ਼ਮਾਂ, ਮਜ਼ਦੂਰਾਂ, ਕਿਸਾਨਾਂ ਤੇ ਆਮ ਲੋਕਾਂ 'ਤੇ ਹੋ ਰਹੇ ਹਰ ਤਰ੍ਹਾਂ ਦੇ ਹਮਲਿਆਂ ਨੂੰ ਠੱਲ੍ਹ ਪਾਈ ਜਾ ਸਕੇ।ਉਨ੍ਹਾਂ ਕਿਹਾ ਕਿ ਆਪਣੇ ਅਧਿਕਾਰਾਂ ਤੇ ਜਾਇਜ਼ ਮੰਗਾਂ ਮਸਲਿਆਂ ਦੇ ਸਾਰਥਿਕ ਤੇ ਢੁੱਕਵੇਂ ਹੱਲ ਲਈ ਏਕਤਾ ਹੀ ਇੱਕੋ ਇੱਕ ਰਸਤਾ ਬਚਿਆ ਹੈ।ਇਸ ਮੌਕੇ ਕੇਂਦਰ ਤੇ ਸੂਬੇ ਦੀ ਸਰਕਾਰ ਖ਼ਿਲਾਫ਼ ਜੰਮ ਕੇ ਪ੍ਰਦਰਸ਼ਨ ਤੇ ਨਾਅਰੇਬਾਜ਼ੀ ਵੀ ਕੀਤੀ ਗਈ।ਰੋਸ ਧਰਨੇ ਨੂੰ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸਿਕੰਦਰ ਸਿੰਘ ਘਰਾਂਗਣਾਂ, ਆਤਮਾ ਸਿੰਘ ਪਮਾਰ, ਪੁਰਾਣੀ ਪੈਨਸ਼ਨ ਬਹਾਲੀ ਦੇ ਦਰਸ਼ਨ ਸਿੰਘ ਅਲੀਸ਼ੇਰ, ਡੀ ਪੀ ਐੱਸ ਦੇ ਨਵੀਨ ਗੋਇਲ, ਜੀ ਟੀ ਯੂ ਦੇ ਗੁਰਪ੍ਰੀਤ ਸਿੰਘ ਦਲੇਲ ਵਾਲਾ, ਪੁਲਸ ਪੈਨਸ਼ਨਰਜ਼ ਦੇ ਗੁਰਚਰਨ ਸਿੰਘ ਮੰਦਰਾਂ, ਪ੍ਰਤਾਪ ਸਿੰਘ ਖੁਡਾਲ, ਜਸਵੰਤ ਮੌਜੋ, ਬਿਜਲੀ ਬੋਰਡ ਪੈਨਸ਼ਨਰਜ਼ ਐਸੋਸੀਏਸ਼ਨ ਲੱਖਣ ਲਾਲ, ਬਿੱਕਰ ਸਿੰਘ ਮੰਘਾਣੀਆਂ, ਪੀ ਆਰ ਟੀ ਸੀ ਦੇ ਹਾਕਮ ਸਿੰਘ, ਕਰਮਜੀਤ ਸਿੰਘ ਤਾਮਕੋਟ, ਰਾਜਵਿੰਦਰ ਸਿੰਘ ਬਹਿਣੀਵਾਲ, ਕਿਸਾਨ ਆਗੂ ਇੰਦਰਜੀਤ ਸਿੰਘ ਝੱਬਰ ਨੇ ਵੀ ਸੰਬੋਧਨ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਜਗਸੀਰ ਸਿੰਘ ਜਵਾਹਰਕੇ ਵੱਲੋਂ ਬਾਖ਼ੂਬੀ ਨਿਭਾਈ ਗਈ।

# ਆਪਣੇ ਖਰਚੇ 'ਤੇ ਸਕੂਲ ਸੁੰਦਰ ਬਣਾਉਣ ਦੇ ਫੁਰਮਾਨਾਂ ਤੋਂ ਅਧਿਆਪਕਾਂ 'ਚ ਰੋਸ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਸਰਕਾਰ ਤੇ ਸਕੂਲ ਸਿੱਖਿਆ ਵਿਭਾਗ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ 1 ਸਤੰਬਰ ਤੋਂ 15 ਸਤੰਬਰ ਤੱਕ ਸਵੱਛਤਾ ਪਖਵਾੜਾ ਮਨਾਉਣ ਸਬੰਧੀ ਹੁਕਮ ਜਾਰੀ ਕੀਤੇ ਗਏ ਹਨ। ਇੱਕ ਪਾਸੇ ਵਿਭਾਗ ਵੱਲੋਂ ਸਵੱਛਤਾ ਪਖਵਾੜੇ ਨੂੰ ਸਫਲ ਬਣਾਉਣ ਲਈ ਅਧਿਆਪਕਾਂ ਨੂੰ ਵੱਖ-ਵੱਖ ਗਤੀਵਿਧੀਆਂ ਕਰਨ ਦੇ ਨਿਰਦੇਸ਼ ਦਿੱਤੇ ਜਾ ਰਹੇ ਹਨ, ਜਦਕਿ ਦੂਜੇ ਪਾਸੇ ਅਧਿਆਪਕਾਂ ਦਾ ਦੋਸ਼ ਹੈ ਕਿ ਸਕੂਲਾਂ ਦੀ ਸਫਾਈ ਤੇ ਰੱਖ-ਰਖਾਅ ਲਈ ਲੋੜੀਂਦੇ ਫੰਡ ਮੁਹੱਈਆ ਕਰਵਾਉਣ ਦੀ ਬਜਾਏ ਉਨ੍ਹਾਂ 'ਤੇ ਆਪਣੀ ਜੇਬ ਵਿੱਚੋਂ ਪੈਸੇ ਖਰਚ ਕਰਨ ਦਾ ਦਬਾਅ ਬਣਾਇਆ ਜਾ ਰਿਹਾ ਹੈ। ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂ ਪਰਮਜੀਤ ਸਿੰਘ ਪੰਮਾ, ਮਲਕੀਤ ਸਿੰਘ ਹਰਾਜ, ਜਗਸੀਰ ਸਿੰਘ ਗਿੱਲ, ਹਰਜੀਤ ਸਿੰਘ ਸਿੱਧੂ, ਹਰਦੀਪ ਸਿੰਘ ਤੂਰ, ਸੁਖਜਿੰਦਰ ਸਿੰਘ ਖਾਨਪੁਰ, ਲਖਵਿੰਦਰ ਸਿੰਘ ਸਿਮਕ, ਸ਼ਲਿੰਦਰ ਕੰਬੋਜ, ਬਲਰਾਮ ਸ਼ਰਮਾ, ਸਰਬਜੀਤ ਸਿੰਘ ਭਾਵੜਾ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਸਫਾਈ, ਰੱਖ-ਰਖਾਅ ਤੇ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ, ਪਰ ਇਸ ਦੇ ਬਾਵਜੂਦ ਅਧਿਆਪਕਾਂ ਨੂੰ ਸਕੂਲਾਂ ਨੂੰ ਸਾਫ਼-ਸੁਥਰਾ ਤੇ ਸੁੰਦਰ ਦਿਖਾਉਣ ਲਈ ਆਪਣੀ ਜੇਬ ਵਿੱਚੋਂ ਪੈਸੇ ਖਰਚ ਕਰਨ, ਸਫਾਈ ਕਰਵਾਉਣ ਤੇ ਉਸ ਦੀਆਂ ਤਸਵੀਰਾਂ ਵਿਭਾਗੀ ਪੱਧਰ 'ਤੇ ਭੇਜਣ ਲਈ ਕਥਿਤ ਤੌਰ 'ਤੇ ਦਬਾਅ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆਗੂਆਂ ਨੇ ਸਵਾਲ ਕੀਤਾ ਕਿ ਜੇਕਰ ਸਰਕਾਰ ਕੋਲ ਸਕੂਲਾਂ ਦੀ ਸਫਾਈ ਤੇ ਰੱਖ-ਰਖਾਅ ਲਈ ਲੋੜੀਂਦਾ ਬਜਟ ਨਹੀਂ ਹੈ ਤਾਂ ਅਧਿਆਪਕਾਂ ਤੋਂ ਆਪਣੀ ਤਨਖਾਹ ਵਿੱਚੋਂ ਖਰਚਾ ਕਰਵਾਉਣ ਦੀ ਪ੍ਰਥਾ ਕਿਉਂ ਅਪਣਾਈ ਜਾ ਰਹੀ ਹੈ? ਉਨ੍ਹਾਂ ਕਿਹਾ ਕਿ ਅਧਿਆਪਕ ਪਹਿਲਾਂ ਹੀ ਵੱਖ-ਵੱਖ ਗੈਰ-ਵਿੱਦਿਅਕ ਕੰਮਾਂ ਦੇ ਵਾਧੂ ਬੋਝ ਹੇਠ ਕੰਮ ਕਰ ਰਹੇ ਹਨ ਅਤੇ ਹੁਣ ਸਕੂਲਾਂ ਦੀ ਸਫਾਈ, ਸਜਾਵਟ ਤੇ ਸੁੰਦਰਤਾ ਲਈ ਵੀ ਉਨ੍ਹਾਂ 'ਤੇ ਵਾਧੂ ਜ਼ਿੰਮੇਵਾਰੀਆਂ ਪਾਈਆਂ ਜਾ ਰਹੀਆਂ ਹਨ। ਅਧਿਆਪਕਾਂ ਦਾ ਮੁੱਖ ਕੰਮ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇਣਾ ਹੈ, ਨਾ ਕਿ ਆਪਣੀ ਤਨਖਾਹ ਵਿੱਚੋਂ ਸਕੂਲ ਦੀ ਸਫਾਈ ਜਾਂ ਸੁੰਦਰਤਾ ਲਈ ਪੈਸਾ ਖਰਚ ਕਰਨਾ। ਅਧਿਆਪਕ ਆਗੂਆਂ ਨੇ ਦਾਅਵਾ ਕੀਤਾ ਕਿ ਪਿਛਲੇ ਲਗਭਗ ਚਾਰ ਮਹੀਨਿਆਂ ਤੋਂ ਮਿਡ-ਡੇ-ਮੀਲ ਨਾਲ ਸਬੰਧਤ ਖਰਚਿਆਂ ਲਈ ਵੀ ਕਈ ਸਕੂਲਾਂ ਵਿੱਚ ਅਧਿਆਪਕਾਂ ਨੂੰ ਆਪਣੇ ਪੱਲਿਓਂ ਪੈਸੇ ਖਰਚ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ। ਉਨ੍ਹਾਂ ਦਾ ਦੋਸ਼ ਹੈ ਕਿ ਮੌਜੂਦਾ ਸੈਸ਼ਨ ਦੌਰਾਨ ਮਿਡ-ਡੇ-ਮੀਲ ਲਈ ਲੋੜੀਂਦੇ ਫੰਡ ਸਮੇਂ ਸਿਰ ਜਾਰੀ ਨਾ ਹੋਣ ਕਾਰਨ ਸਕੂਲ ਮੁਖੀਆਂ ਤੇ ਅਧਿਆਪਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਧਿਆਪਕ ਜਥੇਬੰਦੀਆਂ ਨੇ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਤੋਂ ਮੰਗ ਕੀਤੀ ਕਿ ਸਵੱਛਤਾ ਪਖਵਾੜੇ ਅਤੇ ਸਕੂਲਾਂ ਦੀ ਸਫਾਈ ਤੇ ਰੱਖ-ਰਖਾਅ ਲਈ ਲੋੜੀਂਦੇ ਫੰਡ ਤੁਰੰਤ ਜਾਰੀ ਕੀਤੇ ਜਾਣ ਅਤੇ ਅਧਿਆਪਕਾਂ ਨੂੰ ਆਪਣੀ ਜੇਬ ਵਿੱਚੋਂ ਪੈਸੇ ਖਰਚ ਕਰਨ ਲਈ ਕਿਸੇ ਵੀ ਤਰ੍ਹਾਂ ਦਾ ਦਬਾਅ ਨਾ ਪਾਇਆ ਜਾਵੇ। ਇਸ ਦੇ ਨਾਲ ਹੀ ਮਿਡ-ਡੇ-ਮੀਲ ਦੇ ਬਕਾਇਆ ਫੰਡ ਤੁਰੰਤ ਜਾਰੀ ਕਰਕੇ ਸਕੂਲਾਂ ਨੂੰ ਦਰਪੇਸ਼ ਵਿੱਤੀ ਸਮੱਸਿਆਵਾਂ ਦਾ ਹੱਲ ਕੀਤਾ ਜਾਵੇ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਸਕੂਲਾਂ ਦੀਆਂ ਬੁਨਿਆਦੀ ਲੋੜਾਂ ਲਈ ਲੋੜੀਂਦੇ ਫੰਡ ਜਾਰੀ ਨਾ ਕੀਤੇ ਤੇ ਅਧਿਆਪਕਾਂ 'ਤੇ ਨਿੱਜੀ ਖਰਚੇ ਦਾ ਦਬਾਅ ਜਾਰੀ ਰੱਖਿਆ ਤਾਂ ਅਧਿਆਪਕ ਜਥੇਬੰਦੀਆਂ ਵੱਲੋਂ ਇਸ ਮਾਮਲੇ ਨੂੰ ਲੈ ਕੇ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

## ਕਾਤਰਾਂ

### ਆਸ਼ਾ ਵਰਕਰ ਤੇ ਫੈਸਿਲੀਟੇਟਰ ਯੂਨੀਅਨ ਵੱਲੋਂ ਕੰਮ ਛੋੜ ਹੜਤਾਲ 5 ਤੋਂ

**ਮੋਗਾ (ਇਕਬਾਲ ਸਿੰਘ ਖਹਿਰਾ)**-ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਵੱਲੋਂ 5 ਸਤੰਬਰ 26 ਤੋਂ 15 ਸਤੰਬਰ 26 ਤੱਕ ਕੰਮ ਛੋੜ ਹੜਤਾਲ ਕੀਤੀ ਜਾ ਰਹੀ ਹੈ। ਇਸ ਹੜਤਾਲ ਦਾ ਅਸਰ ਸਭ ਤੋਂ ਜ਼ਿਆਦਾ ਹਾਈ ਰਿਸਕ ਗਰਭਵਤੀ ਔਰਤਾਂ ਜੱਚਾ ਬੱਚਾ ਦੇ ਟੀਕੇ ਕਰਨਾ ਤੇ ਜੱਚਾ ਬੱਚਾ ਦੀ ਦੇਖਭਾਲ ਅਤੇ ਟੀ ਬੀ ਦੇ ਮਰੀਜ਼ਾਂ 'ਤੇ ਗਹਿਰਾ ਅਸਰ ਪਵੇਗਾ। ਇਸ ਹੜਤਾਲ ਤੋਂ ਉਪਜਣ ਵਾਲੇ ਨੁਕਸਾਨਾਂ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਡਿਪਾਰਟਮੈਂਟ ਦੀ ਹੋਵੇਗੀ, ਕਿਉਂਕਿ ਸਾਡੀਆਂ ਲਮਕ ਅਵਸਥਾ ਚ ਪਈਆਂ ਮੰਗਾਂ ਦਾ ਅਜੇ ਤੱਕ ਕੋਈ ਨਿਪਟਾਰਾ ਨਹੀਂ ਕੀਤਾ ਗਿਆ, ਜਿਸ ਕਰਕੇ ਮੁੱਖ ਮੰਤਰੀ ਤੇ ਵਿੱਤ ਮੰਤਰੀ ਦੇ ਹਲਕੇ ਵਿੱਚ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਮੌਕੇ ਪਰਮਜੀਤ ਕੌਰ, ਕਮਲਦੀਪ ਕੌਰ, ਸੁਰਿੰਦਰ ਕੌਰ, ਸੋਮਾ, ਸੁਖਦੀਪ ਕੌਰ, ਸੁਖਜਿੰਦਰ ਕੌਰ, ਕੁਲਵੰਤ ਕੌਰ ਆਦਿ ਹਾਜ਼ਰ ਹੋਏ।

### ਮਾਤਾ ਹੁਕਮ ਦੇਵੀ ਦੇ ਦੇਹਾਂਤ 'ਤੇ ਦੁੱਖ ਪ੍ਰਗਟ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਲਵਾ ਪੰਜਾਬੀ ਸਾਹਿਤ ਸਭਾ (ਰਜਿ:) ਰਾਮਪੁਰਾ ਫੂਲ ਦੀ ਮੀਟਿੰਗ ਦਰਸ਼ਨ ਸਿੰਘ ਪ੍ਰੀਤੀਮਾਨ ਦੀ ਪ੍ਰਧਾਨਗੀ ਹੇਠ ਸ.ਸ.ਸ. ਸਕੂਲ ਪਿੰਡ ਰਾਮਪੁਰਾ ਵਿਖੇ ਹੋਈ। ਮੀਟਿੰਗ ਵਿੱਚ ਮਾਤਾ ਹੁਕਮ ਦੇਵੀ ਦੇ ਦਿਹਾਂਤ 'ਤੇ ਦੋ ਮਿੰਟ ਦਾ ਮੋਨ ਧਾਰਨ ਕੀਤਾ।ਮਾਤਾ ਹੁਕਮ ਦੇਵੀ ਸਵ: ਮਾਸਟਰ ਗਿਆਨ ਚੰਦ ਦੀ ਧਰਮ ਪਤਨੀ ਸਨ।ਮਾਤਾ ਹੁਕਮ ਦੇਵੀ ਦਾ ਭੋਗ 6 ਸਤੰਬਰ ਨੂੰ ਪਿੰਡ ਰਾਮਪੁਰਾ (ਬਠਿੰਡਾ) ਦੇ ਵੱਡਾ ਗੁਰਦੁਆਰਾ ਸਾਹਿਬ ਵਿਖੇ ਪਵੇਗਾ।ਇਸ ਮੀਟਿੰਗ ਵਿੱਚ ਹੈੱਡਮਾਸਟਰ ਹਰਿੰਦਰ ਸਿੰਘ ਭੁੱਲਰ, ਲੈਂਕ. ਦਹੂਦ ਸਿੰਘ, ਦਰਸ਼ਨ ਸਿੰਘ ਭੁੱਲਰ, ਹਰਬੰਸ ਸਿੰਘ ਖੁਰਮੀ, ਗਮਦੂਰ ਸਿੰਘ ਜੱਸੀ, ਜਗਸੀਰ ਸਿੰਘ ਸੀਰਾ, ਹਰਜੀਤ ਕੌਰ ਅਕਾਲੀ ਸਿੱਧੂ, ਪ੍ਰੀਤਮ ਸਿੰਘ ਆਰਟਿਸਟ, ਜਗਦੇਵ ਸਿੰਘ, ਗਗਨ ਫੂਲ ਹਰਜੀਤ ਸਿੰਘ ਸਿੱਧੂ ਫੂਲਕਾ, ਮਾ. ਗੁਰਦੀਪ ਸਿੰਘ ਚਹਿਲ, ਹੈੱਡ ਟੀਚਰ ਸੁਖਵਿੰਦਰ ਸਿੰਘ ਬਾਠ, ਡਾਕਟਰ ਨਿਰੰਜਨ ਸਿੰਘ ਚੌਹਾਨ ਮੀਟਿੰਗ ਵਿੱਚ ਹਾਜ਼ਰ ਹਨ।

### ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਭਲਕੇ

**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਤਹਿਤ 6 ਸਤੰਬਰ ਨੂੰ ਜ਼ਿਲ੍ਹਾ ਮਾਨਸਾ ਦੇ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ ਨਵਜੋਤ ਕੌਰ ਨੇ ਦੱਸਿਆ ਕਿ ਇਸ ਦੌਰਾਨ ਬੂਥ ਲੈਵਲ ਅਫ਼ਸਰ ਸਵੇਰੇ 10:00 ਤੋਂ ਸ਼ਾਮ 4:00 ਵਜੇ ਤੱਕ ਆਪਣੇ ਪੋਲਿੰਗ ਸਟੇਸ਼ਨਾਂ 'ਤੇ ਹਾਜ਼ਰ ਰਹਿ ਕੇ ਦਾਅਵੇ ਤੇ ਇਤਰਾਜ਼ ਪ੍ਰਾਪਤ ਕਰਨਗੇ।ਇਸ ਤੋਂ ਇਲਾਵਾ ਨਵੇਂ ਨਾਮ ਦਰਜ ਕਰਵਾਉਣ, ਵੇਰਵਿਆਂ 'ਚ ਸੋਧ ਜਾਂ ਹੋਰ ਤਬਦੀਲੀਆਂ ਲਈ ਵੀ ਨਾਗਰਿਕ ਸਬੰਧਤ ਬੀ.ਐੱਲ.ਓ. ਨਾਲ ਸੰਪਰਕ ਕਰ ਸਕਦੇ ਹਨ।ਜ਼ਿਲ੍ਹਾ ਚੋਣ ਅਫ਼ਸਰ ਨੇ ਸਮੂਹ ਯੋਗ ਨਾਗਰਿਕਾਂ ਤੇ ਖਾਸ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਪੋਲਿੰਗ ਸਟੇਸ਼ਨ 'ਤੇ ਪਹੁੰਚ ਕਵੋਟਰ ਸੂਚੀ 'ਚ ਨਾਮ ਦਰਜ ਕਰਵਾਉਣ ਲਈ ਫਾਰਮ ਨੰਬਰ 6 ਭਰਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਮੰਤਵ ਵੋਟਰ ਸੂਚੀਆਂ ਨੂੰ ਸਹੀ, ਅਪਡੇਟ ਤੇ ਤਰੁੱਟੀ ਰਹਿਤ ਬਣਾਉਣਾ ਹੈ।ਜ਼ਿਲ੍ਹਾ ਪ੍ਰਸ਼ਾਸਨ ਨੇ 18 ਸਾਲ ਤੋਂ ਵੱਧ ਉਮਰ ਦੇ ਯੋਗ ਨਾਗਰਿਕਾਂ ਨੂੰ 6 ਸਤੰਬਰ ਦੇ ਵਿਸ਼ੇਸ਼ ਕੈਂਪਾਂ 'ਚ ਵੱਧ ਤੋਂ ਵੱਧ ਸ਼ਮੂਲੀਅਤ ਕਰਕੇ ਆਪਣਾ ਨਾਮ ਵੋਟਰ ਸੂਚੀ 'ਚ ਦਰਜ ਕਰਵਾਉਣ ਦਾ ਸੱਦਾ ਦਿੱਤਾ।

# ਦੋ ਕਾਰਾਂ ਦੀ ਭਿਆਨਕ ਟੱਕਰ, ਇਕੋ ਪਰਵਾਰ ਦੇ ਪੰਜ ਜੀਅ ਜ਼ਖ਼ਮੀ



**ਬਰੇਟਾ (ਗੀਤਵਾਲ)**-ਬਰੇਟਾ ਜਾਖਲ ਰੋਡ 'ਤੇ ਦੋ ਕਾਰਾਂ ਦੀ ਆਪਸੀ ਟੱਕਰ ਹੋ ਗਈ, ਜਿਸ ਵਿੱਚ ਇੱਕੋ ਪਰਵਾਰ ਦੇ ਪੰਜ ਵਿਅਕਤੀ ਬਾਲ-ਬਾਲ ਬਚ ਗਏ, ਪਰ ਉਨ੍ਹਾਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ।ਹਾਦਸਾ ਇੰਨਾ ਭਿਆਨਕ ਸੀ ਕਿ ਦੋਵੇਂ ਕਾਰਾਂ ਬੁਰੀ ਤਰ੍ਹਾਂ ਨੁਕਸਾਨੀਆਂ ਗਈਆਂ।ਇਸ ਸਬੰਧੀ ਜ਼ਖ਼ਮੀ ਹੋਏ ਸ਼ੀਸ਼ਪਾਲ ਸ਼ਰਮਾ ਵਾਸੀ ਬਰੇਟਾ ਨੇ ਦੱਸਿਆ ਕਿ ਸ਼ੁੱਕਰਵਾਰ ਦੀ ਦੁਪਹਿਰ 2 ਵਜੇ ਦੇ ਕਰੀਬ ਪੂਰੇ ਪਰਵਾਰ ਦੇ ਮੈਂਬਰ ਕਿਸੇ ਕੰਮ ਲਈ ਆਪਣੀ ਕਾਰ ਵਿੱਚ ਸਵਾਰ ਹੋ ਕੇ ਬਰੇਟਾ ਤੋਂ ਟੋਹਾਣਾ ਨੂੰ ਜਾ ਰਹੇ ਸਨ, ਜਦੋਂ ਅਚਾਨਕ ਚੋਟੀਆਂ ਦੇ ਟੂਲ ਟੈਕਸ ਤੋਂ ਕੁਝ ਦੂਰੀ 'ਤੇ ਪਿੰਡ ਚੋਟੀਆਂ ਵਾਲੇ ਪਾਸਿਓਂ ਆਉਣ ਵਾਲੀ ਲਿੰਕ ਸੜਕ 'ਤੇ ਇੱਕ ਤੇਜ਼ ਰਫ਼ਤਾਰ ਨਾਲ ਗੱਡੀ ਬਰੇਟਾ ਹਾਈਵੇ ਰੋਡ 'ਤੇ ਚੜ੍ਹਨ ਲੱਗੀ ਤਾਂ ਉਸ ਦੇ ਚਾਲਕ ਨੇ ਸਿੱਧੀ ਗੱਡੀ ਸਾਡੀ ਕਾਰ ਵਿੱਚ ਠੋਕ ਦਿੱਤੀ, ਜਿਸ ਨੂੰ ਮੇਰਾ ਬੇਟਾ ਗੁਰਿੰਦਰ ਸਿੰਘ ਚਲਾ ਰਿਹਾ ਸੀ।ਉਨ੍ਹਾਂ ਕਿਹਾ ਕਿ ਟੱਕਰ ਦੀ ਆਵਾਜ਼ ਸੁਣ ਕੇ ਆਸ-ਪਾਸ ਦੇ ਲੋਕ ਮੌਕੇ 'ਤੇ ਪਹੁੰਚ ਗਏ ਅਤੇ ਸਾਨੂੰ ਕਾਰ 'ਚੋਂ ਬਾਹਰ ਕੱਢਿਆ।ਸਥਾਨਕ ਲੋਕਾਂ ਦੀ ਮਦਦ ਨਾਲ ਸਾਰੇ ਜ਼ਖ਼ਮੀਆਂ ਨੂੰ ਤੁਰੰਤ ਨਜ਼ਦੀਕੀ ਹਸਪਤਾਲ ਪਹੁੰਚਾਇਆ ਗਿਆ ਅਤੇ ਮੇਰੇ ਬੇਟੇ ਤੇ ਪੋਤੇ ਦੇ ਜ਼ਿਆਦਾ ਸੱਟਾਂ ਹੋਣ ਕਾਰਨ ਉਨ੍ਹਾਂ ਨੂੰ ਇਲਾਜ ਦੇ ਲਈ ਪਟਿਆਲਾ ਵਿਖੇ ਰੈਫਰ ਕਰ ਦਿੱਤਾ ਗਿਆ ਹੈ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ।ਦੂਜੇ ਪਾਸੇ ਚੋਟੀਆਂ ਚੌਕੀ ਦੀ ਪੁਲਸ ਮੌਕੇ 'ਤੇ ਪਹੁੰਚ ਕੇ ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਤੇ ਦੋਵੇਂ ਗੱਡੀਆਂ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ।

# ਕਿਸਾਨਾਂ ਦੇ ਰੋਸ ਧਰਨੇ 'ਚ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਉਭਾਰੀਆਂ

## ਪੰਜਾਬ ਤੇ ਕੇਂਦਰ ਸਰਕਾਰ ਨੂੰ ਕਾਰਪੋਰੇਟ ਪੱਖੀ ਨੀਤੀਆਂ ਤੋਂ ਬਾਜ਼ ਆਉਣ ਦੀ ਚਿਤਾਵਨੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੀ ਪਹਿਲ ਕਦਮੀ 'ਤੇ ਅੱਜ ਧਰਨੇ ਦਾ ਛੇਵਾਂ ਦਿਨ ਮੁਲਜ਼ਮਾਂ ਦੇ ਨਾਂਅ ਰਿਹਾ।ਰੋਸ ਧਰਨੇ ਵਿੱਚ ਅਧਿਆਪਕ, ਬਿਜਲੀ ਕਾਮੇ, ਪੈਨਸ਼ਨਰ, ਮਨਿਸਟਰੀਅਲ ਸਟਾਫ਼, ਰੋਡਵੇਜ਼ ਕਾਮੇ, ਪੀ.ਐੱਸ.ਯੂ, ਖ਼ੇਤ ਮਜ਼ਦੂਰ ਤੇ ਕਿਸਾਨ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਧਰਨੇ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਮਨਿਸਟਰੀਅਲ ਸਟਾਫ ਦੇ ਪ੍ਰਧਾਨ ਖੁਸ਼ਕਰਨ ਸਿੰਘ, ਪੈਨਸ਼ਨਰ ਯੂਨੀਅਨ ਦੇ ਜੋਗਿੰਦਰ ਸਿੰਘ ਮੱਲਣ, ਡੀ.ਟੀ.ਐੱਫ. ਦੇ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਹਰੀਕੇ ਤੇ ਟੀ ਐੱਸ ਯੂ ਦੇ ਭੁਪਿੰਦਰ ਸਿੰਘ ਨੇ ਪੰਜਾਬ ਸਰਕਾਰ ਦੀ ਤਿੱਖੀ ਆਲੋਚਨਾ ਕਰਦਿਆਂ ਕਾਰਪੋਰੇਟ ਘਰਾਣਿਆਂ ਦਾ ਘਰ ਭਰਨ ਲਈ ਲੋਕ ਵਿਰੋਧੀ ਨੀਤੀਆਂ ਲਾਗੂ ਕਰਕੇ ਸਰਕਾਰੀ ਮੁਲਾਜ਼ਮਾਂ ਦੇ ਨਾਲ ਨਾਲ ਮਜ਼ਦੂਰਾਂ, ਕਿਸਾਨਾਂ ਤੇ ਹੋਰ ਸਭਨਾਂ ਵਰਗਾਂ ਦੇ ਲੋਕਾਂ ਦੀ ਲੁੱਟ ਕੀਤੀ ਜਾ ਰਹੀ ਹੈ।ਉਨ੍ਹਾਂ ਆਖਿਆ ਕਿ ਆਪ ਸਰਕਾਰ ਨੇ ਰਾਜ ਸੱਤਾ ਸੰਭਾਲਣ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਬਜਾਏ ਲੋਕਾਂ ਨਾਲ ਧ੍ਰੋਹ ਕਮਾਇਆ ਹੈ।

ਮੁਲਾਜ਼ਮ ਬੁਲਾਰਿਆਂ ਨੇ ਪੱਕੇ ਰੁਜ਼ਗਾਰ ਦਾ ਹੱਕ ਮੰਗਦੇ ਕੱਚੇ ਮੁਲਾਜ਼ਮਾਂ ਤੇ ਬੇਰੁਜ਼ਗਾਰਾਂ ਕੀਤੇ ਜਾ ਰਹੇ ਪੁਲਸ ਤਸ਼ੱਦਦ ਦੀ ਸਰਕਾਰ ਨੂੰ ਭਾਰੀ ਸਿਆਸੀ ਕੀਮਤ ਤਾਰਨੀ ਪਵੇਗੀ।ਪੁਸ਼ਪਿੰਦਰ ਸਿੰਘ, ਪਿਆਰੇ ਲਾਲ, ਪਵਨ ਕੁਮਾਰ, ਅੰਗਰੇਜ਼ ਸਿੰਘ ਤੇ ਪਰਮਜੀਤ ਸਿੰਘ ਨੇ ਧਰਨੇ ਵਿੱਚ ਬੋਲਦਿਆਂ ਕੇਂਦਰ ਸਰਕਾਰ ਦੀ ਕਾਰਪੋਰੇਟ ਪੱਖੀ ਤੇ ਨੌਜੁਆਨਾਂ ਨੂੰ ਰੁਜ਼ਗਾਰ ਤੋਂ ਵਿਹਲੇ ਕਰਨ ਦੀਆਂ ਨੀਤੀਆਂ ਦੀ ਕਰੜੀ ਆਲੋਚਨਾ ਕਰਦਿਆਂ ਮੁਲਾਜ਼ਮਾਂ ਤੇ ਕਿਸਾਨਾਂ, ਮਜ਼ਦੂਰਾਂ ਦੇ ਏਕੇ ਨੂੰ ਵਿਸ਼ਾਲ ਤੇ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਰੋਸ ਧਰਨੇ ਵਿੱਚ ਬੋਲਦਿਆਂ ਬਲਵੰਤ ਸਿੰਘ, ਦਿਲਾਵਰ ਸਿੰਘ, ਸੁਖਵਿੰਦਰ ਸਿੰਘ, ਬਿੱਕਰ ਸਿੰਘ, ਗੁਰਪ੍ਰੀਤ ਸਿੰਘ ਲੰਬੀ, ਸੁਖਪ੍ਰੀਤ ਕੌਰ, ਹਰਦੀਪ ਸਿੰਘ ਤੇ ਬਰਜਿੰਦਰ ਸ਼ਰਮਾ ਨੇ ਉਗਰਾਹਾਂ ਜਥੇਬੰਦੀ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਉਭਾਰਨ, ਵਿਸ਼ਾਲ ਏਕਾ ਬਣਾਉਣ ਤੇ ਪੰਜਾਬ ਤੇ ਕੇਂਦਰ ਸਰਕਾਰ ਦਾ ਲੋਕ ਵਿਰੋਧੀ ਜੱਗ ਜ਼ਾਹਰ ਕਰਨ ਦੇ ਉੱਦਮ ਦੀ ਸਰਾਹਨਾ ਕੀਤੀ।ਉਨ੍ਹਾਂ ਪੰਜਾਬ ਤੇ ਕੇਂਦਰ ਸਰਕਾਰ ਨੂੰ ਕਾਰਪੋਰੇਟ ਪੱਖੀ ਨੀਤੀਆਂ ਤੋਂ ਬਾਜ਼ ਆਉਣ ਦੀ ਚਿਤਾਵਨੀ ਦਿੰਦਿਆਂ ਆਖਿਆ ਕਿ ਵੱਡੇ ਸੰਘਰਸ਼ਾਂ ਨਾਲ ਇਸ ਦਾ ਜੁਆਬ ਦਿੱਤਾ ਜਾਵੇਗਾ।ਆਗੂਆਂ ਨੇ ਭਵਿੱਖ ਵਿੱਚ ਕਿਸਾਨਾਂ, ਮਜ਼ਦੂਰਾਂ ਨਾਲ ਸਾਂਝ ਵਧਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ।ਰੋਸ ਧਰਨੇ ਵਿੱਚ ਖੇਤ ਮਜ਼ਦੂਰ ਆਗੂ ਤਰਸੇਮ ਖੁੰਡੇ ਹਲਾਲ, ਉਗਰਾਹਾਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ, ਸਕੱਤਰ ਗੁਰਭਗਤ ਸਿੰਘ ਭਲਾਈਆਣਾ, ਅਜਾਇਬ ਸਿੰਘ ਕੋਠੇ ਅਮਨਗੜ੍ਹ, ਨਿਸ਼ਾਨ ਸਿੰਘ ਕੱਖਾਂ ਵਾਲੀ, ਮਲਕੀਤ ਸਿੰਘ ਗੱਗੜ ਆਦਿ ਕਿਸਾਨ, ਮਜ਼ਦੂਰ ਆਗੂਆਂ ਨੇ ਮੁਲਾਜ਼ਮ ਜਥੇਬੰਦੀਆਂ ਦਾ ਸੁਆਗਤ ਕਰਦਿਆਂ ਇਸ ਨੂੰ ਭਵਿੱਖ ਦੀ ਆਸ ਦੱਸਿਆ।ਮੰਚ ਸੰਚਾਲਨ ਮੁਲਾਜ਼ਮ ਆਗੂਆਂ ਜੀਵਨ ਸਿੰਘ ਤੇ ਪੁਸ਼ਪਿੰਦਰ ਸਿੰਘ ਨੇ ਕੀਤਾ।

# ਸੜਕ ਹਾਦਸੇ 'ਚ ਬਜ਼ੁਰਗ ਦੀ ਮੌਤ, ਚਾਲਕ ਫ਼ਰਾਰ

## ਇਨਸਾਫ਼ ਲਈ ਪਿੰਡ ਵਾਸੀਆਂ ਨੇ ਲਾਇਆ ਜਾਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਮਹਿਲ ਕਲਾਂ ਇਲਾਕੇ ਵਿੱਚ ਸ਼ੁੱਕਰਵਾਰ ਸਵੇਰੇ ਵਾਪਰੇ ਇਕ ਦਰਦਨਾਕ ਸੜਕ ਹਾਦਸੇ ਵਿੱਚ ਤੇਜ਼ ਰਫ਼ਤਾਰ ਟਰਾਲੇ ਦੀ ਲਪੇਟ ਵਿੱਚ ਆਉਣ ਕਾਰਨ ਸਾਈਕਲ ਸਵਾਰ 65 ਸਾਲਾ ਬਜ਼ੁਰਗ ਮਜ਼ਦੂਰ ਦੀ ਮੌਕੇ 'ਤੇ ਹੀ ਮੌਤ ਹੋ ਗਈ।ਮ੍ਰਿਤਕ ਦੀ ਪਛਾਣ ਰਾਜ ਸਿੰਘ ਵਾਸੀ ਪਿੰਡ ਗੰਗੋਹਰ ਵਜੋਂ ਹੋਈ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਰਾਜ ਸਿੰਘ ਸ਼ੁੱਕਰਵਾਰ ਸਵੇਰੇ ਕਰੀਬ 8 ਵਜੇ ਆਪਣੇ ਪਿੰਡ ਗੰਗੋਹਰ ਤੋਂ ਸਾਈਕਲ 'ਤੇ ਸਵਾਰ ਹੋ ਕੇ ਦਿਹਾੜੀ-ਮਜ਼ਦੂਰੀ ਲਈ ਮਹਿਲ ਕਲਾਂ ਵੱਲ ਆ ਰਿਹਾ ਸੀ, ਜਦੋਂ ਉਹ ਰਸਤੇ ਵਿੱਚ ਪਹੁੰਚਿਆ ਤਾਂ ਪਿੱਛੋਂ ਆ ਰਹੇ ਇਕ ਤੇਜ਼ ਰਫ਼ਤਾਰ ਟਰਾਲੇ ਨੇ ਉਸ ਨੂੰ ਜ਼ਬਰਦਸਤ ਟੱਕਰ ਮਾਰ ਦਿੱਤੀ।ਟੱਕਰ ਇੰਨੀ ਭਿਆਨਕ ਸੀ ਕਿ ਰਾਜ ਸਿੰਘ ਨੇ ਮੌਕੇ 'ਤੇ ਹੀ ਦਮ ਤੋੜ ਦਿੱਤਾ।ਹਾਦਸੇ ਤੋਂ ਬਾਅਦ ਟਰਾਲਾ ਚਾਲਕ ਵਾਹਨ ਸਮੇਤ ਮੌਕੇ ਤੋਂ ਫ਼ਰਾਰ ਹੋ ਗਿਆ।ਹਾਦਸੇ ਦੀ ਸੂਚਨਾ ਮਿਲਦਿਆਂ ਹੀ ਥਾਣਾ ਮਹਿਲ ਕਲਾਂ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਘਟਨਾ ਦਾ ਜਾਇਜ਼ਾ ਲਿਆ ਤੇ ਅਗਲੀ ਕਾਰਵਾਈ ਸ਼ੁਰੂ ਕੀਤੀ।ਉਧਰ, ਪੁਲਸ ਤੇ ਪ੍ਰਸ਼ਾਸਨ ਦੀ ਕਾਰਵਾਈ ਤੋਂ ਅਸੰਤੁਸ਼ਟ ਪਿੰਡ ਗੰਗੋਹਰ ਦੇ ਵਸਨੀਕਾਂ ਵਿੱਚ ਭਾਰੀ ਰੋਸ ਪੈਦਾ ਹੋ ਗਿਆ।ਇਨਸਾਫ਼ ਦੀ ਮੰਗ ਨੂੰ ਲੈ ਕੇ ਪਿੰਡ ਵਾਸੀਆਂ ਨੇ ਮ੍ਰਿਤਕ ਰਾਜ ਸਿੰਘ ਦੀ ਦੇਹ ਨੂੰ ਘਟਨਾ ਸਥਾਨ 'ਤੇ ਰੱਖ ਕੇ ਲੁਧਿਆਣਾ-ਬਠਿੰਡਾ ਮੁੱਖ ਮਾਰਗ 'ਤੇ ਧਰਨਾ ਲਗਾ ਦਿੱਤਾ, ਜਿਸ ਕਾਰਨ ਮੁੱਖ ਮਾਰਗ 'ਤੇ ਆਵਾਜਾਈ ਪੂਰੀ ਤਰ੍ਹਾਂ ਠੱਪ ਹੋ ਗਈ। ਧਰਨਾਕਾਰੀਆਂ ਵੱਲੋਂ ਫ਼ਰਾਰ ਟਰਾਲਾ ਚਾਲਕ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਤੇ ਮ੍ਰਿਤਕ ਦੇ ਪਰਵਾਰ ਨੂੰ ਇਨਸਾਫ਼ ਦਿਵਾਉਣ ਦੀ ਮੰਗ ਕੀਤੀ ਜਾ ਰਹੀ ਹੈ।ਧਰਨੇ ਦੌਰਾਨ ਸ਼੍ਰੋਮਣੀ ਅਕਾਲੀ ਦਲ ਵਾਰਸ ਪੰਜਾਬ ਦੇ ਆਗੂ ਹਰਜੀਤ ਸਿੰਘ ਖਿਆਲੀ ਸਮੇਤ ਪਿੰਡ ਵਾਸੀਆਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਹਾਦਸੇ ਲਈ ਜ਼ਿੰਮੇਵਾਰ ਟਰਾਲਾ ਚਾਲਕ ਨੂੰ ਜਲਦ ਤੋਂ ਜਲਦ ਕਾਬੂ ਕੀਤਾ ਜਾਵੇ ਤੇ ਮ੍ਰਿਤਕ ਦੇ ਪਰਵਾਰ ਨੂੰ ਬਣਦਾ ਇਨਸਾਫ਼ ਦਿੱਤਾ ਜਾਵੇ।ਖ਼ਬਰ ਲਿਖੇ ਜਾਣ ਤੱਕ ਮੁੱਖ ਮਾਰਗ 'ਤੇ ਧਰਨਾ ਜਾਰੀ ਸੀ ਤੇ ਆਵਾਜਾਈ ਪ੍ਰਭਾਵਿਤ ਰਹੀ।

# ਰਾਜੀਵ ਜੈਨ ਵੱਲੋਂ ਤਹਸੀਲਦਾਰ ਖਿਲਾਫ ਸੀ ਬੀ ਆਈ ਜਾਂਚ ਦੀ ਮੰਗ

## ਰਜਿਸਟਰੀ ਬਦਲੇ 15000 ਰੁਪਏ ਰਿਸ਼ਵਤ ਮੰਗਣ ਦਾ ਦੋਸ਼



ਰਾਜੀਵ ਜੈਨ ਜਾਂਚ ਦੀ ਮੰਗ ਕਰਦੇ ਹੋਏ

**ਜ਼ੀਰਾ (ਨਰਿੰਦਰ ਅਨੇਜਾ)**-ਰਾਜੀਵ ਕੁਮਾਰ ਜੈਨ ਪੁੱਤਰ ਸ਼੍ਰੀ ਪਦਮ ਕੁਮਾਰ ਜੈਨ ਵਾਸੀ ਸਮਾਧੀ ਰੋਡ ਜ਼ੀਰਾ ਨੇ ਅੱਖਾਂ 'ਚ ਹੰਝੂ ਭਰਦੇ ਦੱਸਿਆ ਕਿ ਮੈਂ ਬੀਤੀ 31 ਅਗਸਤ 2026 ਨੂੰ ਤਹਿਸੀਲਦਾਰ ਦਫਤਰ ਜ਼ੀਰਾ ਵਿਖੇ ਆਪਣੀ ਦੁਕਾਨ ਦੀ ਰਜਿਸਟਰੀ ਕਰਵਾਉਣ ਲਈ ਸੁਖਰਾਜ ਸਿੰਘ ਪੁੱਤਰ ਬਖਸ਼ੀਸ਼ ਸਿੰਘ ਵਾਸੀ ਜ਼ੀਰਾ ਨਾਲ ਗਿਆ ਸੀ, ਪਰ ਉਸ ਸਮੇਂ ਮੈਨੂੰ ਬਹੁਤ ਹੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਉਸ ਨੇ ਦੱਸਿਆ ਕਿ ਤਹਿਸੀਲਦਾਰ ਜ਼ੀਰਾ ਦੇ ਰੀਡਰ ਵੱਲੋਂ ਮੇਰੇ ਤੋਂ ਰਜਿਸਟਰੀ ਕਰਵਾਉਣ ਬਦਲੇ ਕਥਿਤ ਤੌਰ 'ਤੇ 15000 ਰੁਪਏ ਦੀ ਮੰਗ ਕੀਤੀ ਗਈ, ਜਦ ਮੈਂ ਰੀਡਰ ਨੂੰ ਕਿਹਾ ਕਿ ਮੇਰੀ ਰਜਿਸਟਰੀ ਬਿਲਕੁਲ ਸਹੀ ਹੈ, ਮੈਂ ਰਿਸ਼ਵਤ ਨਹੀਂ ਦੇ ਸਕਦਾ ਤਾਂ ਰੀਡਰ ਨੇ ਮੇਰੀ ਫਾਇਲ ਤਹਿਸੀਲਦਾਰ ਸਾਹਿਬ ਜ਼ੀਰਾ ਦੇ ਅੱਗੇ ਰੱਖ ਦਿੱਤੀ ਤੇ ਉਨ੍ਹਾਂ ਦੇ ਕੰਨ ਵਿੱਚ ਕੁਝ ਸ਼ਬਦ ਬੋਲ ਦਿੱਤੇ। ਉਸ ਤੋਂ ਬਾਅਦ ਤਹਿਸੀਲਦਾਰ ਜ਼ੀਰਾ ਦਾ ਮੇਰੇ ਪ੍ਰਤੀ ਵਤੀਰਾ ਹੀ ਬਦਲ ਗਿਆ ਤੇ ਉਹ ਮੈਨੂੰ ਕਹਿਣ ਲੱਗੇ ਕਿ ਤੇਰੇ ਕਾਗਜ਼ ਸਹੀ ਨਹੀਂ ਤੇ ਦੁਬਾਰਾ ਹਲਫੀਆ ਬਿਆਨ ਘੋਸ਼ਣਾ ਪੱਤਰ ਲਿਖਵਾ ਕੇ ਲਿਆ, ਨਹੀਂ ਤਾਂ ਮੇਰੇ ਰੀਡਰ ਦੀ ਗੱਲ ਮੰਨ ਲੈ ਤਾਂ ਮੈਂ ਤਹਿਸੀਲਦਾਰ ਜ਼ੀਰਾ ਨੂੰ ਬੇਨਤੀ ਕੀਤੀ ਕਿ ਤੁਹਾਡਾ ਰੀਡਰ ਰਿਸ਼ਵਤ ਮੰਗ ਰਿਹਾ ਹੈ ਤਾਂ ਇਨ੍ਹਾਂ ਦੋਨਾਂ ਨੇ ਮੇਰੀ ਕੋਈ ਸੁਣਵਾਈ ਨਹੀਂ ਕੀਤੀ ਤੇ ਉਲਟਾ ਮੈਨੂੰ ਬੇਇਜ਼ਤ ਕਰਕੇ ਦਫਤਰ ਵਿੱਚੋਂ ਨਿਕਲ ਜਾਣ ਲਈ ਕਿਹਾ।ਇਹ ਸਾਰੀ ਘਟਨਾ ਦਫਤਰ ਵਿੱਚ ਲੱਗੇ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ ਹੋਵੇਗੀ, ਉਹ ਚੈੱਕ ਕਰਵਾਈ ਜਾਵੇ।ਉਸ ਨੇ ਦੋਸ਼ ਲਾਇਆ ਕਿ ਤਹਿਸੀਲਦਾਰ ਦਫਤਰ ਜ਼ੀਰਾ ਵਿਖੇ ਉਕਤ ਤਹਿਸੀਲਦਾਰ ਤੇ ਰੀਡਰ ਸ਼ਰੇਆਮ ਪੈਸੇ ਬਣਾਉਣ ਵਿੱਚ ਲੱਗੇ ਹੋਏ ਹਨ ਤੇ ਇਨ੍ਹਾਂ ਨੇ ਰਜਿਸਟਰੀ ਕਰਨ ਦੇ ਆਪਣੇ ਰੇਟ ਤੈਅ ਕੀਤੇ ਹੋਏ ਹਨ, ਜੋ ਇਨ੍ਹਾਂ ਨੂੰ ਰਿਸ਼ਵਤ ਦੇ ਦਿੰਦਾ ਹੈ, ਉਸ ਦੀ ਰਜਿਸਟਰੀ ਹੋ ਜਾਂਦੀ ਹੈ ਤੇ ਜੋ ਰਿਸ਼ਵਤ ਨਹੀਂ ਦਿੰਦਾ, ਉਸ ਦੇ ਕਾਗਜ਼ਾਂ ਵਿੱਚ ਕਮੀਆਂ ਦੱਸ ਕੇ ਉਨ੍ਹਾਂ ਦੇ ਚੱਕਰ ਮਰਵਾਉਂਦੇ ਰਹਿੰਦੇ ਹਨ ਤੇ ਜ਼ਲੀਲ ਕਰਦੇ ਹਨ।ਉਸ ਨੇ ਕਿਹਾ ਕਿ ਮੈਂ ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ ਤੋਂ ਮੰਗ ਕਰਦਾ ਹਾਂ ਇਸ ਦੀ ਜਾਂਚ ਸੀ ਬੀ ਆਈ ਤੋਂ ਕਰਵਾਈ ਜਾਵੇ ਤਾਂ ਕਿ ਇਕ ਬਹੁਤ ਵੱਡਾ ਸਕੈਂਡਲ ਸਾਹਮਣੇ ਆ ਸਕੇ। ਰਜਿਸਟਰੀਆਂ ਘੱਟ ਮੁੱਲ 'ਚ ਕਰਕੇ ਸਰਕਾਰੀ ਖਜ਼ਾਨੇ ਨੂੰ ਖੋਰਾ ਲੱਗ ਰਿਹਾ। ਉਸ ਨੇ ਇਹ ਵੀ ਦੱਸਿਆ ਕਿ ਤਹਿਸੀਲਦਾਰ ਜ਼ੀਰਾ ਤੇ ਰੀਡਰ ਰਿਸ਼ਵਤ ਲੈਣ ਵਾਲਿਆਂ ਤੋਂ ਉਨ੍ਹਾਂ ਦੇ ਕਾਗਜ਼ਾਤ ਵੀ ਚੈੱਕ ਨਹੀਂ ਕਰਦੇ ਤੇ ਰਿਸ਼ਵਤ ਲੈ ਕੇ ਉਨ੍ਹਾਂ ਦੀ ਰਜਿਸਟਰੀ ਕਰ ਦਿੰਦੇ। ਜੇਕਰ ਇਨ੍ਹਾਂ ਵੱਲੋਂ ਕੀਤੀਆਂ ਰਜਿਸਟਰੀਆਂ ਦੀ ਜਾਂਚ ਕੀਤੀ ਜਾਂਦੀ ਹੈ ਤਾਂ ਇਹ ਵੱਡਾ ਘੁਟਾਲਾ ਸਾਹਮਣੇ ਆ ਸਕਦਾ ਹੈ।

# ਸੁਪਰੀਮ ਸਕੂਲ ਦੀਆਂ ਫੁੱਟਬਾਲ ਲੜਕੀਆਂ ਦੀ ਰਾਜ ਪੱਧਰੀ ਖੇਡਾਂ ਲਈ ਚੋਣ



**ਹਠੂਰ (ਨਛੱਤਰ ਸੰਧੂ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਜਿੱਥੇ ਕਿ ਸਿੱਖਿਆ ਦੇ ਖੇਤਰ ਵਿੱਚ ਇੱਕ ਮੋਹਰੀ ਸੰਸਥਾ ਦੇ ਤੌਰ 'ਤੇ ਜਾਣੀ ਜਾਂਦੀ ਹੈ, ਉੱਥੇ ਹੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਉਨ੍ਹਾਂ ਨੂੰ ਮਾਨਸਿਕ ਤੇ ਸਰੀਰਕ ਤੌਰ 'ਤੇ ਸਿਹਤਮੰਦ ਬਣਾਉਣ ਲਈ ਵੱਖ-ਵੱਖ ਖੇਡ ਗਤੀਵਿਧੀਆਂ ਵਿੱਚ ਉਨ੍ਹਾਂ ਦੀ ਭਾਗੀਦਾਰੀ ਨੂੰ ਮੁੱਖ ਰੱਖਿਆ ਜਾਂਦਾ ਹੈ।ਹਾਲ ਹੀ ਵਿੱਚ ਚੱਲ ਰਹੀਆਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਫੁੱਟਬਾਲ ਅੰਡਰ-19 ਲੜਕੀਆਂ ਜੈਸਮੀਨ ਕੌਰ, ਰਵਨੀਤ ਕੌਰ, ਜਸਪ੍ਰੀਤ ਕੌਰ ਤੇ ਸਮਰਦੀਪ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਰਾਜ ਪੱਧਰ 'ਤੇ ਆਪਣੀ ਜਗ੍ਹਾ ਨੂੰ ਬਣਾਇਆ।ਟੂਰਨਾਮੈਂਟ ਦੌਰਾਨ ਸਕੂਲ ਦੀਆਂ ਇਨ੍ਹਾਂ ਵਿਦਿਆਰਥਣਾਂ ਨੇ ਬਿਹਤਰੀਨ ਤਾਲਮੇਲ, ਅਨੁਸ਼ਾਸਨ, ਆਤਮ ਵਿਸ਼ਵਾਸ ਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਹ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਪ੍ਰਧਾਨ ਚਰਨ ਸਿੰਘ, ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਜੇਤੂ ਖਿਡਾਰਨਾਂ ਨੂੰ ਦਿਲੋਂ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਜਿੱਤ ਵਿਦਿਆਰਥਣਾਂ ਦੀ ਸਖ਼ਤ ਮਿਹਨਤ, ਦ੍ਰਿੜ੍ਹ ਇਰਾਦੇ, ਅਨੁਸ਼ਾਸਨ ਤੇ ਟੀਮ ਭਾਵਨਾ ਦਾ ਨਤੀਜਾ ਹੈ।ਇਸ ਜਿੱਤ ਉੱਪਰ ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਸਕੂਲ ਦੀਆਂ ਹੋਣਹਾਰ ਖਿਡਾਰਨਾਂ ਨੇ ਆਪਣੀ ਸ਼ਾਨਦਾਰ ਖੇਡ ਨਾਲ ਨਾ ਸਿਰਫ ਸਕੂਲ ਸਗੋਂ ਪੂਰੇ ਇਲਾਕੇ ਦਾ ਮਾਣ ਵਧਾਇਆ ਹੈ, ਉਨ੍ਹਾਂ ਨੇ ਵਿਦਿਆਰਥਣਾਂ ਨੂੰ ਭਵਿੱਖ ਵਿੱਚ ਹੋਣ ਵਾਲੇ ਮੁਕਾਬਲਿਆਂ ਲਈ ਸ਼ੁੱਭ-ਕਾਮਨਾਵਾਂ ਦਿੰਦਿਆਂ ਇਸੇ ਤਰ੍ਹਾਂ ਸਖ਼ਤ ਮਿਹਨਤ ਕਰਕੇ ਹੋਰ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

# ਹਰਚੰਦ ਬਰਸਟ ਵੱਲੋਂ 6.35 ਕਰੋੜ ਦੇ ਸੜਕੀ ਪ੍ਰੋਜੈਕਟਾਂ ਦੀ ਰਸਮੀ ਸ਼ੁਰੂਆਤ

## ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਵਚਨਬੱਧ : ਬਰਸਟ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪੇਂਡੂ ਖੇਤਰਾਂ ਦੇ ਸਰਵਪੱਖੀ ਵਿਕਾਸ, ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਆਵਾਜਾਈ ਦੀਆਂ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਇਸੇ ਵਚਨਬੱਧਤਾ ਤਹਿਤ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਵਿਖੇ ਕਰੀਬ 6.35 ਕਰੋੜ ਰੁਪਏ ਦੀ ਲਾਗਤ ਦੇ ਦੋ ਪ੍ਰਮੁੱਖ ਸੜਕੀ ਪ੍ਰੋਜੈਕਟਾਂ ਦਾ ਰਿਬਨ ਕੱਟ ਕੇ ਰਸਮੀ ਤੌਰ 'ਤੇ ਉਦਘਾਟਨ ਕੀਤਾ ਗਿਆ।ਇਨ੍ਹਾਂ ਮਹੱਤਵਪੂਰਨ ਵਿਕਾਸ ਕਾਰਜਾਂ ਦੀ ਸ਼ੁਰੂਆਤ ਹੋਣ ਨਾਲ ਸਮੂਹ ਇਲਾਕਾ ਨਿਵਾਸੀਆਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ।ਸਮਾਰੋਹ ਦੌਰਾਨ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸੂਬੇ ਦੇ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਆਧੁਨਿਕ ਸਹੂਲਤਾਂ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਅਣਗੌਲੀਆਂ ਪੇਂਡੂ ਲਿੰਕ ਸੜਕਾਂ ਦੇ ਨਿਰਮਾਣ ਵੱਲ ਹੁਣ ਵਿਸ਼ੇਸ਼ ਤਵੱਜੋ ਦਿੱਤੀ ਜਾ ਰਹੀ ਹੈ ਤਾਂ ਜੋ ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ ਨੂੰ ਮੰਡੀਆਂ ਤੇ ਸ਼ਹਿਰਾਂ ਤੱਕ ਪਹੁੰਚਣ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ।ਇਸ ਮੌਕੇ ਹਲਕੇ ਦੇ ਮੋਹਤਬਰ ਵਿਅਕਤੀਆਂ, ਪਿੰਡਾਂ ਦੇ ਸਰਪੰਚਾਂ, ਪੰਚਾਂ ਤੇ ਪਾਰਟੀ ਆਗੂਆਂ ਨੇ ਪੰਜਾਬ ਸਰਕਾਰ ਤੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਲਾਕਾ ਨਿਵਾਸੀਆਂ ਨੇ ਕਿਹਾ ਕਿ ਇਨ੍ਹਾਂ ਸੜਕਾਂ ਦੇ ਚੌੜੇ ਹੋਣ ਨਾਲ ਜਿੱਥੇ ਉਨ੍ਹਾਂ ਦਾ ਸਫ਼ਰ ਸੁਖਾਲਾ ਤੇ ਸੁਰੱਖਿਅਤ ਹੋਵੇਗਾ, ਉੱਥੇ ਹੀ ਕਿਸਾਨਾਂ ਨੂੰ ਆਪਣੀ ਫ਼ਸਲ ਮੰਡੀਆਂ ਤੱਕ ਲਿਜਾਣ ਵਿੱਚ ਵੀ ਵੱਡੀ ਸਹੂਲਤ ਮਿਲੇਗੀ।ਇਸ ਮੌਕੇ ਬਲਕਾਰ ਸਿੰਘ ਰਾਜਗੜ੍ਹ ਵਾਈਸ ਚੇਅਰਮੈਨ ਬਲਾਕ ਸੰਮਤੀ ਪਟਿਆਲਾ, ਬਲਜਿੰਦਰ ਸਿੰਘ ਪਹਾੜਪੁਰ ਬਲਾਕ ਸੰਮਤੀ ਮੈਂਬਰ, ਨਵਪ੍ਰੀਤ ਸਿੰਘ ਬਲਾਕ ਪ੍ਰਧਾਨ, ਬਲਵੀਰ ਕੌਰ ਸਰਪੰਚ, ਨਰਿੰਦਰ ਸਿੰਘ ਸਰਪੰਚ ਬਰਸਟ, ਰਾਮ ਸਿੰਘ ਸਰਪੰਚ ਫਤਿਹਪੁਰ, ਤਰਲੋਚਨ ਸਿੰਘ ਸਰਪੰਚ ਰੱਖੜਾ, ਗੁਰਜੀਤ ਸਿੰਘ ਸਰਪੰਚ ਦਦਹੇੜਾ, ਗੁਲਜ਼ਾਰ ਦੁਘਾਟ, ਗਿੰਨੀ ਖੰਗੂੜਾ ਹਲਕਾ ਵਾਇਸ ਕੁਆਰਡੀਨੇਟਰ ਸਮੇਤ ਮੰਡੀ ਬੋਰਡ ਦੇ ਉੱਚ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਰਹੇ।

# ਸੰਵਿਧਾਨ ਤੇ ਸਮਾਜਿਕ ਬਰਾਬਰੀ 'ਤੇ ਹਮਲਾ ਬਰਦਾਸ਼ਤ ਨਹੀਂ : ਕਾਂਗਰਸ ਆਗੂ

## ਹਲਦਵਾਨੀ ਦੀ ਘਟਨਾ ਨੂੰ ਲੈ ਕੇ ਕਾਂਗਰਸ ਨੇ ਜਤਾਇਆ ਰੋਸ



**ਦੋਰਾਹਾ (ਹਰਮਿੰਦਰ ਸੇਠ)**-ਕਾਂਗਰਸ ਪਾਰਟੀ ਦੇ ਆਗੂਆਂ ਨੇ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ ਕਿ ਪ੍ਰੈੱਸ ਹਮੇਸ਼ਾ ਲੋਕਤੰਤਰ ਦੀ ਮਜ਼ਬੂਤੀ ਤੇ ਜਨਤਾ ਤੱਕ ਸਿਆਸੀ ਪਾਰਟੀਆਂ ਦੀਆਂ ਨੀਤੀਆਂ ਤੇ ਮੁੱਦਿਆਂ ਨੂੰ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਆ ਰਹੀ ਹੈ।ਕਾਂਗਰਸ ਆਗੂਆਂ ਨੇ ਸਮੂਹ ਪੱਤਰਕਾਰ ਭਾਈਚਾਰੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਤੇ ਜਨਤਕ ਮੁੱਦਿਆਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਵਿੱਚ ਮੀਡੀਆ ਦਾ ਵੱਡਾ ਯੋਗਦਾਨ ਹੈ।ਪ੍ਰੈੱਸ ਕਾਨਫਰੰਸ ਦੌਰਾਨ ਆਗੂਆਂ ਨੇ ਉੱਤਰਾਖੰਡ ਦੇ ਹਲਦਵਾਨੀ ਨਾਲ ਜੁੜੀ ਇੱਕ ਕਥਿਤ ਘਟਨਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਤੇ ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਮੱਲਿਕਾਰਜੁਨ ਖੜਗੇ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਨ ਲਈ ਉੱਥੇ ਗਏ ਸਨ।ਕਾਂਗਰਸ ਆਗੂਆਂ ਦੇ ਅਨੁਸਾਰ, ਮੀਟਿੰਗ ਤੋਂ ਬਾਅਦ ਕੁਝ ਲੋਕਾਂ ਵੱਲੋਂ ਉਸ ਸਥਾਨ 'ਤੇ ਗੰਗਾਜਲ ਛਿੜਕ ਕੇ ਕਥਿਤ ਤੌਰ 'ਤੇ ਸ਼ੁੱਧੀਕਰਨ ਕਰਨ ਦੀ ਘਟਨਾ ਸਾਹਮਣੇ ਆਈ।ਕਾਂਗਰਸ ਆਗੂਆਂ ਨੇ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਕਿਸੇ ਵੀ ਵਿਅਕਤੀ ਨਾਲ ਜਾਤ-ਪਾਤ, ਊਚ-ਨੀਚ ਜਾਂ ਸਮਾਜਿਕ ਪਿਛੋਕੜ ਦੇ ਆਧਾਰ 'ਤੇ ਭੇਦਭਾਵ ਕਰਨਾ ਦੇਸ਼ ਦੇ ਸੰਵਿਧਾਨ ਤੇ ਲੋਕਤੰਤਰ ਦੀ ਭਾਵਨਾ ਖ਼ਿਲਾਫ਼ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਸਮਾਜਿਕ ਬਰਾਬਰੀ, ਭਾਈਚਾਰੇ ਤੇ ਦੇਸ਼ ਦੀ ਏਕਤਾ ਦੇ ਸਿਧਾਂਤਾਂ 'ਤੇ ਖੜ੍ਹੀ ਰਹੀ ਹੈ।ਆਗੂਆਂ ਨੇ ਕਿਹਾ ਕਿ ਭਾਰਤ ਦਾ ਸੰਵਿਧਾਨ ਦੇਸ਼ ਦੀਆਂ ਵੱਖ-ਵੱਖ ਭਾਸ਼ਾਵਾਂ, ਜਾਤਾਂ, ਧਰਮਾਂ ਤੇ ਸੱਭਿਆਚਾਰਾਂ ਦਾ ਸਤਿਕਾਰ ਕਰਦਾ ਹੈ।ਇਹੀ ਸੰਵਿਧਾਨ ਭਾਰਤ ਦੀ ਵਿਭਿੰਨਤਾ ਨੂੰ ਇੱਕ ਧਾਗੇ ਵਿੱਚ ਪਰੋ ਕੇ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਮਜ਼ਬੂਤ ਕਰਦਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਕਾਂਗਰਸ ਪਾਰਟੀ ਕਿਸੇ ਵੀ ਤਰ੍ਹਾਂ ਦੇ ਜਾਤੀ ਅਧਾਰਿਤ ਭੇਦਭਾਵ ਜਾਂ ਉੱਚ-ਨੀਚ ਦੀ ਸੋਚ ਨੂੰ ਬਰਦਾਸ਼ਤ ਨਹੀਂ ਕਰੇਗੀ ਅਤੇ ਸੰਵਿਧਾਨ ਦੀ ਰੱਖਿਆ ਲਈ ਹਰ ਪੱਧਰ 'ਤੇ ਆਵਾਜ਼ ਬੁਲੰਦ ਕਰੇਗੀ।ਕਾਂਗਰਸ ਆਗੂਆਂ ਨੇ ਦਾਅਵਾ ਕੀਤਾ ਕਿ ਜਦੋਂ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਇਸ ਮਾਮਲੇ ਨੂੰ ਜਨਤਾ ਤੇ ਮੀਡੀਆ ਦੇ ਸਾਹਮਣੇ ਉਠਾਇਆ ਤਾਂ ਉਨ੍ਹਾਂ ਖ਼ਿਲਾਫ਼ ਹਲਦਵਾਨੀ ਵਿੱਚ ਐੱਸਸੀ/ਐੱਸਟੀ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ।ਕਾਂਗਰਸ ਆਗੂਆਂ ਨੇ ਕਿਹਾ ਕਿ ਇਸ ਘਟਨਾ ਨੂੰ ਲੈ ਕੇ ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਜ਼ਿਲ੍ਹਾ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਇਹ ਮੁੱਦਾ ਸਿਰਫ਼ ਇੱਕ ਸਿਆਸੀ ਵਿਵਾਦ ਨਹੀਂ, ਸਗੋਂ ਸਮਾਜਿਕ ਬਰਾਬਰੀ ਅਤੇ ਸੰਵਿਧਾਨਕ ਮੁੱਲਾਂ ਨਾਲ ਜੁੜਿਆ ਹੋਇਆ ਹੈ।ਕਾਂਗਰਸ ਆਗੂਆਂ ਨੇ ਕਿਹਾ ਕਿ ਜੇਕਰ ਰਾਹੁਲ ਗਾਂਧੀ ਖ਼ਿਲਾਫ਼ ਦਰਜ ਕੀਤੇ ਗਏ ਮਾਮਲੇ 'ਤੇ ਸਰਕਾਰ ਵੱਲੋਂ ਉਚਿਤ ਕਾਰਵਾਈ ਨਹੀਂ ਕੀਤੀ ਜਾਂਦੀ ਤੇ ਕਥਿਤ ਘਟਨਾ ਦੀ ਨਿਰਪੱਖ ਜਾਂਚ ਕਰਕੇ ਜ਼ਿੰਮੇਵਾਰ ਲੋਕਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਨਹੀਂ ਹੁੰਦੀ ਤਾਂ ਕਾਂਗਰਸ ਪਾਰਟੀ ਆਪਣੇ ਉੱਚ ਆਗੂਆਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਗਲਾ ਫੈਸਲਾ ਲਵੇਗੀ।ਖ਼ਾਸ ਤੌਰ 'ਤੇ ਲੁਧਿਆਣਾ ਜ਼ਿਲ੍ਹੇ ਵਿੱਚ ਵੀ ਕਾਂਗਰਸ ਪਾਰਟੀ ਦੇ ਵਰਕਰ ਤੇ ਆਗੂ ਪਾਰਟੀ ਹਾਈਕਮਾਨ ਦੇ ਨਿਰਦੇਸ਼ਾਂ ਅਨੁਸਾਰ ਅੱਗੇ ਦੀ ਕਾਰਵਾਈ ਕਰਨਗੇ।

# ਬਾਰ ਐਸੋਸੀਏਸ਼ਨ ਸਮਾਣਾ ਦੀਆਂ ਚੋਣਾਂ 11 ਨੂੰ

## ਬਾਰ ਕੌਂਸਲ ਚੰਡੀਗੜ੍ਹ ਦੀਆਂ ਹਦਾਇਤਾਂ 'ਤੇ ਹੋਵੇਗੀ ਚੋਣ : ਪ੍ਰਧਾਨ ਢਿੱਲੋਂ



ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ, ਸੈਕਟਰੀ ਕਸ਼ਮੀਰ ਸਿੰਘ ਚੁੰਬਰ

**ਸਮਾਣਾ (ਇਕਬਾਲ ਸਿੰਘ ਬੱਲ)**-ਬਾਰ ਐਸੋਸੀਏਸ਼ਨ ਸਮਾਣਾ ਦੀਆਂ ਆਗਾਮੀ ਚੋਣਾਂ ਬਾਰ ਕੌਂਸਲ ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ਾਂ ਤਹਿਤ 11 ਸਤੰਬਰ ਨੂੰ ਕਰਵਾਈਆਂ ਜਾਣਗੀਆਂ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਰ ਐਸੋਸੀਏਸ਼ਨ ਸਮਾਣਾ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਤੇ ਸੈਕਟਰੀ ਕਸ਼ਮੀਰ ਸਿੰਘ ਚੁੰਬਰ ਨੇ ਦੱਸਿਆ ਕਿ ਚੋਣਾਂ ਦੀਆਂ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਰਹੀਆਂ ਹਨ।ਪ੍ਰਧਾਨ ਢਿੱਲੋਂ ਤੇ ਸੈਕਟਰੀ ਚੁੰਬਰ ਨੇ ਦੱਸਿਆ ਕਿ ਬਾਰ ਐਸੋਸੀਏਸ਼ਨ ਸਮਾਣਾ ਕੋਲ ਕੁੱਲ 204 ਵੋਟਾਂ ਦਰਜ ਹਨ, ਪ੍ਰੰਤੂ ਕੁਝ ਵਕੀਲ ਸਾਹਿਬਾਨਾਂ ਨੇ ਇਤਰਾਜ਼ ਜਤਾਇਆ ਸੀ ਕਿ ਜੋ ਵਕੀਲ ਨਿਯਮਤ ਪ੍ਰੈਕਟਿਸ ਨਹੀਂ ਕਰਦੇ, ਉਨ੍ਹਾਂ ਦੀਆਂ ਵੋਟਾਂ ਕੱਟੀਆਂ ਜਾਣ।ਇਤਰਾਜ਼ ਕਰਨ ਵਾਲੇ ਵਕੀਲਾਂ ਨੇ ਪ੍ਰੈਕਟਿਸ ਕਰਨ ਵਾਲੇ 124 ਵਕੀਲਾਂ ਦੀ ਲਿਸਟ ਤਿਆਰ ਕਰਕੇ ਬਾਰ ਐਸੋਸੀਏਸ਼ਨ ਨੂੰ ਸੌਂਪੀ ਸੀ, ਜੋ ਬਾਰ ਕੌਂਸਲ ਚੰਡੀਗੜ੍ਹ ਨੇ ਪ੍ਰਵਾਨ ਕਰ ਲਈ ਹੈ ਅਤੇ ਵੋਟਾਂ ਪਵਾਉਣ ਦੇ ਆਦੇਸ਼ ਦਿੱਤੇ ਹਨ।ਬਾਰ ਕੌਂਸਲ ਦੀਆਂ ਹਦਾਇਤਾਂ ਮੁਤਾਬਿਕ ਚੋਣ ਪ੍ਰਕਿਰਿਆ ਲਈ ਬਾਰ ਐਸੋਸੀਏਸ਼ਨ ਵੱਲੋਂ ਰਿਟਰਨਿੰਗ ਅਫਸਰਾਂ ਦੀ ਜੋ ਪਹਿਲਾਂ ਪੰਜ ਮੈਂਬਰੀ ਚੋਣ ਕਮੇਟੀ ਗਠਿਤ ਕੀਤੀ ਗਈ ਸੀ, ਜਿਸ ਵਿੱਚ ਕਸ਼ਮੀਰ ਸਿੰਘ ਵਿਰਕ, ਕੁਲਵਿੰਦਰ ਸਿੰਘ ਗਲੌਲੀ, ਕੁਲਵੰਤ ਸਿੰਘ ਢਿੱਲੋਂ, ਜਸਪਾਲ ਸਿੰਘ ਸੰਧੂ ਤੇ ਬਲਬੀਰ ਸਿੰਘ ਧਨੋਆ ਸ਼ਾਮਲ ਹਨ, ਦੀ ਨਿਗਰਾਨੀ ਹੇਠ ਚੋਣਾਂ ਹੋਣਗੀਆਂ।ਬਾਰ ਕੌਂਸਲ ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਿਕ 124 ਮੈਂਬਰਾਂ ਦੀ ਜੋ ਲਿਸਟ ਬਣੀ ਹੈ, ਉਸ ਦੇ ਆਧਾਰਤ ਵੋਟਾਂ ਪੈਣਗੀਆਂ।

# ਸਮਾਜ ਸੇਵਕ ਕਰਤਾਰ ਸਿੰਘ ਢਿੱਲੋਂ ਨਮਿੱਤ ਸ਼ਰਧਾਂਜਲੀ ਸਮਾਗਮ



**ਬਠਿੰਡਾ (ਪਰਵਿੰਦਰਜੀਤ ਸਿੰਘ)**-ਸੀਨੀਅਰ ਪੱਤਰਕਾਰ ਸ੍ਰੀ ਬਖਤੌਰ ਢਿੱਲੋਂ ਦੇ ਛੋਟੇ ਭਰਾ, ਸੇਵਾਮੁਕਤ ਜੂਨੀਅਰ ਇੰਜਨੀਅਰ ਸ੍ਰੀ ਕਰਤਾਰ ਸਿੰਘ ਢਿੱਲੋਂ ਨਮਿੱਤ ਗੁਰਦੁਆਰਾ ਸਾਹਿਬ ਪਿੰਡ ਘੁੱਦਾ ਵਿਖੇ ਪਾਠ ਦੇ ਭੋਗ ਉਪਰੰਤ ਸ਼ਰਧਾਂਜਲੀ ਸਮਾਗਮ ਹੋਇਆ। ਇਸ ਸਮੇਂ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਕਾ: ਹਰਦੇਵ ਅਰਸ਼ੀ ਨੇ ਕਿਹਾ ਕਿ ਕਰਤਾਰ ਸਿੰਘ ਹੁਰਾਂ ਦਾ ਪਰਿਵਾਰ ਕਰੀਬ ਪੰਜ ਦਹਾਕੇ ਪਹਿਲਾਂ ਕਮਿਊਨਿਸਟ ਪਾਰਟੀ ਵਿੱਚ ਸ਼ਾਮਲ ਹੋ ਗਿਆ ਸੀ। ਕਰਤਾਰ ਸਿੰਘ ਨੇ ਸਰਵਿਸ ਕਰਦਿਆਂ ਵੀ ਮੁਲਾਜ਼ਮ ਜਥੇਬੰਦੀਆਂ ਵਿੱਚ ਯੋਗਦਾਨ ਪਾਇਆ। ਪੰਜਾਬ ਦੇ ਖੇਤੀਬਾੜੀ ਮੰਤਰੀ ਸ੍ਰ: ਗੁਰਮੀਤ ਸਿੰਘ ਖੁੱਡੀਆਂ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਕਰਤਾਰ ਸਿੰਘ ਢਿੱਲੋਂ ਚੰਗੇ ਸਮਾਜ ਸੇਵਕ ਸਨ। ਸੇਵਾਮੁਕਤ ਹੋਣ ਉਪਰੰਤ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਕੇ ਲੋਕ ਸੇਵਾ ਕਰਦੇ ਰਹੇ ਹਨ।

ਪੰਜਾਬ ਦੀ ਆਵਾਜ਼ ਸਮਝੇ ਜਾਂਦੇ ਉੱਚਕੋਟੀ ਦੇ ਸਿਆਸਤਦਾਨ ਸ੍ਰ: ਜਗਮੀਤ ਸਿੰਘ ਬਰਾੜ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਢਿੱਲੋਂ ਪਰਿਵਾਰ ਨਾਲ ਲੰਬਾ ਵਾਹ ਵਾਸਤਾ ਹੈ। ਦੋਵੇਂ ਢਿੱਲੋਂ ਭਰਾ ਹੀ ਸੁਲਝੇ ਹੋਏ ਤੇ ਅਗਾਂਹਵਧੂ ਖਿਆਲਾਂ ਦੇ ਹੋਣ ਕਰਕੇ ਲੋਕ ਹੱਕਾਂ ਲਈ ਜੂਝਦੇ ਰਹੇ ਹਨ। ਕਰਤਾਰ ਸਿੰਘ ਦੀ ਮੌਤ ਨਾਲ ਇੱਕ ਚੰਗਾ ਸਮਾਜ ਸੇਵਕ ਸਾਥੋਂ ਵਿੱਛੜ ਗਿਆ ਹੈ।

ਇਸ ਮੌਕੇ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਜਗਰੂਪ ਸਿੰਘ ਗਿੱਲ ਵਿਧਾਇਕ ਬਠਿੰਡਾ ਸ਼ਹਿਰੀ, ਸਾਬਕਾ ਸੰਸਦੀ ਸਕੱਤਰ ਤੇ ਭਾਜਪਾ ਆਗੂ ਸਰੂਪ ਚੰਦ ਸਿੰਗਲਾ, ਸਾਬਕਾ ਵਿਧਾਇਕ ਗੁਰਜੰਟ ਸਿੰਘ ਕੁੱਤੀਵਾਲ, ਲੋਕ ਅਵਾਜ਼ ਚੈਨਲ ਦੇ ਸੰਚਾਲਕ ਮਨਿੰਦਰਜੀਤ ਸਿੰਘ, ਡੀ ਐੱਸ ਪੀ ਲੰਬੀ ਹਰਬੰਸ ਸਿੰਘ, ਇੰਪਰੂਵਮੈਂਟ ਟਰੱਸਟ ਬਠਿੰਡਾ ਦੇ ਚੇਅਰਮੈਨ ਜਤਿੰਦਰ ਭੱਲਾ, ਸ਼ੂਗਰਫੈੱਡ ਪੰਜਾਬ ਦੇ ਚੇਅਰਮੈਨ ਨਵਦੀਪ ਜੀਦਾ, ਸਾਬਕਾ ਮੰਤਰੀ ਚਿਰੰਜੀ ਲਾਲ ਗਰਗ, ਬੈਂਕ ਇੰਪਲਾਈਜ਼ ਯੂਨੀਅਨ ਦੇ ਆਗੂ ਇੰਦਰਜੀਤ ਸਿੰਘ, ਬਠਿੰਡਾ ਦੇ ਸਾਬਕਾ ਮੇਅਰ ਬਲਜੀਤ ਸਿੰਘ ਬੀੜ ਬਹਿਮਣ, ਪੰਜਾਬੀ ਸਾਹਿਤ ਸਭਾ ਬਠਿੰਡਾ ਦੇ ਪ੍ਰਧਾਨ ਜਸਪਾਲ ਮਾਨਖੇੜਾ, ਸਵਰਾਜ ਪਾਰਟੀ ਪੰਜਾਬ ਦੇ ਬੁਲਾਰੇ ਗਿਆਨ ਚੰਦ ਬਾਂਸਲ, ਕਾਂਗਰਸੀ ਨੇਤਾ ਦਰਸ਼ਨ ਸਿੰਘ ਜੀਦਾ, ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਬਠਿੰਡਾ ਸ਼ਹਿਰੀ ਪ੍ਰਧਾਨ ਇਕਬਾਲ ਸਿੰਘ ਬਬਲੀ ਢਿੱਲੋਂ, ਕਾਂਗਰਸ ਦੇ ਆਗੂ ਫਤਹਿ ਸਿੰਘ ਬਾਦਲ, ਮਾਰਕੀਟ ਕਮੇਟੀ ਬਠਿੰਡਾ ਦੇ ਸਾਬਕਾ ਚੇਅਰਮੈਨ ਮੋਹਨ ਲਾਲ ਝੁੰਬਾ, ਸੀ ਪੀ ਆਈ ਦੇ ਜ਼ਿਲ੍ਹਾ ਬਠਿੰਡਾ ਸਕੱਤਰ ਤੇ ਕਿਸਾਨ ਆਗੂ ਬਲਕਰਨ ਸਿੰਘ ਬਰਾੜ, ਹਰਿਆਣਾ ਦੇ ਕਾਂਗਰਸੀ ਆਗੂ ਮਲਕੀਤ ਸਿੰਘ ਗੰਗਾ, ਅਕਾਲੀ ਦਲ ਦੇ ਬਠਿੰਡਾ ਦਿਹਾਤੀ ਪ੍ਰਧਾਨ ਜਗਸੀਰ ਕਲਿਆਣ, ਜ਼ਿਲ੍ਹਾ ਮਾਨਸਾ ਦੇ ਕਾਂਗਰਸੀ ਆਗੂ ਕਰਮ ਸਿੰਘ ਚੌਹਾਨ, ਮਿੰਨੀ ਬੱਸ ਓਪਰੇਟਰਜ਼ ਯੂਨੀਅਨ ਦੇ ਪ੍ਰਧਾਨ ਬਲਤੇਜ ਸਿੰਘ ਵਾਂਦਰ, ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੋਪਾਲ ਸਿੰਘ, ਪੈਟਰੋਲ ਪੰਪ ਐਸੋਸੀਏਸ਼ਨ ਬਠਿੰਡਾ ਦੇ ਪ੍ਰਧਾਨ ਜਗਵੰਤ ਬਾਂਸਲ, ਸਾਬਕਾ ਐਡਵੋਕੇਟ ਜਨਰਲ ਸਿੰਦਰਪਾਲ ਸਿੰਘ ਬਰਾੜ, ਫਰੀਡਮ ਫਾਈਟਰ ਉੱਤਰਾਧਿਕਾਰੀ ਸੰਸਥਾ ਦੇ ਪ੍ਰਧਾਨ ਦਰਸ਼ਨ ਸਿੰਘ, ਆਮ ਆਦਮੀ ਪਾਰਟੀ ਦੇ ਮਹਿਲਾ ਆਗੂ ਹਰਜਿੰਦਰ ਕੌਰ ਰਾਏ, ਅਕਾਲੀ ਆਗੂ ਭੋਲਾ ਸਿੰਘ ਸੇਖੂ ਤੇ ਜਗਦੀਪ ਸਿੰਘ ਗਹਿਰੀ ਪਹੁੰਚੇ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੱਤਰਕਾਰ, ਸਾਹਿਤਕਾਰ, ਵਕੀਲ ਤੇ ਪੰਚ ਸਰਪੰਚਾਂ ਨੇ ਵੀ ਹਾਜ਼ਰੀ ਲਵਾਈ। ਅੰਤ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਜਸਵਿੰਦਰ ਛਿੰਦਾ ਨੇ ਸਭਨਾਂ ਦਾ ਧੰਨਵਾਦ ਕੀਤਾ।

## ਤਿਉਹਾਰਾਂ ਮੌਕੇ ਫਿਰੋਜ਼ਪੁਰ ਛਾਉਣੀ ਤੋਂ ਪਟਨਾ ਲਈ ਚੱਲੇਗੀ ਰਾਖਵੀਂ ਸਪੈਸ਼ਲ ਐਕਸਪ੍ਰੈੱਸ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਤਿਉਹਾਰਾਂ ਦੇ ਸੀਜ਼ਨ ਨੂੰ ਮੁੱਖ ਰੱਖਦਿਆਂ ਰੇਲਵੇ ਵੱਲੋਂ ਯਾਤਰੀਆਂ ਦੀ ਸਹੂਲਤ ਲਈ ਫਿਰੋਜ਼ਪੁਰ ਛਾਉਣੀ-ਪਟਨਾ-ਫਿਰੋਜ਼ਪੁਰ ਛਾਉਣੀ ਦਰਮਿਆਨ ਰਾਖਵੀਂ ਤਿਉਹਾਰ ਸਪੈਸ਼ਲ ਐਕਸਪ੍ਰੈੱਸ ਚਲਾਉਣ ਦਾ ਫੈਸਲਾ ਕੀਤਾ ਗਿਆ ਹੈ। ਰੇਲਗੱਡੀ ਨੰਬਰ 04616/04615 ਰਾਹੀਂ ਯਾਤਰੀਆਂ ਨੂੰ ਤਿਉਹਾਰਾਂ ਦੌਰਾਨ ਲੰਬੀ ਦੂਰੀ ਦੀ ਯਾਤਰਾ ਲਈ ਵਾਧੂ ਸਹੂਲਤ ਮਿਲੇਗੀ। ਰੇਲਵੇ ਵੱਲੋਂ ਜਾਰੀ ਜਾਣਕਾਰੀ ਮੁਤਾਬਿਕ ਟਰੇਨ ਨੰਬਰ 04616 ਫਿਰੋਜ਼ਪੁਰ ਛਾਉਣੀ ਤੋਂ ਪਟਨਾ ਲਈ 6 ਅਕਤੂਬਰ ਤੋਂ 24 ਨਵੰਬਰ 2026 ਤੱਕ ਹਰ ਮੰਗਲਵਾਰ ਚੱਲੇਗੀ ਤੇ ਇਸ ਦੇ ਕੁੱਲ 8 ਗੇੜੇ ਹੋਣਗੇ। ਇਹ ਗੱਡੀ ਫਿਰੋਜ਼ਪੁਰ ਛਾਉਣੀ ਤੋਂ ਦੁਪਹਿਰ 12 ਵਜੇ ਰਵਾਨਾ ਹੋ ਕੇ ਲਗਭਗ 30 ਘੰਟਿਆਂ ਬਾਅਦ ਸ਼ਾਮ 6.35 ਵਜੇ ਪਟਨਾ ਪਹੁੰਚੇਗੀ। ਇਸੇ ਤਰ੍ਹਾਂ ਵਾਪਸੀ ਦੀ ਟਰੇਨ ਨੰਬਰ 04615 ਪਟਨਾ ਤੋਂ ਫਿਰੋਜ਼ਪੁਰ ਛਾਉਣੀ ਲਈ 7 ਅਕਤੂਬਰ ਤੋਂ 25 ਨਵੰਬਰ ਤੱਕ ਹਰ ਬੁੱਧਵਾਰ ਚੱਲੇਗੀ। ਇਹ ਗੱਡੀ ਰਾਤ 8.20 ਵਜੇ ਪਟਨਾ ਤੋਂ ਰਵਾਨਾ ਹੋ ਕੇ ਅਗਲੇ ਦਿਨ-ਰਾਤ 11.55 ਵਜੇ ਫਿਰੋਜ਼ਪੁਰ ਛਾਉਣੀ ਪਹੁੰਚੇਗੀ। ਰਸਤੇ ਵਿਚ ਟਰੇਨ ਮੋਗਾ, ਲੁਧਿਆਣਾ, ਅੰਬਾਲਾ ਛਾਉਣੀ, ਯਮੁਨਾਨਗਰ-ਜਗਾਧਰੀ, ਸਹਾਰਨਪੁਰ, ਰੁੜਕੀ, ਨਜੀਬਾਬਾਦ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਹਰਦੋਈ, ਬਾਲਾਮਊ, ਆਲਮਨਗਰ, ਉਤਰੇਟੀਆ, ਰਾਇਬਰੇਲੀ, ਮਾਂ ਬੇਲ੍ਹਾ ਦੇਵੀ ਧਾਮ (ਪ੍ਰਤਾਪਗੜ੍ਹ), ਜੰਘਈ, ਵਾਰਾਣਸੀ, ਪੰ. ਦੀਨ ਦਿਆਲ ਉਪਾਧਿਆਏ ਜੰਕਸ਼ਨ, ਬਕਸਰ, ਰਘੁਨਾਥਪੁਰ, ਆਰਾ ਅਤੇ ਦਾਨਾਪੁਰ ਸਮੇਤ ਕਈ ਸਟੇਸ਼ਨਾਂ 'ਤੇ ਦੋਵੇਂ ਦਿਸ਼ਾਵਾਂ ਵਿਚ ਠਹਿਰੇਗੀ। ਗੱਡੀ ਵਿਚ ਏਸੀ 2-ਟੀਅਰ ਦਾ ਇਕ, ਏਸੀ 3-ਟੀਅਰ ਦੇ ਦੋ, ਸਲੀਪਰ ਦੇ 9 ਤੇ ਜਨਰਲ ਸ਼੍ਰੇਣੀ ਦੇ 6 ਕੋਚ ਹੋਣਗੇ। ਰੇਲਵੇ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਤਿਉਹਾਰ ਸਪੈਸ਼ਲ ਸੇਵਾ ਦਾ ਲਾਭ ਲੈ ਕੇ ਆਪਣੀ ਯਾਤਰਾ ਨੂੰ ਸੁਖਦ ਤੇ ਸੁਵਿਧਾਜਨਕ ਬਣਾਉਣ।

## ਹਰਪਾਲ ਸਿੰਘ ਖਡਿਆਲ ਯੂਥ ਵਿੰਗ ਪੰਜਾਬ ਦਾ ਵਰਕਿੰਗ ਪ੍ਰਧਾਨ ਤੇ ਲੋਕ ਸਭਾ ਹਲਕਾ ਸੰਗਰੂਰ ਦਾ ਇੰਚਾਰਜ ਨਿਯੁਕਤ



**ਦਿੜ੍ਹਬਾ (ਜਸਵੀਰ ਲਾਡੀ)**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਹਰ ਰੋਜ਼ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ।ਇਸ ਲੜੀ ਤਹਿਤ ਸੰਗਰੂਰ ਜ਼ਿਲ੍ਹੇ ਦੇ ਪਿੰਡ ਖਡਿਆਲ ਦੇ ਜੰਮਪਲ ਨੌਜਵਾਨ ਅਕਾਲੀ ਆਗੂ ਹਰਪਾਲ ਸਿੰਘ ਖਡਿਆਲ ਨੂੰ ਅਕਾਲੀ ਦਲ ਯੂਥ ਵਿੰਗ ਪੰਜਾਬ ਦਾ ਵਰਕਿੰਗ ਪ੍ਰਧਾਨ ਤੇ ਲੋਕ ਸਭਾ ਹਲਕਾ ਸੰਗਰੂਰ ਦਾ ਇੰਚਾਰਜ ਨਿਯੁਕਤ ਕਰਨ 'ਤੇ ਪਾਰਟੀ ਪੂਰੇ ਹਲਕੇ ਵਿੱਚ ਹੋਰ ਮਜ਼ਬੂਤ ਹੋਵੇਗੀ।ਸੰਗਰੂਰ ਹਲਕਾ ਇੰਚਾਰਜ ਵਿਨਰਜੀਤ ਸਿੰਘ ਖੰਨਾ, ਗੁਲਜ਼ਾਰ ਸਿੰਘ ਮੂਨਕ ਹਲਕਾ ਇੰਚਾਰਜ ਦਿੜ੍ਹਬਾ, ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ, ਇਸਤਰੀ ਵਿੰਗ ਬੀਬੀ ਪਰਮਜੀਤ ਕੌਰ ਵਿਰਕ, ਮਾ. ਬਲਵਿੰਦਰ ਸਿੰਘ ਕਹੇਰੀਆਂ ਪੀ.ਏ.ਸੀ. ਮੈਂਬਰ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਅੱਗੇ ਲਿਆਉਣ ਨਾਲ ਹੀ ਪਾਰਟੀ ਤਰੱਕੀ ਦੇ ਰਾਹ ਵੱਲ ਵਧ ਸਕਦੀ ਹੈ, ਕਿਉਂਕਿ ਨੌਜਵਾਨਾਂ ਵਿੱਚ ਕੰਮ ਕਰਨ ਦਾ ਜਜ਼ਬਾ ਤੇ ਉਤਸ਼ਾਹ ਹੁੰਦਾ ਹੈ।ਹਰਪਾਲ ਸਿੰਘ ਖਡਿਆਲ ਨੇ ਕਿਹਾ ਕਿ ਪਾਰਟੀ ਨੇ ਜੋ ਜ਼ਿੰਮੇਵਾਰੀ ਦਿੱਤੀ ਹੈ, ਮੈਂ ਉਸ ਨੂੰ ਪੂਰੀ ਲਗਨ, ਮਿਹਨਤ ਤੇ ਇਮਾਨਦਾਰੀ ਨਾਲ ਨਿਭਾਵਾਂਗਾ।

## ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੋਂ ਲੋਕ ਬਾਗੋਬਾਗ : ਉਮਰੀਆਨਾ



**ਕੋਟ ਈਸੇ ਖਾਂ (ਅਰੋੜਾ)**-ਜ਼ਿਲ੍ਹਾ ਯੂਥ ਜਨਰਲ ਸਕੱਤਰੀ ਤਲਵਿੰਦਰ ਸਿੰਘ ਉਮਰੀਆਨਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬਹੁਤ ਹੀ ਵਧੀਆ ਤੇ ਲੋਕ-ਪੱਖੀ ਕੰਮ ਕੀਤੇ ਜਾ ਰਹੇ ਹਨ।ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੇ ਵਿਕਾਸਮੁਖੀ ਯੋਜਨਾਵਾਂ ਕਾਰਨ ਪੰਜਾਬ ਦੇ ਲੋਕ ਖ਼ੁਸ਼ ਤੇ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ, ਸੜਕਾਂ ਤੇ ਹੋਰ ਬੁਨਿਆਦੀ ਸਹੂਲਤਾਂ ਦੇ ਖੇਤਰ ਵਿੱਚ ਲੋਕਾਂ ਦੀ ਭਲਾਈ ਲਈ ਮਹੱਤਵਪੂਰਨ ਕਦਮ ਚੁੱਕੇ ਹਨ।ਸਰਕਾਰ ਦੀਆਂ ਨੀਤੀਆਂ ਦਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ, ਜਿਸ ਕਾਰਨ ਲੋਕਾਂ ਦਾ ਸਰਕਾਰ ਪ੍ਰਤੀ ਭਰੋਸਾ ਹੋਰ ਮਜ਼ਬੂਤ ਹੋਇਆ ਹੈ।ਉਮਰੀਆਨਾ ਨੇ ਕਿਹਾ ਕਿ ਹਲਕਾ ਧਰਮਕੋਟ 'ਤੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਹਲਕੇ ਅੰਦਰ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ।

ਇਲਾਕੇ ਵਿੱਚ ਬੁਨਿਆਦੀ ਢਾਂਚੇ ਤੇ ਲੋਕ-ਸਹੂਲਤਾਂ ਨਾਲ ਸਬੰਧਤ ਕੰਮਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਤੇ ਹਲਕਾ ਤਰੱਕੀ ਦੀ ਰਾਹ 'ਤੇ ਅੱਗੇ ਵੱਧ ਰਿਹਾ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸੁੰਦਰ ਤੇ ਆਧੁਨਿਕ ਪਾਰਕ ਬਣਾਏ ਜਾ ਰਹੇ ਹਨ, ਗਲੀਆਂ ਤੇ ਨਾਲੀਆਂ ਨੂੰ ਪੱਕਾ ਕੀਤਾ ਜਾ ਰਿਹਾ ਹੈ ਅਤੇ ਸਟਰੀਟ ਲਾਈਟਾਂ ਲਗਾ ਕੇ ਰਾਤ ਸਮੇਂ ਵੀ ਬਿਹਤਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡ ਮੈਦਾਨ ਤੇ ਜਿੰਮ ਵਰਗੀਆਂ ਸਹੂਲਤਾਂ ਵਿਕਸਤ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ, ਵਿਕਾਸ ਕਾਰਜਾਂ ਤੇ ਲੋਕਾਂ ਦੇ ਮਿਲ ਰਹੇ ਪਿਆਰ ਸਦਕਾ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਇੱਕ ਵਾਰ ਫਿਰ ਪੰਜਾਬ ਵਿੱਚ ਬਣੇਗੀ।

## ਗਲੋਬਲ ਡਿਸਕਵਰੀ ਸਕੂਲ 'ਚ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ 'ਚ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬਹੁਤ ਹੀ ਸ਼ਰਧਾ, ਉਤਸ਼ਾਹ ਤੇ ਠਾਠ-ਬਾਠ ਨਾਲ ਮਨਾਇਆ ਗਿਆ।ਸਕੂਲ ਕੰਪਲੈਕਸ ਵਿੱਚ ਆਯੋਜਤ ਇਸ ਵਿਸ਼ੇਸ਼ ਸਮਾਗਮ ਨੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਪੂਰੀ ਤਰ੍ਹਾਂ ਭਗਤੀ ਵਾਲੇ ਤੇ ਸੱਭਿਆਚਾਰਕ ਮਾਹੌਲ ਨਾਲ ਮੋਹਿਤ ਕਰ ਦਿੱਤਾ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਜੀਵਨ, ਉਨ੍ਹਾਂ ਦੀਆਂ ਬਾਲ ਲੀਲਾਵਾਂ ਤੇ ਉਨ੍ਹਾਂ ਦੇ ਆਦਰਸ਼ਾਂ ਨੂੰ ਨਾਚ, ਸੰਗੀਤ, ਪ੍ਰਭਾਵਸ਼ਾਲੀ ਭਾਸ਼ਣਾਂ ਤੇ ਭਾਵਪੂਰਤ ਨਾਟਕੀ ਪ੍ਰਸਤੁਤੀਆਂ ਰਾਹੀਂ ਮੰਚ 'ਤੇ ਪੇਸ਼ ਕੀਤਾ।ਮਨਮੋਹਕ ਕ੍ਰਿਸ਼ਨ-ਰਾਧਾ ਨਾਚ ਤੇ ਛੋਟੇ ਬੱਚਿਆਂ ਦੀਆਂ ਬਾਲ ਲੀਲਾਵਾਂ ਦੀ ਪੇਸ਼ਕਾਰੀ ਨੇ ਦਰਸ਼ਕਾਂ ਦਾ ਦਿਲ ਜਿੱਤ ਲਿਆ, ਜਦੋਂਕਿ ਜਨਮ ਅਸ਼ਟਮੀ 'ਤੇ ਅਧਾਰਤ ਵਿਸ਼ੇਸ਼ ਕ੍ਰਿਸ਼ਨ ਰਾਸਲੀਲਾ ਪ੍ਰੋਗਰਾਮ ਦਾ ਮੁੱਖ ਆਕਰਸ਼ਣ ਰਹੀ।ਸਕੂਲ ਦੇ ਚੇਅਰਮੈਨ ਇੰਜੀਨੀਅਰ ਕਮਲੇਸ਼ ਸਰਾਫ਼ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦਾ ਮਾਰਗਦਰਸ਼ਨ ਕੀਤਾ ਤੇ ਹੌਸਲਾ ਵਧਾਇਆ।ਉਨ੍ਹਾਂ ਨੇ ਆਪਣੇ ਸੰਦੇਸ਼ ਵਿੱਚ ਵਿਦਿਆਰਥੀਆਂ ਨੂੰ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਜੀਵਨ ਤੋਂ ਪ੍ਰੇਰਨਾ ਲੈਂਦੇ ਹੋਏ ਸੱਚ, ਪਿਆਰ, ਕਰਮ ਤੇ ਧਰਮ ਦੇ ਰਾਹ 'ਤੇ ਅੱਗੇ ਵਧਣ ਦਾ ਸੱਦਾ ਦਿੱਤਾ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਸਮਾਗਮ ਦੌਰਾਨ ਕਰਾਈ ਗਈ ਇੰਟਰ-ਹਾਊਸ 'ਦਹੀ ਹਾਂਡੀ' ਪ੍ਰਤੀਯੋਗਤਾ ਨੇ ਪ੍ਰੋਗਰਾਮ ਵਿੱਚ ਰੋਮਾਂਚ ਤੇ ਊਰਜਾ ਦਾ ਸੰਚਾਰ ਕੀਤਾ, ਜਿਸ ਵਿੱਚ ਵਿਦਿਆਰਥੀਆਂ ਨੇ ਅਦਭੁਤ ਟੀਮ ਭਾਵਨਾ ਤੇ ਉਤਸ਼ਾਹ ਦਾ ਪ੍ਰਦਰਸ਼ਨ ਕੀਤਾ।ਇਸ ਪ੍ਰਤੀਯੋਗਤਾ 'ਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੈਂਟੌਰਸ ਹਾਊਸ ਨੇ ਜੇਤੂ ਦਾ ਖਿਤਾਬ ਆਪਣੇ ਨਾਂਅ ਕੀਤਾ।ਪੂਰੇ ਪ੍ਰੋਗਰਾਮ ਦੌਰਾਨ ਪੂਰਾ ਸਕੂਲ ਕੰਪਲੈਕਸ 'ਜੈ ਸ਼੍ਰੀ ਕ੍ਰਿਸ਼ਨ' ਦੇ ਜੈਕਾਰਿਆਂ ਨਾਲ ਗੂੰਜਦਾ ਰਿਹਾ ਤੇ ਅੰਤ ਵਿੱਚ ਭਗਵਾਨ ਸ਼੍ਰੀ ਕ੍ਰਿਸ਼ਨ ਦੀ ਮਹਾਂਆਰਤੀ ਨਾਲ ਸਮਾਗਮ ਦਾ ਸ਼ਰਧਾਪੂਰਵਕ ਸਮਾਪਨ ਹੋਇਆ।

## ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਵੱਲੋਂ ਖ਼ੂਨਦਾਨ ਕੈਂਪ 9 ਨੂੰ



**ਰਾਜਪੁਰਾ (ਰਮੇਸ਼ ਕਟਾਰੀਆ)**-ਚੰਡੀਗੜ੍ਹ ਨੇੜੇ ਰਾਜਪੁਰਾ ਸਥਿਤ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਵੱਲੋਂ 9 ਸਤੰਬਰ ਨੂੰ ਆਰੀਅਨਜ਼ ਕੈਂਪਸ ਵਿਖੇ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ।ਇਸ ਉਪਰਾਲੇ ਦਾ ਮਕਸਦ ਵਿਦਿਆਰਥੀਆਂ, ਅਧਿਆਪਕਾਂ ਤੇ ਸਟਾਫ ਵਿੱਚ ਸਵੈ-ਇੱਛਤ ਖ਼ੂਨ ਦਾਨ ਨੂੰ ਉਤਸ਼ਾਹਤ ਕਰਨਾ ਤੇ ਖ਼ੂਨ ਦਾਨ ਦੀ ਜੀਵਨ-ਰੱਖਿਅਕ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਆਰੀਅਨਜ਼ ਗਰੁੱਪ ਦੇ ਚੇਅਰਮੈਨ ਡਾ. ਅੰਸ਼ੂ ਕਟਾਰੀਆ ਨੇ ਕਿਹਾ ਕਿ ਇਸ ਉਪਰਾਲੇ ਦਾ ਉਦੇਸ਼ ਸਵੈ-ਇੱਛਤ ਖ਼ੂਨ ਦਾਨ ਦੀ ਭਾਵਨਾ ਨੂੰ ਉਤਸ਼ਾਹਤ ਕਰਨਾ ਤੇ ਨੌਜਵਾਨ ਪੀੜ੍ਹੀ ਨੂੰ ਐਮਰਜੈਂਸੀ ਇਲਾਜ, ਸਰਜਰੀਆਂ ਤੇ ਹੋਰ ਗੰਭੀਰ ਡਾਕਟਰੀ ਦੇਖਭਾਲ ਦੀ ਲੋੜ ਵਾਲੇ ਮਰੀਜ਼ਾਂ ਲਈ ਖ਼ੂਨ ਦੀ ਲੋੜੀਂਦੀ ਉਪਲਬਧਤਾ ਬਣਾਈ ਰੱਖਣ ਦੀ ਮਹੱਤਤਾ ਪ੍ਰਤੀ ਸੰਵੇਦਨਸ਼ੀਲ ਬਣਾਉਣਾ ਹੈ।ਉਨ੍ਹਾਂ ਅੱਗੇ ਕਿਹਾ ਕਿ ਖ਼ੂਨਦਾਨ ਦਾ ਇੱਕ ਕਦਮ ਵੀ ਜਾਨਾਂ ਬਚਾਉਣ ਵਿੱਚ ਬਹੁਮੁੱਲਾ ਯੋਗਦਾਨ ਪਾ ਸਕਦਾ ਹੈ।ਆਰੀਅਨਜ਼ ਗਰੁੱਪ ਆਪਣੀ ਸਥਾਪਨਾ ਤੋਂ ਹੀ ਸਰਗਰਮੀ ਨਾਲ ਖ਼ੂਨਦਾਨ ਕੈਂਪ ਲਗਾ ਰਿਹਾ ਹੈ ਅਤੇ ਪਿਛਲੇ 20 ਸਾਲਾਂ ਤੋਂ ਇਸਨੂੰ ਆਪਣੀ 'ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ' ਸੀ ਐੱਸ ਆਰ ਤੇ ਭਾਈਚਾਰਕ ਭਲਾਈ ਦੇ ਉਪਰਾਲਿਆਂ ਦਾ ਇੱਕ ਨਿਰੰਤਰ ਹਿੱਸਾ ਬਣਾਇਆ ਹੋਇਆ ਹੈ।ਸਾਲਾਂ ਦੌਰਾਨ, ਇਨ੍ਹਾਂ ਕੈਂਪਾਂ ਨੇ ਕਾਲਜ ਭਾਈਚਾਰੇ ਨੂੰ ਅੱਗੇ ਆਉਣ ਅਤੇ ਹਸਪਤਾਲਾਂ ਤੇ ਐਮਰਜੈਂਸੀ ਸਥਿਤੀਆਂ ਵਿੱਚ ਖ਼ੂਨ ਦੀ ਗੰਭੀਰ ਮੰਗ ਨੂੰ ਪੂਰਾ ਕਰਨ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਤ ਕੀਤਾ ਹੈ।ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਪ੍ਰਮੁੱਖ ਸਿਹਤ ਸੰਭਾਲ ਸੰਸਥਾਵਾਂ, ਜਿਵੇਂ ਕਿ ਪੀ.ਜੀ.ਆਈ.ਐੱਮ.ਈ.ਆਰ. ਚੰਡੀਗੜ੍ਹ ਤੇ ਫੋਰਟਿਸ ਹਸਪਤਾਲ ਮੋਹਾਲੀ ਦੇ ਸਹਿਯੋਗ ਨਾਲ ਸਿਹਤ ਸੰਭਾਲ, ਜਾਗਰੂਕਤਾ ਤੇ ਸਮਾਜਿਕ ਭਲਾਈ ਦੇ ਕਈ ਉਪਰਾਲੇ ਜਾਰੀ ਰੱਖਦਾ ਹੈ।ਅਜਿਹੇ ਉਪਰਾਲੇ ਲੋਕਾਂ ਵਿੱਚ ਸਮਾਜਿਕ ਜ਼ਿੰਮੇਵਾਰੀ ਤੇ ਹਮਦਰਦੀ ਦੀ ਭਾਵਨਾ ਪੈਦਾ ਕਰਦੇ ਹਨ।


# ਓਸਵਾਲ ਐਗਰੋ ਮਿੱਲਜ਼ ਲਿਮਿਟੇਡ

**ਸੀ ਆਈ ਐਨ : ਐਲ 15319ਪੀ ਬੀ1979ਪੀ ਐਲ ਸੀ012267**

ਰਜਿ. ਦਫ਼ਤਰ : ਨੇੜੇ ਜੈਨ ਕਲੋਨੀ, ਵਿਜੇ ਇੰਦਰ ਨਗਰ, ਡਾਬਾ ਰੋਡ, ਲੁਧਿਆਣਾ-141003 (ਪੰਜਾਬ), ਇੰਡੀਆ ਕਾਰਪੋਰੇਸ਼ਨ
ਦਫ਼ਤਰ: 7ਵੀਂ ਮੰਜ਼ਿਲ, ਅੰਤਰਿਕਸ਼ ਭਵਨ, 22, ਕਸਤੂਰਬਾ ਗਾਂਧੀ ਮਾਰਗ, ਨਵੀਂ ਦਿੱਲੀ-110001
ਟੈਲੀਫ਼ੋਨ: +91-11-23715242, ਈ-ਮੇਲ: cs@oswalagromills.com, ਵੈੱਬਸਾਈਟ: www.oswalagromills.com

**46ਵੀਂ ਸਾਲਾਨਾ ਜਨਰਲ ਮੀਟਿੰਗ ਅਤੇ ਈ-ਵੋਟਿੰਗ ਸੰਬੰਧੀ ਸੂਚਨਾ**

ਇਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਓਸਵਾਲ ਐਗਰੋ ਮਿੱਲਜ਼ ਲਿਮਿਟਡ (ਕੰਪਨੀ) ਦੇ ਮੈਂਬਰਾਂ ਦੀ 46ਵੀਂ ਸਾਲਾਨਾ ਜਨਰਲ ਮੀਟਿੰਗ (ਏ ਜੀ ਐਮ) ਮੰਗਲਵਾਰ, 29 ਸਤੰਬਰ 2026 ਨੂੰ ਸ਼ਾਮ 03 : 00 ਵਜੇ (ਆਈ ਐਸ ਟੀ) ਵੀਡੀਓ ਕਾਨਫਰੰਸਿੰਗ ("ਵੀ ਸੀ") /ਹੋਰ ਆਡੀਓ-ਵਿਜ਼ੂਅਲ ਮਾਧਿਅਮ ("ਓ ਏ ਵੀ ਐਮ") ਰਾਹੀਂ ਕਰਵਾਈ ਜਾਵੇਗੀ। ਇਸ ਮੀਟਿੰਗ ਵਿੱਚ 46ਵੀਂ ਏ ਜੀ ਐਮ ਦੀ ਸੂਚਨਾ ਵਿੱਚ ਦਰਸਾਏ ਗਏ ਕਾਰੋਬਾਰੀ ਮਾਮਲਿਆਂ ਨੂੰ ਵਿਚਾਰਿਆ ਅਤੇ ਨਿਪਟਾਇਆ ਜਾਵੇਗਾ।ਇਹ ਮੀਟਿੰਗ ਕੰਪਨੀਜ਼ ਐਕਟ, 2013 ("ਐਕਟ"), ਇਸ ਦੇ ਅਧੀਨ ਬਣਾਏ ਗਏ ਨਿਯਮਾਂ ਅਤੇ ਸਿਕਿਓਰਿਟੀਜ਼ ਐਂਡ ਐਕਸਚੇਂਜ ਬੋਰਡ ਆਫ਼ ਇੰਡੀਆ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਨਿਯਮਾਵਲੀ, 2015 [ਸੇਬੀ (ਲੋਡਰ) ਨਿਯਮ] ਦੀਆਂ ਲਾਗੂ ਵਿਵਸਥਾਵਾਂ ਦੀ ਪਾਲਣਾ ਕਰਦੇ ਹੋਏ, ਕਾਰਪੋਰੇਟ ਮਾਮਲਿਆਂ ਬਾਰੇ ਮੰਤਰਾਲਾ ("ਐਮ ਸੀ ਏ") ਦੇ ਜਨਰਲ ਸਰਕੂਲਰ ਨੰ. 20/2020 ਮਿਤੀ 5 ਮਈ 2020, ਜਨਰਲ ਸਰਕੂਲਰ ਨੰ. 14 ਅਤੇ 17/2020 ਮਿਤੀ 8 ਅਪ੍ਰੈਲ 2020 ਅਤੇ ਮਿਤੀ 13 ਅਪ੍ਰੈਲ 2020 ਦੇ ਨਾਲ-ਨਾਲ ਹੋਰ ਸੰਬੰਧਿਤ ਸਰਕੂਲਰਾਂ, ਜਿਸ ਵਿੱਚ 09/2024 ਮਿਤੀ 19 ਸਤੰਬਰ 2024 ਅਤੇ 22 ਸਤੰਬਰ 2025 ਵੀ ਸ਼ਾਮਲ ਹਨ, ਦੇ ਅਨੁਸਾਰ ਕਰਵਾਈ ਜਾ ਰਹੀ ਹੈ।ਮੀਟਿੰਗ ਦਾ ਸਥਾਨ ਕੰਪਨੀ ਦਾ ਰਜਿਸਟਰਡ ਦਫ਼ਤਰ, ਅਰਥਾਤ ਨੇੜੇ ਜੈਨ ਕਲੋਨੀ, ਵਿਜੇ ਇੰਦਰ ਨਗਰ, ਡਾਬਾ ਰੋਡ, ਲੁਧਿਆਣਾ -141003, ਮੰਨਿਆ ਜਾਵੇਗਾ।ਵੀ ਸੀ/ਓ ਏ ਵੀ ਐਮ ਰਾਹੀਂ ਮੀਟਿੰਗ ਵਿੱਚ ਸ਼ਾਮਲ ਹੋਣ ਵਾਲੇ ਮੈਂਬਰਾਂ ਨੂੰ ਐਕਟ ਦੀ ਧਾਰਾ 103 ਦੇ ਤਹਿਤ ਕੋਰਮ ਦੀ ਗਿਣਤੀ ਲਈ ਮੌਜੂਦ ਮੈਂਬਰ ਮੰਨਿਆ ਜਾਵੇਗਾ।ਕਿਉਂਕਿ ਇਹ ਏ ਜੀ ਐਮ ਵੀ ਸੀ/ਓ ਏ ਵੀ ਐਮ ਰਾਹੀਂ ਕਰਵਾਈ ਜਾ ਰਹੀ ਹੈ, ਇਸ ਲਈ ਮੈਂਬਰਾਂ ਵੱਲੋਂ ਪ੍ਰਾਕਸੀ ਨਿਯੁਕਤ ਕਰਨ ਦੀ ਸਹੂਲਤ ਉਪਲਬਧ ਨਹੀਂ ਹੋਵੇਗੀ।

ਐਮ ਸੀ ਏ ਦੇ ਉਪਰੋਕਤ ਸਰਕੂਲਰਾਂ ਦੇ ਅਨੁਸਾਰ, 46ਵੀਂ ਏ ਜੀ ਐਮ ਦੀ ਸੂਚਨਾ ਮਿਤੀ 24 ਅਗਸਤ 2026, ਈ-ਵੋਟਿੰਗ ਦੀ ਪ੍ਰਕਿਰਿਆ ਅਤੇ ਹਦਾਇਤਾਂ ਅਤੇ ਵਿੱਤੀ ਸਾਲ 2025-26 ਦੀ ਕੰਪਨੀ ਦੀ ਸਾਲਾਨਾ ਰਿਪੋਰਟ ("ਸਾਲਾਨਾ ਰਿਪੋਰਟ 2025-26") ਦੀਆਂ ਇਲੈਕਟ੍ਰਾਨਿਕ ਕਾਪੀਆਂ ਸ਼ੁੱਕਰਵਾਰ, 4 ਸਤੰਬਰ 2026 ਨੂੰ ਉਨ੍ਹਾਂ ਮੈਂਬਰਾਂ ਨੂੰ ਈਮੇਲ ਰਾਹੀਂ ਭੇਜੀਆਂ ਗਈਆਂ ਹਨ, ਜਿਨ੍ਹਾਂ ਦੇ ਈਮੇਲ ਪਤੇ ਕੰਪਨੀ ਜਾਂ ਡਿਪਾਜ਼ਟਰੀ/ਡਿਪਾਜ਼ਟਰੀ ਭਾਗੀਦਾਰਾਂ ਕੋਲ ਰਜਿਸਟਰਡ ਹਨ।ਇਹ ਦਸਤਾਵੇਜ਼ ਕੰਪਨੀ ਦੀ ਵੈੱਬਸਾਈਟ www.oswalagromills.com, ਸਟਾਕ ਐਕਸਚੇਂਜਾਂ-ਬੀ ਐਸ ਈ ਲਿਮਿਟਡ ਅਤੇ ਨੈਸ਼ਨਲ ਸਟਾਕ ਐਕਸਚੇਂਜ ਆਫ ਇੰਡੀਆ ਲਿਮਿਟਡ ਦੀਆਂ ਵੈੱਬਸਾਈਟਾਂ www.bseindia.com ਅਤੇ www.nseindia.com [illegible]

[illegible]

i) ਰਿਮੋਟ ਈ-ਵੋਟਿੰਗ ਸ਼ਨੀਵਾਰ, 26 ਸਤੰਬਰ 2026 ਨੂੰ ਸਵੇਰੇ 09:00 ਵਜੇ (ਆਈ ਐਸ ਟੀ) ਸ਼ੁਰੂ ਹੋਵੇਗੀ।
ii) ਰਿਮੋਟ ਈ-ਵੋਟਿੰਗ ਸੋਮਵਾਰ, 28 ਸਤੰਬਰ 2026 ਨੂੰ ਸ਼ਾਮ 05:00 ਵਜੇ (ਆਈ ਐਸ ਟੀ) ਸਮਾਪਤ ਹੋਵੇਗੀ।
iii) [illegible] ਲੈਣ ਅਤੇ ਏ ਜੀ ਐਮ ਦੌਰਾਨ ਈ-ਵੋਟਿੰਗ ਦੀ ਸਹੂਲਤ ਦਾ ਲਾਭ ਲੈਣ ਦਾ ਹੱਕਦਾਰ ਹੋਵੇਗਾ।
iv) ਉਪਰੋਕਤ ਮਿਤੀ ਅਤੇ ਸਮੇਂ ਤੋਂ ਬਾਅਦ ਐਨ ਐਸ ਡੀ ਐਲ ਵੱਲੋਂ ਰਿਮੋਟ ਈ-ਵੋਟਿੰਗ ਮੋਡਿਊਲ ਨੂੰ ਬੰਦ ਕਰ ਦਿੱਤਾ ਜਾਵੇਗਾ। ਇੱਕ ਵਾਰ ਮੈਂਬਰ ਵੱਲੋਂ ਕਿਸੇ ਪ੍ਰਸਤਾਵ ਦੇ ਹੱਕ ਜਾਂ ਵਿਰੋਧ ਵਿੱਚ ਵੋਟ ਪਾ ਦਿੱਤੀ ਜਾਂਦੀ ਹੈ, ਤਾਂ ਉਸ ਨੂੰ ਬਾਅਦ ਵਿੱਚ ਬਦਲਣ ਦੀ ਇਜਾਜ਼ਤ ਨਹੀਂ ਹੋਵੇਗੀ।
v) ਜਿਹੜਾ ਵਿਅਕਤੀ 46ਵੀਂ ਏ ਜੀ ਐਮ ਦੀ ਸੂਚਨਾ ਈ-ਮੇਲ ਰਾਹੀਂ ਭੇਜੇ ਜਾਣ ਤੋਂ ਬਾਅਦ ਕੰਪਨੀ ਦਾ ਮੈਂਬਰ ਬਣਿਆ ਹੈ ਅਤੇ 22 ਸਤੰਬਰ 2026 ਦੀ ਕਟ-ਆਫ਼ ਮਿਤੀ ਨੂੰ ਸ਼ੇਅਰ ਰੱਖਦਾ ਹੈ, ਉਹ ਏ ਜੀ ਐਮ ਦੀ ਸੂਚਨਾ ਵਿੱਚ ਦਿੱਤੀਆਂ ਹਦਾਇਤਾਂ ਅਨੁਸਾਰ ਆਪਣਾ ਲਾਗਇਨ ਆਈ ਡੀ ਅਤੇ ਪਾਸਵਰਡ ਪ੍ਰਾਪਤ ਕਰ ਸਕਦਾ ਹੈ ਜਾਂ ਐਨ ਐਸ ਡੀ ਐਲ ਨੂੰ evoting@nsdl.co.in ਉੱਤੇ ਬੇਨਤੀ ਭੇਜ ਸਕਦਾ ਹੈ।ਜੇਕਰ ਉਹ ਪਹਿਲਾਂ ਹੀ ਐਨ ਐਸ ਡੀ ਐਲ ਨਾਲ ਰਿਮੋਟ ਈ-ਵੋਟਿੰਗ ਲਈ ਰਜਿਸਟਰਡ ਹੈ, ਤਾਂ ਉਹ ਆਪਣੀ ਮੌਜੂਦਾ ਯੂਜ਼ਰ ਆਈ ਡੀ ਅਤੇ ਪਾਸਵਰਡ ਦੀ ਵਰਤੋਂ ਕਰਕੇ ਵੋਟ ਪਾ ਸਕਦਾ ਹੈ।
vi) 46ਵੀਂ ਏ ਜੀ ਐਮ ਵਿੱਚ ਹਿੱਸਾ ਲੈਣ ਵਾਲੇ ਉਹ ਮੈਂਬਰ, ਜਿਨ੍ਹਾਂ ਨੇ ਰਿਮੋਟ ਈ-ਵੋਟਿੰਗ ਰਾਹੀਂ ਪਹਿਲਾਂ ਆਪਣੀ ਵੋਟ ਨਹੀਂ ਪਾਈ, ਉਹ ਏ ਜੀ ਐਮ ਦੌਰਾਨ ਈ-ਵੋਟਿੰਗ ਸਿਸਟਮ ਰਾਹੀਂ ਆਪਣੀ ਵੋਟ ਪਾਉਣ ਦੇ ਹੱਕਦਾਰ ਹੋਣਗੇ।
vii) ਜਿਨ੍ਹਾਂ ਮੈਂਬਰਾਂ ਨੇ 46ਵੀਂ ਏ ਜੀ ਐਮ ਤੋਂ ਪਹਿਲਾਂ ਰਿਮੋਟ ਈ-ਵੋਟਿੰਗ ਰਾਹੀਂ ਆਪਣੀ ਵੋਟ ਪਾ ਦਿੱਤੀ ਹੈ, ਉਹ ਵੀ ਸੀ/ਓ ਏ ਵੀ ਐਮ ਰਾਹੀਂ ਏ ਜੀ ਐਮ ਵਿੱਚ ਸ਼ਾਮਲ ਹੋ ਸਕਦੇ ਹਨ, ਪਰ ਏ ਜੀ ਐਮ ਦੌਰਾਨ ਈ-ਵੋਟਿੰਗ ਸਿਸਟਮ ਰਾਹੀਂ ਦੁਬਾਰਾ ਵੋਟ ਪਾਉਣ ਦੇ ਹੱਕਦਾਰ ਨਹੀਂ ਹੋਣਗੇ।
viii) ਐਕਟ ਦੀ ਧਾਰਾ 91 ਅਤੇ ਇਸ ਦੇ ਅਧੀਨ ਬਣਾਏ ਨਿਯਮਾਂ ਅਤੇ ਸੇਬੀ (ਲੋਡਰ) ਨਿਯਮ ਦੇ ਅਨੁਸਾਰ, ਕੰਪਨੀ ਦਾ ਮੈਂਬਰਾਂ ਦੇ ਰਜਿਸਟਰ ਅਤੇ ਸ਼ੇਅਰ ਤਬਾਦਲਾ ਰਜਿਸਟਰ ਮੰਗਲਵਾਰ, 22 ਸਤੰਬਰ 2026 ਤੋਂ ਮੰਗਲਵਾਰ, 29 ਸਤੰਬਰ 2026 ਤੱਕ (ਦੋਵੇਂ ਦਿਨ ਸ਼ਾਮਲ) 46ਵੀਂ ਏ ਜੀ ਐਮ ਦੇ ਉਦੇਸ਼ ਲਈ ਬੰਦ ਰਹਿਣਗੇ।
ix) ਕੰਪਨੀ ਵੱਲੋਂ ਮੈਸਰਜ਼ ਅਨੁਜ ਗੁਪਤਾ ਐਂਡ ਐਸੋਸੀਏਟਸ, ਕੰਪਨੀ ਸਕੱਤਰ ਦੇ ਮਾਲਕ ਸ੍ਰੀ ਅਨੁਜ ਗੁਪਤਾ ਨੂੰ ਪੂਰੀ ਈ-ਵੋਟਿੰਗ ਪ੍ਰਕਿਰਿਆ ਦੀ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਜਾਂਚ ਕਰਨ ਲਈ ਨਿਯੁਕਤ ਕੀਤਾ ਗਿਆ ਹੈ।
x) ਈ-ਵੋਟਿੰਗ ਦੇ ਨਤੀਜੇ ਏ ਜੀ ਐਮ ਦੀ ਸਮਾਪਤੀ ਤੋਂ 2 ਕਾਰੋਬਾਰੀ ਦਿਨਾਂ ਦੇ ਅੰਦਰ ਘੋਸ਼ਿਤ ਕੀਤੇ ਜਾਣਗੇ।ਐਲਾਨੇ ਨਤੀਜੇ ਅਤੇ ਇਕੱਠੀ ਜਾਂਚ-ਕਰਤਾ ਦੀ ਰਿਪੋਰਟ ਕੰਪਨੀ ਦੀ ਵੈੱਬਸਾਈਟ (www.oswalgreens.com) ਅਤੇ ਐਨ ਐਸ ਡੀ ਐਲ ਦੀ ਵੈੱਬਸਾਈਟ (www.evoting.nsdl.com) ਉੱਤੇ ਉਪਲਬਧ ਕਰਵਾਏ ਜਾਣਗੇ।
xi) ਰਿਮੋਟ ਈ-ਵੋਟਿੰਗ ਜਾਂ ਏ ਜੀ ਐਮ ਦੌਰਾਨ ਈ-ਵੋਟਿੰਗ ਨਾਲ ਸੰਬੰਧਤ ਕਿਸੇ ਵੀ ਸਵਾਲ/ਸ਼ਿਕਾਇਤ ਲਈ ਜਾਂ ਏ ਜੀ ਐਮ ਤੋਂ ਪਹਿਲਾਂ ਜਾਂ ਏ ਜੀ ਐਮ ਦੌਰਾਨ ਕਿਸੇ ਸਹਾਇਤਾ ਦੀ ਲੋੜ ਹੋਣ 'ਤੇ ਮੈਂਬਰ ਐਨ ਐਸ ਡੀ ਐਲ ਨੂੰ evoting@nsdl.co.in ਉੱਤੇ ਈਮੇਲ ਕਰ ਸਕਦੇ ਹਨ ਜਾਂ ਐਨ ਐਸ ਡੀ ਐਲ ਦੇ ਟੋਲ-ਫ੍ਰੀ ਨੰਬਰ 022-4886 7000 ਉੱਤੇ ਸੰਪਰਕ ਕਰ ਸਕਦੇ ਹਨ।
ਮੈਂਬਰ ਕੰਪਨੀ ਦੇ ਸਕੱਤਰੇਤ ਵਿਭਾਗ ਨੂੰ cs@oswalagromills.com ਉੱਤੇ ਈ-ਮੇਲ ਕਰ ਸਕਦੇ ਹਨ ਜਾਂ ਕੰਪਨੀ ਦੇ ਉਪਰੋਕਤ ਦਿੱਤੇ ਕਾਰਪੋਰੇਟ ਦਫ਼ਤਰ ਦੇ ਪਤੇ ਅਤੇ ਟੈਲੀਫੋਨ ਨੰਬਰਾਂ 'ਤੇ ਸੰਪਰਕ ਕਰ ਸਕਦੇ ਹਨ।

**ਮੈਂਬਰਾਂ ਵੱਲੋਂ ਈ-ਮੇਲ ਪਤਾ ਰਜਿਸਟਰ ਅਤੇ ਅਪਡੇਟ ਕਰਨ ਦੀ ਪ੍ਰਕਿਰਿਆ**

i. ਭੌਤਿਕ ਰੂਪ ਵਿੱਚ ਸ਼ੇਅਰ ਰੱਖਣ ਵਾਲੇ ਮੈਂਬਰ, ਜਿਨ੍ਹਾਂ ਮੈਂਬਰਾਂ ਨੇ ਕੰਪਨੀ ਕੋਲ ਆਪਣਾ ਈ-ਮੇਲ ਪਤਾ ਰਜਿਸਟਰ/ਅਪਡੇਟ ਨਹੀਂ ਕਰਵਾਇਆ, ਉਹ ਹੇਠ ਲਿਖੇ ਦਸਤਾਵੇਜ਼ਾਂ ਦੀ ਸਕੈਨ ਕੀਤੀ ਕਾਪੀ ਕੰਪਨੀ ਨੂੰ cs@oswalagromills.com ਜਾਂ ਕੰਪਨੀ ਦੇ ਰਜਿਸਟਰਾਰ ਅਤੇ ਸ਼ੇਅਰ ਟ੍ਰਾਂਸਫਰ ਏਜੰਟ (ਆਰ ਟੀ ਏ) ਨੂੰ compliances@skylinerta.com ਜਾਂ admin@skylinerta.com ਉੱਤੇ ਈ-ਮੇਲ ਰਾਹੀਂ ਭੇਜਣ:
ਏ) ਦਸਤਖ਼ਤ ਕੀਤਾ ਹੋਇਆ ਬੇਨਤੀ ਪੱਤਰ, ਜਿਸ ਵਿੱਚ ਮੈਂਬਰ ਦਾ ਨਾਮ, ਫੋਲੀਓ ਨੰਬਰ, ਸ਼ੇਅਰ ਸਰਟੀਫਿਕੇਟ ਨੰਬਰ, ਪੂਰਾ ਪਤਾ, ਈ-ਮੇਲ ਆਈ ਡੀ ਮੋਬਾਈਲ ਨੰਬਰ ਦਰਜ ਹੋਵੇ।
ਬੀ) ਸਵੈ-ਤਸਦੀਕਸ਼ੁਦਾ ਪੈਨ ਕਾਰਡ ਦੀ ਸਕੈਨ ਕੀਤੀ ਕਾਪੀ।
ii. ਡੀਮੈਟੀਰੀਅਲਾਈਜ਼ਡ ਰੂਪ ਵਿੱਚ ਸ਼ੇਅਰ ਰੱਖਣ ਵਾਲੇ ਮੈਂਬਰ, ਜਿਨ੍ਹਾਂ ਮੈਂਬਰਾਂ ਨੇ ਆਪਣੇ ਡਿਪਾਜ਼ਟਰੀ ਭਾਗੀਦਾਰਾਂ ਕੋਲ ਆਪਣਾ ਈਮੇਲ ਆਈ ਡੀ ਰਜਿਸਟਰ/ਅਪਡੇਟ ਨਹੀਂ ਕਰਵਾਇਆ, ਉਹ ਆਪਣੇ ਸਬੰਧਤ ਡਿਪਾਜ਼ਟਰੀ ਭਾਗੀਦਾਰ ਕੋਲ ਆਪਣਾ ਈਮੇਲ ਆਈ ਡੀ ਰਜਿਸਟਰ/ਅਪਡੇਟ ਕਰਵਾਉਣ।

ਮੈਂਬਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ 46ਵੀਂ ਏ ਜੀ ਐਮ ਦੀ ਸੂਚਨਾ ਵਿੱਚ ਦਿੱਤੀਆਂ ਸਾਰੀਆਂ ਹਦਾਇਤਾਂ ਅਤੇ ਨੋਟਸ ਨੂੰ ਧਿਆਨ ਨਾਲ ਪੜ੍ਹਨ, ਖ਼ਾਸ ਕਰਕੇ ਏ ਜੀ ਐਮ ਵਿੱਚ ਸ਼ਾਮਲ ਹੋਣ ਦੀ ਪ੍ਰਕਿਰਿਆ ਅਤੇ ਰਿਮੋਟ ਈ-ਵੋਟਿੰਗ/ਏ ਜੀ ਐਮ ਦੌਰਾਨ ਈ-ਵੋਟਿੰਗ ਰਾਹੀਂ ਵੋਟ ਪਾਉਣ ਦੇ ਤਰੀਕੇ ਸਬੰਧੀ ਹਦਾਇਤਾਂ।ਉਪਰੋਕਤ ਮਾਮਲਿਆਂ ਸੰਬੰਧੀ ਕਿਸੇ ਵੀ ਸਵਾਲ ਲਈ ਮੈਂਬਰ ਕੰਪਨੀ ਦੇ ਸਕੱਤਰੇਤ ਵਿਭਾਗ ਨੂੰ cs@oswalagromills.com ਉੱਤੇ ਈਮੇਲ ਰਾਹੀਂ ਸੰਪਰਕ ਕਰ ਸਕਦੇ ਹਨ।

ਵਾਸਤੇ ਓਸਵਾਲ ਐਗਰੋ ਮਿੱਲਜ਼ ਲਿਮਿਟਡ
ਸਹੀ/-
ਸ੍ਰਿਸ਼ਟੀ ਅਗਰਵਾਲ,
ਕੰਪਨੀ ਸਕੱਤਰ

ਸਥਾਨ : ਨਵੀਂ ਦਿੱਲੀ
ਮਿਤੀ : 4 ਸਤੰਬਰ, 2026



# ਉੱਤਰ ਰੇਲਵੇ

**ਈ-ਨਿਵਿਦਾ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ-ਤੀਜਾ/ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀ ਖੁਲ੍ਹੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 23.09.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 01.09.2026 | 09.09.2026 | 23.09.2026/ 15:00 ਵਜੇ |

| ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | | |
|---|---|---|---|---|
| 109-2026-27-ADEN-I-ASR | ਸਹਾਇਕ ਮੰਡਲ ਇੰਜੀਨੀਅਰ-ਫਸਟ/ਅੰਮ੍ਰਿਤਸਰ (2026-27) ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਐਮਐਲ/ ਅੰਮ੍ਰਿਤਸਰ ਦੇ ਅਧਿਕਾਰ ਖੇਤਰ ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਲਈ ਸਲਾਨਾ ਜੋਨ ਕੰਮ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 9999994.93 | 200000.00 | 60 ਦਿਨ | 12 ਮਹੀਨੇ |
| | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" | | | |
| 110-2026-27-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਅੰਮ੍ਰਿਤਸਰ (2026-27) ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਬਿਆਸ/ ਦੇ ਸੈਕਸ਼ਨ ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਲਈ ਸਲਾਨਾ ਜੋਨ ਕੰਮ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 7499994.47 | 150000.00 | 60 ਦਿਨ | 12 ਮਹੀਨੇ |
| | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" | | | |
| 111-2026-27-ADEN-I-ASR | ਸਹਾਇਕ ਮੰਡਲ ਇੰਜੀਨੀਅਰ-ਫਸਟ/ਅੰਮ੍ਰਿਤਸਰ (2026-27) ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਡਬਲਯੂਐਸ/ ਅੰਮ੍ਰਿਤਸਰ ਵਿਚ ਮੈਕੇਨਿਕਲ ਵਰਕਸ਼ਾਪ ਅੰਮ੍ਰਿਤਸਰ ਅਤੇ ਕਾਲੋਨੀ ਦੇ ਬਲਾਕ ਏ, ਬੀ ਅਤੇ ਸੀ ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਲਈ ਸਲਾਨਾ ਜੋਨ ਦਾ ਕੰਮ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 9999994.99 | 200000.00 | 60 ਦਿਨ | 12 ਮਹੀਨੇ |
| | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" | | | |
| 112-2026-27-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ ਅੰਮ੍ਰਿਤਸਰ (2026-27) ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ ਬੀਐਲ/ ਅੰਮ੍ਰਿਤਸਰ ਦੇ ਅੰਮ੍ਰਿਤਸਰ-ਖੇਮਕਰਨ ਸੈਕਸ਼ਨ ਦੀ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਲਈ ਸਲਾਨਾ ਜੋਨ ਕੰਮ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 7000319.93 | 140000.00 | 60 ਦਿਨ | 12 ਮਹੀਨੇ |
| | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" | | | |
| 113-2026-27-ADEN-4-ASR | ਸਹਾਇਕ ਮੰਡਲ ਇੰਜੀਨੀਅਰ-ਫਸਟ/ ਅੰਮ੍ਰਿਤਸਰ (2026-27) ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ ਬੀਐਲ/ ਅੰਮ੍ਰਿਤਸਰ ਸੈਕਸ਼ਨ ਵਿਚ ਵੇਰਵਾ ਡੇਰਾ ਬਾਬਾ ਨਾਨਕ ਅਤੇ ਅੰਮ੍ਰਿਤਸਰ-ਬਟਾਲਾ-ਕਾਦਿਯਾਨ ਸੈਕਸ਼ਨ ਦੀ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਲਈ ਸਲਾਨਾ ਜੋਨ ਕੰਮ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 5499948.40 | 110000.00 | 60 ਦਿਨ | 12 ਮਹੀਨੇ |
| | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" | | | |
| 114-2026-27-ADEN-JUC | ਸਹਾਇਕ ਮੰਡਲ ਇੰਜੀਨੀਅਰ ਜਾਲੰਧਰ ਸ਼ਹਿਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ ਜਲੰਧਰ ਸ਼ਹਿਰ ਦੇ ਸੇਕਸ਼ਨ ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਲਈ ਸਲਾਨਾ ਜੋਨ ਕੰਮ (2026-27) | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 8999908.85 | 180000.00 | 60 ਦਿਨ | 12 ਮਹੀਨੇ |
| | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" | | | |
| 115-2026-27-ADEN-JUC | ਸਹਾਇਕ ਮੰਡਲ ਇੰਜੀਨੀਅਰ ਜਾਲੰਧਰ ਸ਼ਹਿਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ ਜਲੰਧਰ ਸ਼ਹਿਰ ਦੇ ਸੇਕਸ਼ਨ ਡੀਐਮਯੂ ਸ਼ੇਡ ਜਾਲੰਧਰ ਸ਼ਹਿਰ ਦੀ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਲਈ ਸਲਾਨਾ ਜੋਨ ਕੰਮ (2026-27)। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 5499988.67 | 110000.00 | 60 ਦਿਨ | 12 ਮਹੀਨੇ |
| | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।
ਨਿ. ਨੰਬਰ: 109, 111, 113-2026-27-ADEN-I-ASR & 110, 112-2026-27-ADEN-II- ASR & 114, 115-2026-27-ADEN-JUC
ਤਾਰੀਕ :02.09.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ — 3035/2026


## ਭਾਰਤ ਨੂੰ ਕੌਮਾਂਤਰੀ ਪਾਣੀਆਂ ਸੰਬੰਧੀ ਹੇਗ ਅਦਾਲਤ ਦੇ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-'ਜੋ 1960 ਦੇ ਕੌਮਾਂਤਰੀ ਸਿੰਧੂ ਜਲ ਸਮਝੌਤੇ ਦੇ ਹੇਗ ਅਦਾਲਤ ਦੇ ਨਿਯਮ, ਕਾਨੂੰਨ ਹਨ ਇੰਡੀਆ ਨੂੰ ਉਨ੍ਹਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਨਾ ਕਿ ਸਿੰਧੂ ਜਲ ਸਮਝੌਤੇ ਦੀ ਉਲੰਘਣਾ ਕਰਕੇ ਏਸ਼ੀਆ ਖਿੱਤੇ ਵਿਚ ਕਿਸੇ ਤਰ੍ਹਾਂ ਦੇ ਜੰਗ ਦੇ ਮਾਹੌਲ ਨੂੰ ਬੜ੍ਹਾਵਾ ਦੇਣਾ ਚਾਹੀਦਾ ਹੈ।ਇਸ ਵਿੱਚ ਹੀ ਦੋਵੇਂ ਗੁਆਂਢੀ ਮੁਲਕਾਂ ਦਾ ਅਮਨ-ਚੈਨ ਕਾਇਮ ਰਹਿ ਸਕਦਾ ਹੈ।' ਇਹ ਵਿਚਾਰ ਸ੍ਰ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਭਾਰਤ ਤੇ ਪਾਕਿਸਤਾਨ ਵਿੱਚ ਕੌਮਾਂਤਰੀ ਸਿੰਧੂ ਜਲ ਸਮਝੌਤੇ ਤੇ ਹੇਗ ਅਦਾਲਤ ਦੇ ਨਿਯਮਾਂ ਦਾ ਉਲੰਘਣ ਕਰਕੇ ਜੋ ਪਾਕਿਸਤਾਨ ਨੂੰ ਜਾਣ ਵਾਲੇ ਪਾਣੀ ਨੂੰ ਰੋਕਣ ਦੇ ਮਨਸੂਬੇ ਬਣਾਏ ਹਨ, ਇਹ ਏਸ਼ੀਆ ਖਿੱਤੇ ਦੇ ਅਮਨ ਚੈਨ ਨੂੰ ਸੱਟ ਮਾਰਨ ਵਾਲੇ ਕਰਾਰ ਦਿੰਦੇ ਹੋਏ ਇਸ ਸਮਝੌਤੇ ਦੀ ਪਾਲਣਾ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਜਦੋਂ ਪਾਕਿਸਤਾਨ ਸਤਲੁਜ, ਬਿਆਸ, ਰਾਵੀ, ਚੇਨਾਬ ਤੇ ਜੇਹਲਮ ਦਰਿਆਵਾ ਦਾ ਰੀਪੇਰੀਅਨ ਮੈਂਬਰ ਹੈ, ਤਾਂ ਇਸ ਰੀਪੇਰੀਅਨ ਕਾਨੂੰਨ ਅਨੁਸਾਰ ਇਨ੍ਹਾਂ ਦਰਿਆਵਾਂ ਵਿੱਚੋ ਪਾਕਿਸਤਾਨ ਦੇ ਬਣਦੇ ਪਾਣੀ ਦਾ ਹਿੱਸਾ ਬਿਨਾਂ ਕਿਸੇ ਕੁੜੱਤਣ ਜਾਂ ਜੰਗੀ ਮਾਹੌਲ ਬਣਾਉਣ ਤੋਂ ਚੱਲਦਾ ਰੱਖਣਾ ਚਾਹੀਦਾ ਹੈ ਤਾਂ ਕਿ ਏਸ਼ੀਆ ਖਿੱਤੇ ਵਿੱਚ ਪੁਰ-ਅਮਨ ਚੈਨ ਕਾਇਮ ਰਹਿ ਸਕੇ।ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਤੇ ਸਿੱਖ ਕੌਮ ਨੂੰ ਇਸ ਗੱਲ ਦਾ ਵੱਡਾ ਖਦਸ਼ਾ ਤੇ ਡਰ ਹੈ ਕਿ ਜੋ ਤੁਰਕੀ, ਸਾਊਦੀ ਅਰਬ, ਬੰਗਲਾਦੇਸ਼, ਮਾਲਦੀਵ ਇਸ ਵੱਡੇ ਇਸਲਾਮਿਕ ਮੁਲਕਾਂ ਦਾ ਨਵਾਂ ਸਮੂਹ ਬਣ ਚੁੱਕਾ ਹੈ, ਜਿਸ ਨਾਲ ਏਸ਼ੀਆ ਖਿੱਤੇ ਵਿੱਚ ਇਹ ਇਸਲਾਮਿਕ ਮੁਲਕ ਇਕ ਵੱਡੀ ਤਾਕਤ ਵਜੋਂ ਉੱਭਰਦੇ ਨਜ਼ਰ ਆ ਰਹੇ ਹਨ ਅਤੇ ਚੀਨ ਵੀ ਇਸ ਵਿੱਚ ਹਾਮੀ ਭਰ ਰਿਹਾ ਹੈ।ਜੇਕਰ ਇੰਡੀਆ ਨੇ ਸਿੰਧੂ ਜਲ ਸਮਝੌਤੇ ਦੀਆਂ ਸ਼ਰਤਾਂ ਤੇ ਨਿਯਮਾਂ ਦਾ ਉਲੰਘਣ ਕਰਕੇ ਪਾਕਿਸਤਾਨ ਨੂੰ ਜਾਣ ਵਾਲੇ ਪਾਣੀ ਨੂੰ ਰੋਕਿਆ ਤਾਂ ਪਾਕਿਸਤਾਨ ਤੇ ਇੰਡੀਆ ਦੀ ਆਪਸੀ ਖਤਰਨਾਕ ਜੰਗ ਦਾ ਮਾਹੌਲ ਬਣ ਜਾਵੇਗਾ।ਜੰਗ ਲੱਗਣ ਦੀ ਸੂਰਤ ਵਿੱਚ ਸਰਹੱਦੀ ਇਲਾਕਿਆਂ ਦੇ ਨਿਵਾਸੀਆਂ ਨੂੰ ਆਪਣੀਆਂ ਜ਼ਮੀਨਾਂ ਤੇ ਘਰਾਂ ਤੋਂ ਜਬਰੀ ਉਠਾ ਦਿੱਤਾ ਜਾਂਦਾ ਹੈ, ਜਦੋਂਕਿ ਉਨ੍ਹਾਂ ਲਈ ਰਹਿਣ, ਖਾਣ ਪਹਿਨਣ, ਉਨ੍ਹਾਂ ਦੇ ਡੰਗਰਾਂ ਦੇ ਚਾਰੇ, ਬੱਚਿਆਂ ਦੀ ਸਹੀ ਤਾਲੀਮ ਤੇ ਸਿਹਤ ਸੁਰੱਖਿਆ ਲਈ ਅਜਿਹੇ ਸਮੇ ਕੋਈ ਹਕੂਮਤੀ ਪ੍ਰਬੰਧ ਨਹੀਂ ਹੁੰਦਾ, ਜਿਸ ਨਾਲ ਇਹ ਉਠਾਏ ਗਏ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਨਿਵਾਸੀ ਇਕ ਤਰ੍ਹਾਂ ਦੋਵੇਂ ਥਾਵਾਂ 'ਤੇ ਉਜੜ ਕੇ ਰਹਿ ਜਾਂਦੇ ਹਨ ।ਜਦੋਂਕਿ ਪੰਜਾਬੀ ਤੇ ਸਿੱਖ ਕੌਮ ਇਸ ਗੱਲ ਦੇ ਬਿਲਕੁਲ ਹੱਕ ਵਿੱਚ ਨਹੀਂ ਹਨ ਕਿ ਭਾਰਤ ਤੇ ਪਾਕਿਸਤਾਨ ਗੁਆਂਢੀ ਮੁਲਕਾਂ ਦੀ ਕਿਸੇ ਕਾਰਨ ਜੰਗ ਹੋਵੇ।ਅਸੀ ਤਾਂ ਇਸ ਖਿੱਤੇ ਵਿੱਚ ਅਮਨ ਚੈਨ ਤੇ ਜਮਹੂਰੀਅਤ ਕਦਰਾਂ ਕੀਮਤਾਂ ਨੂੰ ਸਥਾਈ ਤੌਰ 'ਤੇ ਕਾਇਮ ਰੱਖਣ ਦੇ ਹਾਮੀ ਹਾਂ।ਇਸੇ ਲਈ ਇਹ ਉਮੀਦ ਕਰਦੇ ਹਾਂ ਕਿ ਹਿੰਦੂਤਵ ਆਗੂ ਹੇਗ ਅਦਾਲਤ ਦੇ ਇੰਡਸ ਵਾਟਰ ਟ੍ਰੀਟੀ ਦੇ ਨਿਯਮਾਂ ਦਾ ਪਾਲਣ ਕਰਨਗੇ, ਕਿਉਂਕਿ ਇੰਡੀਆ ਦੇ ਵਿਧਾਨ ਦੇ ਆਰਟੀਕਲ 51 ਕੌਮਾਂਤਰੀ ਅਮਨ ਚੈਨ ਤੇ ਜਮਹੂਰੀਅਤ ਨੂੰ ਕਾਇਮ ਰੱਖਣ ਦੀ ਸਪੱਸ਼ਟ ਗੱਲ ਕਰਦਾ ਹੈ। ਇਸ ਲਈ ਇੰਡੀਆ ਨੂੰ ਇਸ ਉਤੇ ਪਹਿਰਾ ਦੇਣਾ ਬਣਦਾ ਹੈ।

## ਵਾੜਾ ਦਰਾਕਾ ਤੇ ਫਿੱਡੇ ਕਲਾਂ ਵਿਖੇ ਸਪੀਕਰ ਸੰਧਵਾਂ ਵੱਲੋਂ ਖੇਡ ਮੈਦਾਨਾਂ ਦਾ ਉਦਘਾਟਨ



**ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜ਼ਾ/ਰਛਪਾਲ ਭੁੱਲਰ)**
ਸੂਬੇ ਵਿੱਚ ਉਸਾਰੇ ਜਾ ਰਹੇ 3100 ਖੇਡ ਮੈਦਾਨਾਂ ਦੇ ਦੂਜੇ ਚਰਨ ਅਧੀਨ ਨੌਜਵਾਨਾਂ ਨੂੰ ਖੇਡਾਂ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪਿੰਡ ਵਾੜਾ ਦਰਾਕਾ ਤੇ ਪਿੰਡ ਫਿੱਡੇ ਕਲਾਂ ਵਿਖੇ ਵਿੱਚ ਨਵੇਂ ਬਣਾਏ ਗਏ 'ਮੁੱਖ ਮੰਤਰੀ ਖੇਡ ਮੈਦਾਨ' ਦਾ ਉਦਘਾਟਨ ਸਪੀਕਰ ਪੰਜਾਬ ਵਿਧਾਨ ਸਭਾ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਕੀਤਾ।ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਵਧੀਆ ਖੇਡ ਸਹੂਲਤਾਂ ਦੇਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਮਜ਼ਬੂਤ ਬਣਾਉਣ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਟੀਮ ਭਾਵਨਾ ਤੇ ਆਤਮ-ਵਿਸ਼ਵਾਸ ਪੈਦਾ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਪਹਿਲਕਦਮੀ ਨੇ ਖਿਡਾਰੀਆਂ ਲਈ ਬੇਹਤਰੀਨ ਮੰਚ ਸਾਬਿਤ ਹੋਇਆ ਹੈ, ਜਿੱਥੇ ਵੱਖ-ਵੱਖ ਉਮਰ ਵਰਗ ਦੇ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਦਾ ਮੌਕਾ ਮਿਲਦਾ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਆਧੁਨਿਕ ਖੇਡ ਮੈਦਾਨਾਂ ਦੀ ਉਪਲਬਧਤਾ ਨਾਲ ਸਥਾਨਕ ਪੱਧਰ 'ਤੇ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਨੂੰ ਨਿਖਾਰਨ ਦਾ ਮੌਕਾ ਮਿਲੇਗਾ।

ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਖੇਡ ਗਤੀਵਿਧੀਆਂ ਵਿੱਚ ਹਿੱਸਾ ਲੈਣ ਤੇ ਆਪਣੇ ਪਿੰਡ, ਜ਼ਿਲ੍ਹੇ ਤੇ ਪੰਜਾਬ ਦਾ ਨਾਮ ਰੌਸ਼ਨ ਕਰਨ।ਇਸ ਮੌਕੇ ਉਨ੍ਹਾਂ ਖਿਡਾਰੀਆਂ ਨੂੰ ਕ੍ਰਿਕਟ ਤੇ ਵਾਲੀਬਾਲ ਦੀਆਂ ਖੇਡ ਕਿੱਟਾਂ ਵੀ ਵੰਡੀਆਂ ਗਈਆਂ।ਇਸ ਮੌਕੇ ਅੰਮ੍ਰਿਤ ਲਾਲ ਸਰਪੰਚ ਫਿੱਡੇ ਕਲਾਂ, ਅਮਰੀਕ ਸਿੰਘ ਸਰਪੰਚ ਡੱਗੂ ਰੋਮਾਣਾ, ਅੰਗਰੇਜ ਸਿੰਘ ਸਰਪੰਚ, ਕੁਲਵੰਤ ਸਿੰਘ ਬਲਾਕ ਪ੍ਰਧਾਨ, ਬਾਬੂ ਲਾਲ, ਬ੍ਰਿਜਪਾਲ ਸਿੰਘ, ਅਮਰਜੀਤ ਸਿੰਘ, ਗੁਰਪਾਲ ਸਿੰਘ, ਖੁਸ਼ਵੰਤ ਸਿੰਘ, ਬਲਜੀਤ ਸਿੰਘ ਤੇ ਪਿੰਡ ਵਾਸੀ ਹਾਜ਼ਰ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਵਿਸ਼ੇਸ਼ ਲੈਕਚਰ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਰਾਜਨੀਤੀ ਵਿਗਿਆਨ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਡਿਜੀਟਲ ਯੁੱਗ ਵਿੱਚ ਉੱਭਰ ਰਹੀਆਂ ਸੁਰੱਖਿਆ ਚੁਣੌਤੀਆਂ ਨਾਲ ਜਾਣੂ ਕਰਵਾਉਣ ਦੇ ਉਦੇਸ਼ ਨਾਲ 'ਸਾਈਬਰ ਸੁਰੱਖਿਆ ਤੇ ਰਾਸ਼ਟਰੀ ਸੁਰੱਖਿਆ : ਡਿਜੀਟਲ ਯੁੱਗ ਦੀਆਂ ਉੱਭਰਦੀਆਂ ਚੁਣੌਤੀਆਂ' ਵਿਸ਼ੇ 'ਤੇ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ।ਇਹ ਲੈਕਚਰ ਤਕਨਾਲੋਜੀ, ਸੁਰੱਖਿਆ ਤੇ ਰਾਜਨੀਤੀ ਦੇ ਆਪਸੀ ਸਬੰਧਾਂ ਨੂੰ ਸਮਝਣ ਦੇ ਪੱਖੋਂ ਵਿਦਿਆਰਥੀਆਂ ਲਈ ਮਹੱਤਵਪੂਰਨ ਰਿਹਾ।ਇਸ ਮੌਕੇ ਡਾ. ਅਮਨਦੀਪ ਕੌਰ ਐਸੋਸੀਏਟ ਪ੍ਰੋਫੈਸਰ ਕੰਪਿਊਟਰ ਸਾਇੰਸ ਵਿਭਾਗ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਸਾਈਬਰ ਸੁਰੱਖਿਆ ਦੀ ਬਦਲ ਰਹੀ ਪ੍ਰਕਿਰਤੀ ਤੇ ਇਸ ਦੇ ਰਾਸ਼ਟਰੀ ਸੁਰੱਖਿਆ ਨਾਲ ਡੂੰਘੇ ਸਬੰਧ ਬਾਰੇ ਜਾਣਕਾਰੀ ਸਾਂਝੀ ਕੀਤੀ।ਡਾ. ਅਮਨਦੀਪ ਕੌਰ ਨੇ ਸਾਈਬਰ ਜਾਗਰੂਕਤਾ, ਡਿਜੀਟਲ ਸੁਰੱਖਿਆ, ਡਾਟਾ ਦੀ ਗੁਪਤਤਾ, ਸੁਰੱਖਿਅਤ ਆਨਲਾਈਨ ਵਿਵਹਾਰ ਤੇ ਜ਼ਿੰਮੇਵਾਰ ਡਿਜੀਟਲ ਨਾਗਰਿਕਤਾ ਦੀ ਮਹੱਤਤਾ 'ਤੇ ਵੀ ਚਾਨਣਾ ਪਾਇਆ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪਰਿਤ ਪਾਲ ਸਿੰਘ ਨੇ ਇਸ ਅਕਾਦਮਿਕ ਉਪਰਾਲੇ ਦੀ ਸ਼ਲਾਘਾ ਕੀਤੀ।ਡੀਨ ਅਕਾਦਮਿਕ ਮਾਮਲੇ ਡਾ. ਸੁਖਵਿੰਦਰ ਸਿੰਘ ਬਿਲਿੰਗ, ਨੇ ਵਿਭਾਗ ਨੂੰ ਵਧਾਈ ਦਿੱਤੀ ਤੇ ਵਿਦਿਆਰਥੀਆਂ ਵਿੱਚ ਸਾਈਬਰ ਸੁਰੱਖਿਆ ਸਬੰਧੀ ਜਾਗਰੂਕਤਾ ਪੈਦਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਮਿਸ ਨਵਨੀਤ ਕੌਰ ਨੇ ਮੁੱਖ ਬੁਲਾਰੇ ਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ ਅਤੇ ਵਿਸ਼ੇ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ। ਡਾ. ਰਮਨਦੀਪ ਕੌਰ ਮੁਖੀ ਰਾਜਨੀਤੀ ਵਿਗਿਆਨ ਵਿਭਾਗ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।ਇਸ ਮੌਕੇ ਡਾ. ਬਲਵਿੰਦਰ ਕੌਰ, ਸ੍ਰੀ ਸੰਜੇ ਖਾਨ ਅਤੇ ਡਾ. ਗੁਰਇਕਬਾਲ ਸਿੰਘ ਸਮੇਤ ਵਿਦਿਆਰਥੀ ਹਾਜ਼ਰ ਸਨ।

## ਹੇਮਕੁੰਟ ਸਕੂਲ 'ਚ ਸ਼ਰਧਾ ਨਾਲ ਮਨਾਇਆ ਜਨਮ ਅਸ਼ਟਮੀ ਦਾ ਤਿਉਹਾਰ



**ਕੋਟ ਈਸੇ ਖਾਂ (ਅਰੋੜਾ)**-ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਦਿਆਰਥੀਆਂ ਨੂੰ ਆਪਣੀ ਸੰਸਕ੍ਰਿਤੀ ਤੇ ਧਾਰਮਿਕ ਵਿਰਸੇ ਨਾਲ ਜੋੜਨ ਦੇ ਉਦੇਸ਼ ਨਾਲ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਵੇਰ ਦੀ ਵਿਸ਼ੇਸ਼ ਅਸੈਂਬਲੀ ਦੌਰਾਨ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਜਨਮ ਅਸ਼ਟਮੀ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਅਧਿਆਪਕਾਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸੱਚਾਈ, ਪਿਆਰ, ਨੇਕੀ ਅਤੇ ਚੰਗੇ ਕਰਮ ਕਰਨ ਦੀ ਮਹੱਤਤਾ ਬਾਰੇ ਬੱਚਿਆਂ ਨੂੰ ਜਾਣੂ ਕਰਵਾਇਆ।ਇਸ ਦੌਰਾਨ ਸਕੂਲ ਦੇ ਨੰਨ੍ਹੇ-ਮੁੰਨੇ ਬੱਚੇ ਰਾਧਾ-ਕ੍ਰਿਸ਼ਨ ਦੇ ਮਨਮੋਹਕ ਰੂਪ ਵਿੱਚ ਸਜ ਕੇ ਆਏ ਅਤੇ ਰਾਧਾ-ਕ੍ਰਿਸ਼ਨ ਦੇ ਰੂਪ ਵਿੱਚ ਤਿਆਰ ਕਰਕੇ ਸਕੂਲ ਭੇਜਣ ਵਿੱਚ ਉਨ੍ਹਾਂ ਦੀਆਂ ਮਾਵਾਂ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ।ਮਾਪਿਆਂ ਵੱਲੋਂ ਬੱਚਿਆਂ ਨੂੰ ਸੁੰਦਰ ਢੰਗ ਨਾਲ ਤਿਆਰ ਕਰਨ ਅਤੇ ਸਕੂਲ ਦੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਦਿੱਤਾ ਗਿਆ ਸਹਿਯੋਗ ਸ਼ਲਾਘਾਯੋਗ ਰਿਹਾ।ਸਕੂਲ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ, ਐਮ.ਡੀ. ਮੈਡਮ ਰਣਜੀਤ ਕੌਰ ਸੰਧੂ ਤੇ ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਜਨਮ ਅਸ਼ਟਮੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਅਜਿਹੇ ਤਿਉਹਾਰ ਬੱਚਿਆਂ ਨੂੰ ਆਪਣੀ ਸੰਸਕ੍ਰਿਤੀ ਤੇ ਵਿਰਸੇ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਪਿਆਰ, ਸਹਿਯੋਗ, ਸੱਚਾਈ ਅਤੇ ਨੇਕੀ ਵਰਗੇ ਗੁਣ ਪੈਦਾ ਕਰਦੇ ਹਨ।ਉਨ੍ਹਾਂ ਨੇ ਬੱਚਿਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।


# CFM ASSET RECONSTRUCTION PRIVATE LIMITED

thoughtful regeneration

**Corporate Office:** 1st Floor, Wakefield House, Sprott Road, Ballard East, Mumbai - 400038

**ਅੰਤਿਕਾ IV — ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ) — ਰੂਲ 8 (1) ਨਾਲ ਪੜ੍ਹੇ ਜਾਣਗੇ**

ਜਦੋਂ ਕਿ ਨਿਮਨਹਸਤਾਖਰੀ ਨੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ (ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੇ ਟਰੱਸਟੀ ਦੀ ਹੈਸੀਅਤ 'ਚ ਕਾਰਜਸ਼ੀਲ) ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (ਸਰਫੇਸੀ ਐਕਟ 2002) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12), ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ ਨੋਟਿਸ 'ਚ ਦਰਸਾਈ ਰਕਮ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਇਸ ਤੋਂ ਇਲਾਵਾ ਸਰਫੇਸੀ ਐਕਟ 2002 ਦੇ ਸੈਕਸ਼ਨ 5 ਦੀਆਂ ਵਿਵਸਥਾਵਾਂ ਅਧੀਨ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਅਤੇ ਸੀ ਐੱਫ ਐੱਮ ਐੱਸਟ ਰੀਕੰਸਟਰੱਕਸ਼ਨ ਪ੍ਰਾਈਵੇਟ ਲਿਮਟਿਡ ਦਰਮਿਆਨ ਮਿਤੀ 30.09.2025 ਨੂੰ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਪੱਖ 'ਚ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਨੇ ਉਕਤ ਕਰਜ਼ਾ ਖਾਤੇ 'ਚ ਆਪ ਦੇ ਸਾਰੇ ਅਧਿਕਾਰਾਂ, ਸਿਰਲੇਖ ਅਤੇ ਹਿੱਤ ਸਮੁੱਚੀ ਬਕਾਇਆ ਕਰਜ਼ ਰਕਮ ਸਕਿਉਰਟੀਜ਼ ਸਹਿਤ ਸੌਂਪ ਦਿੱਤੇ ਹਨ।
ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਜਾਇਦਾਦ ਦਾ ਉਕਤ ਦਰਸਾਏ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਪਰੋਕਤ ਦਰਸਾਈ ਜਾਇਦਾਦ ਦਾ "ਕਬਜ਼ੇ ਦੀ ਮਿਤੀ ਕਾਲਮ" ਤਹਿਤ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਬੈਂਕ ਦੁਆਰਾ ਰਹਿਣ ਕੀਤੀ ਜਾਇਦਾਦ ਦੇ ਕਬਜ਼ੇ ਸਮੇਤ ਧਿਰਾਂ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ :-

| ਕਰਜ਼ਦਾਰ/ਡਾਇਰੈਕਟਰ/ਰਹਿਣਕਾਰ/ ਗਰੰਟਰ ਦਾ ਨਾਂਅ ਅਤੇ ਪਤਾ/ਕਰਜ਼ਾ ਖਾਤਾ ਨੰਬਰ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ ਅਨੁਸਾਰ ਬਕਾਇਆ ਰਕਮ | ਰਹਿਣ ਕੀਤੀ ਜਾਇਦਾਦ/ਸਕਿਉਰਡ ਐੱਸਟਸ ਦਾ ਵੇਰਵਾ |
|---|---|---|---|
| ਹਰਮੇਸ਼ ਲਾਲ (ਕਰਜ਼ਦਾਰ) ਐੱਲ ਏ ਪੀ-ਜੇ ਡੀ ਐੱਚ-1323 1. ਰਾਣੀ 2. ਰਵਿੰਦਰ ਪਾਲ (ਸਹਿ-ਕਰਜ਼ਦਾਰ) | 26 ਫਰਵਰੀ 2026 / 01 ਸਤੰਬਰ 2026 | 31 ਜਨਵਰੀ-2026 ਨੂੰ ਰੁਪਏ 4,30,488/- (ਚਾਰ ਲੱਖ ਤੀਹ ਹਜ਼ਾਰ ਚਾਰ ਸੌ ਅਠਾਸੀ ਰੁਪਏ ਕੇਵਲ) | ਖੱਤਾ ਨੰਬਰ 587/671, ਕਿੱਲਾ ਨੰਬਰ 34//9 (6-0), ਹੱਦਬਸਤ ਨੰਬਰ 65, ਨਕੋਦਰ ਰੋਡ, ਨੂਰਮਹਿਲ ਕਲੋਨੀ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ-144039 ਵਿਖੇ ਸਥਿਤ ਜਾਇਦਾਦ ਨਾਲ ਸੰਬੰਧਤ ਸਭ ਕੁਝ।ਹੱਦਬੰਦੀ: ਉੱਤਰ : ਦੇਵ ਰਾਜ ਦੀ ਜਾਇਦਾਦ, ਦੱਖਣ : ਚਮਨ ਲਾਲ ਦੀ ਜਾਇਦਾਦ, ਪੂਰਬ : ਪਿਆਰਾ ਦਾ ਬਣਿਆ ਹੋਇਆ ਮਕਾਨ, ਪੱਛਮ : 11 ਫੁੱਟ ਚੌੜੀ ਸੜਕ। |
| ਕੰਵਲਜੀਤ ਸਿੰਘ (ਕਰਜ਼ਦਾਰ) ਐੱਲ ਏ ਪੀ-ਬੀ ਏ ਟੀ-129 1. ਮਲਕੀਤ ਸਿੰਘ 2. ਰਜਿੰਦਰ ਕੌਰ (ਸਹਿ-ਕਰਜ਼ਦਾਰ), ਬੂਟਾ ਸਿੰਘ (ਗਰੰਟਰ) | 29 ਜਨਵਰੀ 2026 / 02 ਸਤੰਬਰ 2026 | 31-ਅਕਤੂਬਰ-2025 ਨੂੰ ਰੁਪਏ 11,76,514.92/- (ਗਿਆਰਾਂ ਲੱਖ ਛਿਹੱਤਰ ਹਜ਼ਾਰ ਪੰਜ ਸੌ ਚੌਦਾਂ ਰੁਪਏ ਅਤੇ ਬੰਨਵੇਂ ਪੈਸੇ ਕੇਵਲ) | ਖਸਰਾ ਨੰਬਰ 77//11/2 (5 ਕਨਾਲ-13 ਮਰਲੇ), ਖਤੌਨੀ ਨੰਬਰ 1070 ਅਤੇ ਖੇਵਟ ਨੰਬਰ 649, ਹੱਦਬਸਤ ਨੰਬਰ 40, ਪਿੰਡ ਖੁਜਾਲਾ, ਤਹਿਸੀਲ ਬਟਾਲਾ, ਸਬ-ਤਹਿਸੀਲ ਕਾਦੀਆਂ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਵਿਖੇ ਸਥਿਤ ਜਾਇਦਾਦ ਨਾਲ ਸੰਬੰਧਤ ਸਭ ਕੁਝ, ਜਿਸ ਦਾ ਰਕਬਾ 1 ਕਨਾਲ ਮਰਲਾ ਹੈ।ਹੱਦਬੰਦੀ : ਉੱਤਰ : ਗਲੀ, ਦੱਖਣ : ਮਾਲਕ ਦੀ ਜਾਇਦਾਦ, ਪੂਰਬ : ਮਾਲਕ ਦੀ ਜਾਇਦਾਦ, ਪੱਛਮ : ਗਲੀ। |
| ਹਰਪ੍ਰੀਤ ਕੌਰ (ਕਰਜ਼ਦਾਰ) ਐੱਲ ਏ ਪੀ-ਜੇ ਡੀ ਐੱਚ-770 1. ਮਨਜਿੰਦਰ ਸਿੰਘ (ਸਹਿ-ਕਰਜ਼ਦਾਰ), ਪਰਮਜੀਤ ਸਿੰਘ (ਗਰੰਟਰ) | 20 ਮਾਰਚ 2026 / 01 ਸਤੰਬਰ 2026 | 31 ਜਨਵਰੀ-2026 ਨੂੰ ਰੁਪਏ 7,74,444.00 (ਸੱਤ ਲੱਖ ਚੁਰੱਤਰ ਹਜ਼ਾਰ ਚਾਰ ਸੌ ਚੁਤਾਲੀ ਰੁਪਏ ਕੇਵਲ) | ਖੇਵਟ/ਖਤੌਨੀ ਨੰਬਰ 307/357, 358, ਖਸਰਾ ਨੰਬਰ 6//23 (3-10), 7//25 (8-0), ਪਿੰਡ ਨੌਲੀ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ-144102 ਵਿਖੇ ਸਥਿਤ ਜਾਇਦਾਦ ਨਾਲ ਸੰਬੰਧਤ ਸਭ ਕੁਝ।ਹੱਦਬੰਦੀ : ਉੱਤਰ : ਅਮਨਦੀਪ ਪੁਰੀ 158 ਫੁੱਟ + ਪਲਾਟ 152 ਫੁੱਟ, ਦੱਖਣ : ਹਰਭਜਨ ਦਿਓਲ 158 ਫੁੱਟ+ਨਿੱਜੀ ਰਸਤਾ 124 ਫੁੱਟ, ਪੂਰਬ : ਮਾਲਕ ਦਾ ਪਲਾਟ 56 ਫੁੱਟ + ਪਲਾਟ 40 ਫੁੱਟ, ਪੱਛਮ : ਅਮਨਦੀਪ ਪੁਰੀ 56 ਫੁੱਟ + ਪਲਾਟ 13 ਫੁੱਟ+ਬਾਹਰਲਾ ਕਰਵ 28 ਫੁੱਟ 6 ਇੰਚ+40 ਫੁੱਟ। |
| ਗੁਰਮੇਲ ਸਿੰਘ (ਕਰਜ਼ਦਾਰ) ਐੱਲ ਏ ਪੀ-ਮੋਗਾ-169 1. ਜਸਵੀਰ ਕੌਰ 2. ਮੁਖਤਿਆਰ ਸਿੰਘ (ਸਹਿ-ਕਰਜ਼ਦਾਰ), ਬਖਸ਼ੀਸ ਸਿੰਘ (ਗਰੰਟਰ) | 20 ਮਾਰਚ 2026 / 01 ਸਤੰਬਰ 2026 | 28-ਫਰਵਰੀ-2026 ਨੂੰ ਰੁਪਏ 7,98,149 (ਸੱਤ ਲੱਖ ਅਠੰਨਵੇਂ ਹਜ਼ਾਰ ਇੱਕ ਸੌ ਉਨਤਾਲੀ ਰੁਪਏ ਕੇਵਲ) | ਖਸਰਾ ਨੰਬਰ 26ਐਮ//9/1 (0-9), ਖੇਵਟ ਨੰਬਰ 58, ਖਤੌਨੀ ਨੰਬਰ 93, ਹੱਦਬਸਤ ਨੰਬਰ 205, ਪਿੰਡ ਤੇ ਡਾਕਖਾਨਾ ਸੰਘੇੜਾ, ਬਣ ਰੋਡ, ਗੁਰਦੁਆਰਾ ਸਾਹਿਬ ਦੇ ਨੇੜੇ, ਤਹਿਸੀਲ ਧਰਮਕੋਟ, ਮੋਗਾ-142042 ਵਿਖੇ ਸਥਿਤ ਜਾਇਦਾਦ ਨਾਲ ਸੰਬੰਧਤ ਸਭ ਕੁਝ।ਹੱਦਬੰਦੀ : ਉੱਤਰ : ਸੜਕ, ਦੱਖਣ : ਦਰਿਆ ਦੀ ਪੱਟੀ, ਪੂਰਬ : ਬਲਵਿੰਦਰ ਸਿੰਘ ਦੀ ਜ਼ਮੀਨ, ਪੱਛਮ : ਮੁਖਤਿਆਰ ਸਿੰਘ ਦੀ ਜ਼ਮੀਨ। |
| ਰਣਜੀਤ ਸਿੰਘ (ਕਰਜ਼ਦਾਰ) ਐੱਲ ਏ ਪੀ-ਮੋਗਾ-184 1. ਜਸਪ੍ਰੀਤ ਕੌਰ 2. ਨਿਰਮਲ ਸਿੰਘ 3. ਮਹਿੰਦਰ ਸਿੰਘ (ਸਹਿ-ਕਰਜ਼ਦਾਰ), ਭੁਪਿੰਦਰ ਸਿੰਘ (ਗਰੰਟਰ) | 20 ਮਾਰਚ 2026 / 02 ਸਤੰਬਰ 2026 | 28-ਫਰਵਰੀ-2026 ਨੂੰ ਰੁਪਏ 8,34,660 (ਅੱਠ ਲੱਖ ਚੌਂਤੀ ਹਜ਼ਾਰ ਛੇ ਸੌ ਸੱਠ ਰੁਪਏ ਕੇਵਲ) | ਖੇਵਟ ਨੰਬਰ 58, ਖਸਰਾ ਨੰਬਰ 21ਐਮ//3/2 (7-10), ਵਾਕਿਆ ਰਕਬਾ ਪਿੰਡ ਤੇ ਡਾਕਖਾਨਾ ਸ਼ੇਰੇਵਾਲਾ, ਸਿੰਘ ਸਭਾ ਗੁਰਦੁਆਰਾ ਦੇ ਨੇੜੇ, ਤਹਿਸੀਲ ਧਰਮਕੋਟ, ਮੋਗਾ-142042 ਵਿਖੇ ਸਥਿਤ ਜਾਇਦਾਦ ਨਾਲ ਸੰਬੰਧਤ ਸਭ ਕੁਝ।ਹੱਦਬੰਦੀ : ਉੱਤਰ: ਗਲੀ, ਦੱਖਣ: ਮਾਲਕ, ਪੂਰਬ : ਜਸਵੰਤ ਸਿੰਘ ਦੀ ਜਾਇਦਾਦ, ਪੱਛਮ : ਨਿਰਮਲ ਸਿੰਘ ਦੀ ਜਾਇਦਾਦ। |
| ਹਰਪਾਲ ਸਿੰਘ (ਕਰਜ਼ਦਾਰ) ਐੱਲ ਏ ਪੀ-ਬੀ ਏ ਟੀ-315 1. ਹਰਜੀਤ ਕੌਰ (ਸਹਿ-ਕਰਜ਼ਦਾਰ) | 20 ਮਾਰਚ 2026 / 02 ਸਤੰਬਰ 2026 | 31 ਜਨਵਰੀ-2026 ਨੂੰ ਰੁਪਏ 3,44,550.00 (ਤਿੰਨ ਲੱਖ ਚੁਤਾਲੀ ਹਜ਼ਾਰ ਪੰਜ ਸੌ ਪੰਜਾਹ ਰੁਪਏ ਕੇਵਲ) | ਖੇਵਟ ਨੰਬਰ 67, ਖਤੌਨੀ ਨੰਬਰ 138, ਖਸਰਾ ਨੰਬਰ 61/4 (2-1), ਪਿੰਡ ਕੋਟ ਟੋਡਰਮੱਲ ਖਾਰਾ, ਡਾਕਖਾਨਾ ਕਾਦੀਆਂ ਰੇਲਵੇ ਰੋਡ, ਜ਼ਿਲ੍ਹਾ ਗੁਰਦਾਸਪੁਰ-143516 ਵਿਖੇ ਸਥਿਤ ਜਾਇਦਾਦ ਨਾਲ ਸੰਬੰਧਤ ਸਭ ਕੁਝ ।ਹੱਦਬੰਦੀ : ਉੱਤਰ: 10 ਫੁੱਟ ਚੌੜੀ ਗਲੀ, 26 ਫੁੱਟ, ਦੱਖਣ : ਵਸੀਮ ਸਿੰਘ ਦੀ ਜਾਇਦਾਦ, 26 ਫੁੱਟ, ਪੂਰਬ : ਗੁਰਦੀਪ ਸਿੰਘ ਦੀ ਜਾਇਦਾਦ 48 ਫੁੱਟ, ਪੱਛਮ : ਸੁਖਪਾਲ ਸਿੰਘ ਦੀ ਜਾਇਦਾਦ 45 ਫੁੱਟ। |
| ਅਮਰਜੀਤ ਕੌਰ (ਕਰਜ਼ਦਾਰ) ਐੱਲ ਏ ਪੀ-ਜੇ ਡੀ ਐੱਚ-70 1. ਸੁਖਵਿੰਦਰ ਸਿੰਘ 2. ਸੰਦੀਪ ਸਿੰਘ 3. ਮਨਦੀਪ ਕੌਰ 4. ਜਗੀਰ ਕੌਰ (ਸਹਿ-ਕਰਜ਼ਦਾਰ), ਬਰਿੰਦਰਜੀਤ ਸਿੰਘ (ਗਰੰਟਰ) | 20 ਮਾਰਚ 2026 / 03 ਸਤੰਬਰ 2026 | 31 ਜਨਵਰੀ-2026 ਨੂੰ ਰੁਪਏ 1,41,367 (ਇੱਕ ਲੱਖ ਇਕਤਾਲੀ ਹਜ਼ਾਰ ਤਿੰਨ ਸੌ ਸਤਾਹਟ ਰੁਪਏ ਕੇਵਲ) | ਖੇਵਟ/ਖਤੌਨੀ ਨੰਬਰ 8/55, ਖਸਰਾ ਨੰਬਰ 27//17 (8-0), 27//(18-0), ਗੋਇੰਦਵਾਲ ਸਾਹਿਬ, ਹੰਸਾ ਵਾਲਾ ਰੋਡ-143422 ਵਿਖੇ ਸਥਿਤ ਜਾਇਦਾਦ ਨਾਲ ਸੰਬੰਧਤ ਸਭ ਕੁਝ।ਹੱਦਬੰਦੀ : ਉੱਤਰ: ਬਾਬਿਆਂ ਦੀ ਜ਼ਮੀਨ, 26 ਫੁੱਟ, ਦੱਖਣ: 15 ਫੁੱਟ ਚੌੜੀ ਗਲੀ, 26 ਫੁੱਟ, ਪੂਰਬ : ਮਾਲਕ ਦੀ ਜਾਇਦਾਦ, 60 ਫੁੱਟ, ਪੱਛਮ : ਬਲਵੀਰ ਕੌਰ ਦੀ ਜਾਇਦਾਦ, 60 ਫੁੱਟ। |
ਕੰਪਨੀਜ਼ ਐਕਟ, 2013 ('ਐਕਟ') ਦੇ ਸੈਕਸ਼ਨ 108 ਅਤੇ ਹੋਰ ਲਾਗੂ ਉਪਬੰਧਾਂ ਦੇ ਅਨੁਸਾਰ, ਜੋ ਕਿ ਕੰਪਨੀਜ਼ (ਪ੍ਰਬੰਧਨ ਅਤੇ ਪ੍ਰਸ਼ਾਸਨ) ਨਿਯਮ, 2014 ਦੇ ਨਿਯਮ 20 ਦੇ ਨਾਲ ਪੜ੍ਹੇ ਜਾਂਦੇ ਹਨ, ਅਤੇ ਸਕਿਉਰਿਟੀਜ਼ ਐਂਡ ਐਕਸਚੇਂਜ ਬੋਰਡ ਆਫ ਇੰਡੀਆ (ਲਿਸਟਿੰਗ ਆਬਲੀਗੇਸ਼ਨ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਨਿਯਮ 2015 ਦੇ ਨਿਯਮ 44 ਦੇ ਨਾਲ ਪੜ੍ਹੇ ਜਾਂਦੇ ਹਨ, ਕੰਪਨੀ ਮੈਂਬਰਾਂ ਨੂੰ 9ਵੀਂ ਸਾਲਾਨਾ ਜਨਰਲ ਮੀਟਿੰਗ (ਏ ਜੀ ਐਮ) ਵਿੱਚ ਇਲੈਕਟ੍ਰਾਨਿਕ ਸਾਧਨਾਂ ਦੁਆਰਾ ਏ ਜੀ ਐਮ ਦੇ ਸਥਾਨ ('ਰਿਮੋਟ ਈ-ਵੋਟਿੰਗ') ਤੋਂ ਇਲਾਵਾ ਕਿਸੇ ਹੋਰ ਸਥਾਨ ਤੋਂ ਕਾਰੋਬਾਰ ਦੇ ਸੰਬੰਧ ਵਿੱਚ ਵੋਟ ਪਾਉਣ ਦੇ ਆਪਣੇ ਅਧਿਕਾਰ ਦੀ ਵਰਤੋਂ ਕਰਨ ਦੀ ਸਹੂਲਤ ਪ੍ਰਦਾਨ ਕਰਨ ਲਈ ਖੁਸ਼ ਹੈ ਜਿਵੇਂ ਕਿ ਏ ਜੀ ਐਮ ਦੇ ਨੋਟਿਸ ਵਿੱਚ ਉੱਪਰ ਦੱਸਿਆ ਗਿਆ ਹੈ ਅਤੇ ਸਹੀ ਢੰਗ ਨਾਲ ਦੱਸਿਆ ਗਿਆ ਹੈ।
ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕੰਪਨੀ ਨੇ 04 ਸਤੰਬਰ, 2026 ਨੂੰ, ਵੋਟਿੰਗ ਲਈ ਵੇਰਵਿਆਂ ਅਤੇ ਪ੍ਰਕਿਰਿਆ ਅਤੇ ਹੋਰ ਸੰਬੰਧਿਤ ਵੇਰਵਿਆਂ ਦੇ ਨਾਲ, ਏ ਜੀ ਐਮ ਨੋਟਿਸ, ਸ਼ੇਅਰਧਾਰਕਾਂ ਨੂੰ ਕੱਟ-ਆਫ ਮਿਤੀ ਯਾਨੀ 28 ਅਗਸਤ, 2026 ਨੂੰ ਭੇਜਣ ਦਾ ਕੰਮ ਪੂਰਾ ਕਰ ਲਿਆ ਹੈ। ਸ਼ੇਅਰਧਾਰਕਾਂ ਦੀ ਯੋਗਤਾ ਨਿਰਧਾਰਤ ਕਰਨ ਦੇ ਉਦੇਸ਼ ਲਈ, ਏ ਜੀ ਐਮ ਨੋਟਿਸ ਭੇਜਣ ਦੇ ਉਦੇਸ਼ ਲਈ। ਮੈਂਬਰ, ਜਿਨ੍ਹਾਂ ਦੇ ਨਾਮ ਸੋਮਵਾਰ, 21 ਸਤੰਬਰ, 2026 ਨੂੰ ਮੈਂਬਰਾਂ ਦੇ ਰਜਿਸਟਰਾਰ/ਲਾਭਪਾਤਰੀ ਮਾਲਕਾਂ ਦੀ ਸੂਚੀ ਵਿੱਚ ਦਿਖਾਈ ਦਿੰਦੇ ਹਨ, ਏ ਜੀ ਐਮ ਦੇ ਨੋਟਿਸ ਵਿੱਚ ਦੱਸੇ ਗਏ ਮਤਿਆਂ 'ਤੇ ਵੋਟ ਪਾਉਣ ਦੇ ਹੱਕਦਾਰ ਹਨ।ਉਹ ਵਿਅਕਤੀ ਜਿਸ ਦਾ ਨਾਮ ਵੋਟਿੰਗ ਕੱਟ-ਆਫ ਮਿਤੀ 'ਤੇ ਮੈਂਬਰਾਂ ਦੇ ਰਜਿਸਟਰ ਵਿੱਚ ਜਾਂ ਡਿਪਾਜ਼ਟਰੀਜ਼ ਦੁਆਰਾ ਰੱਖੇ ਗਏ ਲਾਭਪਾਤਰੀ ਮਾਲਕਾਂ ਦੇ ਰਜਿਸਟਰ ਵਿੱਚ ਦਰਜ ਹੈ, ਉਹ ਹੀ ਏ ਜੀ ਐਮ ਵਿੱਚ ਵੋਟ ਪਾਉਣ ਦੇ ਨਾਲ-ਨਾਲ ਈ-ਵੋਟਿੰਗ ਹਟਾਉਣ ਦੀ ਸਹੂਲਤ ਪ੍ਰਾਪਤ ਕਰਨ ਦਾ ਹੱਕਦਾਰ ਹੋਵੇਗਾ। ਰਿਮੋਟ ਈ-ਵੋਟਿੰਗ ਦੀ ਮਿਆਦ ਸ਼ੁੱਕਰਵਾਰ, 25 ਸਤੰਬਰ, 2026 ਨੂੰ ਸਵੇਰੇ 9:00 ਵਜੇ ਸ਼ੁਰੂ ਹੋਵੇਗੀ ਅਤੇ ਐਤਵਾਰ, 27 ਸਤੰਬਰ, 2026 ਨੂੰ ਸ਼ਾਮ 5:00 ਵਜੇ ਖਤਮ ਹੋਵੇਗੀ। ਰਿਮੋਟ ਈ-ਵੋਟਿੰਗ ਉਕਤ ਮਿਤੀ ਅਤੇ ਸਮੇਂ ਤੋਂ ਬਾਅਦ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਇਸ ਮਿਤੀ ਤੋਂ ਬਾਅਦ ਪ੍ਰਾਪਤ ਹੋਏ ਕਿਸੇ ਵੀ ਜਵਾਬ ਨੂੰ ਇਸ ਤਰ੍ਹਾਂ ਮੰਨਿਆ ਜਾਵੇਗਾ ਜਿਵੇਂ ਉਹ ਪ੍ਰਾਪਤ ਨਾ ਹੋਇਆ ਹੋਵੇ। ਇਲੈਕਟ੍ਰਾਨਿਕ ਮੋਡ ਰਾਹੀਂ ਵੋਟ ਪਾਉਣ ਦੇ ਚਾਹਵਾਨ ਮੈਂਬਰ ਇਸ ਦੇ ਲਈ ਏ ਜੀ ਐਮ ਨੋਟਿਸ ਵਿੱਚ ਦਿੱਤੀ ਗਈ ਈ-ਵੋਟਿੰਗ ਦੀ ਵਿਸਤ੍ਰਿਤ ਪ੍ਰਕਿਰਿਆ ਦਾ ਹਵਾਲਾ ਦੇ ਸਕਦੇ ਹਨ ਅਤੇ ਏ ਜੀ ਐਮ ਨੋਟਿਸ ਭੇਜਣ ਦੀ ਸੂਚਨਾ ਈ-ਮੇਲ ਕਰ ਸਕਦੇ ਹਨ। ਇੱਕ ਮੈਂਬਰ ਰਿਮੋਟ ਈ-ਵੋਟਿੰਗ ਰਾਹੀਂ ਵੋਟ ਪਾਉਣ ਦੇ ਆਪਣੇ ਅਧਿਕਾਰ ਦੀ ਵਰਤੋਂ ਕਰਨ ਤੋਂ ਬਾਅਦ ਵੀ ਏ ਜੀ ਐਮ ਵਿੱਚ ਹਿੱਸਾ ਲੈ ਸਕਦਾ ਹੈ ਪਰ ਉਸ ਨੂੰ ਮੀਟਿੰਗ ਵਿੱਚ ਦੁਬਾਰਾ ਵੋਟ ਪਾਉਣ ਦੀ ਇਜਾਜ਼ਤ ਨਹੀਂ ਹੋਵੇਗੀ। ਜਿਨ੍ਹਾਂ ਮੈਂਬਰਾਂ ਨੇ ਰਿਮੋਟ ਈ-ਵੋਟਿੰਗ ਰਾਹੀਂ ਆਪਣੀ ਵੋਟ ਨਹੀਂ ਪਾਈ, ਉਹ ਐਕਟ ਦੇ ਤਹਿਤ ਨਿਰਧਾਰਤ ਕੀਤੇ ਅਨੁਸਾਰ, ਬੈਲਟ ਪੇਪਰ ਰਾਹੀਂ ਏ ਜੀ ਐਮ ਵਿੱਚ ਆਪਣੀ ਵੋਟ ਪਾ ਸਕਦੇ ਹਨ।

**ਅੰਤਿਮ ਲਾਭਅੰਸ਼ ਅਤੇ ਰਿਕਾਰਡ ਮਿਤੀ ਅਤੇ ਕਿਤਾਬ ਬੰਦ ਹੋਣ ਦਾ ਨੋਟਿਸ:**

ਕੰਪਨੀ ਦੇ ਡਾਇਰੈਕਟਰ ਬੋਰਡ ਨੇ 30 ਮਈ, 2026 ਨੂੰ ਹੋਈ ਆਪਣੀ ਮੀਟਿੰਗ ਵਿੱਚ 31 ਮਾਰਚ, 2026 ਨੂੰ ਖਤਮ ਹੋਏ ਵਿੱਤੀ ਸਾਲ ਲਈ ਰੁ. 2/- ਦੇ ਅੰਕਿਤ ਮੁੱਲ ਵਾਲੇ ਪ੍ਰਤੀ ਇਕੁਇਟੀ ਸ਼ੇਅਰ ਰੁ. 4.50/- ਦੇ ਅੰਤਿਮ ਲਾਭਅੰਸ਼ ਦੀ ਸਿਫਾਰਸ਼ ਕੀਤੀ ਹੈ, ਜੋ ਕਿ ਆਉਣ ਵਾਲੀ 9ਵੀਂ ਸਾਲਾਨਾ ਆਮ ਸਭਾ ਵਿੱਚ ਮੈਂਬਰਾਂ ਦੀ ਪ੍ਰਵਾਨਗੀ ਦੇ ਅਧੀਨ ਹੈ।
ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਕੰਪਨੀ ਐਕਟ, 2013 ਦੀ ਧਾਰਾ 91 ਦੇ ਨਾਲ ਬਣਾਏ ਗਏ ਨਿਯਮਾਂ ਅਤੇ ਸੇਬੀ (ਲਿਸਟਿੰਗ ਆਬਲੀਗੇਸ਼ਨ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਨਿਯਮ, 2015 ਦੇ ਨਿਯਮ 42 ਦੇ ਅਨੁਸਾਰ, ਕੰਪਨੀ ਨੇ ਵਿੱਤੀ ਸਾਲ 2025-26 ਲਈ ਅੰਤਿਮ ਲਾਭਅੰਸ਼ ਲਈ ਮੈਂਬਰਾਂ ਦੇ ਹੱਕਦਾਰ ਹੋਣ ਦਾ ਪਤਾ ਲਗਾਉਣ ਦੇ ਉਦੇਸ਼ ਲਈ ਸੋਮਵਾਰ, 21 ਸਤੰਬਰ, 2026 ਨੂੰ ਰਿਕਾਰਡ ਮਿਤ੍ਰੀ ਵਜੋਂ ਨਿਰਧਾਰਤ ਕੀਤਾ ਹੈ, ਜੇਕਰ ਇਸ ਨੂੰ 9ਵੀਂ ਸਾਲਾਨਾ ਆਮ ਸਭਾ ਵਿੱਚ ਮਨਜ਼ੂਰੀ ਅਤੇ ਐਲਾਨ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ, ਕੰਪਨੀ ਦੇ ਮੈਂਬਰਾਂ ਦਾ ਰਜਿਸਟਰ ਅਤੇ ਸ਼ੇਅਰ ਟ੍ਰਾਂਸਫਰ ਬੁੱਕ ਮੰਗਲਵਾਰ, 22 ਸਤੰਬਰ, 2026 ਤੋਂ ਸੋਮਵਾਰ, 28 ਸਤੰਬਰ, 2026 (ਦੋਵੇਂ ਦਿਨ ਸ਼ਾਮਲ) ਤੱਕ ਉਕਤ ਉਦੇਸ਼ ਲਈ ਬੰਦ ਰਹਿਣਗੇ।
ਅੰਤਮ ਲਾਭਾਂਸ਼, ਜੇਕਰ ਘੋਸ਼ਿਤ ਕੀਤਾ ਗਿਆ ਕੰਪਨੀ ਸਵੀਕ੍ਰਿਤ ਕੀਤਾ ਗਿਆ ਉਨ੍ਹਾਂ ਮੈਂਬਰਾਂ ਦੇ ਸਟ੍ਰਿਪੁਲੇਟਿਡ ਟਾਈਮ ਲਾਈਨਜ਼ ਰਾਹੀਂ ਉਨ੍ਹਾ ਮੈਂਬਰਾਂ ਨੂੰ ਸੋਮਵਾਰ, 28 ਸਤੰਬਰ 2026 ਨੂੰ ਜਾਂ ਜਿਨ੍ਹਾਂ ਦੇ ਨਾਂਅ ਲਾਭਕਾਰੀ ਮਾਲਕਾਂ/ਮੈਂਬਰਾਂ ਦੇ ਰਜਿਸਟਰ 'ਚ ਦਰਜ ਹਨ ਕਿਉਂਕਿ ਰਿਕਾਰਡ ਮਿਤੀ 'ਤੇ ਕਾਰੋਬਾਰ ਦਾ ਬੰਦ ਸਮਾਂ ਹੁੰਦਾ ਹੈ।
ਕੰਪਨੀ ਨੇ ਵਾਲਕ ਐਂਡ ਕੰਪਨੀ (ਕੰਪਨੀ ਸੈਕਟਰੀਜ਼) ਨੂੰ ਪਈਆਂ ਵੋਟਾਂ ਦੇ ਨਿਰੀਖਣ ਲਈ ਨਿਰੀਖਕ ਨਿਯੁਕਤ ਕੀਤਾ ਹੈ। ਏ ਜੀ ਐਮ ਲਈ ਵੋਟਿੰਗ ਦਾ ਨਤੀਜਾ ਚੇਅਰਮੈਨ ਵੱਲੋਂ ਘੋਸ਼ਿਤ ਕੀਤਾ ਜਾਵੇਗਾ, ਜਿਸ ਨੂੰ ਕੰਪਨੀ ਦੇ ਐਕਟ ਅਧੀਨ ਕੰਪਨੀ ਸੈਕਟਰੀ ਦੁਆਰਾ ਨਿਰਧਾਰਤ ਕੀਤਾ ਹੋਵੇਗਾ। ਨਤੀਜਾ ਸਟਾਕ ਐਕਸਚੇਂਜ -ਐੱਨ ਐਸ ਈ ਅਤੇ ਬੀ ਐੱਸ ਈ ਰਾਹੀਂ ਘੋਸ਼ਿਤ ਕੀਤਾ ਜਾਵੇਗਾ ਅਤੇ ਰਜਿਸਟਰਡ ਦਫ਼ਤਰ 'ਤੇ ਕੰਪਨੀ ਦੀ ਵੈੱਬਸਾਈਟ 'ਤੇ ਦਰਸਾਇਆ ਜਾਵੇਗਾ।
ਏ ਜੀ ਐਮ ਨੋਟਿਸ ਕੰਪਨੀ ਦੀ ਵੈੱਬਸਾਈਟ https://jeenasikho.com/investors/ 'ਤੇ ਵੀ ਉਪਲਬਧ ਹੈ। ਸ਼ੇਅਰਧਾਰਕ ਜਿਨ੍ਹਾਂ ਨੇ ਏ ਜੀ ਐਮ ਨੋਟਿਸ ਪ੍ਰਾਪਤ ਨਹੀਂ ਕੀਤੇ, ਕੰਪਨੀ ਦੀ cs@jeenasikho.com ਜਾਂ ਸਾਡੇ ਆਰ ਟੀ ਏ 'ਤੇ info@skylinerta.com 'ਤੇ ਬੇਨਤੀ ਭੇਜ ਕੇ ਪ੍ਰਾਪਤ ਕਰ ਸਕਦੇ ਹਨ।
ਕਿਸੇ ਪੁੱਛਗਿੱਛ ਦੇ ਮਾਮਲੇ 'ਚ ਤੁਸੀਂ www.evoting.nsdl.com 'ਤੇ ਉਪਲੱਬਧ ਸ਼ੇਅਰਧਾਰਕਾਂ ਦੇ ਅਕਸਰ ਪੁੱਛੇ ਜਾਂਦੇ ਪ੍ਰਸ਼ਨ (ਐੱਫ ਏ ਕਿਊਜ਼) ਅਤੇ ਸ਼ੇਅਰਧਾਰਕਾਂ ਦੇ ਈ-ਵੋਟਿੰਗ ਯੂਜ਼ਰ ਮੈਨੂਅਲ ਦਾ ਹਵਾਲਾ ਦੇ ਕੇ ਪਤਾ ਕਰ ਸਕਦੇ ਹੋ ਜਾਂ 22-48867000 'ਤੇ ਫੋਨ ਕਰਕੇ ਜਾਂ ਸ਼ਰੂਥੀ ਸ਼ੈਟੀ shruthiS@nsdl.com 'ਤੇ ਬੇਨਤੀ ਭੇਜ ਕੇ ਪ੍ਰਾਪਤ ਕਰ ਸਕਦੇ ਹੋ।

ਵਾਸਤੇ ਅਤੇ ਲਈ ਬੋਰਡ ਆਫ ਡਾਇਰੈਕਟਰਜ਼
ਜੀਨਾ ਸੀਖੋ ਲਾਈਫਕੇਅਰ ਲਿਮਿਟਿਡ
ਮਨੀਸ਼ ਗਰੋਵਰ
ਮਿਤੀ : 05/09/2026 ਮੈਨੇਜਿੰਗ ਡਾਇਰੈਕਟਰ
ਸਥਾਨ : ਜ਼ੀਰਕਪੁਰ, ਪੰਜਾਬ ਡੀ ਆਈ ਐਨ : 07557886

# ਕੈਬਨਿਟ ਮੰਤਰੀ ਨੇ ਵਾਰਡ ਨੰਬਰ 44 'ਚ ਸੀਵਰੇਜ ਕੰਮਾਂ ਦੀ ਸ਼ੁਰੂਆਤ ਕਰਵਾਈ



**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸ਼ਹਿਰ ਦੇ ਵਾਰਡ ਨੰਬਰ 44 ਅਧੀਨ ਆਉਂਦੇ ਸਿਲਵਰ ਓਕ ਇਲਾਕੇ ਵਿੱਚ ਕਰੀਬ 15 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਸੀਵਰੇਜ ਦੇ ਕੰਮਾਂ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਕੈਬਨਿਟ ਮੰਤਰੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਵਿਕਾਸ ਮੁਖੀ ਏਜੰਡੇ 'ਤੇ ਕੰਮ ਕਰਦੇ ਹੋਏ ਸ਼ਹਿਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਲੋਕਾਂ ਦੀਆਂ ਜ਼ਰੂਰਤਾਂ ਅਤੇ ਸਥਾਨਕ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ। ਸੜਕਾਂ, ਸੀਵਰੇਜ, ਸਫ਼ਾਈ, ਸਟ੍ਰੀਟ ਲਾਈਟਾਂ ਸਮੇਤ ਹੋਰ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਸਦਕਾ ਇਲਾਕੇ ਦੇ ਲੋਕਾਂ ਨੂੰ ਬਿਹਤਰ ਸੀਵਰੇਜ ਸਹੂਲਤ ਮਿਲੇਗੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਮਾਣ ਕਾਰਜ ਨਿਰਧਾਰਿਤ ਸਮੇਂ ਦੇ ਅੰਦਰ ਅਤੇ ਤੈਅ ਮਾਪਦੰਡਾਂ ਅਨੁਸਾਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।

# ਪ੍ਰਧਾਨਗੀ ਲਈ ਦਪਰ ਤੇ ਪ੍ਰਦੀਪ ਰਾਣਾ ਵਿਚਾਲੇ ਫਸਵਾਂ ਮੁਕਾਬਲਾ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**-ਡੇਰਾਬੱਸੀ ਦੇ ਵਕੀਲ ਭਾਈਚਾਰੇ ਵਿੱਚ ਇਨ੍ਹੀਂ ਦਿਨੀਂ ਬਾਰ ਐਸੋਸੀਏਸ਼ਨ ਦੀ ਨਵੀਂ ਕਾਰਜਕਾਰਨੀ ਦੀ ਚੋਣ ਚਰਚਾ ਦਾ ਕੇਂਦਰ ਬਣੀ ਹੋਈ ਹੈ। ਨਾਮਜ਼ਦਗੀ ਪੱਤਰਾਂ ਦੀ ਪੜਤਾਲ ਪੂਰੀ ਹੋਣ ਤੋਂ ਬਾਅਦ ਵੱਖ-ਵੱਖ ਅਹੁਦਿਆਂ ਲਈ ਦਾਅਵੇਦਾਰਾਂ ਦੀ ਤਸਵੀਰ ਲਗਭਗ ਸਪੱਸ਼ਟ ਹੋ ਗਈ ਹੈ। ਇਸ ਵਾਰ ਸਭ ਤੋਂ ਦਿਲਚਸਪ ਪਹਿਲੂ ਇਹ ਹੈ ਕਿ ਮੌਜੂਦਾ ਪ੍ਰਧਾਨ ਵਿਕਰਮਜੀਤ ਸਿੰਘ ਦਪਰ ਇੱਕ ਵਾਰ ਫਿਰ ਪ੍ਰਧਾਨਗੀ ਦੀ ਕੁਰਸੀ ਲਈ ਮੈਦਾਨ ਵਿੱਚ ਉਤਰੇ ਹਨ, ਜਿਨ੍ਹਾਂ ਦੇ ਸਾਹਮਣੇ ਪ੍ਰਦੀਪ ਕੁਮਾਰ ਰਾਣਾ ਨੇ ਆਪਣੀ ਦਾਅਵੇਦਾਰੀ ਪੇਸ਼ ਕੀਤੀ ਹੈ। ਦੱਪਰ ਦੇ ਮੁੜ ਚੋਣ ਲੜਨ ਨਾਲ ਪ੍ਰਧਾਨਗੀ ਦਾ ਮੁਕਾਬਲਾ ਖਾਸ ਅਹਿਮੀਅਤ ਹਾਸਲ ਕਰ ਗਿਆ ਹੈ। ਹੁਣ ਇਹ ਫੈਸਲਾ ਵਕੀਲ ਵੋਟਰਾਂ ਦੇ ਹੱਥ ਹੋਵੇਗਾ ਕਿ ਉਹ ਮੌਜੂਦਾ ਪ੍ਰਧਾਨ ਦੀ ਕਾਰਗੁਜ਼ਾਰੀ 'ਤੇ ਦੁਬਾਰਾ ਭਰੋਸਾ ਪ੍ਰਗਟਾਉਂਦੇ ਹਨ ਜਾਂ ਪ੍ਰਧਾਨਗੀ ਦੀ ਵਾਗਡੋਰ ਨਵੇਂ ਹੱਥਾਂ ਵਿੱਚ ਸੌਂਪਦੇ ਹਨ। ਦੂਜੇ ਅਹੁਦਿਆਂ ਦੀ ਗੱਲ ਕਰੀਏ ਤਾਂ ਮੀਤ ਪ੍ਰਧਾਨ ਲਈ ਸ਼ਿਵ ਸ਼ਰਮਾ ਤੇ ਗੁਰਪ੍ਰੀਤ ਸਿੰਘ ਬੈਦਵਾਨ ਅਤੇ ਮਹਿਲਾ ਰਾਖਵੇਂ ਮੀਤ ਪ੍ਰਧਾਨ ਲਈ ਗੀਤਿਕਾ ਗੋਇਲ ਤੇ ਅਰੁਣਾ ਚੌਹਾਨ ਨੇ ਕਾਗਜ਼ ਦਾਖ਼ਲ ਕੀਤੇ ਹਨ। ਸਕੱਤਰ ਦੇ ਅਹੁਦੇ ਲਈ ਲਵਕੇਸ਼, ਜਗਤਾਰ ਸਿੰਘ ਬੱਛਲ ਅਤੇ ਸੁਰੇਸ਼ ਸ਼ਰਮਾ, ਜਦਕਿ ਖਜ਼ਾਨਚੀ ਲਈ ਦਿਲਬਾਗ ਸਿੰਘ ਸਰਾਓ (ਬਾਗੀ), ਵੀਪਨ ਕੁਮਾਰ ਅਤੇ ਹਰਪ੍ਰੀਤ ਸਿੰਘ ਸੈਣੀ ਦੌੜ ਵਿੱਚ ਹਨ। ਮਹਿਲਾ ਰਾਖਵੇਂ ਸੰਯੁਕਤ ਸਕੱਤਰ ਲਈ ਮਹਿਕ ਗੁਪਤਾ, ਅੰਜਨਾ ਸ਼ਰਮਾ ਤੇ ਸੁਮਨ ਰਾਣੀ, ਲਾਇਬ੍ਰੇਰੀਅਨ ਲਈ ਅਨੁਭਵ ਸਿੰਗਲਾ ਤੇ ਹਰਮਿੰਦਰ ਸਿੰਘ ਅਤੇ ਮਹਿਲਾ ਰਾਖਵੇਂ ਕਾਰਜਕਾਰਨੀ ਮੈਂਬਰ ਲਈ ਜ਼ੇਬਾ ਪਰਵੀਨ ਤੇ ਸੋਨੀਆ ਭਾਰਦਵਾਜ ਨੇ ਦਾਅਵਾ ਪੇਸ਼ ਕੀਤਾ ਹੈ। ਚੋਣ ਪ੍ਰਕਿਰਿਆ ਤਹਿਤ ਉਮੀਦਵਾਰਾਂ ਨੂੰ 5 ਸਤੰਬਰ ਦੁਪਹਿਰ 3:30 ਵਜੇ ਤੱਕ ਨਾਮਜ਼ਦਗੀ ਵਾਪਸ ਲੈਣ ਦਾ ਸਮਾਂ ਦਿੱਤਾ ਗਿਆ ਹੈ। ਇਸ ਮਿਆਦ ਦੇ ਖ਼ਤਮ ਹੋਣ ਤੋਂ ਬਾਅਦ ਅੰਤਿਮ ਸੂਚੀ ਜਾਰੀ ਹੋਵੇਗੀ। ਇਸ ਦੌਰਾਨ ਉਮੀਦਵਾਰਾਂ ਵੱਲੋਂ ਵਕੀਲ ਸਾਥੀਆਂ ਨਾਲ ਸੰਪਰਕ ਵਧਾਉਣ ਦਾ ਸਿਲਸਿਲਾ ਵੀ ਤੇਜ਼ ਹੋ ਗਿਆ ਹੈ। ਪ੍ਰਧਾਨਗੀ ਲਈ ਮੌਜੂਦਾ ਪ੍ਰਧਾਨ ਦੇ ਮੁੜ ਦਾਅਵੇ ਅਤੇ ਉਨ੍ਹਾਂ ਸਾਹਮਣੇ ਖੜ੍ਹੀ ਚੁਣੌਤੀ ਨੇ ਇਸ ਵਾਰ ਬਾਰ ਦੀ ਚੋਣ ਨੂੰ ਹੋਰ ਵੀ ਦਿਲਚਸਪ ਬਣਾ ਦਿੱਤਾ ਹੈ।



# ਪ੍ਰਿੰਸੀ. ਹਰਮੇਸ਼ ਘੇੜਾ ਹਿਊਮਨ ਰਾਈਟਸ ਕੌਂਸਲ ਆਫ ਇੰਡੀਆ ਦੇ ਪੰਜਾਬ ਪ੍ਰਧਾਨ ਬਣੇ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸਿੱਖਿਆ ਵਿਭਾਗ ਵਿੱਚ ਮਾਨਮਤੀ ਸੇਵਾਵਾਂ ਨਿਭਾਉਣ ਵਾਲੇ ਅਤੇ ਵੱਖ ਵੱਖ ਅਧਿਆਪਕ ਅਤੇ ਮੁਲਾਜ਼ਮ ਜਥੇਬੰਦੀਆਂ ਦੇ ਸੂਬਾਈ ਆਗੂ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ (ਸਟੇਟ ਐਵਾਰਡੀ ) ਨੂੰ ਹਿਊਮਨ ਰਾਈਟਸ ਕੌਂਸਲ ਆਫ ਇੰਡੀਆ ਦੇ ਐਜੂਕੇਸ਼ਨ ਪ੍ਰੋਟੈਕਸ਼ਨ ਵਿੰਗ ਪੰਜਾਬ ਦੇ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ । ਇਹ ਨਿਯੁਕਤੀ ਕੌਂਸਲ ਦੇ ਰਾਸ਼ਟਰੀ ਪ੍ਰਧਾਨ ਹਾਜੀ ਸ਼ੇਖ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਨਿਭਾਈਆਂ ਸ਼ਾਨਦਾਰ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਕੀਤੀ।



ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ ਅਧਿਆਪਕ ਅਤੇ ਮੁਲਾਜ਼ਮ ਜਥੇਬੰਦੀਆਂ ਦੇ ਮੁੱਦਿਆਂ ਦੇ ਉੱਪਰ ਲਗਾਤਾਰ ਸੰਘਰਸ਼ ਕਰਦੇ ਰਹੇ ਹਨ। ਉਹਨਾਂ ਨੇ ਆਪਣੀ ਨਵੀਂ ਨਿਯੁਕਤੀ ਤੇ ਰਾਸ਼ਟਰੀ ਪ੍ਰਧਾਨ ਦਾ ਜਿੱਥੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਉੱਥੇ ਪੰਜਾਬ ਦੇ ਅਧਿਆਪਕ, ਮੁਲਾਜ਼ਮ ਅਤੇ ਕਰਮਚਾਰੀਆਂ ਤੋਂ ਇਲਾਵਾ ਵਿਦਿਆਰਥੀਆਂ ਦੇ ਹਿੱਤਾਂ ਲਈ ਉਹਨਾਂ ਦੇ ਮੁੱਦਿਆਂ ਨੂੰ ਪਹਿਲ ਦੇ ਆਧਾਰ ਤੇ ਹਲ ਕਰਾਉਣ ਲਈ ਪੂਰੀ ਤਨਦੇਹੀ ਨਾਲ ਸੇਵਾਵਾਂ ਨਿਭਾਉਣਗੇ। ਪ੍ਰਿੰਸੀਪਲ ਹਰਮੇਸ਼ ਘੇੜਾ ਸੂਬਾ ਪ੍ਰਧਾਨ ਨੇ ਕਿਹਾ ਕਿ ਪੰਜਾਬ ਦੇ ਵੱਖ-ਵੱਖ ਜਿਲਿਆਂ ਵਿੱਚ ਐਜੂਕੇਸ਼ਨ ਪ੍ਰੋਟੈਕਸ਼ਨ ਵਿੰਗ ਦੀਆਂ ਜ਼ਿਲਾ ਬਾਡੀਆਂ ਦੀ ਜਲਦੀ ਹੀ ਬਣਤਰ ਕੀਤੀ ਜਾਵੇਗੀ।

# ਤਿੰਨ ਦਿਨਾਂ ਧਾਰਮਿਕ ਸਮਾਗਮ ਸ਼ਾਨੋ ਸ਼ੌਕਤ ਨਾਲ ਸਮਾਪਤ




**ਬੰਗਾ (ਅਵਤਾਰ ਕਲੇਰ)**- ਗੁਰਦੁਆਰਾ ਦੂਖ ਨਿਵਾਰਨ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਝਿੰਗੜਾਂ ਵਿਖੇ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਰਾਜਾ ਸਾਹਿਬ ਜੀ ਦੀ ਯਾਦ ਨੂੰ ਸਮਰਪਿਤ ਤਿੰਨ ਦਿਨਾਂ ਧਾਰਮਿਕ ਸਮਾਗਮ ਕਰਵਾਇਆ ਗਿਆ। ਅਖੰਡ ਪਾਠਾਂ ਦੇ ਭੋਗ ਉਪਰੰਤ ਧਾਰਮਿਕ ਸਟੇਜ ਸਜਾਈ ਗਈ ਜਿਸ ਵਿੱਚ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਤੋਂ ਇਲਾਵਾ ਗਾਇਕਾ ਜਸਵਿੰਦਰ ਬਰਾੜ ਤੇ ਪੰਮਾ ਡੁਮੇਵਾਲ ਵੱਲੋਂ ਰਾਜਾ ਸਾਹਿਬ ਦੀ ਉਪਮਾ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਚੌਧਰੀ ਮੋਹਣ ਲਾਲ ਸਾਬਕਾ ਵਿਧਾਇਕ ਬੰਗਾ, ਕੁਲਜੀਤ ਸਿੰਘ ਸਰਹਾਲ ਚੇਅਰਮੈਨ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਪੰਜਾਬ ਵਿਸ਼ੇਸ਼ ਤੌਰ ਤੇ ਪਹੁੰਚੇ। ਮੁੱਖ ਪ੍ਰਬੰਧਕ ਜਥੇਦਾਰ ਸਿੰਘ ਝਿੰਗੜ ਨੇ ਧੰਨਵਾਦ ਕਰਦਿਆਂ ਪ੍ਰਬੰਧਕਾਂ ਨਾਲ ਗਾਇਕ ਅਤੇ ਸੇਵਾਦਾਰਾਂ, ਐਨ ਆਰ ਆਈ ਵੀਰਾਂ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ । ਇਸ ਮੌਕੇ ਪ੍ਰਧਾਨ ਭੁਪਿੰਦਰ ਸਿੰਘ ਤੇਜਾ, ਅਜੀਤ ਸਿੰਘ ਗੋਸਲ, ਬਲਵਿੰਦਰ ਸਿੰਘ, ਸੰਦੀਪ ਸਿੰਘ ਸ਼ੇਰਗਿੱਲ, ਸਰਬਜੀਤ ਸਿੰਘ ਸ਼ੇਰਗਿੱਲ, ਗ੍ਰੰਥੀ ਬੁੱਧ ਸਿੰਘ, ਸੋਢੀ ਸਿੰਘ ਸ਼ੇਰਗਿੱਲ, ਕਮਲਜੀਤ ਸਿੰਘ ਕੈਰੋਂ, ਨਰਿੰਦਰ ਕੌਰ ਹੀਰ, ਨਿਰਮਲ ਸਿੰਘ ਮਹਿਮੀ, ਨਿਰਮਲ ਸਿੰਘ ਢੰਡਾ,ਜਸਵਿੰਦਰ ਸਿੰਘ , ਬਹਾਦਰ ਸਿੰਘ ਮਹਿਮੀ ਪੰਚ, ਪ੍ਰਿੰਸੀਪਲ ਤਰਜੀਵਨ ਸਿੰਘ ਗਰਚਾ, ਅਮਰਜੀਤ ਸਿੰਘ ਰੱਲ, ਬਲਵਿੰਦਰ ਸਿੰਘ, ਡਾਕਟਰ ਪਰਮਜੀਤ ਸੋਢੀਆਂ, ਦਵਿੰਦਰ ਸਿੰਘ ਏ ਐਸ ਆਈ, ਸੁੱਚਾ ਸਿੰਘ ਝਿੰਗੜ, ਹਰਪ੍ਰੀਤ ਸਿੰਘ ਸ਼ੇਰਗਿੱਲ, ਨੰਬਰਦਾਰ ਗੁਰਮਤਿ ਸਿੰਘ, ਸਰਵਣ ਸਿੰਘ, ਮਾਸਟਰ ਪਰਮਜੀਤ ਹੈੜੀਆਂ, ਗੁਰਮੁੱਖ ਰੱਲ ਯੂ ਐਸ ਏ, ਭੁਪਿੰਦਰ ਸਿੰਘ, ਬਿਸ਼ਨ ਸਿੰਘ ਝਿੰਗੜ, ਮਨਦੀਪ ਸਿੰਘ, ਲੱਖਾ ਸਿੰਘ, ਅਸ਼ੋਕ ਕੁਮਾਰ,ਰਾਜਵੀਰ ਰੱਲ, ਗੁਰਮੇਲ ਰਾਮ ਇਟਲੀ, ਸੁਖਜੀਤ ਸਿੰਘ, ਤੀਰਥ ਇਟਲੀ, ਮਲਕੀਤ ਸਿੰਘ ਲੱਲ੍ਹ, ਅਵਤਾਰ ਸਿੰਘ ਅਤੇ ਸਮੂਹ ਸੰਗਤਾਂ ਹਾਜ਼ਰ ਸਨ।

# ਅਮਰੀਕਾ ਨਾਲ ਮੁਕਤ ਵਪਾਰ ਸਮਝੌਤੇ ਕਿਸਾਨੀ ਲਈ ਮੌਤ ਦੇ ਵਾਰੰਟ ਸਾਬਤ ਹੋਣਗੇ : ਗਰੇਵਾਲ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ, ਸੁਰਜੀਤ ਢੇਰ)**- ਕੁੱਲ ਹਿੰਦ ਕਿਸਾਨ ਸਭਾ ਪੰਜਾਬ ਜ਼ਿਲ੍ਹਾ ਕਮੇਟੀ ਦੀ ਜਨਰਲ ਬਾਡੀ ਮੀਟਿੰਗ ਭੜੋਲੀਆਂ ਭਵਨ ਨੰਗਲ ਵਿਖੇ ਜ਼ਿਲ੍ਹਾ ਪ੍ਰਧਾਨ



ਕਾਮਰੇਡ ਸੁਰਜੀਤ ਸਿੰਘ ਢੇਰ, ਤਹਿਸੀਲ ਨੰਗਲ ਦੇ ਪ੍ਰਧਾਨ ਜਸਵੰਤ ਰਾਮ ਪਾਲ ਸਿੰਘ ਭਲਾਣ, ਸ੍ਰੀ ਅਨੰਦਪੁਰ ਸਾਹਿਬ ਤਹਿਸੀਲ ਦੇ ਪ੍ਰਧਾਨ ਨਰਿੰਦਰ ਸਿੰਘ ਸਾਵੀ ਅਤੇ ਰਪੜ ਤਹਿਸੀਲ ਦੇ ਪ੍ਰਧਾਨ ਤਰਲੋਚਨ ਸਿੰਘ ਹੁਸੈਨਪੁਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸੂਬਾ ਜਨਰਲ ਸਕੱਤਰ ਬਲਜੀਤ ਸਿੰਘ ਗਰੇਵਾਲ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਦੀ ਕਾਰਵਾਈ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਭੰਗਲ ਨੇ ਚਲਾਈ।ਮੀਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਵਿਛੜੇ ਆਗੂਆਂ ਸਮੇਤ ਕਿਸਾਨ ਆਗੂ ਹਰਦੇਵ ਸਿੰਘ ਮਹੈਣ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਂਟ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਮੁਕਤ ਵਪਾਰ ਸਮਝੌਤੇ ਜੋ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਅਮਰੀਕਾ ਨਾਲ ਕੀਤਾ ਜਾ ਰਿਹਾ ਹੈ ਇਹ ਦੇਸ਼ ਦੀ ਕਿਸਾਨੀ ਲਈ ਮੌਤ ਦੇ ਵਾਰੰਟ ਸਾਬਤ ਹੋਣਗੇ। ਉਨ੍ਹਾਂ ਨੇ ਕਿਹਾ ਕਿ ਆਲ ਇੰਡੀਆ ਕਿਸਾਨ ਸਭਾ ਵੱਲੋਂ ਪਹਿਲੀ ਸਤੰਬਰ ਤੋਂ ਸੱਤ ਸਤੰਬਰ ਤੱਕ ਜਨਤਕ ਮੁਹਿੰਮ ਪਿੰਡਾਂ ਵਿੱਚ ਚਲਾਈ ਗਈ ਹੈ। ਜਿਸ ਤਹਿਤ 7 ਸਤੰਬਰ ਨੂੰ ਸਾਰੀਆਂ ਸਬ ਡਵੀਜ਼ਨਾ ਉਤੇ 11 ਵਜੇ ਤੋਂ 2 ਵਜੇ ਤੱਕ ਧਰਨੇ ਮਾਰੇ ਜਾ ਰਹੇ ਹਨ ਅਤੇ ਮੰਗ ਪੱਤਰ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਭੇਜੇ ਜਾਣਗੇ। ਜਿਸ ਵਿਚ ਮੰਗ ਕੀਤੀ ਜਾਵੇਗੀ ਕਿ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ।ਪੰਜਾਬ ਦੇ ਪਾਣੀਆਂ ਦੀ ਨਿਆਂਇਕ ਵੰਡ ਕੀਤੀ ਜਾਵੇ,ਹਰ ਖੇਤ ਨੂੰ ਨਹਿਰੀ ਪਾਣੀ ਦਿੱਤਾ ਜਾਵੇ, ਹਰ ਘਰ ਨੂੰ ਸ਼ੁੱਧ ਪੀਣ ਵਾਲਾ ਪਾਣੀ ਦਿੱਤਾ ਜਾਵੇ।ਕਿਸਾਨਾਂ ਨੂੰ ਫਸਲਾਂ ਦਾ ਘੱਟੋ ਘੱਟ ਸਮਰਥਨ ਮੁੱਲ ਸੀ 2+50 ਪ੍ਰਤੀਸ਼ਤ ਲਾਭ ਦੇ ਆਧਾਰ 'ਤੇ ਦਿੱਤਾ ਜਾਵੇ।ਤਜਵੀਜ਼ਤ ਬਿਜਲੀ ਸੋਧ ਬਿੱਲ 2025 ਅਤੇ ਤਜਵੀਜ਼ਤ ਬੀਜ ਸੋਧ ਬਿੱਲ ਵਾਪਸ ਲਿਆ ਜਾਵੇ।ਕਿਸਾਨਾਂ 'ਤੇ ਖੇਤ ਮਜ਼ਦੂਰਾਂ ਦੀ ਸਹਿਕਾਰੀ ਸੁਸਾਇਟੀਆਂ ਦੇ ਕਰਜ਼ੇ ਦੀ ਹੱਦ ਵਧਾਈ ਜਾਵੇ।ਕਿਸਾਨਾਂ 'ਤੇ ਖੇਤ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਮਾਫ ਕੀਤੇ ਜਾਣ।ਉਨ੍ਹਾਂ ਨੇ ਦੱਸਿਆ ਕਿ ਕੁੱਲ ਹਿੰਦ ਕਾਨਫਰੰਸ 15 ਤੋਂ 18 ਨਵੰਬਰ ਨੂੰ ਤੇਲੰਗਾਨਾ ਵਿਖੇ ਹੋ ਰਹੀ। ਇਸ ਵਿੱਚ ਸ਼ਾਮਲ ਹੋਣ ਲਈ ਡੈਲੀਗੇਟਾਂ ਦੀ ਚੋਣ 28 ਸਤੰਬਰ ਨੂੰ ਲੁਧਿਆਣਾ ਵਿਖੇ ਸੂਬਾ ਪੱਧਰੀ ਜਨਰਲ ਬਾਡੀ ਮੀਟਿੰਗ ਕਰਕੇ ਕੀਤੀ ਜਾਵੇਗੀ।ਮੀਟਿੰਗ ਵਿੱਚ ਦਲੀਪ ਸਿੰਘ ਘਨੌਲਾ, ਭਜਨ ਸਿੰਘ ਸੰਦੋਆ, ਬਿਕਰ ਸਿੰਘ ਗਿੱਲ, ਮਹਿੰਦਰ ਸਿੰਘ ਸੰਗਤਪੁਰ, ਤਰਸੇਮ ਲਾਲ ਸੁਖਸਾਲ, ਟੇਕ ਚੰਦ, ਅਮਰਜੀਤ ਸਿੰਘ ਹੋਲਗੜ੍ਹ, ਗੁਰਦਿਆਲ ਸਿੰਘ ਮਾਵੀ, ਭਗਤ ਸਿੰਘ ਬਿਕੋ, ਕੁਲਵਿੰਦਰ ਸਿੰਘ ਭੰਗਲ,ਚਰਨ ਸਿੰਘ ਅਟਵਾਲ, ਜਗੀਰ ਸਿੰਘ ਰੌਲੀ, ਸਤਨਾਮ ਸਿੰਘ, ਬਰਜਿੰਦਰ ਸਿੰਘ ਡੋਡ, ਅਮਰਜੀਤ ਸਿੰਘ ਸੰਗਤਪੁਰ ਵੀ ਹਾਜ਼ਰ ਸਨ।

# ਦਿ ਲੈਂਡਮਾਰਕ ਸਕੂਲ 'ਚ ਮਨਾਈ ਜਨਮ ਅਸ਼ਟਮੀ




**ਭੋਗਪੁਰ (ਗੁਰਪ੍ਰੀਤ ਸਿੰਘ ਭੰਗਲ)**- ਦਿ ਲੈਂਡਮਾਰਕ ਸਕੂਲ ਭੋਗਪੁਰ ਚ ਸਕੂਲ ਦੇ ਚੇਅਰਮੈਨ ਇੰਜੀਨੀਅਰ ਸੁਖਵਿੰਦਰ ਸਿੰਘ ਪਾਲ ਦੀ ਅਗਵਾਈ ਅਤੇ ਪ੍ਰਿੰਸੀਪਲ ਸੋਨਮ ਸ਼ਰਮਾ ਦੀ ਦੇਖ-ਰੇਖ ਹੇਠ ਕ੍ਰਿਸ਼ਨ ਜਨਮ ਅਸ਼ਟਮੀ ਸਮਾਗਮ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਮਾਗਮ ਵਿਚ ਨਰਸਰੀ ਤੋਂ ਨੌਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਨੰਨ੍ਹੇ-ਮੁੰਨ੍ਹੇ ਵਿਦਿਆਰਥੀਆਂ ਨਟਖਟ ਨੰਦ ਗੋਪਾਲ, ਕਨ੍ਹੱਈਆ ਅਤੇ ਰਾਧਾ ਰਾਣੀ ਦੇ ਰੂਪ ਵਿਚ ਸਜ ਧਜ ਕੇ ਆਏ। ਇਸ ਤੋਂ ਇਲਾਵਾ ਵਾਸੂਦੇਵ, ਦੇਵਕੀ, ਗਵਾਲਿਆਂ ਅਤੇ ਗੋਪੀਆਂ ਦੀਆਂ ਵੇਸ਼-ਭੂਸ਼ਾਵਾਂ ਵਿਚ ਆਏ ਬੱਚਿਆਂ ਨੇ ਵੀ ਸਭ ਦਾ ਮਨ ਮੋਹ ਲਿਆ। [illegible] ਸ੍ਰੀ ਕ੍ਰਿਸ਼ਨ ਦੀਆਂ ਲੀਲਾਵਾਂ ਦੇ ਸਰੂਪ ਵਿਚ ਸਜੇ ਨੰਨ੍ਹੇ-ਮੁੰਨ੍ਹੇ ਵਿਦਿਆਰਥੀਆਂ ਨੇ ਜਨਮ ਅਸ਼ਟਮੀ ਨਾਲ ਸਬੰਧਿਤ ਡਾਂਸ ਅਤੇ ਗੀਤ ਵੀ ਪੇਸ਼ ਕੀਤੇ। ਸ੍ਰੀ ਕ੍ਰਿਸ਼ਨ ਦੀਆਂ ਬਾਲ-ਲੀਲਾਵਾਂ ਤੇ ਆਧਾਰਿਤ ਝਲਕੀਆਂ ਅਤੇ ਲਘੂ ਨਾਟਕ ਦੀ ਪੇਸ਼ਕਾਰੀ ਨੇ ਸਮਾਗਮ ਨੂੰ ਹੋਰ ਰੰਗੀਨ ਬਣਾ ਦਿੱਤਾ।ਇਸ ਮੌਕੇ ਚੇਅਰਮੈਨ ਇੰਜੀਨੀਅਰ ਸੁਖਵਿੰਦਰ ਸਿੰਘ ਪਾਲ ਨੇ ਸਮੂਹ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਕ੍ਰਿਸ਼ਨ ਦੇ ਜੀਵਨ ਨਾਲ ਮਨੁੱਖੀ ਸਮਾਜ ਨੂੰ ਮਹੱਤਵਪੂਰਨ ਸਿੱਖਿਆਵਾਂ ਮਿਲਦੀਆਂ ਹਨ।

# ਸਰਕਾਰੀ ਸਕੂਲਾਂ ਦੇ 181 ਅਧਿਆਪਕਾਂ ਨੂੰ ਹੈੱਡਮਾਸਟਰ ਵਜੋਂ ਪਦਉੱਨਤ ਕੀਤਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਰਕਾਰੀ ਸਕੂਲਾਂ ਵਿੱਚ ਹੋਰ ਬਿਹਤਰ ਅਤੇ ਮਜ਼ਬੂਤ ਸਿੱਖਿਆ ਪ੍ਰਣਾਲੀ ਲਈ ਪੰਜਾਬ ਸਰਕਾਰ ਨੇ 4 ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰਾਂ ਸਮੇਤ 181 ਅਧਿਆਪਕਾਂ ਨੂੰ ਹੈੱਡਮਾਸਟਰ ਵਜੋਂ ਪਦਉੱਨਤ ਕੀਤਾ ਹੈ ਤਾਂ ਜੋ ਇਨ੍ਹਾਂ ਅਸਾਮੀਆਂ ਨੂੰ ਭਰ ਕੇ ਪੰਜਾਬ ਸਿੱਖਿਆ ਕ੍ਰਾਂਤੀ ਅਧੀਨ ਹਰੇਕ ਸਕੂਲ ਵਿੱਚ ਜ਼ਮੀਨੀ ਪੱਧਰ 'ਤੇ ਮਜ਼ਬੂਤ ਗਤੀਸ਼ੀਲ ਅਗਵਾਈ ਯਕੀਨੀ ਬਣਾਈ ਜਾ ਸਕੇ। ਇਸ ਬਾਰੇ ਐਲਾਨ ਕਰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਪਦਉੱਨਤੀਆਂ ਅਧਿਆਪਕਾਂ ਲਈ ਵੱਡੇ ਪੇਸ਼ੇਵਰ ਵਿਕਾਸ ਅਤੇ ਤਰੱਕੀ ਦੇ ਨਾਲ-ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਮੁਲਾਜ਼ਮਾਂ ਪ੍ਰਤੀ ਵਚਨਬੱਧਤਾ ਨੂੰ ਵੀ ਦਰਸਾਉਂਦੀਆਂ ਹਨ। ਹੈੱਡਮਾਸਟਰ ਵਜੋਂ ਪਦਉੱਨਤ ਹੋਏ 181 ਅਧਿਆਪਕਾਂ ਵਿੱਚੋਂ 140 ਜਨਰਲ ਸ਼੍ਰੇਣੀ ਨਾਲ ਸਬੰਧਤ, 23 ਐਸ.ਸੀ. ਸ਼੍ਰੇਣੀ ਨਾਲ, 6 ਦਿਵਿਆਂਗ ਅਤੇ 8 ਬੈਕਲਾਗ ਦੀ ਡਬਲਯੂ ਡੀ ਕੋਟੇ ਨਾਲ ਸਬੰਧਤ ਹਨ। ਇਸ ਤੋਂ ਇਲਾਵਾ 4 ਬਲਾਕ ਪ੍ਰਾਇਮਰੀ ਸਿੱਖਿਆ ਅਧਿਕਾਰੀਆਂ ਨੂੰ ਵੀ ਤਰੱਕੀ ਦਿੱਤੀ ਗਈ ਹੈ। ਨਵੇਂ ਪਦਉੱਨਤ ਹੈੱਡਮਾਸਟਰਾਂ ਨੂੰ ਤਹਿ-ਦਿਲੋਂ ਵਧਾਈ ਦਿੰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਤਰੱਕੀ ਦੇ ਹੁਕਮ ਸੀਨੀਆਰਤਾ ਅਤੇ ਯੋਗਤਾ ਦੇ ਅਧਾਰ 'ਤੇ ਪਾਰਦਰਸ਼ੀ ਪ੍ਰਕਿਰਿਆ ਤੋਂ ਬਾਅਦ ਜਾਰੀ ਕੀਤੇ ਗਏ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਾਰੇ ਯੋਗ ਉਮੀਦਵਾਰਾਂ ਨੂੰ ਇਨ੍ਹਾਂ ਅਹਿਮ ਤੇ ਜ਼ਿੰਮੇਵਾਰ ਭੂਮਿਕਾਵਾਂ ਲਈ ਤਰੱਕੀ ਦਿੱਤੀ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਪਦਉੱਨਤ ਹੋਏ ਨਵੇਂ ਹੈੱਡਮਾਸਟਰ ਤੁਰੰਤ ਚਾਰਜ ਸੰਭਾਲਣਗੇ, ਜਿਸ ਨਾਲ ਸਰਕਾਰੀ ਸਕੂਲਾਂ ਵਿੱਚ ਨਵੀਂ ਊਰਜਾ ਆਵੇਗੀ।

# ਮੋਟਰਾਂ ਲਈ ਅੱਠ ਘੰਟੇ ਬਿਜਲੀ ਨਾ ਮਿਲਣ ਕਾਰਨ ਕਿਸਾਨਾਂ 'ਚ ਰੋਸ

**ਅਲਾਵਲਪੁਰ (ਮਦਨ ਬੰਗੜ)**- ਮੋਟਰਾਂ ਲਈ ਲੋੜ ਅਨੁਸਾਰ ਬਿਜਲੀ ਸਪਲਾਈ ਨਾ ਮਿਲਣ ਕਾਰਨ ਕਸਬਾ ਅਲਾਵਲਪੁਰ ਅਤੇ ਆਸ-ਪਾਸ ਦੇ ਪਿੰਡਾਂ ਦੇ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸੰਬੰਧੀ ਕਿਸਾਨਾਂ ਦੇ ਇੱਕ ਵਫ਼ਦ ਨੇ ਬਿਜਲੀ ਘਰ ਅਲਾਵਲਪੁਰ ਵਿਖੇ ਮੌਜੂਦਾ ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਅਤੇ ਬਿਜਲੀ ਸਪਲਾਈ ਵਿੱਚ ਸੁਧਾਰ ਕਰਨ ਲਈ ਮੰਗ ਪੱਤਰ ਦਿੱਤਾ।



ਕਿਸਾਨਾਂ ਨੇ ਦੱਸਿਆ ਕਿ ਦਾਸੂਪੁਰ, ਮਦਾਰਾਂ, ਧੀਰੋਵਾਲ, ਬਚਿਆਣਾ, ਕਿਸ਼ਨਪੁਰ, ਗੋਇਲ ਪਿੰਡ ਅਤੇ ਕਰਾਰੀ ਆਦਿ ਫੀਡਰਾਂ ਅਧੀਨ ਆਉਂਦੇ ਇਲਾਕਿਆਂ ਵਿੱਚ ਮੋਟਰਾਂ ਲਈ ਅਕਸਰ [illegible] ਬਿਜਲੀ ਸਪਲਾਈ [illegible] ਘੰਟਿਆਂ ਤੱਕ ਹੀ [illegible] ਹੈ। [illegible] ਨਿਯਮਾਂ ਅਨੁਸਾਰ ਅੱਠ ਘੰਟੇ ਬਿਜਲੀ ਮਿਲਣੀ ਚਾਹੀਦੀ ਹੈ। [illegible] ਇਸ ਮੌਕੇ ਜਗਦੀਸ਼ ਸਿੰਘ, ਕੁਲਦੀਪ ਸਿੰਘ, ਇੰਦਰ ਚੱਢਾ, ਹਨੀ ਚੱਢਾ, ਸੁਖਵਿੰਦਰ ਸਿੰਘ, ਜਗੀਰ ਸਿੰਘ, ਜਸਵੀਰ ਸਿੰਘ, ਹਰਕ੍ਰਿਸ਼ਨ, ਅੰਕੁਰ ਮਿਸ਼ਰਾ, ਕੁਲਵਿੰਦਰ ਸਿੰਘ, ਦਲਜਿੰਦਰ ਸਿੰਘ, ਰੋਹਿਤ ਮਿਸ਼ਰਾ ਸਮੇਤ ਹੋਰ ਕਿਸਾਨ ਹਾਜ਼ਰ ਸਨ।

# ਆਸ਼ਾ ਵਰਕਰ ਯੂਨੀਅਨ ਵੱਲੋਂ ਤਿੰਨ ਮਹੀਨਿਆਂ ਤੋਂ ਰੁਕੀਆਂ ਤਨਖਾਹਾਂ ਜਾਰੀ ਕਰਨ ਦੀ ਮੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਸ਼ਾ ਵਰਕਰ ਅਤੇ ਫੈਸਿਲੀਟੇਟਰ ਯੂਨੀਅਨ ਦੀ ਸਥਾਨਕ ਇਕਾਈ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਰੋਸ ਮੁਜ਼ਾਹਰਾ ਕੀਤਾ। ਇਕਾਈ ਪ੍ਰਧਾਨ ਸੁਸ਼ਮਾ ਦੇਵੀ ਦੀ ਅਗਵਾਈ ਹੇਠ ਕੀਤੇ ਮੁਜ਼ਾਹਰੇ 'ਚ ਬਲਾਕ ਤਲਵਾੜਾ ਦੀਆਂ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰ ਸ਼ਾਮਲ ਹੋਏ।



ਇਸ ਮੌਕੇ ਆਸ਼ਾ ਵਰਕਰ ਸੁਮਨ ਬਾਲਾ, ਅਰੁਣਾ ਠਾਕੁਰ, ਸੰਯੋਗਿਤਾ ਦੇਵੀ, ਸੁਰਜੀਤ ਕੌਰ, ਸ਼ਸ਼ੀ ਬਾਲਾ ਆਦਿ ਨੇ ਦਸਿਆ ਕਿ ਉਨ੍ਹਾਂ ਪਿਛਲੇ ਤਿੰਨ ਮਹੀਨਿਆਂ ਤੋਂ ਤਨਖਾਹਾਂ ਨਹੀਂ ਦਿੱਤੀਆਂ ਗਈਆਂ। ਬੁਲਾਰਿਆਂ ਨੇ ਸਰਕਾਰ ਤੋਂ ਰੋਕੀਆਂ ਤਨਖਾਹਾਂ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ, ਉੱਥੇ ਹੀ ਉਨ੍ਹਾਂ 'ਤੇ ਘੱਟੋ ਘੱਟ ਤਨਖਾਹ ਦਾ ਨਿਯਮ ਲਾਗੂ ਕਰਨ ਦੀ ਮੰਗ ਕੀਤੀ। ਹਾਜ਼ਰ ਵਰਕਰਾਂ ਨੇ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਕੀਤੇ ਜਾ ਰਹੇ ਸੰਘਰਸ਼ ਦਾ ਸਮਰਥਨ ਕੀਤਾ, ਆਉਣ ਵਾਲੇ ਸਮੇਂ 'ਚ ਆਪਣੀਆਂ ਮੰਗਾਂ ਨੂੰ ਲੈ ਕੇ ਸਾਂਝਾ ਫਰੰਟ ਦੇ ਸੰਘਰਸ਼ਾਂ 'ਚ ਵਧ ਚੜ੍ਹ ਦੇ ਹਿੱਸਾ ਪਾਉਣ ਦਾ ਐਲਾਨ ਕੀਤਾ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਲਾਲੜੂ ਤੋਂ ਤਿੰਨ ਬੱਸਾਂ ਰਵਾਨਾ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਯੋਜਨਾ ਤਹਿਤ ਹਲਕਾ ਡੇਰਾਬੱਸੀ ਦੇ ਲਾਲੜੂ ਤੋਂ ਤਿੰਨ ਹੋਰ ਬੱਸਾਂ ਸੰਗਤਾਂ ਨੂੰ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤੀਆਂ ਗਈਆਂ। ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਲਾਲੜੂ ਦੇ ਵਾਰਡ ਨੰਬਰ 1 ਤੋਂ 127ਵੀਂ ਅਤੇ 128ਵੀਂ ਅਤੇ ਵਾਰਡ ਨੰਬਰ 9 ਤੋਂ 129ਵੀਂ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸ਼ਰਧਾਲੂਆਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਨੂੰ ਤੀਰਥ ਯਾਤਰਾ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਹ ਯਾਤਰਾ ਸੰਗਤਾਂ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਪ੍ਰਦਾਨ ਕਰ ਰਹੀ ਹੈ।ਉਨ੍ਹਾਂ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਤੀਰਥ ਸਥਾਨਾਂ ਦੇ ਦਰਸ਼ਨ ਕਰਦੇ ਸਮੇਂ ਸਰਬੱਤ ਦੇ ਭਲੇ, ਪੰਜਾਬ ਦੀ ਖੁਸ਼ਹਾਲੀ ਅਤੇ ਚੜ੍ਹਦੀ ਕਲਾ ਲਈ ਅਰਦਾਸ ਕਰਨ।

# ਅੰਬੇਡਕਰ ਮਿਸ਼ਨ ਸੁਸਾਇਟੀ ਵੱਲੋਂ ਸੈਮੀਨਾਰ 20 ਨੂੰ

**ਜਲੰਧਰ (ਰਾਜੇਸ਼ ਥਾਪਾ)**- ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.) ਪੰਜਾਬ ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਕੇ ਕਿਹਾ ਕਿ ਸੁਸਾਇਟੀ ਵੱਲੋਂ 20 ਸਤੰਬਰ ਐਤਵਾਰ ਨੂੰ ਬਾਅਦ ਦੁਪਹਿਰ 3.00 ਵਜੇ ਇਤਿਹਾਸਕ ਸਥਾਨ ਅੰਬੇਡਕਰ ਭਵਨ (ਡਾ. ਅੰਬੇਡਕਰ ਮਾਰਗ, ਜਲੰਧਰ) ਵਿਖੇ ਇੱਕ ਸੈਮੀਨਾਰ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਦੇਸ਼ ਦੇ ਨਾਗਰਿਕਾਂ ਦੀ ਰਾਜਨੀਤਿਕ ਬਰਾਬਰੀ ਅਤੇ ਮੌਜੂਦਾ ਸਮਾਜਿਕ ਤੇ ਆਰਥਿਕ ਅਸਮਾਨਤਾਵਾਂ ਨਾਲ ਸੰਬੰਧਤ ਮੁੱਦਿਆਂ 'ਤੇ ਚਰਚਾ ਕੀਤੀ ਜਾਵੇਗੀ। ਬਲਦੇਵ ਭਾਰਦਵਾਜ ਨੇ ਕਿਹਾ ਕਿ ਇਹ ਸੈਮੀਨਾਰ ਕਰਵਾਉਣ ਦਾ ਫੈਸਲਾ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਪ੍ਰੋਫੈਸਰ ਬਲਬੀਰ ਦੀ ਪ੍ਰਧਾਨਗੀ ਹੇਠ ਅੰਬੇਡਕਰ ਭਵਨ ਵਿਖੇ 23 ਅਗਸਤ ਨੂੰ ਹੋਈ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਲਿਆ ਗਿਆ ਸੀ। ਉੱਘੀਆਂ ਵਿਦਵਾਨ ਸ਼ਖ਼ਸੀਅਤਾਂ ਸੈਮੀਨਾਰ ਵਿੱਚ ਭਾਗ ਲੈਣ ਵਾਲਿਆਂ ਨੂੰ ਸੰਬੋਧਨ ਕਰਨਗੀਆਂ। ਸੂਝਵਾਨ ਲੋਕਾਂ ਨੂੰ ਹਾਜ਼ਰ ਹੋ ਕੇ ਇਸ ਸੈਮੀਨਾਰ ਦਾ ਲਾਭ ਲੈਣਾ ਚਾਹੀਦਾ ਹੈ। ਭਾਰਦਵਾਜ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇ ਮੁੱਖ ਨਿਰਮਾਤਾ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਨੇ 25 ਨਵੰਬਰ, 1949 ਨੂੰ ਸੰਵਿਧਾਨ ਸਭਾ ਵਿੱਚ ਦਿੱਤੇ ਆਪਣੇ ਚੇਤਾਵਨੀ ਭਰੇ ਆਖਰੀ ਭਾਸ਼ਣ ਵਿੱਚ ਕਿਹਾ ਸੀ ਕਿ 26 ਜਨਵਰੀ 1950 ਨੂੰ, ਅਸੀਂ ਵਿਰੋਧਾਭਾਸਾਂ ਭਰੇ ਜੀਵਨ ਵਿੱਚ ਪ੍ਰਵੇਸ਼ ਕਰਨ ਜਾ ਰਹੇ ਹਾਂ। ਰਾਜਨੀਤੀ ਵਿੱਚ ਸਾਡੇ ਕੋਲ ਸਮਾਨਤਾ ਹੋਵੇਗੀ ਅਤੇ ਸਮਾਜਿਕ ਤੇ ਆਰਥਿਕ ਜੀਵਨ ਵਿੱਚ ਅਸਮਾਨਤਾ ਹੋਵੇਗੀ। ਇਸ ਮੌਕੇ ਡਾ. ਜੀ ਸੀ ਕੌਲ, ਚਰਨ ਦਾਸ ਸੰਧੂ, ਜਸਵਿੰਦਰ ਵਰਿਆਣਾ, ਹਰਭਜਨ ਸਾਂਪਲਾ, ਤਿਲਕ ਰਾਜ, ਕਮਲ ਕੁਮਾਰ, ਡਾ. ਮਹਿੰਦਰ ਸੰਧੂ, ਜਗਦੀਸ਼ ਡਾਲੀਆ, ਸੂਰਜ ਵਿਰਦੀ, ਡਾ. ਕੁਲਵੰਤ ਸਿੰਘ ਫੁੱਲ, ਸੋਹਨ ਲਾਲ, ਓਮ ਪ੍ਰਕਾਸ਼, ਮਨਜੀਤ ਸਿੰਘ, ਪ੍ਰਿੰਸੀਪਲ ਪਰਮਜੀਤ ਜੱਸਲ ਆਦਿ ਹਾਜ਼ਰ ਸਨ।



# ਫਤਿਹਪੁਰ ਜੱਟਾਂ ਸ਼ਾਮਲਾਤ ਜ਼ਮੀਨ ਵਿਵਾਦ: ਸਟੇਅ ਦੇ ਬਾਵਜੂਦ ਮਕਾਨ ਢਾਹੁਣ ਦੇ ਦੋਸ਼

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪਿੰਡ ਫਤਿਹਪੁਰ ਜੱਟਾਂ ਵਿੱਚ ਸ਼ਾਮਲਾਤ ਜ਼ਮੀਨ 'ਤੇ ਕਥਿਤ ਨਾਜਾਇਜ਼ ਕਬਜ਼ਾ ਹਟਾਉਣ ਨੂੰ ਲੈ ਕੇ ਚੱਲ ਰਿਹਾ ਵਿਵਾਦ ਹੁਣ ਸਿਆਸੀ ਰੂਪ ਧਾਰਨ ਕਰਦਾ ਦਿਖਾਈ ਦੇ ਰਿਹਾ ਹੈ। ਬਹੁਜਨ ਸਮਾਜ ਪਾਰਟੀ ਪੰਜਾਬ ਦੇ ਉਪ ਪ੍ਰਧਾਨ ਬਲਦੇਵ ਸਿੰਘ ਮਹਿਰਾ ਆਪਣੀ ਟੀਮ ਸਮੇਤ ਪਿੰਡ ਫਤਿਹਪੁਰ ਜੱਟਾਂ ਪਹੁੰਚੇ ਅਤੇ ਮਾਮਲੇ ਸਬੰਧੀ ਮੌਕੇ ਦਾ ਜਾਇਜ਼ਾ ਲੈਣ ਉਪਰੰਤ ਐਸ.ਡੀ.ਐਮ. ਡੇਰਾਬੱਸੀ ਨਾਲ ਮੁਲਾਕਾਤ ਕਰਕੇ ਆਪਣਾ ਪੱਖ ਰੱਖਿਆ।



ਇਸ ਮੌਕੇ ਉਨ੍ਹਾਂ ਦੇ ਨਾਲ ਜਸਪਾਲ ਸਿੰਘ ਐਡਵੋਕੇਟ, ਇੰਚਾਰਜ ਘਨੌਰ, ਗੁਰਮੀਤ ਸਿੰਘ ਮਹਿਰਾ 'ਜੋਲੀ', ਸੀਨੀਅਰ ਆਗੂ ਡੇਰਾਬੱਸੀ ਅਤੇ ਬਲਦੇਵ ਸਿੰਘ ਚਡਿਆਲਾ, ਸੀਨੀਅਰ ਆਗੂ ਬਸਪਾ ਵੀ ਮੌਜੂਦ ਸਨ। ਇਸ ਮਾਮਲੇ ਸਬੰਧੀ ਪਿੰਡ ਵਾਸੀ ਤਰਸੇਮ ਸਿੰਘ ਪੁੱਤਰ ਚਰਨ ਸਿੰਘ ਅਤੇ ਗੁਰਮੇਲ ਸਿੰਘ ਪੁੱਤਰ ਸੰਤ ਸਿੰਘ ਵੱਲੋਂ 3 ਸਤੰਬਰ ਨੂੰ ਪ੍ਰਸ਼ਾਸਨ ਨੂੰ ਦਿੱਤੀ ਲਿਖਤੀ ਸ਼ਿਕਾਇਤ ਵਿੱਚ ਦੋਸ਼ ਲਾਇਆ ਗਿਆ ਹੈ ਕਿ ਉਨ੍ਹਾਂ ਦੇ ਰਿਹਾਇਸ਼ੀ ਮਕਾਨ, ਜੋ ਖਸਰਾ ਨੰਬਰ 255 ਵਿੱਚ ਬਣਿਆ ਹੋਇਆ ਦੱਸਿਆ ਗਿਆ ਹੈ, ਨੂੰ 2 ਸਤੰਬਰ ਨੂੰ ਕਰੀਬ 3 ਵਜੇ ਡਿਊਟੀ ਨਾਇਬ ਤਹਿਸੀਲਦਾਰ ਦੀ ਮੌਜੂਦਗੀ ਵਿੱਚ ਪ੍ਰਸ਼ਾਸਨਕ ਕਾਰਵਾਈ ਦੌਰਾਨ ਢਾਹ ਦਿੱਤਾ ਗਿਆ। ਸ਼ਿਕਾਇਤਕਰਤਾਵਾਂ ਨੇ ਇਹ ਵੀ ਦਾਅਵਾ ਕੀਤਾ ਹੈ ਕਿ ਇਸ ਮਾਮਲੇ ਸਬੰਧੀ ਅਦਾਲਤ ਵੱਲੋਂ 10 ਮਾਰਚ 2025 ਨੂੰ ਸਟੇਅ ਜਾਰੀ ਕੀਤੀ ਗਈ ਸੀ ਅਤੇ ਮਾਮਲੇ ਦੀ ਅਗਲੀ ਪੇਸ਼ੀ 16 ਸਤੰਬਰ 2026 ਨੂੰ ਹੈ। ਉਨ੍ਹਾਂ ਦੋਸ਼ ਲਾਇਆ ਕਿ ਇਸ ਦੇ ਬਾਵਜੂਦ ਮਕਾਨ ਢਾਹ ਦਿੱਤਾ ਗਿਆ। ਹਾਲਾਂਕਿ, ਇਨ੍ਹਾਂ ਦਾਅਵਿਆਂ ਦੀ ਕਾਨੂੰਨੀ ਸਥਿਤੀ ਅਤੇ ਅਦਾਲਤੀ ਹੁਕਮਾਂ ਦੀ ਪੂਰੀ ਤਸਦੀਕ ਸਬੰਧਤ ਰਿਕਾਰਡ ਤੋਂ ਹੋਣੀ ਬਾਕੀ ਹੈ। ਜ਼ਿਕਰਯੋਗ ਹੈ ਕਿ ਬੀਤੇ ਦਿਨ ਸ਼ਾਮਲਾਤ ਜ਼ਮੀਨ ਤੋਂ ਕਥਿਤ ਕਬਜ਼ਾ ਹਟਾਉਣ ਦੀ ਪ੍ਰਸ਼ਾਸਨਕ ਕਾਰਵਾਈ ਦੌਰਾਨ ਵੀ ਮੌਕੇ 'ਤੇ ਤਣਾਅ ਪੈਦਾ ਹੋ ਗਿਆ ਸੀ। ਹੁਣ ਬਸਪਾ ਆਗੂਆਂ ਵੱਲੋਂ ਮਾਮਲੇ ਵਿੱਚ ਦਖਲ ਦੇਣ ਨਾਲ ਵਿਵਾਦ ਹੋਰ ਚਰਚਾ ਵਿੱਚ ਆ ਗਿਆ ਹੈ।

# ਐੱਚ ਐੱਮ ਵੀ ਦੀ ਪ੍ਰਿੰਸੀਪਲ 'ਐਜੂਪ੍ਰੀਨਿਊਰ ਆਫ਼ ਦਿ ਯੀਅਰ 2026' ਨਾਲ ਸਨਮਾਨਤ

**ਜਲੰਧਰ (ਸ਼ੈਲੀ ਐਲਬਰਟ)**- ਹੰਸ ਰਾਜ ਮਹਿਲਾ ਮਹਾ ਵਿਦਿਆਲਿਆ (ਐੱਚ ਐੱਮ ਵੀ) ਜਲੰਧਰ ਨੇ ਆਪਣੀਆਂ ਸ਼ਾਨਦਾਰ ਪ੍ਰਾਪਤੀਆਂ ਵਿੱਚ ਇੱਕ ਹੋਰ ਮਾਣਮੱਤਾ ਅਧਿਆਇ ਜੋੜਦਿਆਂ ਆਪਣੀ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੂੰ ਪ੍ਰਤਿਸ਼ਠਿਤ 'ਐਜੂਪ੍ਰੀਨਿਊਰ ਆਫ਼ ਦਿ ਯੀਅਰ ਐਵਾਰਡ 2026' ਨਾਲ ਸਨਮਾਨਤ ਕੀਤੇ ਜਾਣ 'ਤੇ ਰਾਸ਼ਟਰੀ ਪੱਧਰ 'ਤੇ ਮਾਣ ਹਾਸਲ ਕੀਤਾ ਹੈ। ਇਹ ਸਨਮਾਨ ਐੱਨ ਆਈ ਐੱਸ ਏ ਵੱਲੋਂ ਦਿ ਟਾਈਮਜ਼ ਆਫ਼ ਇੰਡੀਆ ਦੇ ਸਹਿਯੋਗ ਨਾਲ ਆਯੋਜਿਤ ਉੱਚ-ਪੱਧਰੀ ਐਜੂਕੇਸ਼ਨ ਲੀਡਰਸ਼ਿਪ ਰਿਟਰੀਟ ਦੌਰਾਨ ਪ੍ਰਦਾਨ ਕੀਤਾ ਗਿਆ। ਇਹ ਸਨਮਾਨ ਸਮਾਰੋਹ 2 ਸਤੰਬਰ 2026 ਨੂੰ ਹੋਇਆ, ਜਿਸ ਵਿੱਚ ਇਹ ਮਾਣਮੱਤਾ ਸਨਮਾਨ ਸ਼੍ਰੀ ਗੁਲਾਬ ਚੰਦ ਕਟਾਰੀਆ ਰਾਜਪਾਲ, ਪੰਜਾਬ ਵੱਲੋਂ ਪ੍ਰਦਾਨ ਕੀਤਾ ਗਿਆ। ਆਪਣੇ ਸਨਮਾਨ 'ਤੇ ਧੰਨਵਾਦ ਪ੍ਰਗਟ ਕਰਦਿਆਂ ਡਾ. ਏਕਤਾ ਖੋਸਲਾ ਨੇ ਇਹ ਉਪਲਬਧੀ ਡੀ ਏ ਵੀ ਸੀ ਐੱਮ ਸੀ ਨੂੰ ਸਮਰਪਿਤ ਕੀਤੀ, ਜੋ ਪ੍ਰਧਾਨ ਪਦਮ ਸ਼੍ਰੀ ਡਾ. ਪੂਨਮ ਸੂਰੀ ਦੀ ਪ੍ਰੇਰਨਾਦਾਇਕ ਅਗਵਾਈ ਹੇਠ ਨਿਰੰਤਰ ਤਰੱਕੀ ਕਰ ਰਿਹਾ ਹੈ।




# 26 ਸਤੰਬਰ ਦੀ ਰੈਲੀ ਲਈ ਤਿਆਰੀ ਮੀਟਿੰਗ ਹੋਈ

**ਬੰਗਾ (ਅਵਤਾਰ ਕਲੇਰ)**- ਭਾਰਤੀ ਕਮਿਊਨਿਸਟ ਪਾਰਟੀ ( ਮਾਰਕਸਵਾਦੀ - ਲੈਨਿਨਵਾਦੀ) ਨਿਊ ਡੈਮੋਕ੍ਰੇਸੀ ਵਲੋਂ ਭਾਜਪਾ - ਆਰ ਐਸ ਐਸ ਦੇ ਫਾਸ਼ੀਵਾਦ ਵਿਰੁੱਧ 26 ਸਤੰਬਰ ਨੂੰ ਮੋਗਾ ਦੀ ਦਾਣਾ ਮੰਡੀ ਵਿਚ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਦੀ ਤਿਆਰੀ ਲਈ ਪਿੰਡ ਪੱਲੀਆਂ ਖੁਰਦ ਵਿਖੇ ਮੀਟਿੰਗ ਕੀਤੀ ਗਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਆਗੂ ਕਮਲਜੀਤ ਸਨਾਵਾ ਨੇ ਕਿਹਾ ਕਿ ਭਾਜਪਾ - ਆਰ ਐਸ ਐਸ ਦੀ ਮੋਦੀ ਸਰਕਾਰ ਦੇਸ਼ ਦਾ ਸੰਵਿਧਾਨ ਅਤੇ ਜਮਹੂਰੀਅਤ ਖ਼ਤਮ ਕਰਕੇ ਦੇਸ਼ ਵਿਚ ਤਾਨਾਸ਼ਾਹੀ ਲਿਆਉਣਾ ਚਾਹੁੰਦੀ ਹੈ, ਇਸ ਲਈ ਸਰਕਾਰੀ ਨੀਤੀਆਂ ਦੀ ਆਲੋਚਨਾ ਕਰਨ ਵਾਲਿਆਂ ਨੂੰ ਦਬਾਇਆ ਜਾ ਰਿਹਾ ਹੈ। ਨਿੱਤ ਕਾਲੇ ਕਾਨੂੰਨ ਘੜੇ ਜਾ ਰਹੇ ਹਨ, ਵਿਰੋਧੀਆਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ, ਇਥੋਂ ਤੱਕ ਕਿ ਸੰਸਦ ਦੀ ਮਰਿਆਦਾ ਨੂੰ ਖੁਦ ਹੀ ਤਾਰ ਤਾਰ ਕੀਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਇਸ ਦੀ ਤਿਆਰੀ ਲਈ ਪਿੰਡਾਂ ਵਿਚ ਰੈਲੀਆਂ, ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਜਾਗੋ ਕੱਢੀਆਂ ਜਾ ਰਹੀਆਂ ਹਨ। ਉਹਨਾਂ ਮੋਗਾ ਰੈਲੀ ਵਿੱਚ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਸੁਰਿੰਦਰ ਸੁਰਿੰਦਰ ਛਿੰਦਾ ਸਨਾਵਾ, ਸਤਨਾਮ ਲਾਡੀ ਕੋਟ ਰਾਂਝਾ, ਸੁਰਿੰਦਰ ਸਿੰਘ ਮੀਰਪੁਰੀ ,ਗੁਰਨਾਮ ਸਿੰਘ ਅਤੇ ਹੋਰ ਆਗੂ ਵੀ ਮੌਜੂਦ ਸਨ।



# ਟ੍ਰੈਫਿਕ ਜਾਗਰੂਕਤਾ ਦਿਵਸ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਅਲਾਇੰਸ ਕਲੱਬ ਇੰਟਰਨੈਸ਼ਨਲ ਡਿਸਟ੍ਰਿਕ- 119 ਵੱਲੋਂ 19ਵੇਂ ਫਾਊਂਡੇਸ਼ਨ ਡੇ ਦੇ ਮੌਕੇ ਤੇ ਦੇਸ਼ ਭਰ ਵਿੱਚ ਮਨਾਏ ਜਾ ਰਹੇ ਸਪਤਾਹ ਨੂੰ ਵਿੱਚ ਟ੍ਰੈਫਿਕ ਜਾਗਰੂਕਤਾ ਨੂੰ ਮੁੱਖ ਰੱਖਦੇ ਹੋਏ ਇੱਕ ਪ੍ਰੋਗਰਾਮ ਸਥਾਨਕ ਸਕੂਲ ਆਫ ਐਨੀਮੈਂਸ ਪੁਰਹੀਰਾਂ ਵਿਖੇ ਪ੍ਰਿੰਸੀਪਲ ਰਮਨਦੀਪ ਕੌਰ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਸਾਬਕਾ ਐਮ.ਪੀ. ਅਵੀਨਾਸ਼ ਰਾਏ ਖੰਨਾ ਅਤੇ ਸਨਮਾਨਿਤ ਮਹਿਮਾਨ ਅਲਾਇੰਸ ਕਲੱਬ ਇੰਟਰਨੈਸ਼ਨਲ ਦੇ ਸੈਕੇਂਡ ਵਾਇਸ ਪ੍ਰੈਜ਼ੀਡੈਂਟ ਐਲੀ. ਅਸ਼ੋਕ ਪੁਰੀ ਸਨ।ਇਸ ਪ੍ਰੋਗਰਾਮ ਦੇ ਚੇਅਰਮੈਨ ਐਲੀ. ਰਮੇਸ਼ ਕੁਮਾਰ ਅਤੇ ਲੈਕਚਰਾਰ ਪ੍ਰੀਤੀ ਸੋਨੀ, ਕਮਲਜੀਤ ਕੌਰ ਤੇ ਸੁਪ੍ਰਿਆ ਬਹਿਲ ਸਨ । ਮੰਚ ਸੰਚਾਲਨ ਦੀ ਜ਼ਿੰਮੇਵਾਰੀ ਲੈਕਚਰਾਰ ਹਰਜਿੰਦਰ ਸਿੰਘ ਨੇ ਨਿਭਾਈ। ਪ੍ਰੋਗਰਾਮ ਦੇ ਸ਼ੁਰੂ ਵਿੱਚ ਮੁੱਖ ਮਹਿਮਾਨ ਨੂੰ ਜੀ ਆਇਆ ਨੂੰ ਕਹਿਣ ਉਪਰੰਤ ਐਲੀ. ਅਸ਼ੋਕ ਪੁਰੀ ਨੇ ਟ੍ਰੈਫਿਕ ਜਾਗਰੂਕਤਾ ਲਈ ਵਿਦਿਆਰਥੀਆਂ ਨਾਲ ਪ੍ਰਸ਼ਨਉੱਤਰੀ ਕੀਤੀ ਜਿਸ ਨਾਲ ਬੱਚਿਆ ਵਿੱਚ ਟ੍ਰੈਫਿਕ ਨਿਯਮਾਂ ਦੇ ਗਿਆਨ ਅਤੇ ਹਾਜ਼ਰ ਜਵਾਬੀ ਨੂੰ ਮੁੱਖ ਰੱਖਦੇ ਹੋਏ + 2 ਦੇ ਵਿਦਿਆਰਥੀ ਮਨਦੀਪ ਕੁਮਾਰ, ਤਨਵੀਰ ਸਿੰਘ, + 1 ਦੀ ਜੈਸਮੀਨ ਕੌਰ, 7ਵੀਂ ਕਲਾਸ ਦੇ ਗੌਰਵ ਕੁਮਾਰ ਭੱਟੀ ਅਯਾਨ ਲੋਹੀਆ ਅਤੇ ਰਕੇਸ਼ ਕੁਮਾਰ ਨੂੰ ਮੁੱਖ ਮਹਿਮਾਨ ਖੰਨਾ ਨੇ ਟਰਾਫੀਆ ਦੇ ਕੇ ਸਨਮਾਨਤ ਕੀਤਾ । ਇਸ ਮੌਕੇ ਤੇ ਮੁੱਖ ਮਹਿਮਾਨ ਨੇ ਵਿਦਿਆਰਥੀਆਂ ਅਤੇ ਸਟਾਫ ਨਾਲ ਸਾਂਝ ਕਰਦੇ ਹੋਏ ਟ੍ਰੈਫਿਕ ਨਿਯਮਾਂ ਅਤੇ ਅਨੁਸ਼ਾਸਨ ਵਿੱਚ ਵਿਦਿਆਰਥੀਆਂ ਨੂੰ ਰਹਿਣ ਲਈ ਪ੍ਰੇਰਿਆ ਉਹਨਾਂ ਨੇ ਵਿਦੇਸ਼ਾਂ ਵਿੱਚ ਟ੍ਰੈਫਿਕ ਨਿਯਮ ਅਤੇ ਉਹਨਾਂ ਦੀ ਪਾਲਣਾ ਦੀ ਜ਼ਿੰਮੇਵਾਰੀ ਮਨੁੱਖੀ ਕਿਰਦਾਰ ਉੱਪਰ ਨਿਰਭਰ ਹੋਣ ਦਾ ਦੱਸਿਆ।ਇਸ ਮੌਕੇ ਤੇ ਪ੍ਰਿੰਸੀਪਲ ਰਮਨਦੀਪ ਕੌਰ ਅਤੇ ਸਟਾਫ ਵੱਲੋਂ ਮੁੱਖ ਮਹਿਮਾਨ ਅਵੀਨਾਸ਼ ਰਾਏ ਖੰਨਾ, ਸਨਮਾਨਿਤ ਮਹਿਮਾਨ ਐਲੀ.ਅਸ਼ੋਕ ਪੁਰੀ, ਪ੍ਰੋਜੈਕਟ ਚੇਅਰਮੈਨ ਐਲੀ. ਰਮੇਸ਼ ਕੁਮਾਰ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ।



# ਕਿਸਾਨ ਜਾਗਰੂਕਤਾ ਕੈਂਪ ਲਗਾਇਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪਰਮਜੀਤਪੁਰ ਸਹਿਕਾਰੀ ਸਭਾ ਵਿਖੇ ਆਮ ਇਜਲਾਸ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਕਪੂਰਥਲਾ ਵੱਲੋਂ ਇੱਕ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਦੌਰਾਨ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਹੋਏ ।ਕਿਸਾਨਾਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਤੋਂ ਆਏ ਡਾਕਟਰ ਸਾਹਿਬਾਨ ਵੱਲੋਂ ਝੋਨੇ ਅਤੇ ਸਬਜ਼ੀਆਂ ਦੀਆਂ ਫਸਲਾਂ ਉੱਪਰ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਕਣਕ ਤੇ ਸਬਜ਼ੀਆਂ ਦੇ ਵੱਖੋ ਵੱਖਰੇ ਬੀਜਾਂ ਸੰਬੰਧੀ ਜਾਣਕਾਰੀ ਦਿੱਤੀ ਗਈ। ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਡਾਕਟਰ ਹਰਮਿੰਦਰ ਸਿੰਘ ਨੇ ਆਪਣੇ ਸੰਬੋਧਨ ਵਿਚ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੇ ਖੇਤਾਂ ਦੀ ਲਗਾਤਾਰ ਨਿਗਰਾਨੀ ਕਰਨ ਅਤੇ ਮਾਹਿਰਾਂ ਦੀ ਸਲਾਹ ਤੋਂ ਬਿਨਾਂ ਕਿਸੇ ਵੀ ਕੀਟਨਾਸ਼ਕ ਦੀ ਵਰਤੋਂ ਨਾ ਕਰਨ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਫਸਲ ਤੇ ਘੱਟ ਤੋਂ ਘੱਟ ਖਾਦਾਂ ਦੀ ਵਰਤੋਂ ਕਰਨ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਦੌਰਾਨ ਕਣਕ ਤੇ ਸਬਜ਼ੀਆਂ ਦੀ ਕਾਸ਼ਤ ਲਈ ਵਧੀਆ ਕੁਆਲਿਟੀ ਦੇ ਬੀਜਾਂ ਦੀ ਕਾਸ਼ਤ ਕਰਨ ਤਾਂ ਜੋ ਸਬਜ਼ੀਆਂ ਦੀ ਪੈਦਾਵਾਰ ਚੰਗੀ ਹੋ ਸਕੇ ਅਤੇ ਇਸਦਾ ਫਾਇਦਾ ਮਿਲ ਸਕੇ। ਉਹਨਾਂ ਉਚੇਚੇ ਤੌਰ ਤੇ ਪਰਾਲੀ ਨੂੰ ਸੰਭਾਲਣ ਦੀ ਲੋੜ ਅਤੇ ਵੱਖ-ਵੱਖ ਤਕਨੀਕਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਏਆਰ ਮਨਮੀਤ ਸਿੰਘ ਤੇ ਹੋਰ ਸ਼ਖਸ਼ੀਅਤਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਮਜੀਤਪੁਰ ਸਹਿਕਾਰੀ ਸਭਾ ਦੇ ਪ੍ਰਧਾਨ ਹਰਮਿੰਦਰਜੀਤ ਸਿੰਘ, ਕਮੇਟੀ ਮੈਂਬਰ ਲਖਵਿੰਦਰ ਸਿੰਘ, ਸਰਵਨ ਸਿੰਘ, ਗੁਲਜਾਰ ਸਿੰਘ, ਨਿਰਮਲ ਸਿੰਘ ,ਕਸ਼ਮੀਰ ਸਿੰਘ ਨਬੀਪੁਰ, ਜਸਕਰਨ ਸਿੰਘ, ਸੂਰਤ ਸਿੰਘ, ਜਸਬੀਰ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।




# ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਬੀ.ਐਨ.ਡੀ. ਸੀਨੀਅਰ ਸੈਕੰਡਰੀ ਸਕੂਲ ਕੰਧਾਲਾ ਜੱਟਾਂ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ। ਬੱਚਿਆਂ ਨੇ ਸ੍ਰੀ ਰਾਧਾ ਅਤੇ ਸ੍ਰੀ ਕ੍ਰਿਸ਼ਨ ਦੇ ਮਨਮੋਹਕ ਰੂਪ ਧਾਰਨ ਕਰਕੇ ਉਹਨਾਂ ਦੀਆਂ ਜੀਵਨ ਦੀਆਂ ਲੀਲਾਵਾਂ ਦੀ ਬਹੁਤ ਹੀ ਧਾਰਮਿਕ ਭਾਵਨਾ ਨਾਲ ਪੇਸ਼ਕਾਰੀ ਕੀਤੀ। ਇਸ ਮੌਕੇ ਤੇ ਪ੍ਰਿੰਸੀਪਲ ਸ਼੍ਰੀ ਜੈ ਕ੍ਰਿਸ਼ਨ ਮਹਿਤਾ ਜੀ ਵੱਲੋਂ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਾਵਨ ਅਵਸਰ ਤੇ ਸ਼੍ਰੀ ਕ੍ਰਿਸ਼ਨ ਭਗਵਾਨ ਜੀ ਦੀਆਂ ਜੀਵਨ ਦੀਆਂ ਕਲਾਵਾਂ ਅਤੇ ਕਰਮਾ ਫਿਲੋਸਫੀ ਦੀ ਵਿਦਿਆਰਥੀਆਂ ਅਤੇ ਸਟਾਫ ਨਾਲ ਜਾਣਕਾਰੀ ਸਾਂਝੀ ਕੀਤੀ। ਧਾਨਵੀ ਸ਼ਰਮਾ, ਜਸਮੀਤ ਕੌਰ, ਲਵਲੀਨ ਕੌਰ ਅਤੇ ਸੀਰਤ ਕੌਰ ਨੇ ਸ੍ਰੀ ਰਾਧਾ ਰਾਣੀ ਦਾ ਮਨਮੋਹਕ ਰੂਪ ਧਾਰਨ ਕਰਕੇ ਉਹਨਾਂ ਦੇ ਜੀਵਨ ਦੀਆਂ ਲੀਲਾਵਾਂ ਨੂੰ ਬਖੂਬੀ ਪੇਸ਼ ਕੀਤਾ ਇਸੇ ਤਰ੍ਹਾਂ ਜੈਸੀਕਾ ਅਤੇ ਗੁਰਵੀਰ ਸਿੰਘ ਨੇ ਸ੍ਰੀ ਕ੍ਰਿਸ਼ਨ ਭਗਵਾਨ ਜੀ ਦੇ ਮਨਮੋਹਕ ਰੂਪ ਵਿੱਚ ਉਹਨਾਂ ਦੀਆਂ ਬਚਪਨ ਦੀਆਂ ਲੀਲਾਵਾਂ ਨੂੰ ਬਖੂਬੀ ਪੇਸ਼ ਕੀਤਾ ਇਸ ਮੌਕੇ ਤੇ ਇੰਜੀ: ਅਨਿਲ ਮਹਿਤਾ, ਅਮਿਤ ਕੁਮਾਰ, ਰਾਕੇਸ਼ ਕੁਮਾਰ, ਗੁਰਪ੍ਰੀਤ ਸਿੰਘ, ਜਤਿੰਦਰ ਸਿੰਘ, ਗੁਰਮੇਲ ਸਿੰਘ, ਰੁਕਸਾਨਾ, ਮਨਪ੍ਰੀਤ ਕੌਰ, ਨਜਿੰਦਰ ਕੌਰ, ਤਰਸੇਮ ਕੌਰ, ਮਨੀਸ਼ਾ, ਬਲਜੀਤ ਕੌਰ, ਸਰੋਜ ਬਾਲਾ, ਨਰਿੰਦਰ ਕੌਰ, ਸਰਬਜੀਤ ਕੌਰ, ਸੰਦੀਪ ਕੌਰ, ਦੀਕਸ਼ਾ, ਅਮੀਸ਼ਾ, ਗੁਰਬਖਸ਼ ਕੌਰ, ਜੀਨਤ, ਜਾਨਵੀ, ਮਨਿੰਦਰ ਕੌਰ, ਅਮਨਜੀਤ ਕੌਰ, ਮਨਦੀਪ ਕੌਰ, ਰਾਜਵਿੰਦਰ ਕੌਰ, ਪਰਮਜੀਤ ਕੌਰ, ਸਵਾਤੀ, ਕੋਮਲ, ਵੰਦਨਾ, ਮੁਸਕਾਨ ਤੋਂ ਇਲਾਵਾ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।




# ਇੰਨੋਸੈਂਟ ਹਾਰਟਸ ਸਕੂਲ 'ਚ ਮਨਾਇਆ ਜਨਮ ਅਸ਼ਟਮੀ ਉਤਸਵ



**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸਕੂਲ ਦੇ ਪ੍ਰੀ-ਪ੍ਰਾਇਮਰੀ ਸਕੂਲ (ਬਾਲਵਾਟਿਕਾ) ਅਤੇ ਪ੍ਰਾਇਮਰੀ ਵਿੰਗ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ) ਵਿੱਚ ਜਨਮ ਅਸ਼ਟਮੀ ਦਾ ਤਿਉਹਾਰ ਬੜੇ ਉਤਸ਼ਾਹ, ਉਮੰਗ ਅਤੇ ਭਗਤੀ ਭਾਵਨਾ ਨਾਲ ਮਨਾਇਆ ਗਿਆ। ਭਗਵਾਨ ਕ੍ਰਿਸ਼ਨ ਦੇ ਜਨਮ ਉਤਸਵ ਨੂੰ ਸਮਰਪਿਤ ਇਸ ਪਾਵਨ ਤਿਉਹਾਰ ਮੌਕੇ ਸਕੂਲ ਦਾ ਮਾਹੌਲ ਖੁਸ਼ੀ, ਭਗਤੀ ਅਤੇ ਉੱਲਾਸ ਨਾਲ ਸਰਾਬੋਰ ਰਿਹਾ। ਇਸ ਦੇ ਨਾਲ ਹੀ ਬੱਚਿਆਂ ਨੇ 'ਲਿਟਲ ਕ੍ਰਿਸ਼ਨਾ' 'ਤੇ ਆਧਾਰਿਤ ਇੱਕ ਲਘੂ ਐਨੀਮੇਟਿਡ ਫ਼ਿਲਮ ਦਾ ਵੀ ਆਨੰਦ ਮਾਣਿਆ।

# ਕਿਸ਼ਨਗੜ੍ਹ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਬਲਾਕ ਅਲਾਵਲਪੁਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਕਿਸ਼ਨਗੜ੍ਹ ਵਿਖੇ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ, ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਇੰਚਾਰਜ ਪ੍ਰਿਯੰਕਾ ਸ਼ਰਮਾ, ਅਧਿਆਪਕਾ ਹਰਦੀਪ ਕੌਰ ਅਤੇ ਅਧਿਆਪਕਾ ਕੁਲਦੀਪ ਕੁਮਾਰੀ, ਵਿਦਿਆਰਥੀਆਂ ਅਤੇ ਐੱਸ.ਐੱਮ.ਸੀ. ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਸਕੂਲ ਇੰਚਾਰਜ ਪ੍ਰਿਯੰਕਾ ਸ਼ਰਮਾ ਨੇ ਬੱਚਿਆਂ ਨੂੰ ਕ੍ਰਿਸ਼ਨ ਜਨਮ ਅਸ਼ਟਮੀ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਬੱਚਿਆਂ ਨੂੰ ਭਗਵਾਨ ਕ੍ਰਿਸ਼ਨ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਤੋਂ ਜਾਣੂ ਕਰਵਾਉਂਦਿਆਂ ਸੱਚਾਈ, ਪਿਆਰ, ਨੇਕੀ ਅਤੇ ਧਰਮ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬੱਚਿਆਂ ਨੇ ਬੜੇ ਉਤਸ਼ਾਹ ਅਤੇ ਦਿਲਚਸਪੀ ਨਾਲ ਵੱਖ-ਵੱਖ ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲਿਆ। ਵਿਦਿਆਰਥੀਆਂ ਨੇ ਡਾਂਸ ਕੀਤਾ, ਗੀਤ ਗਾਏ ਅਤੇ ਕਵਿਤਾਵਾਂ ਸੁਣਾਈਆਂ।

ਕਈ ਬੱਚੇ ਕ੍ਰਿਸ਼ਨ ਅਤੇ ਰਾਧਾ ਦੇ ਮਨਮੋਹਕ ਰੂਪ ਵਿੱਚ ਸਜ-ਧਜ ਕੇ ਸਕੂਲ ਪਹੁੰਚੇ, ਜਿਸ ਨਾਲ ਸਕੂਲ ਦਾ ਮਾਹੌਲ ਤਿਉਹਾਰੀ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ! ਸਮਾਗਮ ਦੌਰਾਨ ਐੱਸ.ਐੱਮ.ਸੀ. ਮੈਂਬਰਾਂ ਨੇ ਵੀ ਸਮਾਗਮ ਵਿੱਚ ਸ਼ਾਮਲ ਹੋ ਕੇ ਬੱਚਿਆਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਅੰਤ ਵਿੱਚ ਸਕੂਲ ਇੰਚਾਰਜ ਵੱਲੋਂ ਸਮੂਹ ਵਿਦਿਆਰਥੀਆਂ, ਅਧਿਆਪਕਾਂ ਅਤੇ ਐੱਸ.ਐੱਮ.ਸੀ. ਮੈਂਬਰਾਂ ਦਾ ਧੰਨਵਾਦ ਕੀਤਾ ਗਿਆ।

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਡਗਾਣਾ ਕਲਾਂ ਤੋਂ ਬੱਸ ਰਵਾਨਾ ਕੀਤੀ



**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਵਿੱਚ ਪੈਂਦੇ ਪਿੰਡ ਡਗਾਣਾ ਕਲਾਂ ਤੋਂ ਸੰਗਤ ਨੂੰ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਦਰਸ਼ਨਾਂ ਲਈ ਲੈ ਕੇ ਜਾਣ ਵਾਲੀ ਬੱਸ ਰਵਾਨਾ ਕੀਤੀ ਗਈ। ਇਹ ਬੱਸ ਨਸ਼ਾ ਮੁਕਤੀ ਮੋਰਚਾ ਦੇ ਹਲਕਾ ਸ਼ਾਮਚੁਰਾਸੀ ਦੇ ਕੋਆਰਡੀਨੇਟਰ ਪਰਵਿੰਦਰ ਸਿੰਘ ਸੱਜਣ ਅਤੇ ਹਲਕਾ ਸ਼ਾਮਚੁਰਾਸੀ ਦੀ ਆਪ ਦੀ ਮਹਿਲਾ ਵਿੰਗ ਦੀ ਪ੍ਰਧਾਨ ਰਜਵੰਤ ਕੌਰ ਧਾਮੀ ਦੀ ਅਗਵਾਈ ਹੇਠ ਸਰਪੰਚ ਰਵੀਇੰਦਰ ਸਿੰਘ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤੀ ਗਈ। ਇਸ ਮੌਕੇ ਸਰਪੰਚ ਪਰਵਿੰਦਰ ਸਿੰਘ ਸੱਜਣ ਅਤੇ ਰਜਵੰਤ ਕੌਰ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਸ਼ਰਧਾਲੂਆਂ ਲਈ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ, ਇਸ ਸਕੀਮ ਰਾਹੀਂ ਲੱਖਾਂ ਲੋਕਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ। ਰਜਵੰਤ ਕੌਰ ਧਾਮੀ ਨੇ ਕਿਹਾ ਕਿ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਹਲਕਾ ਸ਼ਾਮਚੁਰਾਸੀ ਦੇ ਵਿਕਾਸ ਅਤੇ ਲੋਕਾਂ ਨੂੰ ਸਹੂਲਤਾਂ ਦੇਣ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਤੀਰਥ ਯਾਤਰਾ ਵਰਗੀਆਂ ਯੋਜਨਾਵਾਂ ਨਾਲ ਆਮ ਲੋਕਾਂ ਨੂੰ ਵੱਡੀ ਸਹੂਲਤ ਮਿਲਦੀ ਹੈ। ਇਸ ਮੌਕੇ ਸਰਪੰਚ ਹਰਦੀਪ ਸਿੰਘ ਅਖਲਾਸਪੁਰ, ਰਾਜਵੀਰ ਕੌਰ ਬਲਾਕ ਕੋਆਰਡੀਨੇਟਰ, ਰਮਨਦੀਪ ਕੌਰ, ਜਸਵੀਰ ਕੌਰ, ਜਗਦੀਪ ਕੌਰ, ਅੰਮ੍ਰਿਤਪਾਲ ਕੌਰ, ਦਵਿੰਦਰ ਧਾਮੀ ਅਤੇ ਲੱਕੀ ਧਾਮੀ ਸਮੇਤ ਹੋਰ ਆਗੂ ਅਤੇ ਪਿੰਡ ਵਾਸੀ ਹਾਜ਼ਰ ਸਨ।

# ਸੰਜੀਵ ਤਲਵਾੜ ਦੀ ਅਗਵਾਈ ਹੇਠ ਅਕਾਲੀ ਦਲ ਹੋਵੇਗਾ ਹੋਰ ਮਜ਼ਬੂਤ : ਧਾਮੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਮਿਹਨਤੀ ਅਤੇ ਸਮਰਪਿਤ ਵਰਕਰਾਂ ਨੂੰ ਅੱਗੇ ਲਿਆ ਕੇ ਉਨ੍ਹਾਂ ਨੂੰ ਬਣਦਾ ਮਾਣ-ਸਤਿਕਾਰ ਅਤੇ ਜ਼ਿੰਮੇਵਾਰੀ ਦਿੱਤੀ ਹੈ। ਪਾਰਟੀ ਦੀ ਮਜ਼ਬੂਤੀ ਲਈ ਲੰਮੇ ਸਮੇਂ ਤੋਂ ਸਰਗਰਮ ਭੂਮਿਕਾ ਨਿਭਾਅ ਰਹੇ ਸੰਜੀਵ ਤਲਵਾੜ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਸ਼ਹਿਰੀ ਦਾ ਪ੍ਰਧਾਨ ਬਣਾਏ ਜਾਣ ਨਾਲ ਪਾਰਟੀ ਦੀ ਜਥੇਬੰਦਕ ਤਾਕਤ ਵਿੱਚ ਹੋਰ ਵਾਧਾ ਹੋਵੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਸੰਜੀਵ ਤਲਵਾੜ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਸਨਮਾਨਤ ਕਰਦਿਆਂ ਕੀਤਾ। ਸ. ਧਾਮੀ ਨੇ ਕਿਹਾ ਕਿ ਸੰਜੀਵ ਤਲਵਾੜ ਇੱਕ ਜੁਝਾਰੂ, ਮਿਹਨਤੀ ਅਤੇ ਤਜਰਬੇਕਾਰ ਆਗੂ ਹਨ, ਜਿਨ੍ਹਾਂ ਨੇ ਪਾਰਟੀ ਅਤੇ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਿਆ ਹੈ।



ਉਨ੍ਹਾਂ ਕਿਹਾ ਕਿ ਤਲਵਾੜ ਦੇ ਤਜਰਬੇ ਅਤੇ ਅਗਾਂਹਵਧੂ ਸੋਚ ਦਾ ਲਾਭ ਪਾਰਟੀ ਨੂੰ ਮਿਲੇਗਾ ਅਤੇ ਉਨ੍ਹਾਂ ਦੀ ਅਗਵਾਈ ਹੇਠ ਹੁਸ਼ਿਆਰਪੁਰ ਸ਼ਹਿਰ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਜਥੇਬੰਦੀ ਹੋਰ ਮਜ਼ਬੂਤ ਹੋਵੇਗੀ। ਤਲਵਾੜ ਨੇ ਕਿਹਾ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੇ ਸਾਰੇ ਸੀਨੀਅਰ ਆਗੂਆਂ ਦੇ ਮਾਰਗਦਰਸ਼ਨ ਅਤੇ ਪਾਰਟੀ ਵਰਕਰਾਂ ਦੇ ਸਹਿਯੋਗ ਨਾਲ ਸ਼੍ਰੋਮਣੀ ਅਕਾਲੀ ਦਲ ਦੀ ਜਥੇਬੰਦੀ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਾਰਟੀ ਦੀ ਆਵਾਜ਼ ਹਰ ਘਰ ਤੱਕ ਪਹੁੰਚਾਉਣ ਦੇ ਨਾਲ-ਨਾਲ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਸੁਣਿਆ ਜਾਵੇਗਾ ਅਤੇ ਉਨ੍ਹਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।ਇਸ ਮੌਕੇ ਬੀ ਸੀ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਸੁਖਦੇਵ ਸਿੰਘ, ਅਨੁਸੂਚਿਤ ਜਾਤੀ ਸ਼ਹਿਰੀ ਪ੍ਰਧਾਨ ਸੰਜੀਵ ਥਾਪਰ, ਵੇਦ ਪ੍ਰਕਾਸ਼ ਆਦੀਆ ਸਮੇਤ ਪਾਰਟੀ ਦੇ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ।

# ਰੇਡਿਓ ਪੰਜ ਯੂ ਕੇ ਨੇ ਪੰਜਾਬ ਦੇ ਹੜ ਪੀੜਤਾਂ ਦੀ ਕੀਤੀ ਮਾਲੀ ਮਦਦ

**ਫਿਲੌਰ (ਨਿਰਮਲ)**- ਪਿਛਲੇ ਸਾਲ ਪੰਜਾਬ ਵਿੱਚ ਆਏ ਹੜਾਂ ਵਿੱਚ ਪੰਜਾਬ ਬੁਹਤ ਸਾਰੇ ਲੋਕ ਘਰੋਂ ਬੇਘਰ ਹੋ ਗਏ ਅਤੇ ਬੁਹਤ ਸਾਰੇ ਲੋਕਾਂ ਦੇ ਮਕਾਨ ਢੇਹ ਢੇਰੀ ਹੋ ਗਏ। ਪੀੜਤ ਲੋਕਾ ਦੀ ਮੱਦਦ ਲਈ ਅੱਗੇ ਆਏ ਵੱਲਡ ਫੇਮਸ ਪੰਜਾਬ ਸ਼ਿੰਦਾ ਸੁਰੀਲਾ ਜੋ ਅੱਜ ਕੱਲ ਯੂ ਕੇ ਵਿੱਚ ਪੰਜ ਰੇਡੀਓ ਚਲਾ ਰਹੇ ਹਨ, ਨੇ ਪਿਛਲੇ ਛੇ ਮਹੀਨਿਆਂ ਵਿੱਚ 10 ਲੱਖ ਦੇ ਕਰੀਬ ਦੀ ਰਾਸ਼ੀ ਹੜ ਪੀੜਤਾ ਦਾਨ ਵਜੋਂ ਭੇਜੀ ਸੀ।ਅੱਜ ਫਿਰ ਉਹਨੇ ਨੇ 10 ਲੱਖ ਦੀ ਰਾਸ਼ੀ ਭੇਜੀ।ਫਿਲੌਰ ਦੇ ਆਰ ਸੀ ਪਲਾਜ਼ਾ ਵਿੱਚ ਇੱਕ ਪ੍ਰੈਸ ਕਾਨਫਰੰਸ ਦੋਰਾਨ ਪ੍ਰਸਿੱਧ ਪੰਜਾਬੀ ਗਾਇਕ ਸਤਵਿੰਦਰ ਬੁੱਗਾ, ਸ਼ਿੰਦਾ ਸੁਰੀਲਾ ਦੇ ਛੋਟੇ ਭਰਾ ਨਰਿੰਦਰ ਸਿੰਘ ਤੇ ਹੋਰ ਬੁਹਤ ਹੀ ਸਤਿਕਾਰ ਯੋਗ ਸਾਥੀਆਂ ਨੇ ਸਿੰਘ ਸੇਵਾ ਸੋਸਾਇਟੀ ਦੇ ਓਨਰ ਬਲਵਿੰਦਰ ਸਿੰਘ ਪੱਖੋਕੇ ਨੂੰ ਸੋਂਪਿਆ।ਸਿੰਦਾ ਸੁਰੀਲਾ ਦੇ ਭਰਾ ਨਰਿੰਦਰ ਸਿੰਘ ਅਤੇ ਸਤਵਿੰਦਰ ਬੁੱਗਾ ਨੇ ਕਿਹਾ ਕਿ ਪੰਜ ਰੇਡਿਓ ਯੂ ਕੇ ਅੱਗੋਂ ਵੀ ਇਸੇ ਤਰਾਂ ਸੇਵਾ ਕਰਦਾ ਰਹੇਗਾ। ਇਸ ਮੋਕੇ ਪੰਜਾਬੀ ਗਾਇਕ ਸਤਵਿੰਦਰ ਬੁੱਗਾ, ਨਰਿੰਦਰ ਸਿੰਘ, ਮਨਜੀਤ ਸਿੰਘ ਬਿੱਲਾ, ਨਛੱਤਰ ਸਿੰਘ, ਨਰਿੰਦਰ ਪਾਲ ਸਿੰਘ, ਕੁਲਦੀਪ ਸਿੰਘ, ਦਵਿੰਦਰ ਸਿੰਘ ਢਿੱਲੋਂ, ਜਤਿੰਦਰ ਸਿੰਘ ਸੋਨੂੰ, ਬਲਵੀਰ ਰਾਮ ਅਤੇ ਹੋਰ ਸਤਿਕਾਰ ਯੋਗ ਸਾਥੀ ਮਜੂਦ ਸਨ।



# ਵਿੱਤ ਮੰਤਰੀ ਵੱਲੋਂ ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗ

**ਅਧਿਕਾਰੀਆਂ ਨੂੰ ਜਾਇਜ਼ ਮੰਗਾਂ ਦੇ ਨਿਪਟਾਰੇ 'ਚ ਤੇਜ਼ੀ ਲਿਆਉਣ ਦੇ ਨਿਰਦੇਸ਼**



**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜੋ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵੀ ਹਨ, ਨੇ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਨਾਲ ਅਹਿਮ ਮੀਟਿੰਗਾਂ ਕੀਤੀਆਂ। ਉਨ੍ਹਾਂ ਦੀਆਂ ਮੰਗਾਂ ਅਤੇ ਚਿੰਤਾਵਾਂ ਨੂੰ ਹਮਦਰਦੀ ਨਾਲ ਸੁਣਦਿਆਂ, ਵਿੱਤ ਮੰਤਰੀ ਨੇ ਸਬੰਧਤ ਵਿਭਾਗਾਂ ਨੂੰ ਢੁਕਵੇਂ ਹੱਲ ਲੱਭਣ ਲਈ ਤੁਰੰਤ ਨਿਰਦੇਸ਼ ਜਾਰੀ ਕੀਤੇ। ਯੂਨੀਅਨਾਂ ਵੱਲੋਂ ਉਠਾਏ ਗਏ ਮਸਲਿਆਂ 'ਤੇ ਹਮਦਰਦੀ ਨਾਲ ਵਿਚਾਰ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਬੰਧਤ ਵਿਭਾਗਾਂ ਨੂੰ ਜਾਇਜ਼ ਮੰਗਾਂ ਦੇ ਹੱਲ ਸਬੰਧੀ ਤਜਵੀਜ਼ਾਂ ਕੈਬਨਿਟ ਸਬ-ਕਮੇਟੀ ਨੂੰ ਭੇਜਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ, ਉਨ੍ਹਾਂ ਹਦਾਇਤ ਕੀਤੀ, 'ਵਿੱਤੀ ਮਾਮਲਿਆਂ ਵਾਲੀਆਂ ਤਜਵੀਜ਼ਾਂ ਨੂੰ ਪਹਿਲ ਦੇ ਆਧਾਰ 'ਤੇ ਵਿੱਤ ਵਿਭਾਗ ਨੂੰ ਭੇਜਿਆ ਜਾਵੇ ਤਾਂ ਜੋ ਤੁਰੰਤ ਲੋੜੀਂਦੀ ਕਾਰਵਾਈ ਯਕੀਨੀ ਬਣਾਈ ਜਾ ਸਕੇ'। ਉਨ੍ਹਾਂ ਯੂਨੀਅਨ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਹੱਲ ਕੀਤਾ ਜਾਵੇਗਾ, ਅਤੇ ਇਹ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਮੁੱਖ ਤਰਜੀਹ ਹੈ।

# ਕਪੂਰਥਲਾ ਤੋਂ ਕੰਵਰ ਇਕਬਾਲ ਸਿੰਘ ਨੇ ਵਿਧਾਨ ਸਭਾ ਚੋਣਾਂ ਲਈ ਪੇਸ਼ ਕੀਤੀ ਆਪਣੀ ਦਾਅਵੇਦਾਰੀ

**ਕਪੂਰਥਲਾ (ਮਨਜੀਤ ਮਾਨ)**- ਆਮ ਆਦਮੀ ਪਾਰਟੀ ਕਪੂਰਥਲਾ ਦੇ ਮੁੱਢਲੇ ਮੈਂਬਰ ਤਕਰੀਬਨ 13 ਸਾਲਾਂ ਤੋਂ ਪਾਰਟੀ ਨੂੰ ਸੇਵਾਵਾਂ ਦੇ ਰਹੇ ਅੰਤਰਰਾਸ਼ਟਰੀ ਪੰਜਾਬੀ ਸ਼ਾਇਰ ਕੰਵਰ ਇਕਬਾਲ ਸਿੰਘ ਨੇ ਹਲਕਾ ਕਪੂਰਥਲਾ ਤੋਂ ਵਿਧਾਨ ਸਭਾ ਚੋਣਾਂ ਲਈ ਉਮੀਦਵਾਰ ਵਜੋਂ ਪੇਸ਼ ਕੀਤੀ ਆਪਣੀ ਮਜ਼ਬੂਤ ਦਾਅਵੇਦਾਰੀ। ਜ਼ਿਕਰਯੋਗ ਹੈ ਕਿ ਸਾਲ 2013 ਤੋਂ ਆਮ ਆਦਮੀ ਪਾਰਟੀ ਨਾਲ ਜੁੜੇ ਕੰਵਰ ਇਕਬਾਲ ਸਿੰਘ ਨੇ ਦਿਨ ਰਾਤ ਇੱਕ ਕਰਕੇ ਹਲਕਾ ਕਪੂਰਥਲਾ ਵਿੱਚ ਪਾਰਟੀ ਨੂੰ ਮਜ਼ਬੂਤ ਕੀਤਾ। 2014 ਵਿੱਚ ਹੋਈਆਂ ਲੋਕ ਸਭਾ ਚੋਣਾਂ ਮੌਕੇ ਹਲਕਾ ਖਡੂਰ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਭਾਈ ਬਲਦੀਪ ਸਿੰਘ ਦੀ ਸਪੋਰਟ ਕੀਤੀ, ਪਾਰਟੀ ਹਾਈ ਕਮਾਂਡ ਵੱਲੋਂ 2015 ਵਿੱਚ ਇਨ੍ਹਾਂ ਨੂੰ ਪੰਜਾਬ ਦੀ ਪਹਿਲੀ ਮੈਨੀਫੈਸਟੋ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ। ਗੁਜਰਾਤ, ਦਿੱਲੀ, ਹਰਿਆਣਾ ਅਤੇ ਹੋਰ ਸੂਬਿਆਂ ਵਿੱਚ ਸਮੇਂ-ਸਮੇਂ ਹੋਈਆਂ ਚੋਣਾਂ ਵਿੱਚ ਇਨ੍ਹਾਂ ਨੂੰ ਅਰਵਿੰਦ ਕੇਜਰੀਵਾਲ ਵੱਲੋਂ ਅਬਜ਼ਰਵਰ ਨਿਯੁਕਤ ਕਰਕੇ ਵੱਖ-ਵੱਖ ਸਟੇਟਾਂ ਵਿੱਚ ਚੋਣ ਪ੍ਰਚਾਰ ਕਰਨ ਵਜੋਂ ਭੇਜਿਆ ਗਿਆ। ਪੰਜਾਬ ਵਿੱਚ ਹੋਈਆਂ ਜਿਮਨੀ ਚੋਣਾਂ ਮੌਕੇ ਵੀ ਇਕਬਾਲ ਨੇ ਦਿਨ ਰਾਤ ਪੂਰੀ ਮਿਹਨਤ ਨਾਲ ਵੱਖ-ਵੱਖ ਹਲਕਿਆਂ ਵਿੱਚ ਕੰਮ ਕੀਤਾ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਚੱਲ ਰਹੇ ਸਾਰੇ ਹੀ ਪੰਜਾਬ ਦੇ ਸਕੂਲਾਂ ਕਾਲਜਾਂ ਟੈਕਨੀਕਲ ਯੂਨੀਵਰਸਿਟੀਆਂ ਅਤੇ ਸਾਇੰਸ ਸਿਟੀ ਆਦਿ ਵਰਗੇ ਸਿੱਖਿਆ ਦੇ ਵੱਡੇ ਅਦਾਰਿਆਂ ਨੂੰ ਚਲਾਉਣ ਵਾਲੇ 'ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਡਿਪਾਰਟਮੈਂਟ ਪੰਜਾਬ' ਵਿੱਚ ਜਿੱਥੇ ਸੂਬੇ ਦੇ ਵਜ਼ੀਰਾਂ ਨੂੰ ਮੈਂਬਰ ਲਿਆ ਗਿਆ ਹੈ ਉੱਥੇ ਹੀ ਕੰਵਰ ਇਕਬਾਲ ਸਿੰਘ ਵੀ ਪੰਜਾਬ ਸਟੇਟ ਕੌਂਸਲ ਦੀ ਸਟੇਟ ਐਗਜ਼ੈਕਟਿਵ ਕਮੇਟੀ ਦੇ ਮੈਂਬਰ ਹਨ। ਉੱਘੇ ਕਾਰੋਬਾਰੀ ਕੰਵਰ ਇਕਬਾਲ ਨੂੰ ਪਾਰਟੀ ਨੇ ਟਰੇਡ ਵਿੰਗ ਦਾ ਜ਼ਿਲ੍ਹਾ ਇੰਚਾਰਜ ਲਾ ਕੇ ਟਰੇਡਰ ਕਮਿਸ਼ਨ ਦੀ ਜ਼ਿਲ੍ਹਾ ਚੇਅਰਮੈਨੀ ਨਾਲ ਵੀ ਨਿਵਾਜਿਆ ਹੋਇਆ ਹੈ। - ਸਾਫ-ਸੁਥਰੀ ਛਵੀ ਦੀ ਛਾਪ ਛੱਡਣ ਵਾਲੇ ਇਕਬਾਲ ਕਪੂਰਥਲਾ ਵਿੱਚ ਮਜ਼ਬੂਤ ਦਾਅਵੇਦਾਰ ਮੰਨੇ ਜਾ ਰਹੇ ਹਨ।



# ਐੱਸ ਐੱਸ ਪੀ ਨੇ ਅਹੁਦਾ ਸੰਭਾਲਿਆ



**ਮੁਹਾਲੀ (ਗੁਰਜੀਤ ਬਿੱਲਾ)**- ਵਰੁਣ ਸ਼ਰਮਾ ਨੇ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਐੱਸ ਐੱਸ ਪੀ ਵਜੋਂ ਅਧਿਕਾਰਤ ਤੌਰ 'ਤੇ ਅਹੁਦਾ ਸੰਭਾਲ ਲਿਆ। ਅਹੁਦਾ ਸੰਭਾਲਣ ਉਪਰੰਤ ਆਪਣੀ ਪਹਿਲੀ ਮੀਡੀਆ ਬ੍ਰੀਫਿੰਗ ਦੌਰਾਨ ਐੱਸ ਐੱਸ ਪੀ ਵਰੁਣ ਸ਼ਰਮਾ ਨੇ ਆਪਣੀਆਂ ਪ੍ਰਮੁੱਖ ਤਰਜੀਹਾਂ ਬਾਰੇ ਜਾਣਕਾਰੀ ਦਿੰਦਿਆਂ ਨਾਗਰਿਕਾਂ ਦੀ ਸੁਰੱਖਿਆ, ਸੰਗਠਿਤ ਅਪਰਾਧ ਦੇ ਖਾਤਮੇ ਅਤੇ ਲੋਕਾਂ ਲਈ ਸੁਲਭ ਤੇ ਜਵਾਬਦੇਹ ਪੁਲਸ ਪ੍ਰਸ਼ਾਸਨ ਪ੍ਰਤੀ ਪੰਜਾਬ ਪੁਲਸ ਦੀ ਵਚਨਬੱਧਤਾ ਨੂੰ ਦੁਹਰਾਇਆ। [illegible]

# ਖਰੜ ਹਲਕਾ ਇੰਚਾਰਜ ਨਿਯੁਕਤ ਹੋਣ 'ਤੇ ਕਟਾਰੀਆ ਨੇ ਗੋਲਡੀ ਨੂੰ ਦਿੱਤੀ ਵਧਾਈ



**ਘੋੜਾਵਾਲ (ਰਾਮ ਲਾਲ)**- ਆਮ ਆਦਮੀ ਪਾਰਟੀ ਵੱਲੋਂ ਪਰਮਿੰਦਰ ਸਿੰਘ ਗੋਲਡੀ ਨੂੰ ਖਰੜ ਵਿਧਾਨ ਸਭਾ ਹਲਕੇ ਦਾ ਇੰਚਾਰਜ ਨਿਯੁਕਤ ਕੀਤੇ ਜਾਣ 'ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਨਵੀਰ ਕਟਾਰੀਆ ਨੇ ਉਨ੍ਹਾਂ ਨੂੰ ਵਧਾਈ ਦਿੱਤੀ। [illegible]

## ਪੰਚਾਇਤ ਮੈਂਬਰ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

**ਨੂਰਮਹਿਲ (ਬਾਲ ਕ੍ਰਿਸ਼ਨ ਕਾਲੀ)**- ਬਲਾਕ ਨਕੋਦਰ ਦੇ ਪਿੰਡ ਜਲਾਲਪੁਰ ਕਲਾਂ ਦੀ ਨੁਹਾਰ ਬਦਲਣ [illegible]



[illegible]

# ਟੀਨੂੰ ਨੇ ਸਫਾਈ ਮੁਹਿੰਮ ਦਾ ਲਿਆ ਜਾਇਜ਼ਾ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ-ਸੁਥਰਾ ਤੇ ਵਾਤਾਵਰਣ ਪੱਖੋਂ ਬਿਹਤਰ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੇ 'ਮਿਸ਼ਨ ਕਲੀਨ ਪੰਜਾਬ' ਤਹਿਤ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਕੁਮਾਰ ਟੀਨੂੰ ਨੇ ਹਲਕਾ ਆਦਮਪੁਰ ਵਿਖੇ ਚਲਾਈ ਜਾ ਰਹੀ ਸਫਾਈ ਮੁਹਿੰਮ ਦਾ ਜਾਇਜ਼ਾ ਲਿਆ। [illegible] ਢੰਗ ਨਾਲ ਕਰਨ ਦੇ ਨਾਲ-ਨਾਲ ਕੂੜਾ-ਕਰਕਟ ਇਧਰ-ਉਧਰ ਅਤੇ ਖੁੱਲ੍ਹੇ ਵਿੱਚ ਨਾ ਸੁੱਟ ਕੇ ਸਫਾਈ ਕਰਮੀਆਂ ਦਾ ਸ਼ਹਿਰਾਂ ਨੂੰ ਸਾਫ਼-ਸੁਥਰਾ ਰੱਖਣ ਦੇ ਕਾਰਜਾਂ ਵਿੱਚ ਸਹਿਯੋਗ ਕੀਤਾ ਜਾਵੇ। ਇਸ ਮੌਕੇ ਨਗਰ ਕੌਂਸਲਰ ਚਰਨਜੀਤ ਸਿੰਘ ਸ਼ੇਰੀ, ਪਵਿੱਤਰ ਸਿੰਘ, ਦਵਿੰਦਰ ਸਿੰਘ ਸੂਰੀ, ਜੋਗਿੰਦਰ ਪਾਲ ਤੇ ਬਿਕਰਮ ਬੱਧਣ, ਕਾਰਜ ਸਾਧਕ ਅਫ਼ਸਰ ਰਾਜੀਵ ਓਬਰਾਏ, ਮਾਰਕੀਟ ਕਮੇਟੀ ਦੇ ਚੇਅਰਮੈਨ ਹਰਕੀਰਤ ਸਿੰਘ ਨਿੱਝਰ, ਪੰਕਜ ਹਨੀ, ਰਾਕੇਸ਼ ਆਗਰਵਾਲ, ਤਨੁਜ, ਲਖਨ ਬਾਹਰੀ ਅਤੇ ਹੋਰ ਸਫਾਈ ਕਰਮੀ ਵੀ ਮੌਜੂਦ ਸਨ।

# ਵਿਦਿਆਰਥੀਆਂ ਨੇ ਨੇਤਰਦਾਨ ਜਾਗਰੂਕਤਾ ਕੈਂਪ ਲਗਾ ਕੇ ਦਿੱਤਾ ਸਮਾਜ ਸੇਵਾ ਦਾ ਸੰਦੇਸ਼

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਅਤੇ ਕਾਰਨੀਆ ਟ੍ਰਾਂਸਪਲਾਂਟੇਸ਼ਨ ਸੁਸਾਇਟੀ ਦੇ ਸਹਿਯੋਗ ਨਾਲ 41ਵੇਂ ਰਾਸ਼ਟਰੀ ਨੇਤਰਦਾਨ ਪੰਦਰਵਾੜੇ ਤਹਿਤ ਭਗਵਾਨ ਪਰਸ਼ੂਰਾਮ ਭਵਨ (ਬ੍ਰਾਹਮਣ ਸਭਾ), ਏਕਤਾ ਨਗਰ ਵਿਖੇ ਨੇਤਰਦਾਨ ਜਾਗਰੂਕਤਾ ਕੈਂਪ ਲਗਾਇਆ ਗਿਆ। [illegible]



[illegible] 4173 [illegible] ਵੱਲੋਂ ਪ੍ਰਧਾਨ ਜੇ ਬੀ ਬਹਿਲ ਅਤੇ ਚੇਅਰਮੈਨ ਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਨੇ ਵਿਦਿਆਰਥੀਆਂ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਵਿਦਿਆਰਥੀਆਂ ਨੇ ਸਮਾਜ ਸੇਵਾ ਦੇ ਕੰਮਾਂ ਨੂੰ ਅੱਗੇ ਵਧਾਉਂਦਿਆਂ ਖੁਦ ਨੇਤਰਦਾਨ ਜਾਗਰੂਕਤਾ ਕੈਂਪ ਲਗਾਇਆ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦਾ ਸਮਾਜ ਸੇਵਾ ਦੇ ਖੇਤਰ ਵਿੱਚ ਅੱਗੇ ਆਉਣਾ ਯਕੀਨੀ ਤੌਰ 'ਤੇ [illegible] ਲਈ ਇਸ ਤਰ੍ਹਾਂ ਦੇ ਕੈਂਪ ਲਗਾਤਾਰ ਆਯੋਜਿਤ ਕੀਤੇ ਜਾਣੇ ਚਾਹੀਦੇ ਹਨ।

ਇਸ ਮੌਕੇ ਅਸ਼ਵਨੀ ਕੁਮਾਰ ਦੱਤਾ, ਕ੍ਰਿਸ਼ਨ ਕਿਸ਼ੋਰ, ਪ੍ਰੇਮ ਕੁਮਾਰ ਤਨੇਜਾ, ਨਵਦੀਪ ਸਿੰਘ ਭੁੱਲਰ, ਅਮਨਦੀਪ ਕੌਰ ਭੁੱਲਰ, ਭਵਜੀਤ ਸਿੰਘ ਭੁੱਲਰ, ਸਾਹਿਬਵੀਰ ਕਾਲਕਟ, ਏਕਮ ਸਿੰਘ ਹੁੰਦਲ, ਅੰਸ਼ਪ੍ਰੀਤ ਸਿੰਘ, ਰੋਹਿਤ ਬਲ, ਲਕਸ਼ਮੀ ਪ੍ਰਸਾਦ, ਨਿਤਿਨ ਸਰੋਇਆ, ਪੰਡਿਤ ਗੁਰਦੇਵ ਪ੍ਰਸਾਦ, ਦੁਖਹਰਨ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਦੀ ਬਾਣੀ ਸੰਬੰਧੀ ਸੈਮੀਨਾਰ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਉਚੇਰੀ ਸਿੱਖਿਆ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਰਕਾਰੀ ਕਾਲਜ ਡੇਰਾ ਬੱਸੀ ਦੇ ਪ੍ਰਿੰਸੀਪਲ ਸ੍ਰੀਮਤੀ ਵਿਨੀਤਾ ਰਾਣਾ ਦੀ ਸਰਪ੍ਰਸਤੀ ਹੇਠ [illegible]



[illegible] ਵਿੱਚ ਬਰਾਬਰਤਾ ਦਾ ਉਪਦੇਸ਼ ਦਿੱਤਾ। ਇਸ ਮੌਕੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀ ਸਿੱਖਿਆਵਾਂ ਅਤੇ ਨੈਤਿਕ ਵਿਚਾਰਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਨਾਉਣ ਲਈ ਕਿਹਾ ਤਾਂ ਜੋ ਉਹ ਇੱਕ ਚੰਗੇ ਨਾਗਰਿਕ ਬਣ ਸਕਣ ਤੇ ਸਮਾਜ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਦੇ ਸਕਣ। ਪ੍ਰਿੰਸੀਪਲ ਵੱਲੋਂ ਇਹਨਾਂ ਗਤੀਵਿਧੀਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਵੀ ਕੀਤਾ। ਇਸ ਲੜੀ ਤਹਿਤ ਕਾਲਜ ਈਕੋ ਕਲੱਬ ਦੁਆਰਾ ਕਾਲਜ ਵਿੱਚ ਬੂਟੇ ਵੀ ਲਗਾਏ ਗਏ। ਇਸ ਪ੍ਰੋਗਰਾਮ ਵਿੱਚ ਡਾ. ਨਵਦੀਪ ਕਹੋਲ, ਪ੍ਰੋ. ਰਵਿੰਦਰ ਸਿੰਘ, ਪ੍ਰੋ. ਬੋਮਿੰਦਰ ਕੌਰ, ਪ੍ਰੋ. ਸ਼ਵੇਤਾ ਖਰਬੰਦਾ, ਡਾ. ਨਿਰਮਲ ਸਿੰਘ ਮੌਜੂਦ ਸਨ।

# ਸੋਸਾਇਟੀ ਵੱਲੋਂ ਮਰੀਜ਼ ਦੇ ਇਲਾਜ ਲਈ ਵਿੱਤੀ ਸਹਾਇਤਾ ਭੇਟ

**ਅੱਡਾ ਸਰਾਂ (ਜਸਵੀਰ ਕਾਜਲ)**- ਸ੍ਰੀ ਗੁਰੂ ਨਾਨਕ ਦੇਵ ਜੀ ਸੇਵਾ ਸੁਸਾਇਟੀ ਝੁੱਗੇ ਰਾਜਪੂਤਾਂ ਨੇ [illegible]



[illegible] 20 ਹਜ਼ਾਰ ਰੁਪਏ [illegible]

## ਅੰਮ੍ਰਿਤਵਾਣੀ ਸਤਿਸੰਗ ਅਤੇ ਪ੍ਰਵਚਨ ਭਲਕੇ

**ਅੰਮ੍ਰਿਤਸਰ (ਅਜੈ)**- ਅੰਮ੍ਰਿਤਵਾਣੀ ਪ੍ਰਚਾਰ ਸੁਸਾਇਟੀ ਦੇ ਪ੍ਰਮੁੱਖ ਸੇਵਕ ਬ੍ਰਿਜੇਸ਼ ਬੇਦੀ ਵੱਲੋਂ [illegible] 6 ਸਤੰਬਰ [illegible] 5:30 ਵਜੇ ਤੋਂ [illegible] ਸ਼ਾਮਲ ਹੋ ਕੇ ਮਹਾਰਾਜ ਦਾ ਆਸ਼ੀਰਵਾਦ ਪ੍ਰਾਪਤ ਕਰਨ ਅਤੇ ਆਪਣਾ ਜੀਵਨ ਸਫਲ ਬਣਾਉਣ।

## ਰਾਸ਼ਨ ਕਾਰਡਾਂ ਦੀ ਵੈਰੀਫਿਕੇਸ਼ਨ ਦੇ ਬਾਈਕਾਟ ਸੰਬੰਧੀ ਸੀ ਡੀ ਪੀ ਓ ਅਫਸਰ ਨੂੰ ਦਿੱਤਾ ਮੰਗ ਪੱਤਰ

**ਦਸੂਹਾ (ਕਰਨੈਲ ਮਾਂਗਟ)**- ਜੁਝਾਰੂ ਆਂਗਣਵਾੜੀ ਵਰਕਰ ਹੈਲਪਰ ਜਥੇਬੰਦੀ ਨੇ ਸਮਾਰਟ ਰਾਸ਼ਨ ਕਾਰਡਾਂ ਦੀ ਵੈਰੀਫਿਕੇਸ਼ਨ ਨਾਂ ਕਰਨ ਦਾ ਬਾਈਕਾਟ ਕਰਦਿਆਂ ਇੱਕ ਮੰਗ ਪੱਤਰ ਬਲਾਕ ਪ੍ਰਧਾਨ ਜਸਵੀਰ ਕੌਰ ਦੀ ਅਗਵਾਈ ਹੇਠ ਸੀ ਡੀ ਪੀ ਓ ਅਫਸਰ ਦਸੂਹਾ ਨੂੰ ਸੌਂਪਿਆ ਗਿਆ। ਜਿਸ ਵਿੱਚ ਉਨਾਂ ਮੰਗ ਕਰਦੇ ਕਿਹਾ ਕਿ ਅਸੀਂ ਸੋਸ਼ਲ ਵਰਕਰ ਹੋਣ ਦੇ ਨਾਤੇ ਪਿੰਡਾਂ ਵਿੱਚ ਵਰਕਰ ਨੂੰ ਹਰੇਕ ਤਬਕੇ ਦੇ ਮੈਂਬਰ ਦੇ ਨਾਲ ਕਿਸੇ ਨਾ ਕਿਸੇ ਤਰ੍ਹਾਂ ਦੀ ਸਹਾਇਤਾ ਦੀ ਜ਼ਰੂਰਤ ਪੈਂਦੀ ਹੈ, ਇਸ ਲਈ ਅਸੀਂ ਪਿੰਡ ਵਿੱਚ ਕਿਸੇ ਨਾਲ ਵਿਗਾੜ ਨਹੀਂ ਪਾਉਣਾ ਚਾਹੁੰਦੇ। ਇਸ ਲਈ ਅਸੀਂ ਇਸ ਦਾ ਵਿਰੋਧ ਕਰਦੇ ਹਾਂ ਕਿ ਆਂਗਣਵਾੜੀ ਵਰਕਰ ਦੀ ਡਿਊਟੀ ਨਾ ਲਗਾਈ ਜਾਵੇ। ਕਿਉਂਕਿ ਮਹਿਲਾ ਸਤਿਕਾਰ ਯੋਜਨਾ ਦਾ ਕੰਮ ਕਰਨ ਬਦਲੇ ਵੀ ਸਾਨੂੰ ਕੋਈ ਵੀ ਮਿਹਨਤਾਨਾ ਨਹੀਂ ਦਿੱਤਾ ਗਿਆ। ਜਦ ਕਿ ਸਖੀਆਂ ਦੇ ਪੈਸੇ ਪਾ ਦਿੱਤੇ ਗਏ। ਜੇਕਰ ਆਂਗਣਵਾੜੀ ਵਰਕਰਾਂ ਦੀ ਡਿਊਟੀ ਲਗਾਈ ਗਈ ਤਾਂ ਅਸੀਂ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ। ਇਸ ਮੌਕੇ ਤੇ ਜਸਵੀਰ ਕੌਰ ਪੰਧੇਰ, ਨਰਿੰਦਰ ਕੌਰ, ਕੁਲਵੰਤ ਕੌਰ, ਬਲਜੀਤ ਕੌਰ, ਜਸਵੀਰ ਕੌਰ ਅਤੇ ਦਫ਼ਤਰ ਦਾ ਸਟਾਫ਼ ਹਾਜ਼ਰ ਸੀ।



# ਸਕੂਲ ਦੀ ਗਰਾਊਂਡ 'ਚ ਜਲਦ ਬਣੇਗੀ ਬਾਕਸ ਕ੍ਰਿਕਟ ਸਹੂਲਤ

**ਕਪੂਰਥਲਾ (ਮਨਜੀਤ ਮਾਨ)**- ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਅਤੇ ਨੌਜਵਾਨਾਂ ਨੂੰ ਉਸਾਰੂ ਗਤੀਵਿਧੀਆਂ ਨਾਲ ਜੋੜਨ ਦੇ ਮਕਸਦ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਖੱਸਣ, ਭੁਲੱਥ ਦੇ ਗਰਾਊਂਡ ਵਿੱਚ ਬਾਕਸ ਕ੍ਰਿਕਟ ਵਿਕਸਿਤ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਦੱਸਿਆ ਕਿ ਇਸ ਪ੍ਰਾਜੈਕਟ ਨੂੰ ਪਹਿਲਾਂ ਹੀ ਪ੍ਰਸ਼ਾਸਨਿਕ ਮਨਜ਼ੂਰੀ ਮਿਲ ਚੁੱਕੀ ਹੈ ਅਤੇ ਜਲਦ ਹੀ ਟੈਂਡਰ ਅਲਾਟ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਪ੍ਰਸਤਾਵਿਤ ਗਰਾਊਂਡ, ਜਿਸ ਦਾ ਕਵਰਡ ਖੇਤਰ ਲਗਭਗ 6,000 ਵਰਗ ਫੁੱਟ ਹੋਵੇਗਾ, ਨੂੰ ਕੰਮ ਸ਼ੁਰੂ ਹੋਣ ਤੋਂ ਦੋ ਮਹੀਨਿਆਂ ਦੇ ਅੰਦਰ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਖੇਡਾਂ ਵਿੱਚ ਨਿਯਮਤ ਭਾਗੀਦਾਰੀ ਨਾ ਸਿਰਫ਼ ਸਰੀਰਕ ਤੰਦਰੁਸਤੀ ਅਤੇ ਅਨੁਸ਼ਾਸਨ ਨੂੰ ਉਤਸ਼ਾਹਿਤ ਕਰਦੀ ਹੈ, ਸਗੋਂ ਨੌਜਵਾਨਾਂ ਦੇ ਆਤਮ-ਵਿਸ਼ਵਾਸ ਨੂੰ ਵੀ ਮਜ਼ਬੂਤ ਕਰਦੀ ਹੈ ਅਤੇ ਉਨ੍ਹਾਂ ਨੂੰ ਸਿਹਤਮੰਦ ਗਤੀਵਿਧੀਆਂ ਨਾਲ ਜੋੜੀ ਰੱਖਦੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪ੍ਰਸਤਾਵਿਤ ਬਾਕਸ ਕ੍ਰਿਕਟ ਗਰਾਊਂਡ ਨੂੰ ਲਗਭਗ 6,000 ਵਰਗ ਫੁੱਟ ਖੇਤਰ ਵਿੱਚ ਇੱਕ ਆਧੁਨਿਕ ਖੇਡ ਸਹੂਲਤ ਵਜੋਂ ਵਿਕਸਿਤ ਕੀਤਾ ਜਾਵੇਗਾ।

# ਚੱਬੇਵਾਲ ਨੇ ਨੌਜਵਾਨਾਂ ਨਾਲ ਕੀਤਾ ਸਿੱਧਾ ਸੰਵਾਦ

**ਹੁਸ਼ਿਆਰਪੁਰ (ਓ ਪੀ ਰਾਣਾ)**- ਹਲਕਾ ਚੱਬੇਵਾਲ ਤੋਂ ਵਿਧਾਇਕ ਡਾ. ਈਸ਼ਾਂਕ ਚੱਬੇਵਾਲ ਵੱਲੋਂ ਸਰਕਾਰੀ ਕਾਲਜ, ਹੁਸ਼ਿਆਰਪੁਰ ਵਿਖੇ ਯੁਵਾ ਵਿਦਿਆਰਥੀਆਂ ਨਾਲ ਇੱਕ ਵਿਸ਼ੇਸ਼ ਲਾਈਵ ਯੂਥ ਇੰਟਰੈਕਸ਼ਨ ਪ੍ਰੋਗਰਾਮ ਯੂ ਸਪੀਕ, ਆਈ ਲਿਸਨ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਨਾਲ ਸਿੱਧਾ ਸੰਵਾਦ ਕਰਦੇ ਹੋਏ ਉਨ੍ਹਾਂ ਦੇ ਵਿਚਾਰਾਂ, ਸੁਝਾਵਾਂ ਅਤੇ ਵੱਖ-ਵੱਖ ਮੁੱਦਿਆਂ ਨੂੰ ਸੁਣਨਾ ਅਤੇ ਉਨ੍ਹਾਂ ਨੂੰ ਆਪਣੀ ਗੱਲ ਖੁੱਲ੍ਹ ਕੇ ਰੱਖਣ ਲਈ ਇੱਕ ਮੰਚ ਪ੍ਰਦਾਨ ਕਰਨਾ ਸੀ। ਪ੍ਰੋਗਰਾਮ ਦੌਰਾਨ ਡਾ. ਈਸ਼ਾਂਕ ਚੱਬੇਵਾਲ ਨੇ ਵਿਦਿਆਰਥੀਆਂ ਅਤੇ ਨੌਜਵਾਨਾਂ ਨਾਲ ਰੂ-ਬ-ਰੂ ਹੁੰਦਿਆਂ ਉਨ੍ਹਾਂ ਵੱਲੋਂ ਰੱਖੇ ਗਏ ਸਵਾਲਾਂ ਦੇ ਜਵਾਬ ਦਿੱਤੇ, ਹਰ ਮਸਲੇ ਨੂੰ ਹੱਲ ਕਰਵਾਉਣ ਦਾ ਭਰੋਸਾ ਦਿੱਤਾ ਗਿਆ ਅਤੇ ਓਹਨਾਂ ਦੇ ਸੁਝਾਵਾਂ ਨੂੰ ਅਮਲ ਵਿਚ ਲਿਆਉਣ ਦਾ ਵੀ ਵਾਅਦਾ ਕੀਤਾ ਗਿਆ। ਸੰਵਾਦ ਦੌਰਾਨ ਸਿੱਖਿਆ, ਸਮਾਜਿਕ ਮੁੱਦਿਆਂ, ਸ਼ਹਿਰੀ ਬੁਨਿਆਦੀ ਢਾਂਚੇ, ਸਰਕਾਰੀ ਸੇਵਾਵਾਂ ਅਤੇ ਆਵਾਜਾਈ ਨਾਲ ਜੁੜੇ ਕਈ ਮਹੱਤਵਪੂਰਨ ਵਿਸ਼ਿਆਂ 'ਤੇ ਖੁੱਲ੍ਹ ਕੇ ਚਰਚਾ ਹੋਈ। ਵਿਦਿਆਰਥਣ ਨਿਹਾਰਿਕਾ ਨੇ ਨਸ਼ਿਆਂ ਦੀ ਸਮੱਸਿਆ ਅਤੇ ਮਹਿਲਾਵਾਂ ਦੀ ਸੁਰੱਖਿਆ ਨਾਲ ਜੁੜੇ ਮੁੱਦੇ ਉਠਾਉਂਦਿਆਂ ਇਨ੍ਹਾਂ ਖੇਤਰਾਂ ਵਿੱਚ ਹੋਰ ਪ੍ਰਭਾਵਸ਼ਾਲੀ ਅਤੇ ਜ਼ਮੀਨੀ ਪੱਧਰ 'ਤੇ ਯਤਨਾਂ ਦੀ ਲੋੜ 'ਤੇ ਆਪਣੇ ਵਿਚਾਰ ਰੱਖੇ। ਇਸ ਮੌਕੇ ਕਾਲਜ ਸਟਾਫ ਵਿਚ ਕਸ਼ਮੀਰ ਸਿੰਘ, ਸੰਜਨਾ ਸੱਗੀ, ਨਵਦੀਪ ਕੌਰ, ਹਰਜਿੰਦਰ ਸਿੰਘ, ਹਰਜਿੰਦਰ ਪਾਲ, ਪ੍ਰਿਆ ਕੌਸ਼ਲ, ਕੁਲਵਿੰਦਰ ਕੌਰ, ਪੂਨਮ ਸਲਹੋਤਰਾ, ਨਿਰਮਲ ਸਿੰਘ ਆਦਿ ਸ਼ਾਮਲ ਸਨ। ਫਾਈਨ ਆਰਟ ਫੈਕਲਟੀ ਜਸਪਾਲ ਸਿੰਘ ਅਤੇ ਇਕ ਯੁਵਾ ਬੱਚੀ ਅਰਸ਼ੀਆ ਨੇ ਇਸ ਦੌਰਾਨ ਸਟੇਜ ਹੋਸਟ ਦੀ ਜਿੰਮੇਵਾਰੀ ਬਖੂਬੀ ਨਿਭਾਈ।



# ਗੰਭੀਰ ਬਿਮਾਰੀਆਂ ਨੂੰ ਮਾਤ ਦੇ ਕੇ ਔਰਤ ਨੇ ਸਿਹਤਮੰਦ ਬੱਚੀ ਨੂੰ ਦਿੱਤਾ ਜਨਮ

**ਮੋਹਾਲੀ (ਗੁਰਜੀਤ ਬਿੱਲਾ)**- 32 ਸਾਲਾ ਔਰਤ ਨੇ ਗੰਭੀਰ ਕਿਡਨੀ ਦੀ ਬਿਮਾਰੀ, ਡਾਇਲਿਸਿਸ ਅਤੇ ਕਿਡਨੀ ਟ੍ਰਾਂਸਪਲਾਂਟ ਤੋਂ ਉਭਰ ਕੇ ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਮੋਹਾਲੀ ਵਿਖੇ ਇੱਕ ਸਿਹਤਮੰਦ ਬੱਚੀ ਨੂੰ ਜਨਮ ਦਿੱਤਾ । ਰੁਪਿੰਦਰ ਕੌਰ ਨੂੰ 2022 ਵਿੱਚ ਹਾਈ ਬਲੱਡ ਪ੍ਰੈਸ਼ਰ ਦੇ ਕਾਰਨ ਕਿਡਨੀ ਫੇਲ੍ਹ ਹੋਣ ਦਾ ਪਤਾ ਲੱਗਿਆ ਸੀ, ਜਿਸ ਨੇ ਬਾਅਦ ਵਿੱਚ ਉਸ ਦੇ ਦੋਵਾਂ ਗੁਰਦਿਆਂ ਨੂੰ ਪ੍ਰਭਾਵਿਤ ਕੀਤਾ ਅਤੇ ਉਸ ਨੂੰ ਡਾਇਲਿਸਿਸ 'ਤੇ ਨਿਰਭਰ ਕਰ ਦਿੱਤਾ। ਇਸ ਬੀਮਾਰੀ ਨੇ ਨਾ ਸਿਰਫ਼ ਉਸ ਦੀ ਸਿਹਤ ਨੂੰ ਪ੍ਰਭਾਵਿਤ ਕੀਤਾ, ਸਗੋਂ ਉਸ ਨੂੰ ਇਹ ਵੀ ਲੱਗਣ ਲੱਗ ਪਿਆ ਸੀ ਕਿ ਆਪਣਾ ਪਰਿਵਾਰ ਸ਼ੁਰੂ ਕਰਨ ਦਾ ਉਸ ਦਾ ਸੁਪਨ ਕਦੇ ਪੂਰਾ ਨਹੀਂ ਹੋ ਸਕੇਗਾ। ਬਿਹਤਰ ਇਲਾਜ ਦੀ ਭਾਲ ਅਤੇ ਆਮ ਜ਼ਿੰਦਗੀ ਦੀ ਉਮੀਦ ਵਿੱਚ, ਉਹ ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਮੋਹਾਲੀ ਪਹੁੰਚੀ। ਉੱਥੇ ਉਸ ਨੂੰ ਸਲਾਹ ਦਿੱਤੀ ਗਈ ਕਿ ਸਹੀ ਇਲਾਜ, ਧਿਆਨਪੂਰਵਕ ਨਿਗਰਾਨੀ ਅਤੇ ਯੋਜਨਾਬੰਦੀ ਨਾਲ ਕਿਡਨੀ ਟ੍ਰਾਂਸਪਲਾਂਟ ਤੋਂ ਬਾਅਦ ਵੀ ਗਰਭ ਅਵਸਥਾ ਸੰਭਵ ਹੋ ਸਕਦੀ ਹੈ। ਇਸ ਮਾਰਗਦਰਸ਼ਨ ਤੋਂ ਉਤਸ਼ਾਹਿਤ ਹੋ ਕੇ, ਉਸ ਨੇ 28 ਸਾਲ ਦੀ ਉਮਰ ਵਿੱਚ ਨੇਫਰੋਲੋਜੀ ਦੇ ਡਾਇਰੈਕਟਰ ਡਾ. ਮੁਨੀਸ਼ ਚੌਹਾਨ ਦੀ ਦੇਖਭਾਲ ਹੇਠ ਇੱਕ ਸਫਲ ਕਿਡਨੀ ਟ੍ਰਾਂਸਪਲਾਂਟ ਕਰਵਾਇਆ। ਟ੍ਰਾਂਸਪਲਾਂਟ ਤੋਂ ਬਾਅਦ, ਉਸ ਨੂੰ ਗਰਭ ਅਵਸਥਾ ਦੀ ਯੋਜਨਾ ਬਣਾਉਣ ਤੋਂ ਪਹਿਲਾਂ ਤਿੰਨ ਸਾਲ ਉਡੀਕ ਕਰਨ ਦੀ ਸਲਾਹ ਦਿੱਤੀ ਗਈ ਸੀ ਤਾਂ ਜੋ ਗੁਰਦੇ ਦੀ ਕਾਰਜਪ੍ਰਣਾਲੀ ਸਥਿਰ ਹੋ ਸਕੇ ਅਤੇ ਮਾਂ ਤੇ ਬੱਚੇ ਦੋਵਾਂ ਲਈ ਸਭ ਤੋਂ ਸੁਰੱਖਿਅਤ ਨਤੀਜਾ ਯਕੀਨੀ ਬਣਾਇਆ ਜਾ ਸਕੇ। ਨਿਯਮਤ ਫਾਲੋ-ਅੱਪ ਅਤੇ ਆਪਣੀ ਸਿਹਤ ਦੀ ਦੇਖਭਾਲ ਨਾਲ ਉਸ ਦੀ ਹਾਲਤ ਵਿੱਚ ਸੁਧਾਰ ਹੁੰਦਾ ਰਿਹਾ। ਆਪਣੀ ਗਰਭ ਅਵਸਥਾ ਦੇ ਅੱਠ ਮਹੀਨਿਆਂ ਦੌਰਾਨ, ਉਸ ਦਾ ਇਲਾਜ ਮੈਕਸ ਹਸਪਤਾਲ ਵਿਖੇ ਗਾਇਨੀਕੋਲੋਜੀ ਦੀ ਡਾਇਰੈਕਟਰ ਡਾ. ਸੀਮਾ ਵਧਵਾ ਦੀ ਦੇਖਭਾਲ ਹੇਠ ਹੋਇਆ। ਇਸ ਦੌਰਾਨ ਹੋਣ ਵਾਲੀਆਂ ਜਟਿਲਤਾਵਾਂ ਨੂੰ ਘਟਾਉਣ ਅਤੇ ਗਰਭ ਅਵਸਥਾ ਨੂੰ ਸੁਰੱਖਿਅਤ ਢੰਗ ਨਾਲ ਪੂਰਾ ਕਰਨ ਲਈ ਸਖ਼ਤ ਨਿਗਰਾਨੀ ਰੱਖੀ ਗਈ। ਗਰਭ ਅਵਸਥਾ ਦੇ 34ਵੇਂ ਹਫ਼ਤੇ ਵਿੱਚ, ਭ੍ਰੂਣ (ਬੱਚੇ) ਦੀ ਹਲਚਲ ਘੱਟ ਹੋਣ ਕਾਰਨ ਉਸ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ। ਉਸ ਦੀ ਗਰਭ ਅਵਸਥਾ ਹਾਈਪਰਟੈਨਸ਼ਨ ਅਤੇ ਇੰਟ੍ਰਾਹੇਪੇਟਿਕ ਕੋਲੇਸਟੇਸਿਸ (ਗਰਭ ਅਵਸਥਾ ਦੌਰਾਨ ਲਿਵਰ ਦੀ ਸਮੱਸਿਆ) ਕਾਰਨ ਕਾਫ਼ੀ ਗੰਭੀਰ ਹੋ ਗਈ ਸੀ। ਜਦੋਂ ਉਸ ਦੀ ਹਾਲਤ ਈਕਲੇਮਪਸੀਆ (ਦੌਰੇ ਪੈਣ ਦੇ ਖਤਰੇ) ਵੱਲ ਵਧਣ ਲੱਗੀ, ਤਾਂ ਡਾ. ਸੀਮਾ ਵਧਵਾ ਦੁਆਰਾ ਸਜ਼ੇਰੀਅਨ ਆਪ੍ਰੇਸ਼ਨ ਰਾਹੀਂ ਡਿਲੀਵਰੀ ਕਰਵਾਈ ਗਈ। ਕੌਰ ਨੇ 2.3 ਕਿਲੋਗ੍ਰਾਮ ਵਜ਼ਨ ਦੀ ਇੱਕ ਸਿਹਤਮੰਦ ਬੱਚੀ ਨੂੰ ਜਨਮ ਦਿੱਤਾ। ਮਾਂ ਅਤੇ ਬੱਚੀ ਦੋਵੇਂ ਪੂਰੀ ਤਰ੍ਹਾਂ ਠੀਕ ਹੋ ਗਏ, ਅਤੇ ਇੱਕ ਹਫ਼ਤੇ ਬਾਅਦ ਉਨ੍ਹਾਂ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ।



## ਮਨਸੂਰਪੁਰ ਸਕੂਲ ਨੇ ਵਾਲੀਬਾਲ ਮੁਕਾਬਲੇ ਵਿੱਚ ਜ਼ਿਲ੍ਹੇ 'ਚੋਂ ਤਿੰਨ ਪੁਜੀਸ਼ਨਾਂ ਹਾਸਲ ਕੀਤੀਆਂ

**ਗੁਰਾਇਆ (ਬਿੰਦਰ ਸੁਮਨ)**- 70ਵੀਆਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨਸੂਰਪੁਰ ਦੇ ਖਿਡਾਰੀਆਂ ਨੇ ਤਿੰਨ ਪੁਜੀਸ਼ਨਾਂ ਹਾਸਿਲ ਕੀਤੀਆਂ ਹਨ। ਸਕੂਲ ਇੰਚਾਰਜ ਅਵਤਾਰ ਲਾਲ (ਲੈਕਚਰਾਰ ਹਿਸਟਰੀ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਲੀਬਾਲ ਦੇ ਟੂਰਨਾਮੈਂਟ ਜੋ ਸੀ ਟੀ ਪਬਲਿਕ ਸਕੂਲ, ਮਕਸੂਦਾਂ ਵਿਖੇ ਸੰਪੰਨ ਹੋਏ ਹਨ, ਉਸ ਵਿੱਚ ਅੰਡਰ 14 ਉਮਰ ਗਰੁੱਪ ਵਿੱਚ ਸਕੂਲ ਨੇ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਜਿੱਤ ਦਾ ਝੰਡਾ ਗੱਡਿਆ। ਇਸ ਜਿੱਤ ਨੇ ਖਿਡਾਰੀਆਂ ਅਤੇ ਸਕੂਲ ਦਾ ਮਨੋਬਲ ਉੱਚਾ ਰੱਖਿਆ ਹੈ। ਇਸੇ ਤਰ੍ਹਾਂ ਵਾਲੀਬਾਲ ਲੜਕੀਆਂ ਨੇ ਅੰਡਰ 14 ਤੀਜਾ ਸਥਾਨ, ਵਾਲੀਬਾਲ ਲੜਕੀਆਂ ਅੰਡਰ 17 ਨੇ ਵੀ ਤੀਜਾ ਸਥਾਨ ਹਾਸਿਲ ਕਰਕੇ ਸਕੂਲ ਲਈ ਨਾਮਣਾ ਖੱਟਿਆ ਹੈ। ਇਹਨਾਂ ਤੋਂ ਬਿਨਾਂ ਕ੍ਰਿਕਟ ਅੰਡਰ 14, ਕ੍ਰਿਕਟ ਅੰਡਰ 17 ਅਤੇ ਕਬੱਡੀ ਸਰਕਲ ਸਟਾਈਲ ਅੰਡਰ 14 ਦੀਆਂ ਟੀਮਾਂ ਵੀ ਜ਼ਿਲ੍ਹੇ ਪੱਧਰ ਦੇ ਟੂਰਨਾਮੈਂਟਾਂ ਵਿੱਚ ਖੇਡੀਆਂ ਹਨ। ਸਕੂਲ ਇੰਚਾਰਜ ਨੇ ਦੱਸਿਆ ਕਿ ਇਸ ਦਾ ਸਿਹਰਾ ਵਾਲੀਬਾਲ ਕੋਚ ਪਲਵਿੰਦਰ ਕੌਰ ਨੂੰ ਜਾਂਦਾ ਹੈ ਜਿਹਨਾਂ ਦੀ ਅਣਥੱਕ ਮਿਹਨਤ ਸਦਕਾ ਇਹ ਮੁਕਾਮ ਹਾਸਲ ਹੋਇਆ ਹੈ। ਉਹਨਾਂ ਖਿਡਾਰੀਆਂ ਉਹਨਾਂ ਦੇ ਮਾਪਿਆਂ ਅਤੇ ਸਕੂਲ ਦੇ ਸਮੂਹ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਡੇ ਸਕੂਲ ਦੇ ਖਿਡਾਰੀ ਇਸ ਵਾਰ ਫਿਰ ਸਟੇਟ ਪੱਧਰੀ ਮੁਕਾਬਲਿਆਂ ਵਿੱਚ ਹਿੱਸਾ ਲੈਣਗੇ।



# ਲਾਇਲਪੁਰ ਖਾਲਸਾ ਕਾਲਜ ਵੱਲੋਂ ਸੈਮੀਨਾਰ ਤੇ ਮੈਡੀਕਲ ਕੈਂਪ




**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਜਲੰਧਰ ਆਪਣੇ ਵਿਦਿਆਰਥੀਆਂ ਅਤੇ ਸਟਾਫ ਦੇ ਸਮੁੱਚੇ ਵਿਕਾਸ ਲਈ ਵਚਨਬੱਧ ਹੈ। ਇਸ ਨੂੰ ਬਰਕਰਾਰ ਰੱਖਦੇ ਹੋਏ ਕਾਲਜ ਦੀ ਐੱਨ ਐੱਸ ਐੱਸ ਯੂਨਿਟ ਨੇ ਕੈਂਪਸ ਵਿੱਚ ਮੈਡੀਟੇਸ਼ਨ ਅਤੇ ਨਸ਼ਿਆਂ ਦੀ ਰੋਕਥਾਮ 'ਤੇ ਇੱਕ ਸੈਮੀਨਾਰ ਅਤੇ ਇੱਕ ਰੋਜ਼ਾ ਮੈਡੀਕਲ ਕੈਂਪ ਦਾ ਆਯੋਜਨ ਕੀਤਾ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਮੈਡੀਕਲ ਕੈਂਪ ਦਾ ਉਦਘਾਟਨ ਕੀਤਾ ਅਤੇ ਸੈਮੀਨਾਰ ਦੌਰਾਨ ਇਕੱਠ ਨੂੰ ਸੰਬੋਧਨ ਕੀਤਾ ਜਿੱਥੇ ਉਨ੍ਹਾਂ ਨੇ ਇਸ ਤੱਥ 'ਤੇ ਜ਼ੋਰ ਦਿੱਤਾ ਕਿ ਵਿਕਸਤ ਭਾਰਤ ਮਿਸ਼ਨ ਨੂੰ ਨੌਜਵਾਨਾਂ ਦੇ ਦ੍ਰਿੜ ਮਨ ਅਤੇ ਨਰੋਈ ਸਰੀਰਕ ਸਿਹਤ ਦੁਆਰਾ ਪ੍ਰਾਪਤ ਕੀਤਾ ਜਾ ਸਕਦਾ ਹੈ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਪੜ੍ਹਾਈ 'ਤੇ ਧਿਆਨ ਕੇਂਦਰਿਤ ਕਰਨ ਦੀ ਅਪੀਲ ਕੀਤੀ। ਮੁੱਖ ਬੁਲਾਰੇ ਬੀ.ਕੇ. ਡਾ. ਕਰਮਜੀਤ ਕੌਰ ਨੇ ਆਪਣੇ ਭਾਸ਼ਣ ਵਿੱਚ ਮੈਡੀਟੇਸ਼ਨ ਰਾਹੀਂ ਜੀਵਨ ਸ਼ੈਲੀ ਨੂੰ ਬਿਹਤਰ ਬਣਾਉਣ 'ਤੇ ਜ਼ੋਰ ਦਿੱਤਾ। ਐਨ ਐਸ ਐਸ ਦੇ ਮੁੱਖ ਪ੍ਰੋਗਰਾਮ ਅਫ਼ਸਰ ਸਤਪਾਲ ਸਿੰਘ ਨੇ ਦੱਸਿਆ ਕਿ ਕਾਲਜ ਨੇ ਟੀ.ਬੀ. ਵਰਗੀਆਂ ਛਾਤੀ ਦੀਆਂ ਬਿਮਾਰੀਆਂ ਦੀ ਪਛਾਣ ਕਰਨ ਲਈ ਮੁਫ਼ਤ ਐਕਸ-ਰੇ ਮੈਡੀਕਲ ਚੈਕ-ਅਪ ਕੈਂਪ ਵੀ ਲਗਾਇਆ ਜਿਸ ਵਿੱਚ 115 ਵਿਦਿਆਰਥੀਆਂ ਅਤੇ ਸਟਾਫ਼ ਨੇ ਆਪਣਾ ਭਾਗ ਲਿਆ। ਇਹ ਮੈਡੀਕਲ ਕੈਂਪ ਸਿਵਲ ਹਸਪਤਾਲ ਜਲੰਧਰ ਦੇ ਸਹਿਯੋਗ ਨਾਲ ਟੀ.ਬੀ. ਮੁਕਤ ਭਾਰਤ ਅਭਿਆਨ ਤਹਿਤ ਲਗਾਇਆ ਗਿਆ ਸੀ।

# ਜਿੰਪਾ ਨੇ ਚੱਕ ਸਾਧੂ ਤੋਂ ਖੜਕਾ ਤੱਕ ਬਣੀ ਸੜਕ ਦਾ ਕੀਤਾ ਉਦਘਾਟਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ ਦੇ ਵਿਕਾਸ ਕਾਰਜਾਂ ਨੂੰ ਗਤੀ ਦਿੰਦਿਆਂ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ-ਊਨਾ ਰੋਡ ਸਥਿਤ ਚੱਕ ਸਾਧੂ ਤੋਂ ਖੜਕਾ ਤੱਕ ਕਰੀਬ 2 ਕਿਲੋਮੀਟਰ ਲੰਬੀ ਸੜਕ ਦਾ ਉਦਘਾਟਨ ਕੀਤਾ। ਇਸ ਸੜਕ ਦੇ ਨਿਰਮਾਣ 'ਤੇ 25.90 ਲੱਖ ਰੁਪਏ ਦੀ ਲਾਗਤ ਆਈ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਖੇਤਰ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਪਹਿਲ ਹੈ। ਸੜਕਾਂ ਕਿਸੇ ਵੀ ਖੇਤਰ ਦੇ ਵਿਕਾਸ ਦੀ ਮਹੱਤਵਪੂਰਨ ਕੜੀ ਹੁੰਦੀਆਂ ਹਨ ਅਤੇ ਪੇਂਡੂ ਖੇਤਰਾਂ ਨੂੰ ਮੁੱਖ ਮਾਰਗਾਂ ਨਾਲ ਜੋੜਨ ਵਾਲੀਆਂ ਸੜਕਾਂ ਨੂੰ ਬਿਹਤਰ ਬਣਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸੜਕ ਦੇ ਨਿਰਮਾਣ ਨਾਲ ਊਨਾ (ਹਿਮਾਚਲ ਪ੍ਰਦੇਸ਼) ਜਾਣ ਵਾਲੇ ਲੋਕਾਂ, ਆਸ-ਪਾਸ ਦੇ ਪਿੰਡਾਂ ਦੇ ਵਸਨੀਕਾਂ, ਵਿਦਿਆਰਥੀਆਂ, ਕਿਸਾਨਾਂ ਅਤੇ ਹੋਰ ਰਾਹਗੀਰਾਂ ਨੂੰ ਵਿਸ਼ੇਸ਼ ਲਾਭ ਮਿਲੇਗਾ। ਉਨ੍ਹਾਂ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਵਿੱਚ ਗੁਣਵੱਤਾ ਦਾ ਵਿਸ਼ੇਸ਼ ਧਿਆਨ ਰੱਖਣ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਕੰਮਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕਰਨ ਦੇ ਪਹਿਲਾਂ ਹੀ ਨਿਰਦੇਸ਼ ਦਿੱਤੇ ਗਏ ਹਨ। ਇਸ ਮੌਕੇ ਸਰਪੰਚ ਉੱਪਰਲੀ ਖੜਕਾ ਕੁਲਵਿੰਦਰ ਕੌਰ, ਅਵਤਾਰ ਸਿੰਘ, ਹਰਮੇਸ਼ ਲਾਲ, ਬਲਜਿੰਦਰ ਰਾਮ, ਪ੍ਰਕਾਸ਼ ਕੌਰ, ਬਲਵੰਤ ਕੌਰ, ਚਰਨ ਕੌਰ, ਪੰਚ ਨਸੀਬ ਚੰਦ, ਆਕਾਸ਼, ਗੁਰਮੁਖ ਸਿੰਘ, ਗੁਰਦੀਪ ਸਿੰਘ, ਪੰਚ ਸੁਖਵਿੰਦਰ ਕੌਰ, ਓਂਕਾਰ ਸਿੰਘ (ਪੰਚ) ਸਮੇਤ ਹੋਰ ਪਤਵੰਤੇ ਵਿਅਕਤੀ ਅਤੇ ਖੇਤਰ ਵਾਸੀ ਹਾਜ਼ਰ ਸਨ।



# ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਬੜੀ ਹੀ ਧੂਮਧਾਮ ਨਾਲ ਅਤੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਹੇਠ ਮਨਾਏ ਗਏ ਇਸ ਤਿਉਹਾਰ ਦੇ ਵਿੱਚ ਬੱਚਿਆਂ ਦੇ ਅਲੱਗ ਅਲੱਗ ਗਰੁੱਪਾਂ ਨੇ ਸ੍ਰੀ ਕ੍ਰਿਸ਼ਨ ਨੂੰ ਸਮਰਪਿਤ ਭਜਨ ਤਿਆਰ ਕੀਤੇ ਅਤੇ ਬੜੀ ਹੀ ਸ਼ਰਧਾ ਭਾਵਨਾ ਦੇ ਨਾਲ ਗਾਇਆ। ਸਾਰੇ ਸਕੂਲ ਦੇ ਵਿਦਿਆਰਥੀਆਂ ਨੇ ਇਸ ਮੌਕੇ ਤੇ ਇਹਨਾਂ ਰਸ ਭਿੰਨੇ ਭਜਨਾਂ ਦਾ ਆਨੰਦ ਲਿਆ ਅਤੇ ਭਗਵਾਨ ਸ੍ਰੀ ਕ੍ਰਿਸ਼ਨ ਨੂੰ ਨਤਮਸਤਕ ਹੋਏ। ਇਸ ਮੌਕੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਭਗਵਾਨ ਸ੍ਰੀ ਕ੍ਰਿਸ਼ਨ ਦੀਆਂ ਸਿੱਖਿਆਵਾਂ ਤੇ ਚੱਲ ਕੇ ਹੀ ਅਸੀਂ ਜੀਵਨ ਦਾ ਅਸਲ ਆਨੰਦ ਮਾਣ ਸਕਦੇ ਹਾਂ ਸਾਨੂੰ ਉਹਨਾਂ ਦੇ ਦਰਸਾਏ ਗਏ ਉਪਦੇਸ਼ਾਂ ਦੀ ਹਮੇਸ਼ਾ ਪਾਲਣਾ ਕਰਨੀ ਚਾਹੀਦੀ ਹੈ। ਚੇਅਰਮੈਨ ਤਰਲੋਚਨ ਸਿੰਘ ਨੇ ਸਮੂਹ ਵਿਦਿਆਰਥੀਆਂ ਨੂੰ ਅਤੇ ਸਟਾਫ ਨੂੰ ਜਨਮਅਸ਼ਟਮੀ ਦੇ ਪਵਿੱਤਰ ਮੌਕੇ ਤੇ ਵਧਾਈ ਦਿੱਤੀ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਵਿਸ਼ਾਲੀ, ਗੁਰਪ੍ਰੀਤ, ਕੰਚਨ, ਜਗਬੰਧਨ, ਆਰਤੀ,ਬਲਜੀਤ, ਰਵਿੰਦਰ, ਸੁਰੇਸ਼, ਸੁਸ਼ੀਲ, ਕੁਲਦੀਪ,ਵਿਨੇ,ਪਰਮਜੀਤ,ਅਰਚਨਾ,ਹਰਜੀਤ, ਹਰਮਿੰਦਰ, ਮਨੀਸ਼ਾ, ਸ਼ਵੇਤਾ, ਪੂਜਾ, ਚੇਤਨਾ, ਆਸ਼ਾ, ਸਿਲਵੀ, ਹਿਨਾ, ਅਮਨਜੋਤ, ਨੀਨਾ, ਅਨੁਰਾਧਾ, ਰੁਪਿੰਦਰ ਅਤੇ ਹੋਰ ਸਟਾਫ ਮੌਜੂਦ ਸੀ।

# ਐੱਸ ਡੀ ਕਾਲਜ 'ਚ ਵੋਟਰ ਰਜਿਸਟ੍ਰੇਸ਼ਨ ਕੈਂਪ

**ਸੁਲਤਾਨਪੁਰ ਲੋਧੀ (ਹਨੀ)**- ਐਸ.ਡੀ. ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਵਿਖੇ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਦੂਜਾ ਵੋਟਰ ਰਜਿਸਟ੍ਰੇਸ਼ਨ ਕੈਂਪ ਸਫਲਤਾ ਪੂਰਵਕ ਆਯੋਜਿਤ ਕੀਤਾ ਗਿਆ ਜੋ ਸਵੀਪ ਵਿਭਾਗ ਵੱਲੋਂ ਐਨ.ਐਸ.ਐਸ. ਵਿਭਾਗ ਦੇ ਸਹਿਯੋਗ ਨਾਲ ਲਗਾਇਆ ਗਿਆ।ਇਹ ਕੈਂਪ ਸਵੀਪ ਇੰਚਾਰਜ ਸੁਨੀਤਾ ਕਲੇਰ ਦੀ ਦੇਖ-ਰੇਖ ਵਿਚ ਆਯੋਜਿਤ ਕੀਤਾ ਗਿਆ। ਕੈਂਪ ਦਾ ਮੁੱਖ ਉਦੇਸ਼ ਯੋਗ ਵਿਦਿਆਰਥਣਾਂ ਨੂੰ ਵੋਟਰ ਵਜੋਂ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਲਈ ਪ੍ਰੇਰਿਤ ਕਰਨਾ ਤੇ ਲੋਕਤੰਤਰੀ ਸਮਾਜ ਵਿੱਚ ਵੋਟ ਦੇ ਮਹੱਤਵ ਬਾਰੇ ਜਾਗਰੂਕ ਕਰਨਾ ਸੀ।ਕੈਂਪ ਦੌਰਾਨ ਯੋਗ ਵਿਦਿਆਰਥਣਾਂ ਦੇ ਨਵੇਂ ਵੋਟਰ ਰਜਿਸਟ੍ਰੇਸ਼ਨ ਲਈ ਫਾਰਮ ਭਰਵਾਏ ਗਏ ਤੇ ਵਿਦਿਆਰਥਣਾਂ ਨੂੰ ਵੋਟਰ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਅਤੇ ਰਜਿਸਟ੍ਰੇਸ਼ਨ ਲਈ ਲੋੜੀਂਦੇ ਮਹੱਤਵਪੂਰਨ ਦਸਤਾਵੇਜ਼ਾਂ ਬਾਰੇ ਵੀ ਜਾਣਕਾਰੀ ਦਿੱਤੀ।ਪ੍ਰਿੰਸੀਪਲ ਡਾ. ਸ਼ੁਕਲਾ ਨੇ ਯੋਗ ਵਿਦਿਆਰਥਣਾਂ ਨੂੰ ਵੋਟਰ ਵਜੋਂ ਰਜਿਸਟ੍ਰੇਸ਼ਨ ਕਰਵਾਉਣ ਲਈ ਪ੍ਰੇਰਿਤ ਕੀਤਾ।



# ਸੀ ਟੀ ਗਰੁੱਪ ਵੱਲੋਂ ਟਾਪਰਜ਼ ਦਾ ਸਨਮਾਨ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਮਕਸੂਦਾਂ ਵਿਖੇ ਅਕਾਦਮਿਕ ਐਕਸੀਲੈਂਸ ਐਵਾਰਡਜ਼ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇੰਟਰਨਲ ਕੁਆਲਿਟੀ ਐਸ਼ੋਰੈਂਸ ਸੈੱਲ (ਆਈ.ਕਿਊ.ਏ.ਸੀ.) ਵੱਲੋਂ ਆਯੋਜਿਤ ਇਸ ਸਮਾਰੋਹ ਵਿੱਚ ਲਗਭਗ 150 ਹੋਣਹਾਰ ਵਿਦਿਆਰਥੀਆਂ ਨੇ ਆਪਣੇ ਮਾਪਿਆਂ ਸਮੇਤ ਸ਼ਿਰਕਤ ਕੀਤੀ। ਸਮਾਰੋਹ ਦੌਰਾਨ ਵਿਦਿਆਰਥੀਆਂ ਦੀ ਮਿਹਨਤ, ਅਨੁਸ਼ਾਸਨ, ਸਮਰਪਣ ਅਤੇ ਅਕਾਦਮਿਕ ਉੱਤਮਤਾ ਨੂੰ ਸਨਮਾਨਤ ਕਰਨ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਦੇ ਅਹਿਮ ਯੋਗਦਾਨ ਨੂੰ ਵੀ ਉਜਾਗਰ ਕੀਤਾ ਗਿਆ।

ਇਸ ਮੌਕੇ ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਮਕਸੂਦਾਂ ਦੇ ਕੈਂਪਸ ਡਾਇਰੈਕਟਰ, ਡਾ. ਅਨੁਰਾਗ ਸ਼ਰਮਾ ਨੇ ਸਨਮਾਨਿਤ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਦੀ ਪ੍ਰਾਪਤੀ ਦਾ ਇੱਕ ਮਹੱਤਵਪੂਰਨ ਪੜਾਅ ਹੈ, ਪਰ ਅੰਤਿਮ ਮੰਜ਼ਿਲ ਨਹੀਂ।




# ਡੇਰਾਬੱਸੀ ਦੇ ਤਿੰਨ ਪਿੰਡਾਂ ਨੂੰ ਮਿਲੇ ਆਧੁਨਿਕ ਖੇਡ ਮੈਦਾਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਪਿੰਡ ਪੱਧਰ 'ਤੇ ਆਧੁਨਿਕ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਖੇਡ ਮੈਦਾਨ ਯੋਜਨਾ ਤਹਿਤ ਤਿਆਰ ਕੀਤੇ ਗਏ ਪਿੰਡ ਅਮਲਾਲਾ, ਭਾਂਖਰਪੁਰ ਅਤੇ ਬਿਜਨਪੁਰ ਦੇ ਖੇਡ ਮੈਦਾਨਾਂ ਦਾ ਉਦਘਾਟਨ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਕੀਤਾ ਗਿਆ। ਇਸ ਮੌਕੇ ਵਿਧਾਇਕ ਨੇ ਤਿੰਨਾਂ ਖੇਡ ਮੈਦਾਨਾਂ ਨੂੰ ਪਿੰਡ ਵਾਸੀਆਂ ਅਤੇ ਨੌਜਵਾਨਾਂ ਨੂੰ ਲੋਕ ਅਰਪਿਤ ਕੀਤਾ। ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਉਨ੍ਹਾਂ ਨੂੰ ਤੰਦਰੁਸਤ ਬਣਾਉਣ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਪਿੰਡ ਅਮਲਾਲਾ ਵਿਖੇ ਤਿਆਰ ਕੀਤੇ ਖੇਡ ਮੈਦਾਨ ਲਈ ਲਗਭਗ 45.65 ਲੱਖ ਰੁਪਏ ਦੀ ਅਨੁਮਾਨਿਤ ਰਕਮ ਹੈ। ਇੱਥੇ ਖਿਡਾਰੀਆਂ ਦੀ ਸਹੂਲਤ ਲਈ ਟਾਇਲਟ, ਚੇਨ ਲਿੰਕ ਫੈਂਸਿੰਗ, ਬੋਰਵੈੱਲ, ਹਾਈਡ੍ਰੈਂਟ ਅਤੇ ਸਪ੍ਰਿੰਕਲਰ ਸਿਸਟਮ, ਬੈਂਚ, ਹਾਈ ਮਾਸਟ ਲਾਈਟਾਂ ਅਤੇ ਬੈਲਾਰਡ ਲਾਈਟਾਂ ਸਮੇਤ ਵੱਖ-ਵੱਖ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ।ਪਿੰਡ ਭਾਂਖਰਪੁਰ ਵਿਖੇ ਖੇਡ ਮੈਦਾਨ ਲਈ ਲਗਭਗ 7.06 ਲੱਖ ਰੁਪਏ ਦੀ ਅਨੁਮਾਨਿਤ ਰਕਮ ਨਾਲ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ। ਮੈਦਾਨ ਵਿੱਚ ਹਾਈਡ੍ਰੈਂਟ ਅਤੇ ਸਪ੍ਰਿੰਕਲਰ ਸਿਸਟਮ, ਬੈਂਚ, ਬੋਰਵੈੱਲ, ਹਾਈ ਮਾਸਟ ਲਾਈਟਾਂ ਅਤੇ ਬੈਲਾਰਡ ਲਾਈਟਾਂ ਆਦਿ ਦੀਆਂ ਸਹੂਲਤਾਂ ਉਪਲਬਧ ਕਰਵਾਈਆਂ ਗਈਆਂ ਹਨ।ਇਸੇ ਤਰ੍ਹਾਂ ਪਿੰਡ ਬਿਜਨਪੁਰ ਵਿਖੇ ਤਿਆਰ ਕੀਤੇ ਖੇਡ ਮੈਦਾਨ 'ਤੇ ਲਗਭਗ 4.50 ਲੱਖ ਰੁਪਏ ਦੀ ਲਾਗਤ ਨਾਲ ਹਾਈਡ੍ਰੈਂਟ ਅਤੇ ਸਪ੍ਰਿੰਕਲਰ ਸਿਸਟਮ, ਬੈਂਚ, ਹਾਈ ਮਾਸਟ ਲਾਈਟਾਂ ਅਤੇ ਬੈਲਾਰਡ ਲਾਈਟਾਂ ਆਦਿ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ।

ਇਸ ਮੌਕੇ ਪਿੰਡ ਭਾਂਖਰਪੁਰ ਤੋਂ ਸਰਪੰਚ ਮਨਦੀਪ ਕੌਰ ਪਤਨੀ ਜਗਪ੍ਰੀਤ ਸਿੰਘ, ਪਿੰਡ ਅਮਲਾਲਾ ਤੋਂ ਸਰਪੰਚ ਹਰਨਿੰਦਰ ਸਿੰਘ, ਪਿੰਡ ਬਿਜਨਪੁਰ ਤੋਂ ਸਰਪੰਚ ਬਲਕਾਰ ਸਿੰਘ, ਬਲਾਕ ਸੰਮਤੀ ਮੈਂਬਰ ਪਰਮਜੀਤ ਕੌਰ, ਰਾਜ ਰਾਣੀ ਪਤਨੀ ਅਸ਼ੋਕ ਕੁਮਾਰ, ਬਲਾਕ ਪ੍ਰਧਾਨ ਸਾਹਿਬਾਨ, ਪਾਰਟੀ ਦੇ ਹੋਰ ਆਗੂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਰਹੇ।



# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਸੰਬੰਧੀ ਧਾਰਮਿਕ ਸਮਾਗਮਾਂ ਦਾ ਪੋਸਟਰ ਜਾਰੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਜਗਤ ਮਾਤਾ ਸੁਲੱਖਣੀ ਜੀ ਦੇ ਪਵਿੱਤਰ ਵਿਆਹ ਪੁਰਬ ਨੂੰ ਲੈ ਕੇ ਧਾਰਮਿਕ ਸਮਾਗਮਾਂ ਦੀਆਂ ਤਿਆਰੀਆਂ ਸ਼ੁਰੂ ਹੋ ਗਈਆਂ ਹਨ। ਇਸੇ ਸਬੰਧੀ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਜਾਣ ਵਾਲੇ ਧਾਰਮਿਕ ਸਮਾਗਮਾਂ ਸੰਬੰਧੀ ਪੋਸਟਰ ਵੀ ਜਾਰੀ ਕੀਤਾ ਗਿਆ। ਮੀਟਿੰਗ ਦੌਰਾਨ ਵਿਆਹ ਪੁਰਬ ਦੀਆਂ ਤਿਆਰੀਆਂ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਗਿਆ। ਐਸ ਜੀ ਪੀ ਸੀ ਮੈਂਬਰਾਂ ਨੇ ਦੱਸਿਆ ਕਿ ਇਸ ਵਾਰ 16 ਅਤੇ 17 ਸਤੰਬਰ ਨੂੰ ਵਿਆਹ ਪੁਰਬ ਦੀ ਯਾਦ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਇਸ ਦੇ ਨਾਲ ਹੀ ਐਸ ਜੀ ਪੀ ਸੀ ਮੈਂਬਰਾਂ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਪੁਖਤਾ ਪ੍ਰਬੰਧ ਕਰਨ ਦੀ ਬੇਨਤੀ ਕੀਤੀ। ਜ਼ਿਕਰਯੋਗ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਹਰ ਸਾਲ ਅਲੌਕਿਕ ਬਰਾਤ ਰੂਪੀ ਨਗਰ ਕੀਰਤਨ ਸਜਾਇਆ ਜਾਂਦਾ ਹੈ। ਇਹ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਬਾਬਾ ਬਕਾਲਾ ਸਾਹਿਬ ਦੇ ਰਸਤੇ ਰਾਤ ਸਮੇਂ ਗੁਰਦੁਆਰਾ ਸਤਿਕਰਤਾਰੀਆ ਸਾਹਿਬ ਵਿਖੇ ਵਿਸ਼ਰਾਮ ਕਰਦਾ ਹੈ। ਅਗਲੇ ਦਿਨ ਸਵੇਰੇ 7 ਵਜੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਤੋਂ ਨਗਰ ਕੀਰਤਨ ਦੀ ਸ਼ੁਰੂਆਤ ਹੁੰਦੀ ਹੈ, ਜੋ ਬਟਾਲਾ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਪਹੁੰਚਦਾ ਹੈ। ਇਸ ਧਾਰਮਿਕ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਸ਼ਰਧਾ ਨਾਲ ਸ਼ਾਮਲ ਹੁੰਦੀ ਹੈ।



# ਕੇਂਦਰ ਸਰਕਾਰ ਸਰਮਾਏਦਾਰਾਂ ਨੂੰ ਲਾਭ ਪਹੁੰਚਾ ਕੇ ਗਰੀਬਾਂ ਦਾ ਕੱਢ ਰਹੀ ਕਚੂਮਰ

**ਅੱਡਾ ਸਰਾਂ (ਜਸਵੀਰ ਕਾਜਲ)**- ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਆਮ ਲੋਕਾਂ, ਮਜ਼ਦੂਰਾਂ ਅਤੇ ਗਰੀਬ ਵਰਗ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ, ਸਮਾਜ ਸੇਵੀ ਤੇ ਸਾਬਕਾ ਸਰਪੰਚ ਐਡਵੋਕੇਟ ਦਮਨਦੀਪ ਸਿੰਘ ਬਿੱਲਾ ਦਰੀਆ ਨੇ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾਂ ਨੇ ਕੇਂਦਰ ਅਤੇ ਸੂਬਾ ਸਰਕਾਰ ਖਿਲਾਫ ਰੋਸ ਪ੍ਰਗਟ ਕਰਦੇ ਹੋਏ ਕਿਹਾ ਕਿ ਪਿਛਲੇ ਸਮੇਂ ਦੇ ਦੌਰਾਨ ਪੈਟਰੋਲ ਡੀਜ਼ਲ ਦੀਆਂ ਕੀਮਤਾਂ 'ਚ ਵਾਧਾ ਹੋਣ ਦੇ ਨਾਲ ਨਾਲ ਆਮ ਇਨਸਾਨ ਦੀਆਂ ਜ਼ਰੂਰਤਾਂ 'ਚ ਸ਼ਾਮਲ ਜ਼ਰੂਰੀ ਵਸਤੂਆਂ ਦਾ ਰੇਟ ਲਗਾਤਾਰ ਵਧ ਰਹੇ ਹੈ ਅਤੇ ਅੱਤ ਦੀ ਮਹਿੰਗਾਈ ਨਾਲ ਜੂਝਣਾ ਪੈ ਰਿਹਾ ਹੈ। ਐਡਵੋਕੇਟ ਬਿੱਲਾ ਦਰੀਆ ਨੇ ਹੋਰ ਕਿਹਾ ਕਿ ਸਰਕਾਰਾਂ ਵੱਲੋਂ ਵੱਡੇ ਸਰਮਾਏਦਾਰਾਂ ਅਤੇ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਦੀ ਬਜਾਏ ਆਮ ਲੋਕਾਂ ਨੂੰ ਰਾਹਤ ਦੇਣ ਵੱਲ ਧਿਆਨ ਦੇਣਾ ਚਾਹੀਦਾ ਹੈ।



# ਬੱਚਿਆਂ ਨੇ ਜਨਮ ਅਸ਼ਟਮੀ ਮੌਕੇ 'ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ

**ਕਰਤਾਰਪੁਰ (ਹਰਮੇਸ਼ ਦੱਤ)**- ਸੰਤ ਬਾਬਾ ਨਿਧਾਨ ਸਿੰਘ ਪਬਲਿਕ ਸਕੂਲ, ਕਰਤਾਰਪੁਰ ਦੇ ਬੱਚਿਆਂ ਨੇ ਜਨਮ ਅਸ਼ਟਮੀ ਦੇ ਮੌਕੇ 'ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਭਗਵਾਨ ਕ੍ਰਿਸ਼ਨ ਦੇ ਜਨਮ 'ਤੇ ਇੱਕ ਪੇਸ਼ਕਾਰੀ ਨਾਲ ਹੋਈ। ਬੱਚਿਆਂ ਨੇ ਗੀਤ ਗਾਏ ਅਤੇ ਪਿਆਰ ਨੂੰ ਦਰਸਾਉਂਦੇ ਇੱਕ ਨਾਟਕ ਪੇਸ਼ ਕੀਤਾ। ਰਾਧਾ ਅਤੇ ਕ੍ਰਿਸ਼ਨ ਦੀਆਂ ਪ੍ਰੇਮ ਕਹਾਣੀਆਂ ਨੂੰ ਵੀ ਸੁੰਦਰ ਢੰਗ ਨਾਲ ਪੇਸ਼ ਕੀਤਾ ਗਿਆ। ਭਗਵਾਨ ਕ੍ਰਿਸ਼ਨ ਦੇ ਇਸ ਸ਼ੁਭ ਮੌਕੇ 'ਤੇ ਜਨਮ ਅਸ਼ਟਮੀ ਨੂੰ ਦਹੀਂ-ਹਾਂਡੀ ਤੋੜ ਕੇ ਬਹੁਤ ਧੂਮਧਾਮ ਨਾਲ ਮਨਾਇਆ ਗਿਆ। ਸਕੂਲ ਦੀ ਚੇਅਰਪਰਸਨ ਸੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਭਗਵਾਨ ਕ੍ਰਿਸ਼ਨ ਦੁਆਰਾ ਦਿਖਾਏ ਗਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਡਾ. ਚਰਨ ਸਿੰਘ, ਡਾ. ਪਿਆਰਾ ਸਿੰਘ, ਮਨਦੀਪ ਕੌਰ, ਸਤਨਾਮ ਸਿੰਘ ਅਤੇ ਪਲਵਿੰਦਰ ਕੌਰ ਨੇ ਬੱਚਿਆਂ ਨੂੰ ਜਨਮ ਅਸ਼ਟਮੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਦੇ ਅਧਿਆਪਕ ਨੀਲਮ, ਨੇਹਾ, ਗੁਰਜੀਤ, ਇੰਦਰਜੀਤ ਅਤੇ ਰੇਸ਼ਮਾ ਵੀ ਮੌਜੂਦ ਸਨ।



## ਜਾਤੀ ਜਨਗਣਨਾ 'ਚ ਪੱਛੜੀਆਂ ਸ਼੍ਰੇਣੀਆਂ ਦਾ ਬਣਾਇਆ ਜਾਵੇ ਕਾਲਮ : ਜਥੇਬੰਦੀਆਂ



**ਮਾਨਸਾ (ਆਤਮਾ ਸਿੰਘ ਪਮਾਰ)**-ਬਾਮਸੇਫ ਦੇ ਪ੍ਰਚਾਰ ਸਕੱਤਰ ਰਵਿੰਦਰ ਮਾਲੀ ਤੇ ਡਾ. ਕੇਵਲ ਸਿੰਘ ਜ਼ਿਲ੍ਹਾ ਪ੍ਰਧਾਨ ਪੱਛੜੀਆਂ ਸ਼੍ਰੇਣੀਆਂ ਮਾਨਸਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਮਾਨਸਾ ਨਵਜੋਤ ਕੌਰ ਨੂੰ ਮੰਗ ਪੱਤਰ ਸੌਂਪਿਆ ਗਿਆ ਅਤੇ ਮੰਗ ਕੀਤੀ ਕਿ ਦੇਸ਼ ਭਰ 'ਚ 550 ਜ਼ਿਲ੍ਹਿਆਂ 'ਚ ਜਨਗਣਨਾ ਕਰਦੇ ਸਮੇਂ ਓਬੀਸੀ ਦੀ ਜਾਤੀ ਅਧਾਰਤ ਗਿਣਤੀ ਕਰਵਾਈ ਜਾਵੇ।ਉਨ੍ਹਾਂ ਸ਼ੰਕਾ ਜ਼ਾਹਰ ਕੀਤੀ ਕਿ ਓਬੀਸੀ ਦਾ ਕਾਲਮ ਹੀ ਬਣਾਇਆ ਗਿਆ।ਮੰਡਲ ਕਮਿਸ਼ਨ ਦੀ ਰਿਪੋਰਟ ਅਨੁਸਾਰ 27 ਰਾਖਵਾਂਕਰਨ ਦੇਣ ਦਾ ਪ੍ਰਾਵਧਾਨ ਕੀਤਾ ਗਿਆ ਹੈ, ਪ੍ਰੰਤੂ ਅਸਲੀ ਰੂਪ ਵਿੱਚ ਇਸ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਇਸ ਵਰਗ ਨੂੰ ਲੋਕ ਸਭਾ, ਵਿਧਾਨ ਸਭਾ ਤੇ ਹੋਰ ਸੰਵਿਧਾਨਕ ਸੰਸਥਾਵਾਂ 'ਚ ਬਣਦੀ ਹਿੱਸੇਦਾਰੀ ਦਿੱਤੀ ਜਾਵੇ।ਇਸ ਮੌਕੇ ਜਸਵੰਤ ਸਿੰਘ ਕਾਰਜਕਾਰੀ ਪ੍ਰਧਾਨ ਬਹੁਜਨ ਮੁਕਤੀ ਪਾਰਟੀ ਮਾਨਸਾ, ਲਾਲ ਚੰਦ ਯਾਦਵ, ਰਘਬੀਰ ਸਿੰਘ ਰਾਮਗੜ੍ਹੀਆ ਬਸਪਾ, ਪ੍ਰੇਮ ਸਿੰਘ ਹੀਰੇਵਾਲਾ, ਸੁਰਿੰਦਰ ਸਿੰਘ ਤੇ ਸ਼ੇਰ ਸਿੰਘ ਪਟਵਾਰੀ ਆਦਿ ਹਾਜ਼ਰ ਸਨ।

## ਮੁੱਖ ਮੰਤਰੀ ਭੈਣ ਦੇ ਸਹੁਰੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਪੁੱਜੇ



**ਭਵਾਨੀਗੜ੍ਹ (ਰਾਜ ਖੁਰਮੀ)**-ਮੁੱਖ ਮੰਤਰੀ ਭਗਵੰਤ ਮਾਨ ਦੀ ਭੈਣ ਮਨਪ੍ਰੀਤ ਕੌਰ ਦੇ ਸਹੁਰੇ ਅਜੀਤ ਸਿੰਘ ਦੇ ਪਿਛਲੇ ਦਿਨੀਂ ਹੋਏ ਅਕਾਲ ਚਲਾਣੇ 'ਤੇ ਵੱਖ-ਵੱਖ ਸਿਆਸੀ ਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਜਾ ਰਿਹਾ ਹੈ।ਇਸੇ ਤਹਿਤ ਅੱਜ ਨੇੜਲੇ ਪਿੰਡ ਰਾਮਪੁਰਾ ਵਿਖੇ ਮੁੱਖ ਮੰਤਰੀ ਦੀ ਭੈਣ ਮਨਪ੍ਰੀਤ ਕੌਰ ਦੇ ਗ੍ਰਹਿ ਵਿਖੇ ਪਹੁੰਚ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨੇ ਸਵਰਗੀ ਅਜੀਤ ਸਿੰਘ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪਰਵਾਰ ਦੇ ਇੱਕ ਅਹਿਮ ਮੈਂਬਰ ਦਾ ਵਿਛੋੜਾ ਨਾ ਪੂਰਾ ਹੋਣ ਵਾਲਾ ਘਾਟਾ ਹੈ।ਉਨ੍ਹਾਂ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਿੱਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ।ਇਸ ਮੌਕੇ ਮਨਪ੍ਰੀਤ ਕੌਰ, ਤਰਲੋਕ ਸਿੰਘ ਸਮੇਤ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਦਿਆਂ ਹੌਸਲਾ ਦਿੱਤਾ ਗਿਆ।ਪਿੰਡ ਰਾਮਪੁਰਾ ਦੇ ਵਸਨੀਕਾਂ ਵੱਲੋਂ ਵੀ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ।

## ਬਾਬਾ ਫਰੀਦ ਸੋਸਾਇਟੀ ਨੇ ਨੀਟ ਪ੍ਰੀਖਿਆ 'ਚ ਅੱਵਲ ਰਹਿਣ ਵਾਲੇ 3 ਵਿਦਿਆਰਥੀਆਂ ਦੀ ਫੜੀ ਬਾਂਹ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਸ. ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਹੇਠ ਬਾਬਾ ਫਰੀਦ ਧਾਰਮਿਕ ਤੇ ਚੈਰੀਟੇਬਲ ਸੁਸਾਇਟੀ ਫਰੀਦਕੋਟ ਵੱਲੋਂ ਸਮਾਜ ਭਲਾਈ ਦੇ ਮਨੋਰਥ ਦੀ ਸੇਵਾ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਲੜੀ ਨੂੰ ਅੱਗੇ ਵਧਾਉਂਦਿਆਂ ਇਸ ਸਾਲ ਤਿੰਨ ਲੋੜਵੰਦ ਤੇ ਹੋਣਹਾਰ ਵਿਦਿਆਰਥੀਆਂ ਦੀ ਮੈਡੀਕਲ ਕੋਰਸ ਵਿੱਚ ਦਾਖ਼ਲੇ ਲਈ ਫੀਸ ਭਰਨ ਦਾ ਐਲਾਨ ਕੀਤਾ ਤਾਂ ਕਿ ਉਨ੍ਹਾਂ ਦੇ ਡਾਕਟਰ ਬਣਨ ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਅਹਿਮ ਯੋਗਦਾਨ ਪਾਇਆ ਜਾ ਸਕੇ।ਇਨ੍ਹਾਂ ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਮੈਡੀਕਲ ਕਾਲਜਾਂ ਦੀ ਯੋਗਤਾ ਹਾਸਲ ਕੀਤੀ, ਪਰ ਪਰਵਾਰਾਂ ਦੀ ਕਮਜ਼ੋਰ ਆਰਥਿਕ ਸਥਿਤੀ ਕਾਰਨ ਦਾਖ਼ਲਾ ਫੀਸ ਭਰਨਾ ਉਨ੍ਹਾਂ ਲਈ ਮੁਸ਼ਕਲ ਬਣਿਆ ਹੋਇਆ ਸੀ।ਇਸ ਸਬੰਧੀ ਜਾਣਕਾਰੀ ਮਿਲਣ 'ਤੇ ਸੁਸਾਇਟੀ ਨੇ ਤੁਰੰਤ ਸਹਾਇਤਾ ਦਾ ਹੱਥ ਵਧਾਉਂਦਿਆਂ ਤਿੰਨਾਂ ਵਿਦਿਆਰਥੀਆਂ ਦੀ ਦਾਖ਼ਲਾ ਫੀਸ ਭਰਨ ਦਾ ਐਲਾਨ ਕੀਤਾ ਹੈ।ਸੁਸਾਇਟੀ ਦੇ ਪ੍ਰਬੰਧਕਾਂ ਨੇ ਕਿਹਾ ਕਿ ਆਰਥਿਕ ਤੰਗੀ ਕਿਸੇ ਵੀ ਪ੍ਰਤਿਭਾਸ਼ਾਲੀ ਵਿਦਿਆਰਥੀ ਦੀ ਸਿੱਖਿਆ ਤੇ ਸੁਨਹਿਰੇ ਭਵਿੱਖ ਦੇ ਰਾਹ ਵਿੱਚ ਰੁਕਾਵਟ ਨਹੀਂ ਬਣਨੀ ਚਾਹੀਦੀ।ਸਿੱਖਿਆ ਸਮਾਜ ਦੀ ਤਰੱਕੀ ਦਾ ਮੁੱਖ ਆਧਾਰ ਹੈ। ਇਸ ਐਲਾਨ ਮੌਕੇ ਕਮੇਟੀ ਵੱਲੋਂ ਸ੍ਰ. ਗੁਰਜਾਪ ਸਿੰਘ ਸੇਖੋਂ, ਸ੍ਰ. ਸੁਰਿੰਦਰ ਸਿੰਘ ਰੋਮਾਣਾ, ਸ੍ਰ. ਦੀਪਇੰਦਰ ਸਿੰਘ ਸੇਖੋਂ ਤੇ ਸ੍ਰ. ਨਰਿੰਦਰਪਾਲ ਸਿੰਘ ਬਰਾੜ ਸ਼ਾਮਲ ਸਨ।

## ਅਧਿਆਪਕ ਸਮਾਜ ਦੀ ਮਜ਼ਬੂਤ ਨੀਂਹ : ਪ੍ਰਿੰ. ਗੁਰਜੀਤ ਸਿੰਘ



**ਨਿਹਾਲ ਸਿੰਘ ਵਾਲਾ (ਲਖਵੀਰ ਕੁਮਾਰ)**-ਸ਼ਹੀਦ ਸੂਬੇਦਾਰ ਅਵਤਾਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਦੇ ਇੰਚਾਰਜ ਪ੍ਰਿੰਸੀਪਲ ਗੁਰਜੀਤ ਸਿੰਘ ਮਾਛੀਕੇ ਨੇ ਕਿਹਾ ਕਿ ਅਧਿਆਪਕ ਸਿਰਫ਼ ਗਿਆਨ ਦੇਣ ਵਾਲਾ ਵਿਅਕਤੀ ਨਹੀਂ, ਸਗੋਂ ਉਹ ਸਮਾਜ ਦਾ ਨਿਰਮਾਤਾ, ਵਿਦਿਆਰਥੀਆਂ ਦਾ ਮਾਰਗ-ਦਰਸ਼ਕ ਤੇ ਦੇਸ਼ ਦੇ ਭਵਿੱਖ ਨੂੰ ਘੜਨ ਵਾਲਾ ਸ਼ਿਲਪਕਾਰ ਹੁੰਦਾ ਹੈ।ਤਕਨਾਲੋਜੀ ਦੇ ਇਸ ਯੁੱਗ ਵਿੱਚ ਵਿਦਿਆਰਥੀਆਂ ਨੂੰ ਸਹੀ ਦਿਸ਼ਾ ਦਿਖਾਉਣਾ, ਉਨ੍ਹਾਂ ਅੰਦਰ ਨੈਤਿਕ ਕਦਰਾਂ ਪੈਦਾ ਕਰਨਾ ਤੇ ਉਨ੍ਹਾਂ ਨੂੰ ਇੱਕ ਜ਼ਿੰਮੇਵਾਰ ਨਾਗਰਿਕ ਬਣਾਉਣਾ ਅਧਿਆਪਕ ਦਾ ਸਭ ਤੋਂ ਮਹੱਤਵਪੂਰਨ ਫਰਜ਼ ਹੈ।ਉਨ੍ਹਾਂ ਕਿਹਾ ਕਿ ਸਾਡੇ ਅਧਿਆਪਕ ਆਪਣੀ ਡਿਊਟੀ ਨੂੰ ਸਿਰਫ਼ ਨੌਕਰੀ ਨਹੀਂ, ਸਗੋਂ ਇੱਕ ਪਵਿੱਤਰ ਸੇਵਾ ਸਮਝ ਕੇ ਨਿਭਾਅ ਰਹੇ ਹਨ। ਅਧਿਆਪਕ ਦੀ ਮਿਹਨਤ ਦਾ ਅਸਲ ਸਨਮਾਨ ਉਸ ਵੇਲੇ ਹੁੰਦਾ ਹੈ, ਜਦੋਂ ਉਸ ਦਾ ਵਿਦਿਆਰਥੀ ਸਿੱਖਿਆ ਦੇ ਨਾਲ ਚੰਗਾ ਇਨਸਾਨ ਵੀ ਬਣਦਾ ਹੈ। ਅਧਿਆਪਕ ਸਮਾਜ ਦੀ ਉਹ ਮਜ਼ਬੂਤ ਨੀਂਹ ਹੈ, ਜਿਸ ਉੱਤੇ ਦੇਸ਼ ਦੇ ਸੁਨਹਿਰੀ ਭਵਿੱਖ ਦੀ ਇਮਾਰਤ ਖੜ੍ਹੀ ਹੁੰਦੀ ਹੈ।

## ਫਰੀਦਕੋਟ ਮੰਡੀ 'ਚ ਬਾਸਮਤੀ 1509 ਦੀ ਧਮਾਕੇਦਾਰ ਸ਼ੁਰੂਆਤ

### 4044 ਰੁਪਏ ਪ੍ਰਤੀ ਕੁਇੰਟਲ ਵਿਕੀ ਪਹਿਲੀ ਫਸਲ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਸਥਾਨਕ ਅਨਾਜ ਮੰਡੀ ਵਿਖੇ ਨਵੇਂ ਝੋਨੇ ਦੀਆਂ ਰੌਣਕਾਂ ਪਰਤ ਆਈਆਂ ਹਨ।ਬਾਸਮਤੀ 1509 ਦੀ ਅਧਿਕਾਰਤ ਆਮਦ ਦੇ ਨਾਲ ਹੀ ਖਰੀਦਦਾਰਾਂ ਤੇ ਵਪਾਰੀਆਂ ਵਿੱਚ ਜ਼ਬਰਦਸਤ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਸੀਜ਼ਨ ਦੇ ਪਹਿਲੇ ਹੀ ਦਿਨ ਮੰਡੀ 'ਚ ਪਹੁੰਚੇ ਬਾਸਮਤੀ 1509 ਦੇ ਦੋ ਤੋਂ ਤਿੰਨ ਢੇਰੀਆਂ 'ਤੇ ਬੋਲੀ ਲਗਵਾਉਣ ਤੋਂ ਬਾਅਦ 'ਤਾਊ ਐਗਰੋਟੈਕ' ਨੇ ₹4044 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਫਸਲ ਦੀ ਖਰੀਦ ਕੀਤੀ।ਸ਼ੁਰੂਆਤੀ ਬੋਲੀ ਦੌਰਾਨ ਵੱਖ-ਵੱਖ ਰਾਈਸ ਮਿੱਲਾਂ ਤੇ ਨਾਮੀ ਵਪਾਰਕ ਫਰਮਾਂ ਵਿਚਕਾਰ ਬੋਲੀ ਲਗਾਉਣ ਦੀ ਉਤਸ਼ਾਹਪੂਰਨ ਦੌੜ ਦੇਖਣ ਨੂੰ ਮਿਲੀ।ਇਸ ਦੌਰਾਨ ਸ਼੍ਰੀ ਰਾਧਾ ਕ੍ਰਿਸ਼ਨ ਟ੍ਰੇਡ, ਤ੍ਰਿਵੇਣੀ ਰਾਈਸ ਇੰਡਸਟਰੀ, ਮਾਨਵੇਂ ਇੰਟਰ ਤੇ ਜੰਨ ਇੰਟਰਨੈਸ਼ਨਲ ਵਰਗੀਆਂ ਪ੍ਰਮੁੱਖ ਫਰਮਾਂ ਨੇ ਬੋਲੀ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਸੀਜ਼ਨ ਦੀ ਸ਼ੁਰੂਆਤ ਵਿੱਚ ਹੀ ₹4,000 ਤੋਂ ਪਾਰ ਦੀ ਬੋਲੀ ਜਾਣ ਕਰਕੇ ਵੱਡੇ ਖਰੀਦਦਾਰਾਂ ਦੀ ਮੌਜੂਦਗੀ ਨੇ ਕਿਸਾਨਾਂ ਦੇ ਚਿਹਰਿਆਂ 'ਤੇ ਖੁਸ਼ੀ ਲਿਆ ਦਿੱਤੀ ਹੈ।ਕਮਿਸ਼ਨ ਏਜੰਟਾਂ ਤੇ ਕਿਸਾਨ ਆਗੂਆਂ ਅਨੁਸਾਰ ਆਉਣ ਵਾਲੇ ਦਿਨਾਂ ਵਿੱਚ ਵੀ ਬਾਸਮਤੀ ਦੀ ਆਮਦ ਤੇਜ਼ ਹੋਣ ਦੀ ਉਮੀਦ ਹੈ।ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਮੰਡੀ ਵਿੱਚ ਫਸਲ ਲਿਆਉਣ ਸਮੇਂ ਨਮੀ ਦੀ ਮਾਤਰਾ ਦਾ ਖਾਸ ਧਿਆਨ ਰੱਖਣ, ਤਾਂ ਜੋ ਉਨ੍ਹਾਂ ਨੂੰ ਫਸਲ ਦਾ ਵੱਧ ਤੋਂ ਵੱਧ ਵਾਜਬ ਭਾਅ ਮਿਲ ਸਕੇ।ਇਸ ਮੌਕੇ ਮੰਡੀ ਬੋਰਡ ਦੇ ਸੁਪਰਵਾਈਜ਼ਰ ਮਨਤੇਜ ਸਿੰਘ ਨੇ ਕਿਹਾ ਕਿ ਮੰਡੀ ਦੇ ਪ੍ਰਬੰਧ ਪੂਰੇ ਹਨ ਤੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਪ੍ਰਮੁੱਖ ਆੜ੍ਹਤੀ ਤੇ ਪਤਵੰਤੇ ਜਿਵੇਂ ਕਿ ਵਿਨੋਦ ਕੁਮਾਰ, ਰਵਿੰਦਰ ਗਰਗ, ਸੋਨੂੰ, ਸਰਬਜੀਤ ਸਿੰਘ, ਮਹਿੰਦਰ ਕੁਮਾਰ ਬਾਂਸਲ ਤੇ ਮੁਕੇਸ਼ ਕੁਮਾਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਮੰਦਰ ਕਮੇਟੀ ਵੱਲੋਂ ਸੁਖਨੰਦਨ ਅਗਰਵਾਲ ਪਰਵਾਰ ਦਾ ਸਨਮਾਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪ੍ਰਾਚੀਨ ਸ੍ਰੀ ਸ਼ਿਵ ਸ਼ਨੀ ਮੰਦਰ ਪ੍ਰਬੰਧਕ ਕਮੇਟੀ (ਮਾਲ ਸਾਹਿਬ) ਵੱਲੋਂ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਵਿੱਤਰ ਤਿਉਹਾਰ ਨੂੰ ਦੇਖਦੇ ਹੋਏ ਘਰ-ਘਰ ਰਾਧਾ-ਕ੍ਰਿਸ਼ਨ ਨਾਮ ਦੇ ਪ੍ਰਚਾਰ ਦੀ ਸੋਚ ਨਾਲ ਰੋਜ਼ਾਨਾ ਇੱਕ ਘਰ ਵਿੱਚ ਸੰਕੀਰਤਨ ਕਰਵਾਇਆ ਜਾ ਰਿਹਾ ਹੈ।ਇਸੇ ਲੜੀ ਤਹਿਤ ਅੱਜ ਦਾ ਸੰਕੀਰਤਨ ਭਾਰਤੀ ਜਨਤਾ ਪਾਰਟੀ ਦੇ ਹਲਕਾ ਇੰਚਾਰਜ ਸੁਖਨੰਦਨ ਅਗਰਵਾਲ, ਮਨੀਸ਼ ਗਰਗ ਟੀਨੀ ਤੇ ਸਤੀਸ਼ ਗਰਗ ਸੋਨੂ ਦੇ ਗ੍ਰਹਿ ਵਿਖੇ ਕਰਵਾਇਆ ਗਿਆ।ਗਰਗ ਪਰਵਾਰ ਵੱਲੋਂ ਬੜੀ ਹੀ ਸ਼ਰਧਾ ਤੇ ਭਾਵਨਾ ਨਾਲ ਸੰਕੀਰਤਨ ਕਰਵਾਇਆ ਗਿਆ।ਇਸ ਮੌਕੇ ਭਜਨ ਮੰਡਲੀ ਦੇ ਸੁਮਿਤ, ਸਾਹਿਲ, ਚੰਚਲ, ਕਮਲ ਕਿਸ਼ੋਰ ਤੇ ਪੰਡਿਤ ਕਾਕੂ ਸ਼ਰਮਾ ਜੀ ਵੱਲੋਂ ਭਗਤੀਮਈ ਭਜਨ ਪੇਸ਼ ਕਰਕੇ ਸੰਗਤ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਪ੍ਰਧਾਨ ਰਾਜ ਕੁਮਾਰ ਗਰਗ, ਸ੍ਰੀਮਤੀ ਰਵਿੰਦਰਾ ਸ਼ਾਹੀ, ਯੋਗੇਸ਼ ਬਾਂਸਲ ਯੋਗੀ, ਮੁਨੀਸ਼ ਗਰਗ ਟੀਨੀ, ਵਿੱਕੀ ਗਰਗ, ਦੀਪਕ ਬਾਂਸਲ ਰੇਲੂ, ਕੇਵਲ ਕੁਮਾਰ ਬਿੱਟਾ, ਅਮਿਤ ਅਗਰਵਾਲ, ਜਸਵੀਰ ਕੁਮਾਰ ਤੇਰੀ, ਦੀਪਕ ਗਰਗ, ਲਵਪ੍ਰੀਤ ਲਵ, ਰੌਣਾ ਜਿੰਦਲ, ਜੋਨੀ ਗਰਗ, ਜਤਿਨ ਅਰੋੜਾ, ਅੰਸ਼ੀ ਜਿੰਦਲ, ਜੁਗਨੂੰ ਗਰਗ, ਨਥੂ ਅਰੋੜਾ, ਰਾਹੁਲ ਖੱਤਰੀ, ਸਾਹਿਲ ਕੁਮਾਰ, ਗਗਨ ਗੋਇਲ, ਰਿਤੂ ਮੰਗਲਾ, ਆਸ਼ੂ ਭੰਡਾਰੀ, ਸ਼ਿਵਮ ਕਟਾਰੀਆ, ਰੋਹਿਤ ਕੁਮਾਰ ਰਿੰਕੂ ਤੇ ਦੀਪਾਂਸ਼ੂ ਕਪੂਰ ਆਦਿ ਹਾਜ਼ਰ ਸਨ।

## ਅੰਤਰ-ਜ਼ਿਲ੍ਹਾ ਸਕੂਲ ਖੇਡਾਂ ਦਾ ਆਰ ਐੱਸ ਡੀ ਪਬਲਿਕ ਸਕੂਲ 'ਚ ਸ਼ਾਨਦਾਰ ਆਯੋਜਨ

### ਜੇਤੂਆਂ ਨੂੰ ਮੈਡਲਾਂ ਤੇ ਇਨਾਮਾਂ ਨਾਲ ਕੀਤਾ ਸਨਮਾਨਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਰ.ਐੱਸ.ਡੀ. ਰਾਜ ਰਤਨ ਪਬਲਿਕ ਸਕੂਲ, ਫਿਰੋਜ਼ਪੁਰ ਸ਼ਹਿਰ ਵਿਖੇ 70ਵੀਂ ਪੰਜਾਬ ਸਕੂਲ ਅੰਤਰ-ਜ਼ਿਲ੍ਹਾ ਖੇਡ ਪ੍ਰਤੀਯੋਗਤਾ 2026-27 ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਖੇਡ ਮੁਕਾਬਲਿਆਂ ਦੌਰਾਨ ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੇ ਖਿਡਾਰੀਆਂ ਨੇ ਪੂਰੇ ਜੋਸ਼ ਤੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਪੂਰਾ ਮਾਹੌਲ ਖੇਡ ਭਾਵਨਾ ਤੇ ਮੁਕਾਬਲੇ ਦੇ ਜਜ਼ਬੇ ਨਾਲ ਭਰਿਆ ਰਿਹਾ। ਸਮਾਗਮ ਵਿਚ ਜ਼ਿਲ੍ਹਾ ਸਿੱਖਿਆ ਅਫ਼ਸਰ (ਡੀ.ਈ.ਓ.) ਮਨਿਲਾ ਅਰੋੜਾ, ਡੀ.ਐੱਮ. ਅਕਸ਼ ਤੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਨੇ ਮੁੱਖ ਤੌਰ 'ਤੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਪਿੰਡ ਸਤੇਵਾਲਾ ਦੇ ਸਰਪੰਚ ਕੁਲਦੀਪ ਸਿੰਘ ਭੁੱਲਰ ਤੇ ਜ਼ਿਲ੍ਹਾ ਤਾਈਕਵਾਂਡੋ ਐਸੋਸੀਏਸ਼ਨ ਫਿਰੋਜ਼ਪੁਰ ਦੇ ਅਹੁਦੇਦਾਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਮੁਕਾਬਲਿਆਂ ਦੌਰਾਨ ਜ਼ਿਲ੍ਹਾ ਸਕੱਤਰ ਗੁਰਸਾਹਬ ਸਿੰਘ ਤੇ ਸਕੂਲ ਦੀ ਪ੍ਰਿੰਸੀਪਲ ਡਾ. ਪ੍ਰਵੀਨ ਔਲ ਸਮੇਤ ਸਕੂਲ ਦੇ ਪ੍ਰਧਾਨ ਐੱਸ.ਪੀ. ਆਨੰਦ ਨੇ ਖਿਡਾਰੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ। ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਜੇਤੂ ਖਿਡਾਰੀਆਂ ਨੂੰ ਮੈਡਲ ਤੇ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਅਧਿਕਾਰੀਆਂ ਨੇ ਕਿਹਾ ਕਿ ਖੇਡਾਂ ਬੱਚਿਆਂ ਦੇ ਸਰੀਰਕ ਵਿਕਾਸ ਦੇ ਨਾਲ-ਨਾਲ ਮਾਨਸਿਕ ਮਜ਼ਬੂਤੀ ਲਈ ਵੀ ਬੇਹੱਦ ਮਹੱਤਵਪੂਰਨ ਹਨ। ਖੇਡਾਂ ਰਾਹੀਂ ਨੌਜਵਾਨਾਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਅਗਵਾਈ ਦੇ ਗੁਣ ਤੇ ਟੀਮ ਵਰਕ ਦੀ ਭਾਵਨਾ ਵਿਕਸਤ ਹੁੰਦੀ ਹੈ।

ਅੰਤ ਵਿੱਚ ਸਕੂਲ ਪ੍ਰਬੰਧਨ ਤੇ ਖੇਡ ਕਮੇਟੀ ਵੱਲੋਂ ਸਮਾਗਮ ਨੂੰ ਸਫਲ ਬਣਾਉਣ ਲਈ ਪਹੁੰਚੇ ਸਾਰੇ ਮਹਿਮਾਨਾਂ, ਕੋਚਾਂ, ਅਧਿਆਪਕਾਂ ਤੇ ਖਿਡਾਰੀਆਂ ਦਾ ਧੰਨਵਾਦ ਕੀਤਾ ਗਿਆ। ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਵਧੀਆ ਮੰਚ ਪ੍ਰਦਾਨ ਕਰਦੇ ਹਨ।

## ਕਿੰਡਰ ਗਾਰਟਨ ਸਕੂਲ 'ਚ ਮਨਾਇਆ ਜਨਮ ਅਸ਼ਟਮੀ ਦਾ ਤਿਉਹਾਰ



**ਸਮਰਾਲਾ (ਸੁਰਜੀਤ ਸਿੰਘ)**-ਕਿੰਡਰ ਗਾਰਟਨ ਐਂਡ ਸੀ. ਸੈ. ਸਕੂਲ ਵਿੱਚ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ ਗਿਆ।ਇਸ ਸਮੇਂ ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ ਨੇ ਜਨਮ ਅਸ਼ਟਮੀ ਦੇ ਤਿਉਹਾਰ ਬਾਰੇ ਬੱਚਿਆਂ ਨੂੰ ਵਿਸਥਾਰਪੂਰਵਕ ਦੱਸਿਆ ਕਿਹਾ ਕਿ ਭਾਰਤ ਵਿੱਚ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ।ਇਸ ਦਿਨ ਸ਼੍ਰੀ ਕ੍ਰਿਸ਼ਨ ਦਾ ਜਨਮ ਮਥੁਰਾ ਵਿਖੇ ਹੋਇਆ ਸੀ।ਜਨਮ ਅਸ਼ਟਮੀ ਦੇ ਦਿਨ ਦੇਸ਼ ਵਿੱਚ ਥਾਂ-ਥਾਂ 'ਤੇ ਦਹੀਂ-ਹਾਂਡੀ ਪ੍ਰਤੀਯੋਗਤਾ ਦਾ ਪ੍ਰਬੰਧ ਕੀਤਾ ਜਾਂਦਾ ਹੈ।ਇਸ ਮੌਕੇ ਸਕੂਲ ਵਿੱਚ ਬੱਚੇ ਰਾਧਾ ਕ੍ਰਿਸ਼ਨ ਜੀ ਦੇ ਰੂਪ ਵਿੱਚ ਤਿਆਰ ਹੋ ਕੇ ਆਏ ਤੇ ਰਾਧਾ ਕ੍ਰਿਸ਼ਨ ਜੀ ਨਾਲ ਸੰਬੰਧਤ ਗੀਤਾਂ 'ਤੇ ਡਾਂਸ ਕੀਤਾ।ਅੰਤ ਵਿੱਚ ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ, ਡਾਇਰੈਕਟਰ ਸਰਬਜੀਤ ਕੌਰ, ਪ੍ਰਿੰਸੀਪਲ ਰਣਜੋਤ ਕੌਰ ਨੇ ਅਧਿਆਪਕਾਂ ਤੇ ਬੱਚਿਆਂ ਨੂੰ ਜਨਮ ਅਸ਼ਟਮੀ ਦੇ ਤਿਉਹਾਰ ਦੀ ਵਧਾਈ ਦਿੱਤੀ।

## ਮਾਤਾ ਸਾਹਿਬ ਕੌਰ ਖਾਲਸਾ ਕਾਲਜ ਵਿਖੇ 'ਉੱਦਮਸ਼ੀਲਤਾ' ਵਿਸ਼ੇ 'ਤੇ ਲੈਕਚਰ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੁਚੱਜੇ ਪ੍ਰਬੰਧਾਂ ਅਧੀਨ ਚੱਲ ਰਹੀ ਇਲਾਕੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਮਾਤਾ ਸਾਹਿਬ ਕੌਰ ਖਾਲਸਾ ਕਾਲਜ ਤਲਵੰਡੀ ਭਾਈ ਵਿਖੇ ਕਾਮਰਸ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਗਿਆਨ ਤੇ ਦਿਸ਼ਾ ਵਿੱਚ ਵਾਧਾ ਕਰਨ ਦੇ ਮਕਸਦ ਨਾਲ ਇਕ ਪ੍ਰੇਰਨਾਦਾਇਕ ਗੈਸਟ ਲੈਕਚਰ ਦਾ ਆਯੋਜਨ ਕੀਤਾ ਗਿਆ। ਇਹ ਵਿਸ਼ੇਸ਼ ਸਮਾਗਮ ਕਾਲਜ ਦੇ ਪ੍ਰਿੰਸੀਪਲ ਪ੍ਰੋਫੈਸਰ ਰਾਜਵਿੰਦਰ ਕੌਰ ਦੀ ਯੋਗ ਅਗਵਾਈ 'ਚ 'ਪ੍ਰਮੋਟਿੰਗ ਯੰਗ ਐਂਟਰਪ੍ਰੇਨਿਓਰ' ਵਿਸ਼ੇ 'ਤੇ ਕਰਵਾਇਆ ਗਿਆ, ਜਿਸ ਵਿਚ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਇਸ ਪ੍ਰੋਗਰਾਮ ਦੌਰਾਨ ਹਰਜੀਤ ਸਿੰਘ ਮਠਾੜੂ ਨੇ ਮੁੱਖ ਬੁਲਾਰੇ ਵਜੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਆਪਣੇ ਵਿਚਾਰ ਸਾਂਝੇ ਕਰਦਿਆਂ ਮਠਾੜੂ ਨੇ ਅੱਜ ਦੇ ਆਧੁਨਿਕ ਯੁੱਗ ਵਿਚ ਉਦਮਸ਼ੀਲਤਾ ਦੀ ਅਹਿਮ ਮਹੱਤਤਾ ਉੱਤੇ ਚਾਨਣਾ ਪਾਇਆ। ਕਾਲਜ ਦੇ ਪ੍ਰਿੰਸੀਪਲ ਪ੍ਰੋਫੈਸਰ ਰਾਜਵਿੰਦਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਜਿਹੇ ਅਕਾਦਮਿਕ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਸਵੈ-ਰੋਜ਼ਗਾਰ ਦੀ ਭਾਵਨਾ ਪੈਦਾ ਕਰਦੇ ਹਨ। ਇਹ ਉਪਰਾਲੇ ਨੌਜਵਾਨਾਂ ਨੂੰ ਕੇਵਲ ਨੌਕਰੀ ਲੱਭਣ ਵਾਲੇ ਹੀ ਨਹੀਂ, ਸਗੋਂ ਸਮਾਜ ਵਿੱਚ ਹੋਰਨਾਂ ਲਈ ਨੌਕਰੀਆਂ ਪੈਦਾ ਕਰਨ ਵਾਲੇ ਬਣਾਉਣ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਸਤਪਾਲ ਸਿੰਘ ਤਲਵੰਡੀ ਨੇ ਵੀ ਇਸ ਆਯੋਜਨ ਦੀ ਸ਼ਲਾਘਾ ਕਰਦਿਆਂ ਕਾਮਰਸ ਵਿਭਾਗ ਨੂੰ ਵਧਾਈ ਦਿੱਤੀ। ਸਮਾਗਮ ਦੇ ਅੰਤ ਵਿੱਚ ਕਾਮਰਸ ਵਿਭਾਗ ਦੇ ਮੁਖੀ ਪ੍ਰੋਫੈਸਰ ਰੋਹਿਨੀ ਗੁਪਤਾ ਨੇ ਮੁੱਖ ਬੁਲਾਰੇ ਤੇ ਆਏ ਹੋਏ ਮਹਿਮਾਨਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

## ਤਿਹਾੜਾ ਵਿਖੇ ਹਨੂੰਮਾਨ ਮੰਦਰ ਦੀ ਪੁਨਰ ਉਸਾਰੀ ਦਾ ਕੰਮ ਸ਼ੁਰੂ



**ਜਗਰਾਉਂ (ਸੰਜੀਵ ਅਰੋੜਾ)**-ਪਿੰਡ ਤਿਹਾੜਾ ਵਿਖੇ ਕਾਫੀ ਲੰਮੇ ਸਮੇਂ ਤੋਂ ਬੰਦ ਮੰਦਰ ਦੀ ਉਸਾਰੀ ਤੇ ਪੁਨਰ ਨਿਰਮਾਣ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ।ਮੰਦਰ ਕਮੇਟੀ ਦੇ ਪ੍ਰਧਾਨ ਦਿਆਲ ਸਿੰਘ ਉਪ-ਪ੍ਰਧਾਨ ਰਾਜਿੰਦਰ ਸਿੰਘ ਤੇ ਕੈਸ਼ੀਅਰ ਹਰਪ੍ਰੀਤ ਸਿੰਘ ਸਿੱਧੂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਪਿੰਡ ਤਿਹਾੜਾ ਦਾ ਇਹ ਪ੍ਰਾਚੀਨ ਮੰਦਰ ਬਹੁਤ ਹੀ ਪੁਰਾਤਨ ਹੈ ਅਤੇ ਪੁਰਾਣੇ ਸਮਿਆਂ ਤੋਂ ਇਸ ਦੀ ਮਾਨਤਾ ਰਹੀ ਹੈ, ਪਰ ਪਿਛਲੇ ਕੁਝ ਦਹਾਕਿਆਂ ਤੋਂ ਇਹ ਖਸਤਾ ਹਾਲ ਹੋਣ ਕਰਕੇ ਅਤੇ ਸੇਵਾ-ਸੰਭਾਲ ਨਾ ਹੋਣ ਕਰਕੇ ਮੰਦਰ ਦੀ ਮੁੱਖ ਇਮਾਰਤ ਦਾ ਨੁਕਸਾਨ ਹੁੰਦਾ ਜਾ ਰਿਹਾ ਸੀ। ਕੈਸ਼ੀਅਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਹੁਣ ਮੰਦਰ ਦਾ ਦੁਬਾਰਾ ਪੁਨਰ ਨਿਰਮਾਣ ਕਰਕੇ ਇਸ ਵਿੱਚ ਮੂਰਤੀ ਸਥਾਪਨਾ ਕਰਕੇ ਇਸ ਨੂੰ ਦੁਬਾਰਾ ਖੋਲ੍ਹਿਆ ਜਾ ਰਿਹਾ ਹੈ।ਮੰਦਰ ਦੇ ਵਿਹੜੇ ਵਿੱਚ ਨਵੀਨੀਕਰਨ ਦਾ ਕੰਮ ਚੱਲ ਰਿਹਾ ਹੈ ਅਤੇ ਇਸ ਨੂੰ ਉੱਚਾ ਕੀਤਾ ਜਾ ਰਿਹਾ ਹੈ।ਇਨ੍ਹਾਂ ਲੋਕਾਂ ਤੇ ਹਨੂੰਮਾਨ ਭਗਤਾਂ ਨੂੰ ਵੀ ਅਪੀਲ ਕੀਤੀ ਕਿ ਇਸ ਪਵਿੱਤਰ ਕਾਰਜ ਵਿੱਚ ਆਪਣਾ ਬਣਦਾ ਯੋਗਦਾਨ ਪਾ ਸਕਦੇ ਹਨ।ਇਸ ਸਮੇਂ ਉਨ੍ਹਾਂ ਨਾਲ ਮੰਦਰ ਕਮੇਟੀ ਦੇ ਪ੍ਰਧਾਨ ਦਿਆਲ ਸਿੰਘ ਤੇ ਉਪ ਪ੍ਰਧਾਨ ਰਾਜਿੰਦਰ ਸਿੰਘ ਨੇ ਦਾਨੀ ਸੱਜਣਾ ਸਵਰਗਵਾਸੀ ਮਾਸਟਰ ਮੱਖਣ ਸਿੰਘ ਦੇ ਪਰਿਵਾਰ, ਕਾਲਾ ਇਟਲੀ, ਸਰਪੰਚ ਰਾਜਦੀਪ ਸਿੰਘ ਮਨਵਾਰਪੁਰਾ, ਸਰਪੰਚ ਅਵਤਾਰ ਸਿੰਘ, ਜਗਜੀਤ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਸਮੇਂ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

## 'ਆਪ' ਦਾ ਬਲਾਕ ਪ੍ਰਧਾਨ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਜਿਵੇਂ-ਜਿਵੇਂ ਸਾਲ 2027 ਦੀਆਂ ਆਗਾਮੀ ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ, ਉਵੇਂ-ਉਵੇਂ ਵਿਧਾਨ ਸਭਾ ਹਲਕਾ ਮੋਗਾ ਵਿੱਚ ਸਿਆਸੀ ਸਰਗਰਮੀਆਂ ਤੇਜ਼ ਹੁੰਦੀਆਂ ਜਾ ਰਹੀਆਂ ਹਨ।ਕਾਂਗਰਸ ਪਾਰਟੀ ਦੀ ਹਲਕਾ ਇੰਚਾਰਜ ਮਾਲਵਿਕਾ ਸੂਦ ਵੱਲੋਂ ਲਗਾਤਾਰ ਹਲਕੇ ਅੰਦਰ ਕੀਤੀਆਂ ਜਾ ਰਹੀਆਂ ਸਿਆਸੀ ਸਰਗਰਮੀਆਂ ਅਤੇ ਵੱਖ-ਵੱਖ ਵਰਗਾਂ ਨਾਲ ਕੀਤੇ ਜਾ ਰਹੇ ਸੰਪਰਕ ਦੇ ਚਲਦਿਆਂ ਪਾਰਟੀ ਨੂੰ ਮਜ਼ਬੂਤੀ ਮਿਲ ਰਹੀ ਹੈ।ਇਸੇ ਲੜੀ ਤਹਿਤ ਕਾਂਗਰਸ ਪਾਰਟੀ ਨੇ ਡਰੋਲੀ ਭਾਈ ਵਿੱਚ ਆਮ ਆਦਮੀ ਪਾਰਟੀ ਨੂੰ ਵੱਡਾ ਸਿਆਸੀ ਝਟਕਾ ਦਿੰਦਿਆਂ 'ਆਪ' ਦੀ ਬਲਾਕ ਪ੍ਰਧਾਨ ਚਰਨਜੀਤ ਕੌਰ ਡਰੋਲੀ ਭਾਈ ਨੂੰ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿਚ ਸ਼ਾਮਲ ਕਰ ਲਿਆ।ਚਰਨਜੀਤ ਕੌਰ ਨੂੰ ਕਾਂਗਰਸ ਪਾਰਟੀ ਵਿਚ ਸ਼ਾਮਲ ਕਰਵਾਉਣ ਲਈ ਬਲਾਕ ਪ੍ਰਧਾਨ ਜਸਪਾਲ ਸਿੰਘ ਡਰੋਲੀ ਭਾਈ ਅਤੇ ਮਹਿਲਾ ਵਿੰਗ ਦੀ ਪ੍ਰਧਾਨ ਕੁਲਵੰਤ ਕੌਰ ਡਰੋਲੀ ਭਾਈ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ।ਉਨ੍ਹਾਂ ਦੀ ਪ੍ਰੇਰਨਾ ਸਦਕਾ ਚਰਨਜੀਤ ਕੌਰ ਨੇ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਦਾ ਪੱਲਾ ਫੜਿਆ।ਇਸ ਮੌਕੇ ਹਲਕਾ ਇੰਚਾਰਜ ਮਾਲਵਿਕਾ ਸੂਦ ਨੇ ਚਰਨਜੀਤ ਕੌਰ ਤੇ ਉਨ੍ਹਾਂ ਦੇ ਸਾਥੀਆਂ ਦਾ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਵਾਗਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਵਿਚ ਸ਼ਾਮਲ ਹੋਣ ਵਾਲੇ ਹਰੇਕ ਆਗੂ ਤੇ ਵਰਕਰ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ।ਇਸ ਮੌਕੇ ਚਰਨਜੀਤ ਕੌਰ ਨੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੇ ਮਾਲਵਿਕਾ ਸੂਦ ਦੀ ਅਗਵਾਈ 'ਤੇ ਭਰੋਸਾ ਪ੍ਰਗਟ ਕਰਦਿਆਂ ਕਿਹਾ ਕਿ ਉਹ ਪਾਰਟੀ ਨੂੰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਡਰੋਲੀ ਭਾਈ ਤੋਂ ਕਾਂਗਰਸ ਪਾਰਟੀ ਦੇ ਆਗੂਆਂ ਤੇ ਵਰਕਰਾਂ ਦੀ ਵੱਡੀ ਗਿਣਤੀ ਹਾਜ਼ਰ ਸੀ। ਹਾਜ਼ਰ ਪਾਰਟੀ ਵਰਕਰਾਂ ਨੇ ਮਾਲਵਿਕਾ ਸੂਦ ਦੀ ਅਗਵਾਈ 'ਤੇ ਭਰੋਸਾ ਪ੍ਰਗਟ ਕਰਦਿਆਂ ਆਗਾਮੀ ਵਿਧਾਨ ਸਭਾ ਚੋਣਾਂ ਵਿਚ ਉਨ੍ਹਾਂ ਦੇ ਹੱਕ ਵਿਚ ਡੱਟ ਕੇ ਖੜਨ ਤੇ ਪਾਰਟੀ ਦੀ ਜਿੱਤ ਲਈ ਪੂਰੀ ਤਾਕਤ ਨਾਲ ਕੰਮ ਕਰਨ ਦਾ ਐਲਾਨ ਕੀਤਾ।

## ਗੰਗੋਹਰ ਦੇ ਨੌਜਵਾਨ ਦੀ ਸੜਕ ਹਾਦਸੇ 'ਚ ਮੌਤ, ਸਾਥੀ ਗੰਭੀਰ ਜ਼ਖ਼ਮੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਮਨਾਲ ਤੋਂ ਕੁਰੜ ਨੂੰ ਜਾਂਦੀ ਸੜਕ 'ਤੇ ਬੀਤੀ ਰਾਤ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਕਾਰ ਸਵਾਰ ਦੋ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ।ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਏ ਪਿੰਡ ਗੰਗੋਹਰ ਨਾਲ ਸਬੰਧਤ 29 ਸਾਲਾ ਨੌਜਵਾਨ ਜਸਕਮਲ ਸਿੰਘ ਪੁੱਤਰ ਕੁਲਵਿੰਦਰ ਸਿੰਘ ਨੇ ਲੁਧਿਆਣਾ ਦੇ ਇੱਕ ਨਿੱਜੀ ਹਸਪਤਾਲ ਵਿੱਚ ਇਲਾਜ ਦੌਰਾਨ ਦਮ ਤੋੜ ਦਿੱਤਾ, ਜਦਕਿ ਉਸ ਦੇ ਨਾਲ ਸਵਾਰ ਪਰਮਜੀਤ ਸਿੰਘ ਵਾਸੀ ਗੰਗੋਹਰ ਦਾ ਰਾਏਕੋਟ ਦੇ ਨਿੱਜੀ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ।ਉਸ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ।ਇਸ ਸਬੰਧੀ ਥਾਣਾ ਠੁੱਲੀਵਾਲ ਦੇ ਤਫ਼ਤੀਸ਼ੀ ਅਫ਼ਸਰ ਗੁਰਨਾਮ ਸਿੰਘ ਚੌਹਾਨਕੇ ਨੇ ਦੱਸਿਆ ਕਿ ਜਸਕਮਲ ਸਿੰਘ ਤੇ ਪਰਮਜੀਤ ਸਿੰਘ ਬੀਤੀ ਰਾਤ ਕਰੀਬ ਸਾਢੇ 8 ਵਜੇ ਆਪਣੀ ਕਾਰ ਵਿੱਚ ਸਵਾਰ ਹੋ ਕੇ ਪਿੰਡ ਗੰਗੋਹਰ ਤੋਂ ਪਿੰਡ ਬਾਪਲਾ ਵਿਖੇ ਕਿਸੇ ਰਿਸ਼ਤੇਦਾਰ ਦੇ ਘਰ ਜਾ ਰਹੇ ਸਨ।ਜਦੋਂ ਉਹ ਪਿੰਡ ਮਨਾਲ ਤੋਂ ਕੁਰੜ ਨੂੰ ਜਾਂਦੀ ਸੜਕ 'ਤੇ ਪਹੁੰਚੇ ਤਾਂ ਸਾਹਮਣੇ ਤੋਂ ਆ ਰਹੇ ਕਿਸੇ ਵਾਹਨ ਦੀਆਂ ਲਾਈਟਾਂ ਪੈਣ ਕਾਰਨ ਕਾਰ ਬੇਕਾਬੂ ਹੋ ਗਈ ਤੇ ਸੜਕ ਕਿਨਾਰੇ ਖੜ੍ਹੇ ਦਰੱਖਤ ਨਾਲ ਜਾ ਟਕਰਾਈ।ਤਫ਼ਤੀਸ਼ੀ ਅਫ਼ਸਰ ਨੇ ਦੱਸਿਆ ਕਿ ਮ੍ਰਿਤਕ ਜਸਕਮਲ ਸਿੰਘ ਦੇ ਪਿਤਾ ਕੁਲਵਿੰਦਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਥਾਣਾ ਠੁੱਲੀਵਾਲ ਵਿਖੇ ਮਾਮਲਾ ਦਰਜ ਕਰਕੇ ਪੁਲਸ ਵੱਲੋਂ ਮ੍ਰਿਤਕ ਦੀ ਲਾਸ਼ ਦਾ ਪੋਸਟਮਾਰਟਮ ਕਰਵਾਉਣ ਉਪਰੰਤ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ।

## ਸੈਲਰਾਂ ਤੇ ਗੁਦਾਮਾਂ 'ਚੋਂ ਚੌਲਾਂ ਦੀ ਚੁਕਾਈ 'ਚ ਤੇਜ਼ੀ ਲਿਆਉਣ ਦੀ ਮੰਗ



**ਲੁਧਿਆਣਾ (ਸਤੀਸ਼ ਸਚਦੇਵਾ)**

ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ (ਰਜਿ:) ਜ਼ਿਲ੍ਹਾ ਲੁਧਿਆਣਾ ਦੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਤੇ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ ਨੇ ਵਰਨਣ ਕੀਤਾ ਕਿ ਸ਼ੈਲਰ ਐਸੋਸੀਏਸ਼ਨ ਪੰਜਾਬ ਦੀਆਂ ਵਾਰ-ਵਾਰ ਹੋ ਰਹੀਆਂ ਮੀਟਿੰਗਾਂ ਵੱਲੋਂ ਕੇਂਦਰ/ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਜਾ ਰਹੀ ਹੈ ਕਿ ਸੈਲਰਾਂ ਵਿੱਚੋਂ ਕਰੀਬ 18 ਲੱਖ ਟਨ ਝੋਨਾ ਚੌਲਾਂ ਦੀ ਚੁਕਵਾਈ ਲਟਕਦੀ ਹੋਣ ਕਰਕੇ ਝੋਨੇ ਦੀ ਨਵੀਂ ਆਮਦ ਦੇ ਲੱਗਣ ਵਾਸਤੇ ਕੋਈ ਜਗ੍ਹਾ ਬਾਕੀ ਨਹੀਂ ਹੈ, ਜਿਸ ਕਰਕੇ ਇਸ ਦੀ ਚੁਕਵਾਈ ਲਈ ਪੰਜਾਬ 'ਚੋਂ ਰੋਜ਼ਾਨਾ 3-4 ਸਪੈਸ਼ਲਾਂ ਦੀ ਬਜਾਏ ਘੱਟੋ ਘੱਟ 30- 40 ਸਪੈਸ਼ਲ ਮਾਲ ਗੱਡੀਆਂ ਚਲਾ ਕੇ ਬਾਕੀ ਬਚਦੇ ਮਹੀਨੇ ਭਰ ਅੰਦਰ ਸੈਲਰਾਂ 'ਚ ਹਰ ਹਾਲਤ ਜਗ੍ਹਾ ਖਾਲੀ ਕਰਵਾਈ ਜਾਵੇ।ਇਸ ਤੋਂ ਇਲਾਵਾ ਬਾਕੀ ਸਰਕਾਰੀ ਤੇ ਠੇਕੇ ਵਾਲੇ ਗੁਦਾਮਾਂ ਨੂੰ ਵੀ ਵੱਡੀ ਪੱਧਰ 'ਤੇ ਖਾਲੀ ਕਰਨਾ ਬਾਕੀ ਹੈ।ਝੋਨੇ ਦੀ ਨਵੀਂ ਫਸਲ ਖਰੀਦਣ, ਚੁੱਕਣ ਤੇ ਲੱਗਣ 'ਚ ਭਾਰੀ ਦਿੱਕਤਾਂ ਤੇ ਪ੍ਰੇਸ਼ਾਨੀਆਂ ਦੇ ਮੱਦੇਨਜ਼ਰ ਕੇਂਦਰ ਤੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਗਈ ਕਿ ਬਿਨਾਂ ਹੋਰ ਦੇਰੀ ਤੋਂ ਵੱਡੀ ਪੱਧਰ 'ਤੇ ਸਪੈਸ਼ਲਾਂ ਚਲਾ ਕੇ ਪਹਿਲ ਦੇ ਤੌਰ 'ਤੇ ਇਹ ਮਸਲਾ ਹੱਲ ਕੀਤਾ ਜਾਵੇ।ਦੋਨਾਂ ਆਗੂਆਂ ਨੇ ਜ਼ੋਰਦਾਰ ਮੰਗ ਕੀਤੀ ਕਿ ਖਾਦਾਂ ਦੀ ਭਾਰੀ ਕਿੱਲਤ ਤੇ ਸ਼ਰ੍ਹੇਆਮ ਹੋ ਰਹੀ ਬਲੈਕ ਨੂੰ ਬੰਦ ਕਰਵਾ ਕੇ ਗਰੀਬ ਤੇ ਦਰਮਿਆਨੇ ਕਿਸਾਨਾਂ ਦੀ ਲੁੱਟ ਖਸੁੱਟ ਨੂੰ ਠੱਲ੍ਹ ਪਾਈ ਜਾਵੇ ਅਤੇ ਐੱਨ ਪੀ ਕੇ ਦੇ ਰੇਟਾਂ 'ਚ ਕੀਤਾ ਭਾਰੀ ਵਾਧਾ (550 ਰੁਪਏ ਪ੍ਰਤੀ ਗੱਟਾ) ਫੌਰੀ ਵਾਪਸ ਲਿਆ ਜਾਵੇ।ਆਗੂਆਂ ਨੇ ਕਿਹਾ ਕਿ ਖੇਤੀ ਤੇ ਘਰੇਲੂ ਸੈਕਟਰ 'ਚ ਲੱਗ ਰਹੇ ਛੋਟੇ ਵੱਡੇ ਪਾਵਰ ਕੱਟ ਬੰਦ ਕਰਵਾ ਕੇ ਪੰਜਾਬ ਸਰਕਾਰ ਦੇ ਦਾਅਵਿਆਂ ਅਨੁਸਾਰ ਕ੍ਰਮਵਾਰ ਅੱਠ ਘੰਟੇ ਤੇ 24 ਘੰਟੇ ਵਾਲੀ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ।ਅੰਤ ਵਿੱਚ ਦੋਨਾਂ ਆਗੂਆਂ ਨੇ ਆਖਿਆ ਕਿ ਪੰਜਾਬ ਦੇ ਸੰਘਰਸ਼ਸ਼ੀਲ ਮੁਲਾਜ਼ਮ ਵਰਗ ਨੂੰ ਪੁਲਸ ਜਬਰ, ਧਮਕੀਆਂ ਤੇ ਬਦਲਾਖੋਰੀ ਰਾਹੀਂ ਦਬਾਉਣ ਕੁਚਲਣ ਦਾ ਰਾਹ ਛੱਡ ਕੇ, ਵਾਰਤਾਲਾਪ ਵਾਲੇ ਮੇਜ 'ਤੇ ਬੈਠ ਕੇ ਅਦਾਲਤਾਂ ਰਾਹੀਂ ਜਿੱਤੀਆਂ ਤੇ ਹੋਰ ਹੱਕੀ ਮੰਗਾਂ ਫੌਰੀ ਤੌਰ 'ਤੇ ਪ੍ਰਵਾਨ ਕਰਕੇ ਜਮਹੂਰੀ ਵਾਤਾਵਰਨ ਬਹਾਲ ਕੀਤਾ ਜਾਵੇ।

## ਗਿੱਦੜਵਿੰਡੀ ਕੋਆਪ੍ਰੇਟਿਵ ਸੁਸਾਇਟੀ ਦੀ ਸਰਬਸੰਮਤੀ ਨਾਲ ਚੋਣ



**ਜਗਰਾਉਂ (ਅਮਿਤ ਖੰਨਾ)**-ਪਿੰਡ ਗਿੱਦੜਵਿੰਡੀ ਵਿਖੇ ਖੇਤੀਬਾੜੀ ਕੋਆਪ੍ਰੇਟਿਵ ਸੁਸਾਇਟੀ ਦੀ ਚੋਣ ਬੜੇ ਸੁਖਾਵੇਂ ਮਾਹੌਲ ਵਿੱਚ ਸਰਬਸੰਮਤੀ ਨਾਲ ਸੰਪੰਨ ਹੋਈ।ਸੁਸਾਇਟੀ ਦੀ ਨਵੀਂ ਕਮੇਟੀ ਲਈ ਕੁੱਲ 11 ਮੈਂਬਰ ਬਿਨਾਂ ਕਿਸੇ ਮੁਕਾਬਲੇ ਦੇ ਸਰਬਸੰਮਤੀ ਨਾਲ ਚੁਣੇ ਗਏ।ਪਿੰਡ ਵਾਸੀਆਂ ਅਤੇ ਸੁਸਾਇਟੀ ਦੇ ਮੈਂਬਰਾਂ ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ।ਸਰਬਸੰਮਤੀ ਨਾਲ ਚੁਣੇ ਗਏ ਮੈਂਬਰਾਂ ਵਿੱਚ ਦਰਸ਼ਨ ਸਿੰਘ, ਜਗਜੀਤ ਸਿੰਘ ਕਾਮਰੇਡ, ਮਨੀ ਗਰਗ, ਹਰੀ ਸਿੰਘ, ਅਮ੍ਰਿਤਪਾਲ ਸਿੰਘ ਖਹਿਰਾ, ਜਸਪਾਲ ਸਿੰਘ ਪਾਲਾ ਕਿਸਾਨ ਢਾਬਾ, ਸੁਖਦੇਵ ਸਿੰਘ ਡੇਅਰੀ ਵਾਲੇ, ਅਮਨਪ੍ਰੀਤ ਸਿੰਘ ਕਾਮਰੇਡ, ਜਸਵੰਤ ਸਿੰਘ ਸ਼ੇਰੇਵਾਲ, ਜਸਪਾਲ ਕੌਰ ਅਤੇ ਜਗਜੀਤ ਕੌਰ ਸ਼ਾਮਲ ਹਨ।ਇਸ ਮੌਕੇ ਨਵ-ਚੁਣੇ ਮੈਂਬਰਾਂ ਨੇ ਸਰਬਸੰਮਤੀ ਨਾਲ ਉਨ੍ਹਾਂ 'ਤੇ ਪ੍ਰਗਟਾਏ ਗਏ ਭਰੋਸੇ ਲਈ ਸਮੂਹ ਮੈਂਬਰਾਂ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਉਹ ਸੁਸਾਇਟੀ ਦੇ ਕੰਮਕਾਜ ਨੂੰ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਚਲਾਉਣ ਦੇ ਨਾਲ-ਨਾਲ ਕਿਸਾਨਾਂ ਦੀਆਂ ਲੋੜਾਂ ਅਤੇ ਹਿੱਤਾਂ ਨੂੰ ਪਹਿਲ ਦੇਣਗੇ।ਪਿੰਡ ਵਾਸੀਆਂ ਨੇ ਸਰਬਸੰਮਤੀ ਨਾਲ ਹੋਈ ਚੋਣ ਨੂੰ ਆਪਸੀ ਭਾਈਚਾਰੇ ਅਤੇ ਏਕਤਾ ਦੀ ਮਿਸਾਲ ਦੱਸਦਿਆਂ ਨਵੀਂ ਕਮੇਟੀ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਤੇ ਸਨਮਾਨਤ ਕੀਤਾ।

## ਦਸਮੇਸ਼ ਮਿਸ਼ਨ ਸਕੂਲ ਹਰੀ ਨੌਂ ਵਿਖੇ ਐੱਨ ਐੱਸ ਐੱਸ ਕੈਂਪ ਲਾਇਆ




**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਇਕਰੋਜ਼ਾ ਐਨ.ਐਸ.ਐਸ. ਕੈਂਪ ਲਾਇਆ ਗਿਆ।ਕੈਂਪ ਵਿੱਚ 45 ਵਾਲੰਟੀਅਰਜ਼ ਨੇ ਭਾਗ ਲਿਆ।ਲੜਕੀਆਂ ਨੇ ਸਕੂਲ ਕੈਂਪਸ ਦੀ ਸਫਾਈ ਕੀਤੀ ਤੇ ਲੜਕਿਆਂ ਨੇ ਸਕੂਲ ਕੈਂਪਸ ਦੇ ਬਾਹਰ ਸਕੂਲ ਨੂੰ ਆ ਰਹੇ ਰਸਤੇ ਦੀ ਸਫਾਈ ਕੀਤੀ।ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਤੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਨੇ ਐਨ.ਐਸ.ਐਸ. ਵਾਲੰਟੀਅਰਜ਼ ਨੂੰ ਕਿਹਾ ਕਿ ਸਕੂਲ ਅਤੇ ਸਕੂਲ ਨੰ ਆ ਰਹੇ ਰਸਤੇ ਦੀ ਸਫਾਈ ਦੇ ਨਾਲ-ਨਾਲ ਆਪਣੇ ਆਪ ਨੂੰ, ਘਰ ਤੇ ਸਮਾਜ ਨੂੰ ਸਵੱਛ ਬਣਾਉਣ ਦੀ ਲੋੜ ਹੈ।ਉਨ੍ਹਾਂ ਨੇ ਵਾਲੰਟੀਅਰਜ਼ ਨੂੰ ਸਮਾਜ ਸੇਵਾ ਤੇ ਅਨੁਸ਼ਾਸਨ ਦੀ ਭਾਵਨਾਂ ਨੂੰ ਦ੍ਰਿੜ ਕਰਾਉਣ ਅਤੇ ਭਵਿੱਖ ਦੇ ਬਿਹਤਰੀਨ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।ਸਮੁੱਚੇ ਵਲੰਟੀਅਰਜ਼ ਨੇ ਸਮਾਜ ਭਲਾਈ ਦਾ ਕੰਮ ਕਰਕੇ ਬਹੁਤ ਖੁਸ਼ੀ ਮਹਿਸੂਸ ਕੀਤੀ।ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਕੰਮ ਕਰ ਰਹੇ ਵਲੰਟੀਅਰਜ਼ ਦੀ ਬੜੀ ਸਲਾਘਾ ਕੀਤੀ ਅਤੇ ਉਹਨਾਂ ਨੂੰ ਹੱਥੀ ਕੰਮ ਕਰਨ ਲਈ ਪ੍ਰੇਰਿਤ ਕੀਤਾ।ਸ੍ਰੀਮਤੀ ਸੋਮਾ ਦੇਵੀ ਨੇ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਲਾਉਣ ਨਾਲ ਵਿਦਿਆਰਥੀਆਂ ਵਿੱਚ ਆਪਸੀ ਸਹਿਯੋਗ, ਲੀਡਰਸ਼ਿਪ ਤੇ ਸੇਵਾ ਭਾਵਨਾ ਜਿਹੇ ਗੁਣਾ ਦਾ ਵਿਕਾਸ ਹੁੰਦਾ ਹੈ।ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਸ੍ਰੀਮਤੀ ਸਮਿੰਦਰ ਕੌਰ ਨੇ ਐਨ.ਐਸ.ਐਸ. ਦੀ ਮਹੱਤਤਾ ਤੋਂ ਜਾਣੂ ਕਰਾਇਆ।ਇਸ ਤੋਂ ਇਲਾਵਾ ਸਕੂਲ ਦੇ ਸੀਨੀਅਰ ਕੋਆਰਡੀਨੇਟਰ ਸ੍ਰੀਮਤੀ ਸਤਵਿੰਦਰ ਕੌਰ ਤੇ ਸਕੂਲ ਦੇ ਡੀ.ਪੀ.ਈ. ਜਸ਼ਨਪ੍ਰੀਤ ਸਿੰਘ ਦਾ ਇਸ ਕੈਂਪ ਵਿੱਚ ਵਿਸ਼ੇਸ਼ ਯੋਗਦਾਨ ਰਿਹਾ।

## ਬਾਬਾ ਜੀਵਨ ਸਿੰਘ ਦੀ ਸ਼ਹਾਦਤ ਲਾਸਾਨੀ : ਸੰਜੀਤ ਸਿੰਘ ਸੰਨੀ

### ਜਨਮ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਦਾ ਭਰਵਾਂ ਸਵਾਗਤ



**ਮੋਗਾ (ਇਕਬਾਲ ਸਿੰਘ ਖਹਿਰਾ)**

ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਦੇ 365ਵੇਂ ਜਨਮ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ, ਜੋ ਕਿ ਇਤਿਹਾਸਕ ਨਗਰ ਡਰੋਲੀ ਭਾਈ ਦੇ ਗੁਰਦੁਆਰਾ ਦੇਹਰਾ ਸਾਹਿਬ ਤੋਂ ਆਰੰਭ ਹੋ ਕੇ ਵੱਖ ਵੱਖ ਪੜਾਅ ਕਰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ।ਇਹ ਮਹਾਨ ਨਗਰ ਕੀਰਤਨ, ਜਦ ਪਿੰਡ ਧੱਲੇਕੇ ਵਿਖੇ ਪੁੱਜਾ ਤਾਂ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਤੇ ਭਾਈ ਸੁੱਖਾ ਸਿੰਘ ਮੋਗਾ ਨੇ ਸੰਗਤ ਰੂਪੀ ਹਾਜ਼ਰੀ ਭਰ ਕੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਬਾਬਾ ਜੀਵਨ ਸਿੰਘ ਸਾਡੇ ਸ਼੍ਰੋਮਣੀ ਸ਼ਹੀਦ ਹਨ, ਜਿਨ੍ਹਾਂ ਨੇ ਮੁਗਲ ਹਕੂਮਤ ਦੀ ਪ੍ਰਵਾਹ ਨਾ ਕਰਦਿਆਂ ਹਿੰਦ ਦੀ ਚਾਦਰ ਬਣੇ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਕਲਮ ਕੀਤੇ ਗਏ ਪਵਿਤਰ ਸੀਸ ਨੂੰ ਲਿਆ ਕੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਭੇਟ ਕੀਤਾ ਸੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਬਾਬਾ ਜੀਵਨ ਸਿੰਘ ਨੂੰ ਗਲ ਨਾਲ ਲਾ ਕੇ ਜਿੱਥੇ ਰੰਗਰੇਟੇ ਗੁਰੂ ਕੇ ਬੇਟੇ ਦਾ ਖਿਤਾਬ ਦਿੱਤਾ ਉੱਥੇ ਗਲ ਨਾਲ ਲਾ ਕੇ ਪੰਜਵੇਂ ਸਾਹਿਬਜ਼ਾਦੇ ਦੇ ਨਾਂ ਨਾਲ ਵੀ ਨਿਵਾਜਿਆ ਅਤੇ ਬਾਅਦ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂ ਗੋਬਿੰਦ ਸਿੰਘ ਜੀ ਨਾਲ ਮੁਗਲਾਂ ਨਾਲ ਲੜਦੇ ਬਾਬਾ ਜੀਵਨ ਸਿੰਘ ਜੀ ਨੇ ਸ਼ਹਾਦਤ ਦਾ ਜਾਮ ਪੀਤਾ।ਉਨ੍ਹਾਂ ਦੀ ਇਸ ਅਦੁੱਤੀ ਲਾਸਾਨੀ ਸ਼ਹਾਦਤ ਨੂੰ ਅੱਜ ਸਿੱਖ ਕੌਮ ਯਾਦ ਕਰਦੀ ਹੈ ਅਤੇ ਅੱਜ ਉਨ੍ਹਾਂ ਵੱਲੋਂ ਇਸ ਨਗਰ ਕੀਰਤਨ ਵਿੱਚ ਪਹੁਚੰਣ ਦਾ ਜੋ ਸੁਭਾਗ ਪ੍ਰਾਪਤ ਹੋਇਆ, ਉਸ ਲਈ ਮੈਂ ਆਪਣੇ ਆਪ ਨੂੰ ਸੁਭਾਗਾ ਮਹਿਸੂਸ ਕਰਦਾ ਹਾਂ।ਇਸ ਮੌਕੇ ਉਨ੍ਹਾਂ ਪਿੰਡ ਧੱਲੇਕੇ ਦੀ ਪ੍ਰਬੰਧਕ ਕਮੇਟੀ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕਰਨ ਦਾ ਮਾਣ ਬਖਸ਼ਿਆ।ਸੰਨੀ ਗਿੱਲ ਨੇ ਕਿਹਾ ਕਿ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਦਾ ਬਲੀਦਾਨ ਤੇ ਸਿੱਖ ਕੌਮ ਨੂੰ ਦੇਣ ਬਾਰੇ ਜਾਨਣ ਲਈ ਸਾਡੀ ਨਵੀਂ ਪੀੜ੍ਹੀ ਨੂੰ ਜਾਗਰੂਕ ਹੋਣਾ ਚਾਹੀਦਾ ਹੈ ਤੇ ਬਾਬਾ ਜੀਵਨ ਸਿੰਘ ਸਾਡੇ ਲਈ ਪੂਜਨੀਕ ਤੇ ਪ੍ਰੇਰਨਾਦਾਇਕ ਹਨ।

## ਬਸਪਾ ਹੀ ਪੰਜਾਬ ਦੇ ਹਾਲਾਤ ਠੀਕ ਕਰ ਸਕਦੀ : ਭਗਵਾਨ ਸਿੰਘ



**ਦੋਰਾਹਾ (ਹਰਮਿੰਦਰ ਸੇਠ)** ਪੰਜਾਬ ਵਿਚ ਰਾਜਨੀਤਿਕ ਤੇ ਖੇਤਰੀ ਪਾਰਟੀਆਂ ਵੱਲੋਂ ਪਿਛਲੇ 15 ਸਾਲਾਂ ਤੋਂ ਦਲਿਤ ਵਰਗ ਦੇ ਲੋਕਾਂ ਨੂੰ ਮੁਫ਼ਤ ਬਿਜਲੀ ਫ੍ਰੀ ਬੱਸ ਯਾਤਰਾ, ਆਟਾ ਦਾਲ ਸਭ ਪਾਰਟੀਆਂ ਦੇ ਸਕਦੀਆਂ ਹਨ, ਪਰ ਰੋਜ਼ਗਾਰ ਤੇ ਸਿਹਤ ਸਿੱਖਿਆ ਵਰਗੀਆਂ ਸਹੂਲਤਾਂ ਸਿਰਫ ਬਸਪਾ ਹੀ ਦੇ ਸਕਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਭਗਵਾਨ ਸਿੰਘ ਕਿਲ੍ਹਾ ਹਾਂਸ ਇਕ ਖਾਸ ਮਿਲਣੀ ਦੌਰਾਨ ਕਹੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਈ ਹਲਕਿਆਂ ਵਿੱਚ ਬਸਪਾ ਦੇ ਪੁਰਾਣੇ ਵਰਕਰਾਂ ਵੱਲੋਂ ਬਹੁਜਨ ਸਮਾਜ ਦਾ ਝੰਡਾ ਬੁਲੰਦ ਕਰਨ ਲਈ 2027 ਦੀਆਂ ਚੋਣਾਂ ਵਿਚ ਉਤਾਵਲੇ ਹਨ। ਬਸਪਾ ਦੀ ਸੁਪਰੀਮੋ ਤੇ ਸਾਬਕਾ ਮੁੱਖ ਮੰਤਰੀ ਭੈਣ ਕੁਮਾਰੀ ਮਾਇਆਵਤੀ ਤੇ ਪੰਜਾਬ ਦੇ ਬਸਪਾ ਪ੍ਰਧਾਨ ਸ਼੍ਰੀ ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਵਿਚ ਆਉਣ ਵਾਲੀਆਂ ਚੋਣਾਂ ਨੂੰ ਦੇਖਦੇ ਹੋਏ ਸ਼ਹਿਰ ਤੇ ਪਿੰਡਾਂ ਵਿਚ ਇਕ ਬਸਪਾ ਦੀ ਲਹਿਰ ਬਣਾਈਏ ਅਤੇ ਬਸਪਾ ਦੀ ਸਰਕਾਰ ਬਣਾਈਏ।

## ਵਿਦਿਆਰਥਣ ਯਸ਼ਿਕਾ ਨੇ ਇਸਰੋ ਦਾ ਕੀਤਾ ਵਿੱਦਿਅਕ ਦੌਰਾ



**ਭੀਖੀ (ਗੁਰਿੰਦਰ ਸਿੰਘ ਔਲਖ)**-ਇਸਰੋ ਦੇ ਅੰਤਰਗਤ ਚਲਾਏ 'ਫਿਊਚਰ ਸਾਇੰਸ ਚੈਂਪਸ 2026' ਪ੍ਰੋਗਰਾਮ ਤਹਿਤ ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਦਸਵੀਂ ਜਮਾਤ ਦੀ ਹੋਣਹਾਰ ਵਿਦਿਆਰਥਣ ਯਸ਼ਿਕਾ ਨੇ ਇਸਰੋ ਅਹਿਮਦਾਬਾਦ ਦਾ ਵਿੱਦਿਅਕ ਦੌਰਾ ਕੀਤਾ।ਬੜੇ ਫ਼ਖ਼ਰ ਦੀ ਗੱਲ ਹੈ ਕਿ ਸਵਿੱਤਰੀ ਬਾਈ ਫੂਲੇ ਯੂਨੀਵਰਸਿਟੀ ਪੂਨੇ ਦੁਆਰਾ ਮਈ ਮਹੀਨੇ ਵਿੱਚ ਕਰਾਏ ਗਏ ਆਨਲਾਈਨ ਕੈਂਪ ਦੌਰਾਨ ਇਸ ਵਿਦਿਆਰਥਣ ਦੀ ਚੋਣ ਹੋਈ ਸੀ।ਇਸ ਵਿੱਦਿਅਕ ਦੌਰੇ ਦੌਰਾਨ ਵਿਦਿਆਰਥਣ ਨੇ ਵਿਗਿਆਨ, ਪੁਲਾੜ, ਤਕਨਾਲੋਜੀ, ਇਤਿਹਾਸ, ਉਦਯੋਗ ਤੇ ਕੁਦਰਤ ਨਾਲ ਸੰਬੰਧਿਤ ਕਈ ਮਹੱਤਵਪੂਰਨ ਸਥਾਨਾਂ ਦਾ ਦੌਰਾ ਕਰਕੇ ਵਿਹਾਰਕ ਗਿਆਨ ਹਾਸਲ ਕੀਤਾ।ਇਸਰੋ ਅਹਿਮਦਾਬਾਦ ਵਿਖੇ ਵਿਦਿਆਰਥੀਆਂ ਨੇ ਜਾਣਕਾਰੀ ਭਰਪੂਰ ਲੈਕਚਰਾਂ ਤੇ ਪ੍ਰਸ਼ਨ-ਉੱਤਰ ਸੈਸ਼ਨਾਂ ਰਾਹੀਂ ਵਿਗਿਆਨੀਆਂ ਦੇ ਕੰਮ, ਪੁਲਾੜ ਵਿਗਿਆਨ ਤੇ ਸੈਟੇਲਾਈਟਾਂ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ।ਇਸ ਦੌਰਾਨ ਸਾਇੰਸ ਸਿਟੀ ਵਿਦਿਆਰਥੀਆਂ ਲਈ ਖਾਸ ਖਿੱਚ ਦਾ ਕੇਂਦਰ ਰਿਹਾ।ਇੱਥੇ ਉਨ੍ਹਾਂ ਖਗੋਲ ਵਿਗਿਆਨ ਗੈਲਰੀ, ਰੋਬੋਟਿਕਸ ਗੈਲਰੀ, ਜਲ-ਜੀਵ ਗੈਲਰੀ, ਪੁਲਾੜ ਗੈਲਰੀ ਸਮੇਤ ਵੱਖ-ਵੱਖ ਗੈਲਰੀਆਂ ਦਾ ਦੌਰਾ ਕੀਤਾ।ਜਲ ਜੀਵ ਗੈਲਰੀ ਵਿੱਚ ਵੱਖ-ਵੱਖ ਕਿਸਮਾਂ ਦੀਆਂ ਮੱਛੀਆਂ ਤੇ ਰੋਬੋਟਿਕਸ ਗੈਲਰੀ ਵਿੱਚ ਕਈ ਤਰ੍ਹਾਂ ਦੇ ਰੋਬੋਟ ਦੇਖ ਕੇ ਵਿਦਿਆਰਥੀਆਂ ਦੀ ਵਿਗਿਆਨ ਪ੍ਰਤੀ ਉਤਸੁਕਤਾ ਵਿੱਚ ਵਾਧਾ ਹੋਇਆ।ਵਿਦਿਆਰਥੀਆਂ ਨੇ ਥ੍ਰੀ ਡੀ ਸ਼ੋਅ ਦਾ ਵੀ ਆਨੰਦ ਮਾਣਿਆ ਤੇ ਵਿਗਿਆਨਕ ਧਾਰਨਾਵਾਂ ਨੂੰ ਰੋਮਾਂਚਕ ਢੰਗ ਨਾਲ ਸਮਝਿਆ।ਅਕਸ਼ਰਧਾਮ ਮੰਦਰ ਵਿਖੇ ਵਿਦਿਆਰਥੀਆਂ ਨੇ ਸ਼ਾਨਦਾਰ ਵਾਸਤੂ ਕਲਾ ਤੇ ਸ਼ਾਂਤਮਈ ਵਾਤਾਵਰਨ ਦਾ ਅਨੁਭਵ ਕੀਤਾ।

## ਡੀ ਏ ਵੀ ਕਕਰਾਲਾ 'ਚ ਮਨਾਇਆ ਜਨਮ ਅਸ਼ਟਮੀ ਦਾ ਤਿਉਹਾਰ



**ਸਮਾਣਾ (ਇਕਬਾਲ ਸਿੰਘ ਬੱਲ)**-ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਕਕਰਾਲਾ ਵਿਖੇ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਦੀ ਸੁਚੱਜੀ ਅਗਵਾਈ ਹੇਠ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬੜੇ ਉਤਸ਼ਾਹ, ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ।ਸਮਾਗਮ ਵਿੱਚ ਪ੍ਰੀ-ਪ੍ਰਾਇਮਰੀ ਬਲਾਕ ਦੇ ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਭਾਗ ਲਿਆ।ਸਮਾਗਮ ਦੌਰਾਨ ਨੰਨ੍ਹੇ-ਮੁੰਨ੍ਹੇ ਬੱਚੇ ਸ਼੍ਰੀ ਕ੍ਰਿਸ਼ਨ, ਰਾਧਾ ਅਤੇ ਗੋਪ-ਗੋਪੀਆਂ ਦੀਆਂ ਮਨਮੋਹਕ ਪੁਸ਼ਾਕਾਂ ਵਿੱਚ ਸਜ ਕੇ ਸਕੂਲ ਪਹੁੰਚੇ, ਜਿਸ ਨਾਲ ਪੂਰਾ ਸਕੂਲ ਪਰਿਸਰ ਕ੍ਰਿਸ਼ਨਮਈ ਰੰਗ ਵਿੱਚ ਰੰਗਿਆ ਗਿਆ।ਵਿਦਿਆਰਥੀਆਂ ਵੱਲੋਂ ਕ੍ਰਿਸ਼ਨ-ਸੁਦਾਮਾ ਦੀ ਅਮਰ ਦੋਸਤੀ 'ਤੇ ਆਧਾਰਤ ਪ੍ਰਭਾਵਸ਼ਾਲੀ ਲਘੂ ਨਾਟਕ, ਗੋਪੀਆਂ ਨਾਲ ਕ੍ਰਿਸ਼ਨ ਲੀਲਾ ਤੇ ਹੋਰ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ, ਜਿਨ੍ਹਾਂ ਨੇ ਸਭ ਦਾ ਮਨ ਮੋਹ ਲਿਆ। ਸਮਾਗਮ ਦਾ ਮੁੱਖ ਆਕਰਸ਼ਣ ਮਟਕੀ ਭੰਨਣ ਦੀ ਗਤੀਵਿਧੀ ਰਹੀ, ਜਿਸ ਵਿੱਚ ਬੱਚਿਆਂ ਨੇ ਪੂਰੇ ਜੋਸ਼ ਨਾਲ ਹਿੱਸਾ ਲਿਆ।ਇਸ ਦੌਰਾਨ ਸਕੂਲ ਦਾ ਵਿਹੜਾ 'ਜੈ ਕਨ੍ਹਈਆ ਲਾਲ ਕੀ' ਦੇ ਜੈਕਾਰਿਆਂ ਨਾਲ ਗੂੰਜ ਉੱਠਿਆ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਨੇ ਬੱਚਿਆਂ ਦੀਆਂ ਬਹਿਤਰੀਨ ਪੇਸ਼ਕਾਰੀਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਧਾਰਮਿਕ ਤੇ ਸੱਭਿਆਚਾਰਕ ਸਮਾਗਮ ਬੱਚਿਆਂ ਨੂੰ ਆਪਣੀ ਅਮੀਰ ਭਾਰਤੀ ਸੰਸਕ੍ਰਿਤੀ ਅਤੇ ਰਵਾਇਤਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਕਿਹਾ ਕਿ ਇਹ ਗਤੀਵਿਧੀਆਂ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਸਿਰਜਣਾਤਮਕਤਾ, ਆਪਸੀ ਸਹਿਯੋਗ ਤੇ ਨੈਤਿਕ ਕਦਰਾਂ-ਕੀਮਤਾਂ ਦਾ ਵਿਕਾਸ ਕਰਦੀਆਂ ਹਨ।

## ਝਾੜ ਸਾਹਿਬ ਕਾਲਜ ਨੇ ਖਾਲਸਾ ਮਾਰਚ 'ਚ ਕੀਤੀ ਸ਼ਮੂਲੀਅਤ



**ਸਮਰਾਲਾ (ਸੁਰਜੀਤ ਸਿੰਘ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਮੀਰੀ-ਪੀਰੀ ਦਿਵਸ ਨੂੰ ਸਮਰਪਤ ਇੱਕ ਵਿਸ਼ਾਲ ਮੀਰੀ-ਪੀਰੀ ਖਾਲਸਾ ਮਾਰਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਕੀਤਾ ਗਿਆ।ਇਸ ਖਾਲਸਾ ਮਾਰਚ ਦੇ ਦੂਜੇ ਪੜਾਅ ਦੌਰਾਨ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦੀਆਂ ਵਿਦਿਆਰਥਣਾਂ, ਸਟਾਫ਼ ਤੇ ਕਾਲਜ ਦੀ ਲੋਕਲ ਮੈਨੇਜਿੰਗ ਕਮੇਟੀ ਦੇ ਮੈਂਬਰ ਤੇ ਅਹੁਦੇਦਾਰਾਂ ਵੱਲੋਂ ਸਮਰਾਲਾ ਵਿਖੇ ਪੁੱਜ ਕੇ ਖਾਲਸਾ ਮਾਰਚ ਦਾ ਭਰਵਾਂ ਸਵਾਗਤ ਕੀਤਾ ਗਿਆ।

ਜੈਕਾਰਿਆਂ ਦੀ ਗੂੰਜ ਵਿੱਚ, ਫੁੱਲਾਂ ਦੀ ਵਰਖਾ ਕਰਕੇ ਖਾਲਸਾਈ ਪਹਿਰਾਵੇ ਵਿੱਚ ਸਜੀਆਂ ਕਾਲਜ ਵਿਦਿਆਰਥਣਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦਰਸ਼ਨ ਕਰਕੇ ਨਤਮਸਤਕ ਹੋਣ ਉਪਰੰਤ ਗੁਰੂ ਸਾਹਿਬਾਨ ਦੇ ਸ਼ਸਤਰਾਂ ਦੇ ਦਰਸ਼ਨ ਵੀ ਕੀਤੇ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਦੱਸਿਆ ਕਿ ਇਸ ਖਾਲਸਾ ਮਾਰਚ ਦਾ ਮੁੱਖ ਉਦੇਸ਼ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾ ਕੇ ਸਿੱਖ ਧਰਮ ਦੇ ਸਿਧਾਤਾਂ ਨਾਲ ਜੋੜਨਾ ਤੇ ਸਮਾਜ ਵਿੱਚ ਇੱਕਜੁਟਤਾ ਪੈਦਾ ਕਰਨਾ ਹੈ।ਇਸ ਮੌਕੇ ਇਲਾਕੇ ਦੇ ਮੋਹਤਬਰ ਵਿਅਕਤੀਆਂ ਵੱਲੋਂ ਖਾਲਸਾ ਮਾਰਚ ਦੇ ਸਵਾਗਤ ਲਈ ਤੇ ਪਹੁੰਚ ਰਹੀ ਸੰਗਤ ਲਈ ਲੰਗਰ, ਪਾਣੀ ਤੇ ਬੈਠਣ ਲਈ ਬਹੁਤ ਵਧੀਆ ਪ੍ਰਬੰਧ ਕੀਤਾ ਗਿਆ।ਇਲਾਕੇ ਦੀ ਸੰਗਤ ਤੇ ਨੌਜਵਾਨਾਂ ਵਿੱਚ ਮੀਰੀ-ਪੀਰੀ ਖਾਲਸਾ ਮਾਰਚ ਨੂੰ ਲੈ ਕੇ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ।

## ਮੈਡੀਕਲ ਸਟੋਰਾਂ ਦੀ ਅਚਨਚੇਤ ਜਾਂਚ

**ਮਲੋਟ (ਰਜਿੰਦਰ ਜੁਨੇਜਾ)**-ਪ੍ਰਸ਼ਾਸਨ ਵੱਲੋਂ ਗੈਰ-ਕਾਨੂੰਨੀ ਢੰਗ ਨਾਲ ਤੇ ਨਿਯਮਾਂ ਦੀ ਉਲੰਘਣਾ ਕਰਕੇ ਵੇਚੀਆਂ ਜਾਣ ਵਾਲੀਆਂ ਦਵਾਈਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ-2 ਦੇ ਡਰੱਗਜ਼ ਕੰਟਰੋਲ ਅਫ਼ਸਰ ਸ੍ਰੀ ਨਰੇਸ਼ ਕੁਮਾਰ ਵੱਲੋਂ ਥਾਣਾ ਲੰਬੀ ਤੇ ਕਿੱਲਿਆਂਵਾਲੀ ਦੀ ਪੁਲਸ ਪਾਰਟੀ ਦੇ ਸਹਿਯੋਗ ਨਾਲ ਵੱਖ-ਵੱਖ ਮੈਡੀਕਲ ਸਟੋਰਾਂ ਦੀ ਅਚਨਚੇਤ ਜਾਂਚ ਕੀਤੀ ਗਈ।ਜਾਂਚ ਦੌਰਾਨ ਕਿਸੇ ਵੀ ਮੈਡੀਕਲ ਸਟੋਰ ਤੋਂ ਕੋਈ ਇਤਰਾਜ਼ਯੋਗ ਜਾਂ ਹੈਬਿਟ-ਫਾਰਮਿੰਗ ਦਵਾਈ ਬਰਾਮਦ ਨਹੀਂ ਹੋਈ।ਇਸ ਦੌਰਾਨ ਬੱਸ ਸਟੈਂਡ ਲੰਬੀ ਸਥਿਤ ਮਿੱਢਾ ਮੈਡੀਕੋਜ਼ ਤੇ ਰਣਜੀਤ ਮੈਡੀਕੋਜ਼ ਅਤੇ ਮੰਡੀ ਕਿੱਲਿਆਂਵਾਲੀ ਸਥਿਤ ਮੌਂਗਾ ਮੈਡੀਕਲ ਸਟੋਰ ਤੇ ਪੰਜਾਬ ਮੈਡੀਕਲ ਏਜੰਸੀ ਵਿਖੇ ਦਵਾਈਆਂ ਦੀ ਖਰੀਦ-ਵੇਚ ਸਬੰਧੀ ਰਿਕਾਰਡ ਤੇ ਸਟਾਕ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ।ਇਸ ਤੋਂ ਇਲਾਵਾ ਐੱਚ-1 ਰਜਿਸਟਰ ਤੇ ਦਵਾਈਆਂ ਦੀ ਸਾਂਭ-ਸੰਭਾਲ ਲਈ ਲਗਾਏ ਗਏ ਰੈਫਰੀਜਰੇਟਰਾਂ ਦੀ ਵੀ ਜਾਂਚ ਕੀਤੀ ਗਈ।ਡਰੱਗਜ਼ ਕੰਟਰੋਲ ਅਫ਼ਸਰ ਸ੍ਰੀ ਨਰੇਸ਼ ਕੁਮਾਰ ਨੇ ਮੈਡੀਕਲ ਸਟੋਰ ਸੰਚਾਲਕਾਂ ਨੂੰ ਦਵਾਈਆਂ ਦੀ ਸੇਲ-ਪਰਚੇਜ਼ ਦਾ ਰਿਕਾਰਡ ਨਿਯਮਾਂ ਅਨੁਸਾਰ ਦਰੁਸਤ ਰੱਖਣ ਤੇ ਰੈਫਰੀਜਰੇਸ਼ਨ ਦੀ ਲੋੜ ਵਾਲੀਆਂ ਦਵਾਈਆਂ ਨੂੰ ਨਿਰਧਾਰਤ ਤਾਪਮਾਨ 'ਤੇ ਸਹੀ ਢੰਗ ਨਾਲ ਸਾਂਭ ਕੇ ਰੱਖਣ ਸਬੰਧੀ ਹਦਾਇਤਾਂ ਦਿੱਤੀਆਂ।

## ਪੰਜਾਬ ਸਰਕਾਰ ਨੇ ਵਾਅਦਿਆਂ ਨੂੰ ਜ਼ਮੀਨੀ ਹਕੀਕਤ 'ਚ ਬਦਲਿਆ : ਡਾ. ਜਵੰਧਾ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਦਿਆਂ ਲੋਕ ਭਲਾਈ, ਸਿੱਖਿਆ, ਸਿਹਤ, ਰੋਜ਼ਗਾਰ, ਖੇਤੀਬਾੜੀ ਤੇ ਉਦਯੋਗਿਕ ਵਿਕਾਸ ਦੇ ਖੇਤਰ ਵਿੱਚ ਮਹੱਤਵਪੂਰਨ ਕਦਮ ਚੁੱਕੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਦੇ ਨਾਲ-ਨਾਲ ਪੰਜਾਬ ਨੂੰ ਵਿਕਾਸ ਦੀ ਨਵੀਂ ਦਿਸ਼ਾ ਵੱਲ ਲਿਜਾਣਾ ਹੈ।ਡਾ. ਜਵੰਧਾ ਨੇ ਕਿਹਾ ਕਿ ਮੁਫ਼ਤ ਬਿਜਲੀ ਦੀ ਸਹੂਲਤ ਪੰਜਾਬ ਸਰਕਾਰ ਦੀਆਂ ਵੱਡੀਆਂ ਲੋਕ-ਪੱਖੀ ਪਹਿਲਕਦਮੀਆਂ ਵਿੱਚੋਂ ਇੱਕ ਹੈ।ਸੂਬੇ ਦੇ 90 ਫੀਸਦੀ ਤੋਂ ਵੱਧ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆਉਣਾ ਆਮ ਪਰਵਾਰਾਂ ਲਈ ਵੱਡੀ ਰਾਹਤ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਲੋਕਾਂ ਦੀ ਘਰੇਲੂ ਆਰਥਿਕਤਾ ਨੂੰ ਮਜ਼ਬੂਤੀ ਮਿਲੀ ਹੈ।ਉਨ੍ਹਾਂ ਦੱਸਿਆ ਕਿ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਲਈ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ ਤੇ 70 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਮੌਕੇ ਦੇ ਕੇ ਉਨ੍ਹਾਂ ਦੀ ਊਰਜਾ ਨੂੰ ਸੂਬੇ ਦੀ ਤਰੱਕੀ ਨਾਲ ਜੋੜਨਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।ਉਨ੍ਹਾਂ ਕਿਹਾ ਕਿ ਸੜਕ ਹਾਦਸਿਆਂ ਨੂੰ ਘਟਾਉਣ ਅਤੇ ਕੀਮਤੀ ਜਾਨਾਂ ਬਚਾਉਣ ਲਈ ਪੰਜਾਬ ਵਿੱਚ ਸੜਕ ਸੁਰੱਖਿਆ ਫ਼ੋਰਸ ਦੀ ਸ਼ੁਰੂਆਤ ਇੱਕ ਇਤਿਹਾਸਕ ਪਹਿਲ ਹੈ।ਡਾ. ਜਵੰਧਾ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਇਹ ਪਹਿਲਕਦਮੀਆਂ ਸੂਬੇ ਨੂੰ ਇੱਕ ਮਜ਼ਬੂਤ, ਖੁਸ਼ਹਾਲ ਤੇ ਆਤਮਨਿਰਭਰ ਪੰਜਾਬ ਬਣਾਉਣ ਵੱਲ ਮਹੱਤਵਪੂਰਨ ਕਦਮ ਹਨ।

## ਜ਼ੋਨ ਪੱਧਰੀ ਐਥਲੈਟਿਕ ਮੁਕਾਬਲਿਆਂ 'ਚ ਦੀਵਾਨ ਟੋਡਰ ਮੱਲ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ




**ਭਵਾਨੀਗੜ੍ਹ (ਰਾਜ ਖੁਰਮੀ)**-ਦੀਵਾਨ ਟੋਡਰ ਮੱਲ ਪਬਲਿਕ ਸਕੂਲ ਕਾਕੜਾ ਦੇ ਵਿਦਿਆਰਥੀਆਂ ਨੇ ਘਰਾਚੋਂ ਵਿਖੇ ਕਰਾਏ ਜਾ ਰਹੇ ਜ਼ੋਨ ਪੱਧਰੀ ਅਥਲੈਟਿਕ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਉਮਰ ਵਰਗਾਂ ਵਿੱਚ ਕੁੱਲ 19 ਮੈਡਲ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਸਕੂਲ ਦੇ ਅੰਡਰ-14, ਅੰਡਰ-17 ਤੇ ਅੰਡਰ-19 ਉਮਰ ਵਰਗ ਦੇ ਲੜਕੇ-ਲੜਕੀਆਂ ਨੇ ਆਪਣੇ ਮਿਹਨਤੀ ਕੋਚ ਅਵਤਾਰ ਸਿੰਘ ਤਾਰੀ ਤੇ ਕੋਚ ਮੈਡਮ ਮਨਪ੍ਰੀਤ ਕੌਰ ਦੀ ਅਗਵਾਈ ਹੇਠ ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲਿਆ।ਸਕੂਲ ਦੀ ਪ੍ਰਿੰਸੀਪਲ ਮੈਡਮ ਮਨਜੀਤ ਕੌਰ ਨੇ ਦੱਸਿਆ ਕਿ ਅੰਡਰ-19 ਲੜਕਿਆਂ ਦੇ ਵਰਗ ਵਿੱਚ ਰਾਜਵੀਰ ਸਿੰਘ ਨੇ ਲੌਂਗ ਜੰਪ ਅਤੇ 200 ਮੀਟਰ ਦੌੜ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਰਮਨਦੀਪ ਸਿੰਘ ਨੇ 100 ਮੀਟਰ ਦੌੜ ਵਿੱਚ ਦੂਜਾ ਅਤੇ 120 ਮੀਟਰ ਹਰਡਲ ਦੌੜ ਵਿੱਚ ਪਹਿਲਾ ਸਥਾਨ, ਲਵਪ੍ਰੀਤ ਸਿੰਘ ਨੇ ਜੈਵਲਿਨ ਥਰੋ ਵਿੱਚ ਪਹਿਲਾ, ਜਸ਼ਨਦੀਪ ਸਿੰਘ ਨੇ ਜੈਵਲਿਨ ਥਰੋ ਵਿੱਚ ਦੂਜਾ, ਸਾਹਿਲਪ੍ਰੀਤ ਸਿੰਘ ਨੇ 100 ਮੀਟਰ ਦੌੜ ਵਿੱਚ ਤੀਜਾ, ਮਨਪ੍ਰੀਤ ਸਿੰਘ ਨੇ 1500 ਮੀਟਰ ਦੌੜ ਵਿੱਚ ਤੀਜਾ ਅਤੇ ਧੀਰਜ ਨੇ 3000 ਮੀਟਰ ਦੌੜ ਵਿੱਚ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਇਸ਼ਾਤ ਬਾਵਾ ਨੇ ਹਾਈ ਜੰਪ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਲੜਕੀਆਂ ਦੇ ਵਰਗ ਵਿੱਚ ਵੀ ਸਕੂਲ ਦੀਆਂ ਖਿਡਾਰਨਾਂ ਨੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ।ਮਨਵੀਰ ਕੌਰ ਨੇ ਜੈਵਲਿਨ ਥਰੋ ਤੇ 200 ਮੀਟਰ ਦੌੜ ਵਿੱਚ ਦੂਜਾ ਸਥਾਨ, ਅਰਸ਼ਦੀਪ ਕੌਰ ਨੇ ਜੈਵਲਿਨ ਥਰੋ ਵਿੱਚ ਤੀਜਾ, ਜਸਵਿੰਦਰ ਕੌਰ ਨੇ ਜੈਵਲਿਨ ਥਰੋ ਵਿੱਚ ਪਹਿਲਾ, ਗੁਰਸੀਰਤ ਕੌਰ ਨੇ ਲੌਂਗ ਜੰਪ ਵਿੱਚ ਪਹਿਲਾ ਅਤੇ 800 ਮੀਟਰ ਦੌੜ ਵਿੱਚ ਤੀਜਾ, ਗੁਰਨਿਧ ਕੌਰ ਨੇ 200 ਮੀਟਰ ਦੌੜ ਵਿੱਚ ਦੂਜਾ ਅਤੇ ਹਰਪ੍ਰੀਤ ਕੌਰ ਨੇ 400 ਮੀਟਰ ਦੌੜ ਵਿੱਚ ਤੀਜਾ ਸਥਾਨ ਹਾਸਲ ਕੀਤਾ।ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਖਿਡਾਰੀਆਂ ਵੱਲੋਂ ਕੀਤੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਜਿੱਥੇ ਸਕੂਲ ਦਾ ਮਾਣ ਵਧਿਆ ਹੈ, ਉੱਥੇ ਹੀ ਵਿਦਿਆਰਥੀਆਂ ਨੇ ਆਪਣੇ ਮਾਪਿਆਂ ਦਾ ਵੀ ਨਾਂਅ ਰੌਸ਼ਨ ਕੀਤਾ ਹੈ। ਜੇਤੂ ਖਿਡਾਰੀਆਂ ਦੇ ਸਕੂਲ ਪਹੁੰਚਣ 'ਤੇ ਵਿਦਿਆਰਥੀਆਂ ਅਤੇ ਕੋਚਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਜੇਤੂ ਖਿਡਾਰੀਆਂ ਨੂੰ ਮੈਡਲ ਪਹਿਨਾ ਕੇ ਸਨਮਾਨਿਤ ਕੀਤਾ ਗਿਆ।

# ਸ਼੍ਰੋਮਣੀ ਕਮੇਟੀ ਦਾ ਵਫ਼ਦ ਪੁਲਿਸ ਤਸ਼ੱਦਦ ਦਾ ਸ਼ਿਕਾਰ ਹੋਏ ਨੌਜੁਆਨ ਨੂੰ ਮਿਲਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੁਲਿਸ ਤਸ਼ੱਦਦ ਦਾ ਸ਼ਿਕਾਰ ਹੋਏ ਸੰਗਰੂਰ ਜ਼ਿਲ੍ਹੇ ਦੇ ਪਿੰਡ ਸ਼ੇਰੋਂ ਦੇ ਗੁਰਸਿੱਖ ਨੌਜੁਆਨ ਨਾਲ ਸ਼੍ਰੋਮਣੀ ਕਮੇਟੀ ਦੇ ਵਫ਼ਦ ਨੇ ਮੁਲਾਕਾਤ ਕਰਕੇ ਉਸ ਦੀ ਸਿਹਤ ਦਾ ਹਾਲ ਜਾਣਿਆ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਇਸ ਵਫ਼ਦ ਵਿਚ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਤੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਸ਼ਾਮਲ ਸਨ। ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਮੁੱਖ ਮੰਤਰੀ ਦੀ ਫੇਰੀ ਦੌਰਾਨ ਨਸ਼ਿਆਂ ਖਿਲਾਫ਼ ਅਵਾਜ਼ ਉਠਾਉਣ ਵਾਲੇ ਨੌਜਵਾਨ ਮੋਹਨਜੀਤ ਸਿੰਘ ਨੂੰ ਸਰਕਾਰ ਦੀ ਸ਼ਹਿ 'ਤੇ ਪੁਲਸ ਅਧਿਕਾਰੀਆਂ ਦੇ ਤਸ਼ੱਦਦ ਦਾ ਸ਼ਿਕਾਰ ਹੋਣਾ ਪਿਆ ਹੈ। ਉਨ੍ਹਾਂ ਕਿਹਾ ਕਿ ਪੁਲਿਸ ਨੇ ਨੌਜੁਆਨ ਦੇ ਕੇਸਾਂ ਤੇ ਕਕਾਰਾਂ ਦੀ ਵੀ ਬੇਅਦਬੀ ਕੀਤੀ ਹੈ। ਉਨ੍ਹਾਂ ਕਿਹਾ ਕਿ ਪੀੜਤ ਨੌਜਵਾਨ ਦਾ ਇਲਾਜ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਇਆ ਜਾਵੇਗਾ ਅਤੇ ਲੋੜ ਅਨੁਸਾਰ ਮਾਲੀ ਮੱਦਦ ਵੀ ਕੀਤੀ ਜਾਵੇਗੀ।



# ਨਵ ਨਿਯੁਕਤ ਸਰਪੰਚਾਂ ਵਾਸਤੇ ਇੱਕ ਰੋਜ਼ਾ ਵਰਕਸ਼ਾਪ ਲੱਗੀ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)** ਸਰਪੰਚਾਂ ਦੀ ਜ਼ਿਲ੍ਹਾ ਪੱਧਰ 'ਤੇ ਓ.ਐਸ.ਆਰ. (ਆਊਨ ਸੋਰਸ ਰੈਵਨਿਊ) ਅਤੇ ਵੱਖ-ਵੱਖ ਫਗੈਲਸ਼ਿਪ ਸਕੀਮਾ ਸਬੰਧੀ ਜਾਣਕਾਰੀ ਦੇਣ ਲਈ ਇੱਕ ਰੋਜ਼ਾ ਵਰਕਸ਼ਾਪ ਸ਼ਿਵ ਕੁਮਾਰ ਬਟਾਲਵੀ ਆਡੀਟੋਰੀਅਮ ਬਟਾਲਾ ਵਿਖੇ ਲੱਗੀ । ਜਿਸ ਵਿੱਚ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਵੱਖ-ਵੱਖ ਫਲੈਗਸ਼ਿਪ ਸਕੀਮਾਂ ਦੇ ਮਾਹਿਰ/ਨੋਡਲ ਅਧਿਕਾਰੀਆਂ ਵੱਲੋਂ ਸਰਪੰਚਾਂ ਨੂੰ ਜਾਣਕਾਰੀ ਦਿੱਤੀ ਗਈ।



ਇਸ ਮੌਕੇ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਵਧੀਕ ਡਿਪਟੀ ਕਮਿਸ਼ਨਰ ( ਵਿਕਾਸ) ਗੁਰਪ੍ਰੀਤ ਸਿੰਘ ਗਿੱਲ, ਡੀ.ਡੀ.ਪੀ.ਓ. ਹਰਪ੍ਰੀਤ ਸਿੰਘ , ਮਨਦੀਪ ਸਿੰਘ ਗਿੱਲ, ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਸ਼੍ਰੀ ਹਰਗੋਬਿੰਦਪੁਰ ਸਾਹਿਬ ਤੋਂ ਸੀਨੀਅਰ ਆਗੂ ਬਲਵਿੰਦਰ ਸਿੰਘ ਲਾਡੀ, ਦੀਨਾਨਗਰ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ, ਚੇਅਰਮੈਨ ਨਿਸ਼ਾਨ ਸਿੰਘ ਰੰਧਾਵਾ, ਬੀ.ਡੀ.ਪੀ.ਓ ਬਲਜੀਤ ਸਿੰਘ, ਜ਼ਿਲ੍ਹਾ ਪਰੀਸ਼ਦ ਮੈਂਬਰ ਮਿੱਤਰਮਾਨ ਸਿੰਘ, ਅਮਰੀਕ ਸਿੰਘ ਸਰਪੰਚ ਪਿੰਡ ਚੂਹੇਵਾਲ ਸਮੇਤ ਪਿੰਡਾਂ ਦੇ ਸਰਪੰਚ ਮੌਜੂਦ ਸਨ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਨਵੇਂ ਚੁਣੇ ਗਏ ਸਰਪੰਚਾਂ ਨੇ ਵੱਖ-ਵੱਖ ਵਿਭਾਗਾਂ ਵਿੱਚ ਚੱਲ ਰਹੀਆਂ ਫਲੈਗਸ਼ਿਪ ਸਕੀਮਾਂ ਦੀ ਜਾਣਕਾਰੀ ਦਿੱਤੀ ਗਈ ਹੈ, ਜਿਸ ਨਾਲ ਉਨ੍ਹਾਂ ਨੂੰ ਪਿੰਡਾਂ ਵਿੱਚ ਸਰਬਪੱਖੀ ਵਿਕਾਸ ਕਰਵਾਉਣ ਵਿੱਚ ਵੱਡੀ ਸਹਾਈਤਾ ਮਿਲੇਗੀ ਅਤੇ ਪਿੰਡਾਂ ਵਿੱਚ ਚਹੁੱਪਖੀ ਕੰਮ ਕਰਵਾਏ ਜਾਣਗੇ। ਇਸ ਮੌਕੇ ਪੇਡਾ ਤੋਂ ਪਹੁੰਚੇ ਰੋਹਿਤ ਕੁਮਾਰ ਵਲੋਂ ਸੋਲਰ ਲਾਈਟਾਂ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਸੋਲਰ ਲਾਈਟਾਂ ਲਗਾਉਣ ਲਈ 70 ਫੀਸਦ ਸਰਕਾਰ ਵਲੋਂ ਅਤੇ 30 ਫੀਸਦ ਪੰਚਾਇਤਾਂ ਵਲੋਂ ਪੇਡਾ ਨੂੰ ਅਦਾਇਗੀ ਕੀਤੀ ਜਾਵੇਗੀ। ਇਸੇ ਤਰ੍ਹਾਂ ਪੇਂਡੂ ਵਿਕਾਸ ਮੰਤਰਾਲਾ ਵਿਭਾਗ ਵੱਲੋਂ ਮਹਾਤਮਾ ਗਾਂਧੀ ਰਾਸ਼ਟਰੀ ਗ੍ਰਾਮੀਣ ਰੁਜ਼ਗਾਰ ਐਕਟ, ਰਾਸ਼ਟਰੀ ਗ੍ਰਾਮੀਣ ਆਜੀਵਿਕਾ ਮਿਸ਼ਨ, ਪ੍ਰਧਾਨ ਮੰਤਰੀ ਆਵਾਸ ਯੋਜਨਾ ਗ੍ਰਾਮੀਣ, ਦੀਨ ਦਿਆਲ ਉਪਾਧਿਆਏ ਗ੍ਰਾਮੀਣ ਕੌਸ਼ੱਲਿਆ ਯੋਜਨਾ, ਰਾਸ਼ਟਰੀ ਸਮਾਜਿਕ ਸਹਾਇਤਾ ਪ੍ਰੋਗਰਾਮ, ਸੰਸਦ ਆਦਰਸ਼ ਗ੍ਰਾਮ ਯੋਜਨਾ ਸਕੀਮਾਂ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ।

# ਸਾਫ ਵਾਤਾਵਰਣ ਲਈ ਚੀਫ਼ ਖ਼ਾਲਸਾ ਦੀਵਾਨ ਦੀ ਵੱਡੀ ਪਹਿਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਚੀਫ਼ ਖ਼ਾਲਸਾ ਦੀਵਾਨ ਵੱਲੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ ਵਾਤਾਵਰਣ ਅਤੇ ਸੁਰੱਖਿਅਤ ਭਵਿੱਖ ਦੇਣ ਦੇ ਉਦੇਸ਼ ਨਾਲ ਫੁਲਕਾਰੀ ਡਬਲਿਯੂ.ਓ.ਏ (ਵੂਮੈਨ ਆਫ ਅੰਮ੍ਰਿਤਸਰ) ਨਾਲ ਇਲੈਕਟ੍ਰਾਨਿਕ ਵੇਸਟ (ਈ ਵੇਸਟ) ਦੀ ਸਹੀ ਸੰਭਾਲ ਅਤੇ ਇਕੱਠਾ ਕਰਕੇ ਜਿੰਮੇਵਾਰੀ ਨਾਲ ਅਧਿਕਾਰਤ ਰਿਸਾਈਕਲਿੰਗ ਲਈ ਭੇਜਣ ਸਬੰਧੀ ਸਮਝੌਤਾ ਪੱਤਰ (ਐਮ.ਓ.ਯੂ) 'ਤੇ ਹਸਤਾਖਰ ਕੀਤੇ ਗਏ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ ਇੰਦਰਬੀਰ ਸਿੰਘ ਨਿੱਜਰ ਦੇ ਨਿਰਦੇਸ਼ਾਂ ਅਨੁਸਾਰ ਹਸਤਾਖਰ ਕੀਤੇ ਗਏ ਇਸ ਸਮਝੌਤੇ ਦਾ ਮੁੱਖ ਮੰਤਵ ਦੀਵਾਨ ਸਕੂਲਾਂ, ਕਾਲਜਾਂ ਅਤੇ ਹੋਰ ਸੰਸਥਾਵਾਂ ਵਿਚ ਵੱਡੇ ਗਿਣਤੀ ਵਿਚ ਪਏ ਪੁਰਾਣੇ ਜਾਂ ਖਰਾਬ ਇਲੈਕਟ੍ਰਾਨਿਕ ਸਮਾਨ ਨੂੰ ਸੁਚੱਜੇ ਢੰਗ ਨਾਲ ਇੱਕਠਾ ਕਰਕੇ ਅਧਿਕਾਰਤ ਰਿਸਾਈਕਲਿੰਗ ਤੱਕ ਪਹੁੰਚਾਉਣਾ ਹੈ ਜਿਸ ਦੇ ਸੰਬੰਧ ਵਿਚ ਚੀਫ਼ ਖ਼ਾਲਸਾ ਦੀਵਾਨ ਵੱਲੋਂ ਡਿਸਪੋਜ਼ਲ ਸਰਟੀਫਿਕੇਟ ਅਤੇ ਕਾਨੂੰਨੀ ਦਸਤਾਵੇਜ਼ ਵੀ ਪ੍ਰਾਪਤ ਕੀਤੇ ਜਾਣਗੇ। ਪ੍ਰਧਾਨ ਡਾ ਇੰਦਰਬੀਰ ਸਿੰਘ ਨਿੱਜਰ ਅਨੁਸਾਰ ਵਾਤਾਵਰਣ ਦੀ ਸੰਭਾਲ ਸਿਰਫ ਇਕ ਸਰਕਾਰੀ ਜਾਂ ਸੰਸਥਾ ਦੀ ਜਿੰਮੇਵਾਰੀ ਨਹੀਂ ਸਗੋਂ ਸਮਾਜ ਦੇ ਹਰ ਵਰਗ ਦਾ ਸਾਝਾਂ ਫਰਜ ਹੈ। ਉਹਨਾਂ ਨੇ ਕਿਹਾ ਕਿ ਈ ਵੇਸਟ ਦੀ ਸਹੀ ਸੰਭਾਲ ਵਾਤਾਵਰਣ ਸੁਰੱਖਿਅਤ ਦੇ ਨਾਲ–ਨਾਲ ਮਨੁੱਖੀ ਸਿਹਤ ਅਤੇ ਕੁਦਰਤੀ ਸਰੋਤਾਂ ਦੀ ਰੱਖਿਆ ਲਈ ਵੀ ਬੇਹਦ ਜਰੂਰੀ ਹੈ। ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਸ੍ਰ.ਰਮਣੀਕ ਸਿੰਘ ਨੇ ਦੱਸਿਆ ਕਿ ਚੀਫ਼ ਖ਼ਾਲਸਾ ਦੀਵਾਨ ਵੱਲੋਂ ਕੀਤੀ ਗਈ ਇਹ ਵੱਡੀ ਦੂਰਅੰਦੇਸ਼ੀ ਪਹਿਲ ਵਾਤਾਵਰਣ ਸੰਬੰਧੀ ਲਾਗੂ ਨਿਯਮਾਂ ਦੀ ਪਾਲਣਾ ਨੂੰ ਮਜਬੂਤ ਕਰਨ ਦੇ ਨਾਲ–ਨਾਲ ਸੀ.ਕੇ.ਡੀ ਸੰਸਥਾਵਾਂ ਦੇ ਈ ਵੇਸਟ ਸੰਬੰਧੀ ਪ੍ਰਬੰਧਕੀ ਕੰਮ ਨੂੰ ਵੀ ਸੁਚਾਰੂ ਬਣਾਵੇਗੀ ਅਤੇ ਵਿਦਿਆਰਥੀਆਂ ਅਤੇ ਸਟਾਫ ਵਿਚ ਈ ਵੇਸਟ ਦੀ ਸਹੀ ਸੰਭਾਲ ਸਬੰਧੀ ਜਾਗਰੂਕਤਾ ਵੀ ਪੈਦਾ ਕਰੇਗੀ। ਫੁਲਕਾਰੀ ਡਬਲਿਯੂ.ਓ.ਏ ਦੇ ਚੇਅਰਪਰਸਨ ਕਵਿਤਾ ਕਾਂਸਲ ਅਤੇ ਈ ਵੇਸਟ ਹੈੱਡ ਮੀਨਾਕਸ਼ੀ ਖੰਨਾ ਨੇ ਚੀਫ਼ ਖ਼ਾਲਸਾ ਦੀਵਾਨ ਵੱਲੋਂ ਇਸ ਵਾਤਾਵਰਣ ਪੱਖੀ ਉਪਰਾਲੇ ਵਿਚ ਸਹਿਯੋਗ ਦੇਣ 'ਤੇ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਦੋਹਾਂ ਸੰਸਥਾਵਾਂ ਦਾ ਇਹ ਸਾਂਝਾ ਉਪਰਾਲਾ ਈ ਵੇਸਟ ਦੀ ਸਹੀ ਸੰਭਾਲ ਅਤੇ ਸਾਫ਼ ਸੁਥਰੇ ਹਰਿਆਵਲ ਭਰਪੂਰ ਵਾਤਾਵਰਣ ਦੀ ਸਿਰਜਣਾ ਵਿਚ ਸਹਾਇਕ ਸਾਬਤ ਹੋਵੇਗਾ।



# ਬਠਿੰਡਾ ਦੀ ਦਾਣਾ ਮੰਡੀ ਵਿੱਚ ਸਕੂਲ ਬੱਸ ਯੂਨੀਅਨ ਪੰਜਾਬ ਦੀ ਮਹਾਂ ਪੰਚਾਇਤ



**ਬਿਆਸ (ਪਰਮਜੀਤ ਸਿੰਘ ਰੱਖੜਾ)**- ਬਠਿੰਡਾ ਦੀ ਦਾਣਾ ਮੰਡੀ ਵਿਖੇ ਸਕੂਲ ਬੱਸ ਯੂਨੀਅਨ ਪੰਜਾਬ ਵੱਲੋਂ ਪ੍ਰਧਾਨ ਗੁਰਪ੍ਰੀਤ ਸਿੰਘ ਗੋਪੀ ਦੀ ਅਗਵਾਈ ਹੇਠ ਡਰਾਈਵਰ ਕੰਡਕਟਰ ਤੇ ਬੱਸ ਮਾਲਕਾਂ ਵੱਲੋਂ ਮਹਾਂ ਪੰਚਾਇਤ ਕੀਤੀ ਗਈ ਜਿਸ ਵਿੱਚ ਟੈਕਸ , ਪਾਸਿੰਗ , ਗ੍ਰੀਨ ਟੈਕਸ , ਜੀ ਪੀ ਐਸ , ਸਪੀਡ ਗਵਰਨਰ ਵਰਗੇ ਫੈਸਲਿਆਂ ਦਾ ਭਾਰੀ ਵਿਰੋਧ ਕੀਤਾ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਦੂਜੇ ਰਾਜਾਂ ਵਾਂਗ ਪੰਜਾਬ ਵਿੱਚ ਵੀ ਸਕੂਲੀ ਬੱਸਾਂ ਨੂੰ ਛੋਟ ਦਿੱਤੀ ਜਾਵੇ ਅਤੇ 15 ਸਾਲ ਦੀ ਮਿਆਦ ਨੂੰ ਖ਼ਤਮ ਕਰਕੇ ਗੱਡੀ ਦੀ ਹਾਲਤ ਦੇਖ ਕੇ 25 ਸਾਲ ਦੀ ਮਿਆਦ ਕੀਤੀ ਜਾਵੇ ਅਤੇ ਲੇਡੀ ਕੰਡਕਟਰ ਦੀ ਸ਼ਰਤ ਖ਼ਤਮ ਕਰਕੇ ਪੁਰਸ਼ ਕੰਡਕਟਰ ਰੱਖਣ ਦੀ ਇਜਾਜ਼ਤ ਦਿੱਤੀ ਜਾਵੇ। ਪ੍ਰਧਾਨ ਗੁਰਪ੍ਰੀਤ ਸਿੰਘ ਗੋਪੀ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਅਗਰ ਸਾਡੀਆਂ ਮੰਗਾਂ ਨਾ ਮੰਨੀਆਂ ਤਾਂ ਇਸ ਤੋਂ ਬਾਅਦ ਵੱਡਾ ਐਕਸ਼ਨ ਕੀਤਾ ਜਾਵੇਗਾ ਜਿਸ ਦੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਐੱਨ ਐੱਸ ਐੱਸ ਇਕਾਈ ਵੱਲੋਂ ਰੁੱਖ ਲਗਾ ਕੇ ਵਾਤਾਵਰਨ ਸੰਭਾਲ ਦਾ ਦਿੱਤਾ ਸੁਨੇਹਾ



**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿਖੇ ਐੱਨ ਐੱਸ ਐੱਸ ਇਕਾਈ ਵੱਲੋਂ ਵਾਤਾਵਰਣ ਦੀ ਨਿਰੰਤਰ ਸੰਭਾਲ ਅਤੇ ਹੋਰ ਸੰਭਾਲ ਨੂੰ ਹਰਾ-ਭਰਾ ਬਣਾਉਣ ਦੀ ਲੜੀ ਤਹਿਤ ਰੁੱਖ ਲਗਾਏ ਗਏ। ਇਹ ਕਾਰਜ ਯੂਨੀਵਰਸਿਟੀ ਵੱਲੋਂ ਵਾਤਾਵਰਨ ਦੀ ਸੰਭਾਲ ਪ੍ਰਤੀ ਚਲਾਈ ਜਾ ਰਹੀ ਨਿਰੰਤਰ ਵਚਨਬੱਧਤਾ ਦਾ ਇੱਕ ਅਹਿਮ ਹਿੱਸਾ ਹੈ। ਇਸ ਮੌਕੇ ਯੂਨੀਵਰਸਿਟੀ ਦੇ ਕੁਲਪਤੀ ਸੰਤ ਮਨਮੋਹਨ ਸਿੰਘ ਅਤੇ ਉਪ-ਕੁਲਪਤੀ ਪ੍ਰੋ. (ਡਾ.) ਪਲਵਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਆਪਣੇ ਕਰ-ਕਮਲਾਂ ਨਾਲ ਰੁੱਖ ਲਗਾਏ।ਇਸ ਮੌਕੇ ਆਪਣੇ ਵਿਚਾਰ ਸਾਂਝੇ ਕਰਦਿਆਂ ਕੁਲਪਤੀ ਸੰਤ ਮਨਮੋਹਨ ਸਿੰਘ ਨੇ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਅਤੇ ਮਾਨਵ ਜਾਤੀ ਦੇ ਭਲੇ ਲਈ ਰੁੱਖ ਲਗਾਉਣਾ ਅਤੇ ਉਨ੍ਹਾਂ ਦੀ ਸੰਭਾਲ ਕਰਨਾ ਸਾਡਾ ਫ਼ਰਜ਼ ਹੈ। ਉਨ੍ਹਾਂ ਨੇ ਕਿਹਾ ਕਿ ਕੁਦਰਤ ਨਾਲ ਜੁੜਨ ਅਤੇ ਵਾਤਾਵਰਨ ਦੀ ਰੱਖਿਆ ਲਈ ਨਿਰੰਤਰ ਯਤਨਸ਼ੀਲ ਰਹਿਣ ਦੀ ਪ੍ਰੇਰਨਾ ਦਿੱਤੀ। ਉਪ-ਕੁਲਪਤੀ ਪ੍ਰੋ. (ਡਾ.) ਪਲਵਿੰਦਰ ਸਿੰਘ ਨੇ ਐੱਨ ਐੱਸ ਐੱਸ ਇਕਾਈ ਦੇ ਯਤਨਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਰੁੱਖ ਸਾਡੇ ਜੀਵਨ ਦਾ ਆਧਾਰ ਹਨ ਅਤੇ ਕੁਦਰਤ ਦੇ ਸੰਤੁਲਨ ਨੂੰ ਬਣਾਈ ਰੱਖਣਾ ਅਤੇ ਹਰਿਆਲੀ ਵਿੱਚ ਵਾਧਾ ਕਰਨਾ ਸਮੇਂ ਦੀ ਮੁੱਖ ਮੰਗ ਹੈ। ਯੂਨੀਵਰਸਿਟੀ ਕੈਂਪਸ ਵਿੱਚ ਛਾਂਦਾਰ, ਫਲਦਾਰ ਅਤੇ ਵਾਤਾਵਰਨ ਪੱਖੀ ਪੌਦੇ ਲਗਾਏ ਗਏ।

# ਬੈਂਸ ਨੇ ਭਾਈ ਜੈਤਾ ਜੀ ਦੇ ਜਨਮ ਦਿਹਾੜੇ ਦੀਆਂ ਸੰਗਤਾਂ ਨੂੰ ਦਿੱਤੀਆਂ ਵਧਾਈਆਂ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੱਟੀ)**- ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਭਾਈ ਜੈਤਾ ਜੀ (ਬਾਬਾ ਜੀਵਨ ਸਿੰਘ ਜੀ) ਦੇ ਜਨਮ ਦਿਹਾੜੇ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੱਤੀਆਂ।ਉਨ੍ਹਾਂ ਕਿਹਾ ਕਿ ਭਾਈ ਜੈਤਾ ਜੀ ਦਾ ਜੀਵਨ ਸਿੱਖ ਇਤਿਹਾਸ ਵਿੱਚ ਬਹਾਦਰੀ, ਸੇਵਾ ਅਤੇ ਗੁਰੂ ਪ੍ਰਤੀ ਅਟੁੱਟ ਸ਼ਰਧਾ ਦੀ ਅਦੁੱਤੀ ਮਿਸਾਲ ਹੈ।



ਉਨ੍ਹਾਂ ਦੱਸਿਆ ਕਿ ਜਦੋਂ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੂੰ ਦਿੱਲੀ ਵਿਖੇ ਸ਼ਹੀਦ ਕੀਤਾ ਗਿਆ ਤਾਂ ਭਾਈ ਜੈਤਾ ਜੀ ਨੇ ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ ਗੁਰੂ ਸਾਹਿਬ ਜੀ ਦਾ ਪਾਵਨ ਸੀਸ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਲਿਆਂਦਾ। ਉਨ੍ਹਾਂ ਦੀ ਇਸ ਮਹਾਨ ਸੇਵਾ ਅਤੇ ਗੁਰੂ ਪ੍ਰਤੀ ਸਮਰਪਣ ਨੂੰ ਦੇਖਦਿਆਂ ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ 'ਰੰਗਰੇਟਾ ਗੁਰੂ ਕਾ ਬੇਟਾ' ਦਾ ਮਾਣ ਬਖ਼ਸ਼ਿਆ।

ਸ. ਬੈਂਸ ਨੇ ਕਿਹਾ ਕਿ ਭਾਈ ਜੈਤਾ ਜੀ ਦੀ ਮਹਾਨ ਕੁਰਬਾਨੀ ਅਤੇ ਵੱਡਮੁੱਲੇ ਇਤਿਹਾਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਪੰਜਾਬ ਸਰਕਾਰ ਵੱਲੋਂ ਭਾਈ ਜੈਤਾ ਜੀ ਯਾਦਗਾਰੀ ਅਜਾਇਬ ਘਰ ਦਾ ਨਿਰਮਾਣ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਅਜਾਇਬ ਘਰ ਵਿੱਚ ਭਾਈ ਜੈਤਾ ਜੀ ਦੇ ਸੰਪੂਰਨ ਜੀਵਨ, ਗੁਰੂ ਸਾਹਿਬਾਨ ਪ੍ਰਤੀ ਉਨ੍ਹਾਂ ਦੀ ਅਟੁੱਟ ਸ਼ਰਧਾ ਅਤੇ ਮਹਾਨ ਸ਼ਹਾਦਤ ਨੂੰ ਆਧੁਨਿਕ ਅਤੇ ਵਿਲੱਖਣ ਢੰਗ ਨਾਲ ਦਰਸਾਇਆ ਗਿਆ ਹੈ।

# ਦਿਆਲਪੁਰਾ ਨੇ ਸੜਕ ਹਾਦਸੇ 'ਚ ਜਾਨ ਗੁਆਉਣ ਵਾਲੇ ਪੱਤਰਕਾਰ ਦੇ ਪਰਵਾਰ ਨੂੰ 5 ਲੱਖ ਚੈੱਕ ਸੌਂਪਿਆ



**ਮੁਹਾਲੀ (ਗੁਰਜੀਤ ਬਿੱਲਾ)**- ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਪੰਜਾਬ ਸਰਕਾਰ ਦੀ ਤਰਫ਼ੋਂ ਮੋਹਾਲੀ ਵਿੱਚ ਸੜਕ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਪੱਤਰਕਾਰ ਦਵਿੰਦਰ ਸਿੰਘ ਦੇ ਪਰਵਾਰ ਨੂੰ 5 ਲੱਖ ਰੁਪਏ ਦੀ ਬੀਮਾ ਰਾਸ਼ੀ ਦਾ ਚੈੱਕ ਸੌਂਪਿਆ। ਵਿਧਾਇਕ ਦਿਆਲਪੁਰਾ ਪਿੰਡ ਸ਼ਮਸਪੁਰ, ਨੇੜੇ ਸਮਰਾਲਾ, ਜ਼ਿਲ੍ਹਾ ਲੁਧਿਆਣਾ ਵਿਖੇ ਪੱਤਰਕਾਰ ਦਵਿੰਦਰ ਸਿੰਘ ਦੇ ਘਰ ਪੁੱਜੇ ਅਤੇ ਉਨ੍ਹਾਂ ਦੇ ਮਾਤਾ ਜਸਪਾਲ ਕੌਰ ਤੇ ਪਿਤਾ ਬਲਕਾਰ ਸਿੰਘ ਨੂੰ ਪੰਜਾਬ ਸਰਕਾਰ ਵੱਲੋਂ ਪ੍ਰਦਾਨ ਕੀਤੀ ਗਈ 5 ਲੱਖ ਰੁਪਏ ਦੀ ਬੀਮਾ ਰਾਸ਼ੀ ਦਾ ਚੈੱਕ ਸੌਂਪਿਆ। ਇਸ ਮੌਕੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਪੱਤਰਕਾਰ ਦਵਿੰਦਰ ਸਿੰਘ ਦੀ ਅਚਾਨਕ ਮੌਤ ਇੱਕ ਬਹੁਤ ਹੀ ਦੁਖਦਾਈ ਘਟਨਾ ਹੈ ਅਤੇ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਪਰਵਾਰ ਦੇ ਨਾਲ ਖੜ੍ਹੀ ਹੈ। ਜ਼ਿਕਰਯੋਗ ਹੈ ਕਿ ਮੋਹਾਲੀ ਵਿਖੇ ਤਾਇਨਾਤ ਅਜੀਤ ਵੈੱਬ ਟੀਵੀ ਦੇ ਪੱਤਰਕਾਰ ਦਵਿੰਦਰ ਸਿੰਘ ਦੀ ਇਸ ਸਾਲ ਫਰਵਰੀ ਮਹੀਨੇ ਦੌਰਾਨ ਇੱਕ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ।

# ਬਾਬਾ ਵਡਭਾਗ ਸਿੰਘ ਦੇ ਜਨਮਦਿਨ ਨੂੰ ਸਮਰਪਤ ਸਾਲਾਨਾ ਸਮਾਗਮ ਅੱਜ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ ਪਿੰਡ ਰਸੂਲਪੁਰ ਵਿਖੇ ਧੰਨ ਧੰਨ ਬਾਬਾ ਵਡਭਾਗ ਸਿੰਘ ਜੀ ਦੇ ਜਨਮ ਦਿਨ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਤਿੰਨ ਰੋਜ਼ਾ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਸਮਾਜਸੇਵੀ ਜਸਵਿੰਦਰ ਸਿੰਘ ਜੱਸੀ ਰਸੂਲਪੁਰ ਨੇ ਦੱਸਿਆ ਕਿ ਸਮਾਗਮ ਦੀ ਮੁੱਖ ਪ੍ਰਬੰਧਕ ਬੀਬੀ ਕੁਲਦੀਪ ਕੌਰ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਇਸ ਸਮਾਗਮ ਮੌਕੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਹਨ ਜਿਨਾਂ ਦੇ ਭੋਗ 4 ਸਤੰਬਰ ਨੂੰ ਪਾਏ ਜਾਣਗੇ।

ਉਹਨਾਂ ਦੱਸਿਆ ਕਿ ਇਸ ਮੌਕੇ 4 ਸਤੰਬਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਭਾਈ ਸੁਖਬੀਰ ਸਿੰਘ ਕੰਧੋਲੇ ਵਾਲਿਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ।

# ਅਸ਼ਟਮੀ 'ਤੇ ਨੰਨ੍ਹੇ-ਮੁੰਨੇ ਬੱਚਿਆਂ ਨੇ ਦਿਖਾਏ ਆਪਣੀ ਕਲਾ ਦੇ ਜੌਹਰ



**ਅੰਮ੍ਰਿਤਸਰ (ਅਰੋੜਾ)** : ਸੇਕਰਡ ਹਾਰਟ ਪਬਲਿਕ ਸਕੂਲ ਪੁਰਾਣੀ ਚੁੰਗੀ ਨੇੜੇ ਸਕੂਲ ਦੀ ਮੈਨੇਜਰ ਅਜੇ ਕੁਮਾਰੀ, ਪ੍ਰਿੰਸੀਪਲ ਸਲਿਲ ਸਾਗਰ ਅਤੇ ਵਾਇਸ ਪ੍ਰਿੰਸੀਪਲ ਪ੍ਰਤਿਭਾ ਅਰੋੜਾ ਦੀ ਦੇਖ-ਰੇਖ ਹੇਠ ਵਿਸ਼ਵ ਭਰ ਵਿੱਚ ਮਨਾਏ ਜਾਂਦੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਵਿੱਤਰ ਤਿਉਹਾਰ ਦੇ ਸ਼ੁਭ ਅਵਸਰ 'ਤੇ ਧਾਰਮਿਕ ਸਮਾਗਮ ਦਾ ਆਯੋਜਨ ਸਕੂਲ ਦੇ ਵਿਹੜੇ ਵਿੱਚ ਕੀਤਾ ਗਿਆ। ਸਕੂਲ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੇ ਰਾਧਾ ਕ੍ਰਿਸ਼ਨ ਦੇ ਪਹਿਰਾਵੇ ਵਿੱਚ ਆਪਣੀ ਕਲਾ ਦੇ ਜੌਹਰ ਦਿਖਾਏ। ਸਕੂਲ ਦੇ ਪ੍ਰਿੰਸੀਪਲ ਸਲਿਲ ਸਾਗਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਕ੍ਰਿਸ਼ਨ ਜਨਮਾਸ਼ਟਮੀ ਦਾ ਤਿਉਹਾਰ ਭਾਰਤ ਵਿੱਚ ਹੀ ਨਹੀਂ ਸਗੋਂ ਪੂਰੀ ਦੁਨੀਆ ਵਿੱਚ ਮਨਾਇਆ ਜਾਂਦਾ ਹੈ। ਭਾਰਤੀ ਮੂਲ ਦੇ ਜੋ ਲੋਕ ਵਿਦੇਸ਼ਾਂ ਵਿੱਚ ਆਪਣੇ ਪਰਿਵਾਰਾਂ ਸਮੇਤ ਰਹਿੰਦੇ ਹਨ, ਉਹ ਵੀ ਆਪਣੇ ਇਨ੍ਹਾਂ ਤਿਉਹਾਰਾਂ ਨੂੰ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਉਂਦੇ ਹਨ। ਇਸ ਮੌਕੇ ਪਵਨਜੋਤ ਕੌਰ, ਅਨੂ ਬਾਲਾ, ਕੁਸੁਮ, ਸਮਨ, ਅਨੂ, ਸੀਮਾ, ਗੁਰਮੀਤ ਮੈਡਮ ਸਮੇਤ ਸਕੂਲ ਸਟਾਫ਼ ਦੇ ਸਮੂਹ ਮੈਂਬਰ ਹਾਜ਼ਰ ਸਨ।

# ਕਰਤਾਰਪੁਰ 'ਚ ਕੁੱਤਿਆਂ ਦਾ ਆਤੰਕ

**ਕਰਤਾਰਪੁਰ (ਹਰਮੇਸ਼ ਦੱਤ)**- ਕਰਤਾਰਪੁਰ ਸ਼ਹਿਰ ਦੇ ਹਰ ਮਹੱਲੇ ਵਿੱਚ ਅਵਾਰਾ ਕੁੱਤਿਆਂ ਨੇ ਪੂਰਾ ਆਂਤਕ ਮਚਾ ਰੱਖਿਆ ਹੈ। ਰੋਜ਼ਾਨਾ ਹੀ ਲੋਕਾਂ ਨੂੰ ਇਹ ਕੁੱਤੇ ਵੱਢ ਰਹੇ ਹਨ ਪਰ ਇਹਨਾਂ ਅਵਾਰਾ ਕੁੱਤਿਆਂ ਤੇ ਕੋਈ ਵੀ ਵਿਭਾਗ ਕਾਰਵਾਈ ਨਹੀਂ ਕਰ ਰਿਹਾ। ਮਲੂਣਾ ਮਹੱਲੇ ਦੇ ਵਿੱਚ ਪੱਤਰਕਾਰ ਜਸਵੰਤ ਵਰਮਾ ਤੇ ਇੱਕ ਕੁੱਤੇ ਵੱਲੋਂ ਹਮਲਾ ਕਰਕੇ ਗੰਭੀਰ ਰੂਪ ਨਾਲ ਜਖਮੀ ਕਰ ਦਿੱਤਾ। ਕੁੱਤੇ ਵੱਲੋਂ ਜਸਵੰਤ ਵਰਮਾ ਨੂੰ ਪੰਜ ਥਾਵਾਂ ਤੋਂ ਵੱਢਿਆ ਗਿਆ। ਨਗਰ ਕੌਂਸਲ ਕਰਤਾਰਪੁਰ ਵਿਖੇ ਵੀ ਇਹਨਾਂ ਕੁੱਤਿਆਂ ਨੂੰ ਫੜਨ ਲਈ ਨਾ ਤਾਂ ਕੋਈ ਗੱਡੀ ਹੈ ਅਤੇ ਨਾ ਹੀ ਕੋਈ ਟੀਮ। ਇਸ ਸਬੰਧ ਵਿੱਚ ਮਾਸਟਰ ਅਮਰੀਕ ਸਿੰਘ, ਗੋਲਡੀ, ਦੀਪਕ, ਵਿਨੋਦ, ਸ਼ਾਮ ਸੁੰਦਰ, ਆਦਿ ਨੇ ਕਰਤਾਰਪੁਰ ਦੇ ਵਿਧਾਇਕ ਬਲਕਾਰ ਸਿੰਘ ਨੂੰ ਅਪੀਲ ਕੀਤੀ ਹੈ ਕਿ ਕਰਤਾਰਪੁਰ ਸ਼ਹਿਰ ਦੇ ਕੁੱਤਿਆਂ ਨੂੰ ਫੜਨ ਲਈ ਇੱਕ ਗੱਡੀ ਅਤੇ ਜਰੂਰੀ ਸਮਾਨ ਮੁਹਈਆ ਕਰਾਇਆ ਜਾਵੇ ਤਾਂ ਜੋ ਅਵਾਰਾ ਘੁੰਮ ਰਹੇ ਕੁੱਤਿਆਂ ਦਾ ਪੱਕਾ ਹੱਲ ਹੋ ਸਕੇ।

# ਸਿੱਖ ਨੌਜਵਾਨ ਨਾਲ ਕੁੱਟਮਾਰ ਤੇ ਕਕਾਰਾਂ ਦੀ ਬੇਅਦਬੀ ਨਿੰਦਣਯੋਗ : ਸਿੱਧੂ

**ਮੋਹਾਲੀ (ਗੁਰਜੀਤ ਬਿੱਲਾ)**- ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਸੰਗਰੂਰ ਦੇ ਸ਼ੇਰੋਂ ਪਿੰਡ ਵਿੱਚ ਸਿੱਖ ਨੌਜਵਾਨ ਮੋਹਣਜੀਤ ਸਿੰਘ ਨਾਲ ਕੁੱਟਮਾਰ, ਦਾੜ੍ਹੀ ਪੁੱਟਣ, ਕੇਸਾਂ ਦੀ ਬੇਅਦਬੀ ਅਤੇ ਕਕਾਰਾਂ ਨਾਲ ਅਪਮਾਨਜਨਕ ਵਿਵਹਾਰ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਨੌਜਵਾਨ ਨਾਲ ਧੱਕੇਸ਼ਾਹੀ ਦਾ ਮਾਮਲਾ ਨਹੀਂ, ਸਗੋਂ ਪੰਜਾਬ ਦੀਆਂ ਧਾਰਮਿਕ ਭਾਵਨਾਵਾਂ ਅਤੇ ਕਾਨੂੰਨ-ਵਿਵਸਥਾ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਨੌਜਵਾਨ ਨੂੰ ਹੀ ਨਿਸ਼ਾਨਾ ਬਣਾਉਣਾ ਬੇਹੱਦ ਮੰਦਭਾਗਾ ਹੈ। ਜੇਕਰ ਇੱਕ ਆਮ ਨੌਜਵਾਨ ਆਪਣੇ ਇਲਾਕੇ ਵਿੱਚ ਫੈਲ ਰਹੇ ਨਸ਼ਿਆਂ ਵਿਰੁੱਧ ਆਵਾਜ਼ ਉਠਾਉਂਦਾ ਹੈ ਅਤੇ ਉਸਨੂੰ ਹੀ ਪੁਲਿਸ ਦੀ ਧੱਕੇਸ਼ਾਹੀ ਦਾ ਸਾਹਮਣਾ ਕਰਨਾ ਪੈਂਦਾ ਹੈ। ਪੁਲਸ ਦੀ ਵਰਦੀ ਕਾਨੂੰਨ ਦੀ ਰੱਖਿਆ ਕਰਨ ਦੀ ਜ਼ਿੰਮੇਵਾਰੀ ਦਿੰਦੀ ਹੈ, ਕਿਸੇ ਨਾਗਰਿਕ ਨਾਲ ਜ਼ੁਲਮ ਜਾਂ ਧੱਕੇਸ਼ਾਹੀ ਕਰਨ ਦਾ ਲਾਇਸੈਂਸ ਨਹੀਂ। ਸਿੱਧੂ ਨੇ ਸਰਕਾਰ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਮਾਮਲੇ ਨੂੰ ਜਾਂਚ ਦੇ ਨਾਂਅ 'ਤੇ ਠੰਢੇ ਬਸਤੇ ਵਿੱਚ ਪਾਉਣ ਦੀ ਕੋਸ਼ਿਸ਼ ਨਾ ਕੀਤੀ ਜਾਵੇ। ਪੂਰੇ ਮਾਮਲੇ ਦੀ ਨਿਰਪੱਖ ਜਾਂਚ ਕਰਵਾ ਕੇ ਜੇਕਰ ਕੋਈ ਪੁਲਸ ਮੁਲਾਜ਼ਮ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਖ਼ਿਲਾਫ਼ ਬਿਨਾਂ ਕਿਸੇ ਸਿਆਸੀ ਦਬਾਅ ਦੇ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।



# 75 ਅਧਿਆਪਕਾਂ ਦਾ ਸਟੇਟ ਐਵਾਰਡਾਂ ਨਾਲ ਸਨਮਾਨ ਕਰੇਗੀ ਮਾਨ ਸਰਕਾਰ : ਬੈਂਸ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੂਬੇ ਵਿੱਚ ਸਿੱਖਿਆ ਦੀ ਨੁਹਾਰ ਬਦਲਣ ਵਾਲੇ ਅਧਿਆਪਕਾਂ ਨੂੰ ਮਾਣ ਸਨਮਾਨ ਦੀ ਵਚਨਬੱਧਤਾ ਤਹਿਤ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਧਿਆਪਕ ਦਿਵਸ ਮੌਕੇ 75 ਅਧਿਆਪਕਾਂ ਨੂੰ ਵੱਕਾਰੀ ਰਾਜ ਅਧਿਆਪਕ ਪੁਰਸਕਾਰ- 2026 ਨਾਲ ਸਨਮਾਨਿਤ ਕੀਤਾ ਜਾਵੇਗਾ। ਹਰਜੋਤ ਬੈਂਸ ਨੇ ਦੱਸਿਆ ਕਿ ਇਹ ਸਾਰੇ 75 ਅਧਿਆਪਕ ਰਾਜ ਅਧਿਆਪਕ ਪੁਰਸਕਾਰ ਨੀਤੀ ਅਨੁਸਾਰ ਪਾਰਦਰਸ਼ੀ ਢੰਗ ਨਾਲ ਯੋਗਤਾ ਦੇ ਆਧਾਰ 'ਤੇ ਚੁਣੇ ਗਏ ਹਨ। ਇਨ੍ਹਾਂ 'ਚੋਂ 55 ਰਾਜ ਅਧਿਆਪਕ ਪੁਰਸਕਾਰ ਲਈ, 10 ਯੰਗ ਅਧਿਆਪਕ ਪੁਰਸਕਾਰ ਲਈ, 4 ਵਿਸ਼ੇਸ਼ ਅਧਿਆਪਕ ਪੁਰਸਕਾਰ ਲਈ ਅਤੇ 6 ਪ੍ਰਬੰਧਕੀ ਪੁਰਸਕਾਰ ਲਈ ਚੁਣੇ ਗਏ ਹਨ। ਬੈਂਸ ਨੇ ਕਿਹਾ ਕਿ ਸੂਬਾ ਸਰਕਾਰ ਅਧਿਆਪਕਾਂ ਦੇ ਵਡਮੁੱਲੇ ਯੋਗਦਾਨ ਨੂੰ ਸਨਮਾਨ ਦੇਣ ਵਿੱਚ ਬਹੁਤ ਮਾਣ ਮਹਿਸੂਸ ਕਰ ਰਹੀ ਹੈ ਕਿਉਂਕਿ ਅਧਿਆਪਕ ਨਾ ਸਿਰਫ਼ ਨੌਜਵਾਨਾਂ ਦੇ ਸੁਪਨਿਆਂ ਨੂੰ ਦਿਸ਼ਾ ਦਿੰਦੇ ਹਨ ਸਗੋਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਰਾਹਦਸੇਰੇ ਵੀ ਹੁੰਦੇ ਹਨ। ਇਨ੍ਹਾਂ 75 ਅਧਿਆਪਕਾਂ ਦੀ ਚੋਣ ਪੂਰੀ ਪਾਰਦਰਸ਼ੀ, ਯੋਗਤਾ-ਅਧਾਰਤ ਪ੍ਰਕਿਰਿਆ ਰਾਹੀਂ ਕੀਤੀ ਗਈ ਹੈ, ਜੋ ਇਹ ਯਕੀਨੀ ਬਣਾਉਂਦਾ ਹੈ ਕਿ ਇਸ ਵੱਕਾਰੀ ਸਨਮਾਨ ਲਈ ਉੱਤਮਤਾ ਅਤੇ ਸਮਰਪਣ ਹੀ ਇੱਕਲੌਤਾ ਮਾਪਦੰਡ ਹੈ।ਸਿੱਖਿਆ ਦੇ ਖੇਤਰ ਵਿੱਚ ਸਫ਼ਲਤਾ ਦਾ ਸਿਹਰਾ ਅਧਿਆਪਕਾਂ ਦੀ ਮਿਹਨਤ ਅਤੇ ਸਮਰਪਣ ਨੂੰ ਦਿੰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਨੀਤੀ ਆਯੋਗ ਵੱਲੋਂ ਪੰਜਾਬ ਨੂੰ 2026-27 ਲਈ ਕਲਾਸਰੂਮ ਸਿੱਖਿਆ ਦੇ ਨਤੀਜਿਆਂ ਵਿੱਚ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਸੂਬੇ ਵਜੋਂ ਮਾਨਤਾ ਦਿੱਤੀ ਗਈ ਹੈ ਅਤੇ ਭਾਰਤ ਸਰਕਾਰ ਦੇ ਪਰਖ ਰਾਸ਼ਟਰੀ ਸਰਵੇਖਣ-2024 ਵਿੱਚ ਕੇਰਲਾ ਨੂੰ ਪਛਾੜ ਕੇ ਦੇਸ਼ ਵਿੱਚ ਪਹਿਲੇ ਸਥਾਨ 'ਤੇ ਰਿਹਾ ਹੈ।



# ਡੇਂਗੂ ਤੇ ਮਲੇਰੀਆ ਤੋਂ ਬਚਾਅ ਸੰਬੰਧੀ ਲੋਕਾਂ ਨੂੰ ਕੀਤਾ ਜਾਗਰੂਕ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਡਾ. ਬੌਬੀ ਗੁਲਾਟੀ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸਬ ਡਵਿਜ਼ਨਲ ਹਸਪਤਾਲ ਸ੍ਰੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਸਿਹਤ ਵਿਭਾਗ ਵੱਲੋਂ ਬਲਾਕ ਸ੍ਰੀ ਚਮਕੌਰ ਸਾਹਿਬ ਅਧੀਨ ਪਿੰਡ ਦੁੱਮਣਾ ਵਿਖੇ ਡੇਂਗੂ ਅਤੇ ਮਲੇਰੀਆ ਦੀ ਰੋਕਥਾਮ ਅਤੇ ਬਚਾਅ ਸੰਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਮੌਕੇ ਲੋਕਾਂ ਨੂੰ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ, ਉਨ੍ਹਾਂ ਦੇ ਲੱਛਣਾਂ ਅਤੇ ਬਚਾਅ ਦੇ ਤਰੀਕਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਡਾ. ਸੁਖਵੀਰ ਸਿੰਘ, ਰੂਰਲ ਮੈਡੀਕਲ ਅਫਸਰ ਨੇ ਦੱਸਿਆ ਕਿ ਡੇਂਗੂ ਅਤੇ ਮਲੇਰੀਆ ਦੋਵੇਂ ਮੱਛਰ ਦੇ ਕੱਟਣ ਨਾਲ ਫੈਲਣ ਵਾਲੀਆਂ ਬਿਮਾਰੀਆਂ ਹਨ। ਮਲੇਰੀਆ ਦੀ ਸਮੇਂ ਸਿਰ ਜਾਂਚ ਅਤੇ ਇਲਾਜ ਬਹੁਤ ਜ਼ਰੂਰੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਘਰਾਂ ਅਤੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਕੂਲਰਾਂ, ਗਮਲਿਆਂ, ਫਰਿੱਜ ਦੀਆਂ ਟਰੇਆਂ, ਪੁਰਾਣੇ ਟਾਇਰਾਂ ਅਤੇ ਹੋਰ ਪਾਣੀ ਵਾਲੇ ਬਰਤਨਾਂ ਨੂੰ ਹਫ਼ਤੇ ਵਿੱਚ ਘੱਟੋ-ਘੱਟ ਇੱਕ ਵਾਰ ਖਾਲੀ ਕਰਕੇ ਸਾਫ਼ ਕੀਤਾ ਜਾਵੇ। ਪਿੰਡ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਬੁਖਾਰ ਹੋਣ ਦੀ ਸਥਿਤੀ ਵਿੱਚ ਲਾਪਰਵਾਹੀ ਨਾ ਵਰਤੀ ਜਾਵੇ ਅਤੇ ਤੁਰੰਤ ਸਰਕਾਰੀ ਸਿਹਤ ਸੰਸਥਾ ਵਿੱਚ ਜਾਂਚ ਕਰਵਾਈ ਜਾਵੇ। ।ਇਸ ਮੌਕੇ ਤੇ ਸੀ ਐੱਚ ਓ ਅਮਨਦੀਪ ਕੌਰ, ਏ ਐਨ ਐਮ ਕਮਲਪ੍ਰੀਤ ਕੌਰ ਅਤੇ ਪਤਵੰਤੇ ਸੱਜਣ ਹਾਜਰ ਸਨ।

# ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਨਮ ਅਸ਼ਟਮੀ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**: ਫੁਲਵਾੜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਨੰਨ੍ਹੇ-ਮੁੰਨ੍ਹੇ ਬੱਚਿਆਂ ਵੱਲੋਂ ਬੜੀ ਸ਼ਰਧਾ, ਖੁਸ਼ੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਬੱਚਿਆਂ ਨੇ ਸ੍ਰੀ ਕ੍ਰਿਸ਼ਨ ਅਤੇ ਰਾਧਾ ਦੇ ਮਨਮੋਹਕ ਰੂਪ ਧਾਰਨ ਕਰਕੇ ਸਭ ਦਾ ਮਨ ਮੋਹ ਲਿਆ। ਬੱਚਿਆਂ ਨੇ ਰੰਗ-ਬਿਰੰਗੇ ਪਹਿਰਾਵਿਆਂ ਵਿੱਚ ਸਜ ਕੇ ਕ੍ਰਿਸ਼ਨ ਦੀਆਂ ਲੀਲਾਵਾਂ, ਨ੍ਰਿਤ ਅਤੇ ਮਨਮੋਹਕ ਗਤੀਵਿਧੀਆਂ ਪੇਸ਼ ਕੀਤੀਆਂ। ਨੰਨ੍ਹੇ ਕ੍ਰਿਸ਼ਨ ਅਤੇ ਰਾਧਾ ਦੀਆਂ ਪਿਆਰੀਆਂ ਝਲਕੀਆਂ ਨੇ ਸਮੂਹ ਸਕੂਲ ਦਾ ਮਾਹੌਲ ਭਗਤੀਮਈ ਅਤੇ ਖੁਸ਼ੀ ਨਾਲ ਭਰ ਦਿੱਤਾ। ਅਧਿਆਪਕਾਂ ਵੱਲੋਂ ਬੱਚਿਆਂ ਨੂੰ ਭਗਵਾਨ ਸ੍ਰੀ ਕ੍ਰਿਸ਼ਨ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸੱਚਾਈ, ਪਿਆਰ, ਦਇਆ ਅਤੇ ਧਰਮ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ ਗਿਆ। ਬੱਚਿਆਂ ਨੇ ਜਨਮ ਅਸ਼ਟਮੀ ਨਾਲ ਸੰਬੰਧਿਤ ਗੀਤਾਂ ਅਤੇ ਡਾਂਸ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਸਕੂਲ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਮੈਡਮ ਨੇ ਬੱਚਿਆਂ ਅਤੇ ਅਧਿਆਪਕਾਂ ਨੂੰ ਜਨਮਾਸ਼ਟਮੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਇਸ ਸੁੰਦਰ ਗਤੀਵਿਧੀ ਲਈ ਸਮੂਹ ਸਟਾਫ਼ ਦੀ ਸ਼ਲਾਘਾ ਕੀਤੀ।



# ਕਿਰਤੀ ਕਿਸਾਨ ਯੂਨੀਅਨ ਦੀ ਜਲਾਲਪੁਰ ਇਕਾਈ ਦਾ ਗਠਨ

**ਮਜੀਠਾ (ਸੋਇਮ ਆਨੰਦ)**- ਕਿਰਤੀ ਕਿਸਾਨ ਯੂਨੀਅਨ ਪੰਜਾਬ ਦੀ ਇਕਾਈ ਮਜੀਠਾ ਵੱਲੋਂ ਇੱਕ ਵਿਸ਼ੇਸ਼ ਇਕੱਤਰਤਾ ਜਥੇਬੰਦੀ ਦੇ ਮਜੀਠਾ ਇਕਾਈ ਦੇ ਪ੍ਰਧਾਨ ਜਸਪਾਲ ਸਿੰਘ ਨਾਗ ਨਵੇ ਦੀ ਪ੍ਰਧਾਨਗੀ ਹੇਠ ਪਿੰਡ ਜਲਾਲਪੁਰਾ ਵਿਖੇ ਸਰਪੰਚ ਬਿਕਰਮਜੀਤ ਸਿੰਘ ਦੇ ਗ੍ਰਹਿ ਵਿਖੇ ਹੋਈ। ਜਿਸ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਵੱਲੋ ਦੇਸ਼ ਦੇ ਕਿਸਾਨਾਂ ਨਾਲ ਕੀਤੇ ਜਾ ਰਹੇ ਮਤਰੇਈ ਮਾਂ ਵਾਲੇ ਸਲੂਕ ਦੀ ਜੰਮ ਕੇ ਨਿੰਦਾ ਕੀਤੀ ਗਈ । ਇਸ ਮੌਕੇ ਜਥੇਬੰਦੀ ਦੀ ਪਿੰਡ ਜਲਾਲਪੁਰਾ ਇਕਾਈ ਦਾ ਸਰਬਸੰਮਤੀ ਨਾਲ ਗਠਨ ਕੀਤਾ ਗਿਆ। ਜਿਸ ਵਿਚ ਜੋਬਨਬੀਰ ਸਿੰਘ ਨੂੰ ਪ੍ਰਧਾਨ, ਗੁਰਦੀਪ ਸਿੰਘ ਨੂੰ ਮੀਤ ਪ੍ਰਧਾਨ, ਮੇਜਰ ਸਿੰਘ ਖਜਾਨਚੀ, ਰਣਜੀਤ ਸਿੰਘ ਸਕੱਤਰ, ਮਲਕੀਤ ਸਿੰਘ, ਗੁਰਦੀਪ ਸਿੰਘ, ਸੰਦੀਪ ਸਿੰਘ ਨੂੰ ਮੈਂਬਰ ਚੁਣਿਆ ਗਿਆ। ਇਸ ਮੌਕੇ ਨਵੇਂ ਬਣੇ ਅਹੁਦੇਦਾਰਾਂ ਨੇ ਗਲ ਕਰਦਿਆਂ ਕਿਹਾ ਕਿ ਜਥੇਬੰਦੀ ਵੱਲੋ ਉਨ੍ਹਾਂ 'ਤੇ ਪਾਈ ਗਈ ਜਿੰਮੇਵਾਰੀ ਨੂੰ ਉਹ ਪੂਰੀ ਜਿੰਮੇਵਾਰੀ ਨਾਲ ਨਿਭਾਉਣਗੇ ਅਤੇ ਪਿੰਡ ਪੱਧਰ 'ਤੇ ਕਿਸਾਨੀ ਹੱਕਾਂ ਵਾਸਤੇ ਆਵਾਜ ਬੁਲੰਦ ਕਰਦੇ ਰਹਿਣਗੇ। ਇਸ ਮੌਕੇ ਹਾਜ਼ਰ ਆਗੂਆਂ ਵਿਚ ਜਥੇਬੰਦੀ ਦੇ ਜਨਰਲ ਸਕੱਤਰ ਅਮਰੀਕ ਸਿੰਘ ਸੰਗਤਪੁਰਾ, ਰਣਜੀਤ ਸਿੰਘ, ਨਰਿੰਦਰ ਸਿੰਘ ਨਾਗ ਕਲਾਂ, ਸਿਮਰਜੀਤ ਸਿੰਘ ਨਾਗ ਖੁਰਦ, ਹਰਜੀਤ ਸਿੰਘ ਅਨੈਤਪੁਰਾ, ਕੁਲਦੀਪ ਸਿੰਘ, ਸਰਪੰਚ ਬਿਕਰਮਜੀਤ ਸਿੰਘ, ਗੁਰਵਿੰਦਰ ਸਿੰਘ, ਸੁਖਦੇਵ ਸਿੰਘ, ਸਮੇਤ ਵੱਡੀ ਗਿਣਤੀ ਵਿਚ ਕਿਸਾਨ ਆਗੂ ਹਾਜ਼ਰ ਸਨ।



# ਬਣ ਕੇ ਤਿਆਰ ਹੋਏ ਸੇਵਾ ਕੇਂਦਰ ਨੂੰ ਖੋਲ੍ਹਣ ਦੀ ਮੰਗ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)** - ਤਹਿਸੀਲ ਕੰਪਲੈਕਸ ਦੀਨਾਨਗਰ ਵਿਖੇ ਆਮ ਲੋਕਾਂ ਦੀ ਸਹੂਲਤ ਲਈ ਪਿਛਲੇ ਕਰੀਬ ਇੱਕ ਸਾਲ ਤੋਂ ਲੱਖਾਂ ਰੁਪਿਆਂ ਦੀ ਲਾਗਤ ਨਾਲ ਬਣ ਕੇ ਤਿਆਰ ਹੋਇਆ ਸੇਵਾ ਕੇਂਦਰ, ਆਮ ਲੋਕਾਂ ਲਈ ਬਣਿਆ ਸਫੇਦ ਹਾਥੀ । ਜਦ ਤਹਿਸੀਲ ਕੰਪਲੈਕਸ ਦੇ ਇੱਕ ਅਧਿਕਾਰੀ ਨੂੰ ਸੇਵਾ ਕੇਂਦਰ ਦੇ ਖੁੱਲਣ ਸਬੰਧੀ ਪੁੱਛਿਆ ਤਾਂ ਉਹਨਾਂ ਨੂੰ ਇਸ ਸਬੰਧੀ ਕੋਈ ਜਾਣਕਾਰੀ ਹੀ ਨਹੀਂ ਸੀ। ਆਮ ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਨਵੇਂ ਬਣੇ ਸੇਵਾ ਕੇਂਦਰ ਨੂੰ ਜਲਦ ਤੋਂ ਜਲਦ ਖੋਲਿਆ ਜਾਵੇ ਤਾਂ ਜੋ ਤਹਿਸੀਲ ਕੰਪਲੈਕਸ ਚ ਆਉਣ ਵਾਲੇ ਲੋਕਾਂ ਨੂੰ ਸਹੂਲਤ ਮੁਹਈਆ ਹੋ ਸਕੇ।

# ਇੰਡੀਅਨ ਆਈਡਲ ਪਹਿਲੀ ਵਾਰ ਸੋਨੀ ਪਲ 'ਤੇ

**ਰਈਆ (ਰੈੱਡੀ ਰਈਆ )** - ਭਾਰਤ ਦੇ ਸਭ ਤੋਂ ਮਸ਼ਹੂਰ ਫ੍ਰੀ-ਟੂ-ਏਅਰ ਮਨੋਰੰਜਨ ਚੈਨਲਾਂ ਵਿੱਚੋਂ ਇੱਕ ਸੋਨੀ ਪਲ ਦੇਸ਼ ਭਰ ਦੇ ਦਰਸ਼ਕਾਂ ਲਈ ਸਭ ਤੋਂ ਵਧੀਆ ਪ੍ਰਤਿਭਾ, ਦਿਲਚਸਪ ਰਿਐਲਿਟੀ ਸ਼ੋਅ ਅਤੇ ਪ੍ਰਸਿੱਧ ਕਹਾਣੀਆਂ ਲਿਆਉਣ ਲਈ ਵਚਨਬੱਧ ਹੈ। ਇਸ ਲੜੀ ਵਿੱਚ ਸੋਨੀ ਪਲ ਆਪਣੀ ਗੈਰ-ਗਲਪ ਸਮੱਗਰੀ ਵਿੱਚ ਇੱਕ ਹੋਰ ਵਿਸ਼ੇਸ਼ ਸ਼ੋਅ ਜੋੜ ਰਿਹਾ ਹੈ। ਇੰਡੀਅਨ ਆਈਡਲ ਸੀਜ਼ਨ 16, ਦੇਸ਼ ਦੇ ਸਭ ਤੋਂ ਪਿਆਰੇ ਗਾਇਕੀ ਰਿਐਲਿਟੀ ਸ਼ੋਅ ਵਿੱਚੋਂ ਇੱਕ, 7 ਸਤੰਬਰ ਤੋਂ ਸੋਨੀ ਪਾਲ 'ਤੇ ਪ੍ਰੀਮੀਅਰ ਹੋਵੇਗਾ। ਇੰਡੀਅਨ ਆਈਡਲ ਦਾ ਇਹ ਲਾਂਚ ਬਹੁਤ ਖਾਸ ਹੈ, ਕਿਉਂਕਿ ਇਹ ਪਹਿਲੀ ਵਾਰ ਇੱਕ ਫਰੀ ਟੂ ਏਅਰ ਪਲੇਟਫਾਰਮ 'ਤੇ ਪ੍ਰਸਾਰਿਤ ਹੋ ਰਿਹਾ ਹੈ। ਉੱਚ-ਗੁਣਵੱਤਾ ਵਾਲੇ ਮਨੋਰੰਜਨ ਨੂੰ ਆਸਾਨੀ ਨਾਲ ਪਹੁੰਚਯੋਗ ਬਣਾਉਣਾ ਹੈ।

# ਸ੍ਰੀ ਗੁਰੂ ਰਵਿਦਾਸ ਦੀ ਬਾਣੀ ਸੰਬੰਧੀ ਸੈਮੀਨਾਰ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਉਚੇਰੀ ਸਿੱਖਿਆ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਰਕਾਰੀ ਕਾਲਜ ਡੇਰਾਬੱਸੀ ਦੇ ਪ੍ਰਿੰਸੀਪਲ ਵਿਨੀਤਾ ਰਾਓ ਦੀ ਸਰਪ੍ਰਸਤੀ ਹੇਠ ਸਭਿਆਚਾਰਕ ਵਿਭਾਗ, ਈਕੋ ਕਲੱਬ ਅਤੇ ਫਾਈਨ ਆਰਟਸ ਵਿਭਾਗ ਦੇ ਸਹਿਯੋਗ ਦੁਆਰਾ ਕਾਲਜ ਵਿੱਚ ਸ੍ਰੀ ਗੁਰੂ ਰਵਿਦਾਸ ਦੀ ਸਿੱਖਿਆਵਾਂ ਅਤੇ ਉਪਦੇਸ਼ਾਂ ਉੱਤੇ ਇੱਕ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿੱਚ ਪੋਸਟਰ ਮੇਕਿੰਗ ਅਤੇ ਕੈਲੀਗ੍ਰਾਫੀ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਭਾਗ ਲਿਆ। ਇਸ ਮੌਕੇ ਪ੍ਰੋ. ਕਿਰਨਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਰਵਿਦਾਸ ਦੀਆਂ ਸਿੱਖਿਆਵਾਂ ਬਾਰੇ ਦੱਸਦੇ ਹੋਏ ਕਿਹਾ ਕਿ ਉਹਨਾਂ ਨੇ ਸਮਾਜ ਨੂੰ ਕਰਮਕਾਂਡਾ ਅਤੇ ਭੇਦਭਾਵ ਤੋਂ ਮੁਕਤ ਕਰਵਾਇਆ ਅਤੇ ਸਮਾਜ ਵਿੱਚ ਬਰਾਬਰਤਾ ਦਾ ਉਪਦੇਸ਼ ਦਿੱਤਾ। ਕਾਲਜ ਈਕੋ ਕਲੱਬ ਦੁਆਰਾ ਕਾਲਜ ਵਿੱਚ ਬੂਟੇ ਵੀ ਲਗਾਏ ਗਏ। ਇਸ ਪ੍ਰੋਗਰਾਮ ਵਿੱਚ ਡਾ. ਨਵਦੀਪ ਕਹੋਲ, ਪ੍ਰੋ. ਰਵਿੰਦਰ ਸਿੰਘ, ਪ੍ਰੋ. ਬੋਮਿੰਦਰ ਕੌਰ, ਪ੍ਰੋ. ਸ਼ਵੇਤਾ ਖਰਬੰਦਾ, ਡਾ. ਨਿਰਮਲ ਸਿੰਘ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਨੇ ਨੇਪਾਲ 'ਚ ਹੜ੍ਹ ਪੀੜਤਾਂ ਲਈ ਲੰਗਰ ਸੇਵਾ ਕੀਤੀ ਸ਼ੁਰੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਨੇਪਾਲ ਵਿਚ ਆਈ ਕੁਦਰਤੀ ਆਫ਼ਤ ਕਾਰਨ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਲੋਕਾਂ ਦੀ ਮਦਦ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਨੁੱਖਤਾ ਦੀ ਸੇਵਾ ਤਹਿਤ ਲੰਗਰ ਅਤੇ ਰਾਹਤ ਕਾਰਜ ਆਰੰਭ ਕਰ ਦਿੱਤੇ ਗਏ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਬੀਤੇ ਦਿਨਾਂ ਤੋਂ ਇਕ ਵਫ਼ਦ ਨੇਪਾਲ ਪੁੱਜਾ ਹੋਇਆ ਹੈ, ਜਿਸ ਵਿਚ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਮੀਤ ਸਕੱਤਰ ਸ. ਅਜਾਦ ਦੀਪ ਸਿੰਘ ਸ਼ਾਮਲ ਹਨ। ਨੇਪਾਲ ਤੋਂ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਵੀਰਵਾਰ ਨੂੰ ਲੰਗਰ ਦਾ ਪਹਿਲਾ ਟਰੱਕ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਭੇਜਿਆ ਗਿਆ ਹੈ ਅਤੇ ਅਗਲੇ ਦਿਨਾਂ ਵਿਚ ਹੜ੍ਹ ਪੀੜਤ ਪਰਿਵਾਰਾਂ ਤੱਕ ਰਾਹਤ ਸਮੱਗਰੀ ਪਹੁੰਚਾਉਣ ਦਾ ਉਪਰਾਲਾ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਫ਼ਦ ਵੱਲੋਂ ਬੀਤੇ ਦਿਨੀਂ ਸਰਕਾਰ ਨਾਲ ਕੀਤੀ ਗੱਲਬਾਤ ਦੌਰਾਨ ਮਨੁੱਖਤਾ ਦੀ ਸੇਵਾ ਲਈ ਨੇਪਾਲ ਆਉਣ ਵਾਲੀਆਂ ਸੰਸਥਾਵਾਂ ਅਤੇ ਲੋਕਾਂ ਨੂੰ ਸਰਹੱਦ ਤੋਂ ਰਾਹਤ ਸਮੱਗਰੀ ਲਿਆਉਣ ਦੀ ਇਜਾਜ਼ਤ ਦੇਣ ਸਬੰਧੀ ਸੁਝਾਅ ਦਿੱਤਾ ਸੀ, ਜਿਸ ਨੂੰ ਨੇਪਾਲ ਸਰਕਾਰ ਵੱਲੋਂ ਪ੍ਰਵਾਨ ਕਰ ਲਿਆ ਗਿਆ ਹੈ।



ਸ਼੍ਰੋਮਣੀ ਕਮੇਟੀ ਵੱਲੋਂ ਕੀਤੀਆਂ ਜਾ ਰਹੀਆਂ ਰਾਹਤ ਸੇਵਾਵਾਂ ਵਿਚ ਨੇਪਾਲ ਵੱਸਦੇ ਸ. ਪ੍ਰੀਤਮ ਸਿੰਘ, ਸ. ਅੰਗਦ ਸਿੰਘ, ਸ. ਹਰਪਾਲ ਸਿੰਘ ਪਾਲੀ ਅਤੇ ਸਥਾਨਕ ਗੁਰਦੁਆਰਾ ਕਮੇਟੀ ਦੇ ਮੈਂਬਰਾਂ ਵੱਲੋਂ ਵੀ ਵਿਸ਼ੇਸ਼ ਸਹਿਯੋਗ ਕੀਤਾ ਜਾ ਰਿਹਾ ਹੈ।

# ਅਧਿਆਪਕਾਂ ਦੀ ਟਿਕਟ ਚੈਕਿੰਗ ਡਿਊਟੀ ਲਗਾਉਣ ਦੀ ਡੀ ਟੀ ਐੱਫ ਵੱਲੋਂ ਨਿੰਦਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਅਧਿਆਪਕਾਂ ਦੀ ਨੁਮਾਇੰਦਾ ਅਧਿਆਪਕ ਜੱਥੇਬੰਦੀ ਡੈਮੋਕ੍ਰੈਟਿਕ ਟੀਚਰਜ਼ ਫਰੰਟ ਨੇ ਜ਼ਿਲ੍ਹਾ ਸਿੱਖਿਆ ਅਫ਼ਸਰ (ਡੀ ਈ ਓ) ਹੁਸ਼ਿਆਰਪੁਰ ਵੱਲੋਂ ਜਾਰੀ ਉਸ ਹਾਲੀਆ ਫ਼ਰਮਾਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ, ਜਿਸ ਵਿੱਚ ਲਗਭਗ 50 ਸਰਕਾਰੀ ਅਧਿਆਪਕਾਂ ਨੂੰ ਆਗਾਮੀ 'ਹਮਾਰੇ ਰਾਮ ਸ਼ੋਅ' ਵਿੱਚ ਟਿਕਟਾਂ ਦੀ ਚੈਕਿੰਗ ਲਈ ਹਾਜ਼ਰ ਹੋਣ ਦੇ ਹੁਕਮ ਦਿੱਤੇ ਗਏ ਹਨ।ਡੀ ਟੀ ਐਫ ਯੂਨੀਅਨ ਦੇ ਨੁਮਾਇੰਦਿਆਂ ਮੁਕੇਸ਼ ਕੁਮਾਰ ਸੂਬਾ ਸੰਯੁਕਤ ਸਕੱਤਰ ਪੰਜਾਬ, ਸੁਖਦੇਵ ਡਾਨਸੀਵਾਲ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ, ਇੰਦਰ ਸੁਖਦੀਪ ਓਡਰਾ ਜ਼ਿਲ੍ਹਾ ਜਨਰਲ ਸਕੱਤਰ ਨੇ ਇਸ ਹੁਕਮ ਨੂੰ ਅਕਾਦਮਿਕ ਤਰਜੀਹਾਂ ਦੀ ਸ਼ਰੇਆਮ ਉਲੰਘਣਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪ੍ਰੀਖਿਆਵਾਂ ਦੇ ਇਨ੍ਹਾਂ ਨਾਜ਼ੁਕ ਦਿਨਾਂ ਵਿੱਚ ਅਧਿਆਪਕਾਂ ਨੂੰ ਗ਼ੈਰ-ਅਕਾਦਮਿਕ ਕੰਮਾਂ ਵਿੱਚ ਧੱਕਣਾ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਹੈ। ਪਹਿਲਾਂ ਹੀ ਜਨ ਗਣਨਾ, ਐੱਸ ਆਈ ਆਰ ਅਤੇ ਹੋਰ ਗੈਰ ਵਿੱਦਿਅਕ ਹੁਣ ਡਿਊਟੀਆਂ ਕਾਰਨ ਅਧਿਆਪਕਾਂ ਨੂੰ ਵਿਦਿਆਰਥੀਆਂ ਤੋਂ ਲੰਬੇ ਸਮੇਂ ਲਈ ਦੂਰ ਰੱਖਿਆ ਗਿਆ ਹੈ, ਜਿਸ ਕਾਰਨ ਉਹ ਪੜ੍ਹਾਈ ਵਿੱਚ ਪਛੜੇ ਹੋਏ ਹਨ, ਹੁਣ ਅਧਿਆਪਕਾਂ ਦੀ ਡਿਊਟੀ ਟਿਕਟਾਂ ਚੈਕਿੰਗ ਤੇ ਲਾ ਕੇ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ।



ਅਧਿਆਪਕ ਜਥੇਬੰਦੀ ਨੇ ਮੰਗ ਕੀਤੀ ਹੈ ਕਿ ਇਸ ਵਿਵਾਦਿਤ ਹੁਕਮ ਨੂੰ ਤੁਰੰਤ ਵਾਪਸ ਲਿਆ ਜਾਵੇ।

ਇਸ ਮੌਕੇ ਮਨਜੀਤ ਦਸੂਹਾ ਜ਼ਿਲਾ ਜਨਰਲ ਸਕੱਤਰ ਡੀ ਐਮ ਐਫ, ਸੰਦੀਪ ਗਿਲ 4161 ਯੂਨੀਅਨ ਸੂਬਾ ਪ੍ਰਧਾਨ ਬਲਕਾਰ ਮਘਾਣੀਆ, ਰਾਕੇਸ਼ ਕੁਮਾਰ, ਪ੍ਰਵੀਨ ਕੁਮਾਰ, ਬਲਜੀਤ ਮਹਿਮੋਵਾਲ, ਇਕਬਾਲ ਸਿੰਘ ਹਾਜਰ ਸਨ।

# ਕੱਬਡੀ ਤੇ ਫੁੱਟਬਾਲ ਦੇ ਮੈਚ ਕਰਵਾਏ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਦੇ ਇਤਿਹਾਸਕ ਪਿੰਡ ਡਰੋਲੀ ਕਲਾਂ ਵਿਖੇ ਸ਼ਹੀਦ ਬਾਬਾ ਮੱਤੀ ਜੀ ਮੈਮੋਰੀਅਲ ਟੂਰਨਾਮੈਂਟ ਸੁਸਾਇਟੀ ਵੱਲੋਂ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ,ਐਨ ਆਰ ਆਈ, ਨੌਜਵਾਨ ਸਭਾ, ਗੁਰਦੁਆਰਾ ਸ਼ਹੀਦ ਬਾਬਾ ਮੱਤੀ ਪ੍ਰਬੰਧਕ ਕਮੇਟੀ ਡਰੋਲੀ ਕਲਾਂ ਦੇ ਸਹਿਯੋਗ ਨਾਲ ਪਿੰਡ ਡਰੋਲੀ ਕਲਾਂ ਦੇ ਖੇਡ ਸਟੇਡੀਅਮ ਵਿਖੇ ਕਰਵਾਇਆ ਜਾ ਰਿਹਾ ਸ਼ਹੀਦ ਬਾਬਾ ਮੱਤੀ ਜੀ ਯਾਦਗਾਰੀ ਖੇਡ ਮੇਲਾ ਗੁਰੂ ਮਹਾਰਾਜ ਜੀ ਦਾ ਓਟ ਆਸਰੇ ਨਾਲ ਲੈ ਕੇ ਤੀਸਰੇ ਦਿਨ ਚ ਪ੍ਰਵੇਸ਼ ਕਰ ਗਿਆ। ਖੇਡ ਮੇਲੇ ਸੰਬੰਧੀ ਜਾਣਕਾਰੀ ਦਿੰਦੇ ਹੋਏ ਕਬੱਡੀ ਦੇ ਇੰਚਾਰਜ ਅਵਤਾਰ ਸਿੰਘ ਤਾਰੂ ਗੁਰਜੀਤ ਸਿੰਘ ਤੇ ਬਲਵੀਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 45 ਕਿਲੋ ਕਬੱਡੀ ਪਿੰਡ ਪੱਧਰ ਦੇ ਹੋਏ ਫਾਇਨਲ ਮੁਕਾਬਲੇ 'ਚ ਔਜਲਾ ਦੀ ਟੀਮ ਨੇ ਪੱਤੋਹੀਰਾ ਸਿੰਘ ਨੂੰ ਹਰਾ ਕੇ 35 ਹਜ਼ਾਰ ਦੀ ਨਗਦ ਰਾਸ਼ੀ ਤੇ ਕੱਬਡੀ ਕੱਪ ਤੇ ਕਬਜ਼ਾ ਕੀਤਾ ਉੱਪ ਜੇਤੂ ਟੀਮ ਨੂੰ 25 ਹਜ਼ਾਰ ਦੀ ਨਗਦ ਰਾਸ਼ੀ ਤੇ ਟ੍ਰਾਫੀਆਂ ਦੇ ਕੇ ਸਨਮਾਨਤ ਕੀਤਾ। ਫੁੱਟਬਾਲ ਦੇ ਹੋਏ ਆਲ ਓਪਨ ਮੁਕਾਬਲਿਆ 'ਚ ਮੰਜਰੀ ਐਫ ਸੀ ਨੇ ਸੰਤ ਬਾਬਾ ਭਾਗ ਸਿੰਘ ਸਕੂਲ ਤੇ ਕਾਲਰਾ ਐਫ ਸੀ ਨੇ ਲਵਲੀ ਯੂਨੀਵਰਸਿਟੀ ਨੂੰ ਹਰਾਇਆ। ਇਸੇ ਤਰ੍ਹਾਂ ਓਪਨ ਫੁੱਟਬਾਲ ਮੁਕਾਬਲਿਆ ਚ ਡਮੁੰਡਾ ਨੇ ਬੋਹਣ, ਚੂਹੜਵਾਲੀ ਨੇ ਸਾਹਨੀ,ਨੰਗਲਾ ਸਲਾਲਾ ਨੇ ਭੂੰਗਰਨੀ ਤੇ 2012 ਵਰਗ ਚ ਢੰਡੋਰੀ ਨੇ ਘੁੜਿਆਲ,ਪਾਂਸਟਾ ਨੇ ਈਸਰਵਾਲ,ਡਮੁੰਡਾ ਨੇ ਚੂਹੜਵਾਲੀ, ਪਧਿਆਣਾ ਨੇ ਭਬਿਆਣਾ, ਢੰਡੋਰ ਨੇ ਡੁਮੇਲੀ ਤੇ ਨੰਗਲ ਸਲਾਲਾ ਨੇ ਨਡਾਲੋ ਨੂੰ ਹਰਾ ਕੇ ਅਗਲੇ ਰਾਊਂਡ ਚ ਪ੍ਰਵੇਸ਼ ਕੀਤਾ ।ਕੱਬਡੀ ਮੈਚ 'ਚ ਗੁਰਪ੍ਰੀਤ ਸਿੰਘ ਗੋਪੀ ਰੰਗੀਲਾ, ਅਰਮਾਨ ਡੱਫਰ ਕਮੈਂਟਰ ਨੇ ਕਮੈਂਟਰੀ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ।



ਇਸ ਮੌਕੇ ਕੁਲਵਿੰਦਰ ਸਿੰਘ ਪ੍ਰਧਾਨ,ਗੁਰਮੀਤ ਸਿੰਘ ਉੱਪ ਪ੍ਰਧਾਨ,ਅਮਰਜੀਤ ਸਿੰਘ ਕੁੱਕੂ ਮੁੱਖ ਸੰਚਾਲਕ,ਹਰਮਿੰਦਰ ਸਿੰਘ ਸੈਕਟਰੀ ,ਦਵਿੰਦਰ ਸਿੰਘ ਖਜਾਨਚੀ, ਰਣਵੀਰ ਸਿੰਘ ਸਹਾਇਕ ਖਜਾਨਚੀ, ਅਮਰੀਕ ਸਿੰਘ ਡਰੋਲੀ ਤੇ ਹਰਜਾਪ ਸਿੰਘ (ਦੋਵੇਂ ਸਟੇਜ਼ ਸਕੱਤਰ), ਮਨਿਦਰ ਸਿੰਘ ਬਾਬੂ, ਹਰਪ੍ਰੀਤ ਸਿੰਘ ਬੱਬਲਾ,ਗੁਰਪ੍ਰੀਤ ਸਿੰਘ ਮਨੀ, ਅਜੇ ਸਿੰਘ (ਚਾਰੋ ਫੁੱਟਬਾਲ ਇੰਚਾਰਜ), ਕਮਲਜੀਤ ਸਿੰਘ, ਸਵਰਨ ਸਿੰਘ, ਜਥੇਦਾਰ ਮਨੋਹਰ ਸਿੰਘ ਡਰੋਲੀ, ਡਾ. ਰਣਧੀਰ ਸਿੰਘ ਰੰਧਾਵਾ, ਚਰਨਜੀਤ ਸਿੰਘ ਯੂ ਐਸ ਏ, ਮਨਪ੍ਰੀਤ ਸਿੰਘ ਕਾਲਰਾ ਕਮੇਟੀ ਮੈਂਬਰ, ਕੁਲਵੰਰਨ ਸਿੰਘ ਅੰਬਾ ਸਾਬਕਾ ਬਲਾਕ ਸੰਮਤੀ ਮੈਂਬਰ, ਸਵਰਨ ਸਿੰਘ (ਦੋਵੇਂ ਲੰਗਰ ਕਮੇਟੀ ਇੰਚਾਰਜ), ਰਸ਼ਪਾਲ ਸਿੰਘ ਸਰਪੰਚ, ਰਣਵੀਰ ਪਾਲ ਸਿੰਘ, ਜਰਨੈਲ ਸਿੰਘ ਡਰੋਲੀ, ਜਸਵਿੰਦਰ ਕੁਮਾਰ ਤੇ ਹੋਰ ਖੇਡ ਪ੍ਰੇਮੀ ਹਾਜ਼ਰ ਸਨ।

# ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਸ਼ੋਭਾ ਯਾਤਰਾ ਸਜਾਈ

**ਬਲਾਚੌਰ (ਜਸਵਿੰਦਰ ਬੈਂਸ)**- ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਾਵਨ ਤਿਉਹਾਰ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਾਲਪੁਰੀ ਮੰਦਰ ਵੱਲੋਂ ਸ਼ਹਿਰ ਵਿੱਚ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਸ਼ਰਧਾ ਅਤੇ ਉਤਸ਼ਾਹ ਨਾਲ ਭਰਪੂਰ ਇਹ ਸ਼ੋਭਾ ਯਾਤਰਾ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚੋਂ ਗੁਜ਼ਰੀ, ਜਿਸ ਦੌਰਾਨ ਸ਼ਰਧਾਲੂਆਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਜੈਕਾਰਿਆਂ ਨਾਲ ਮਾਹੌਲ ਨੂੰ ਭਗਤੀਮਈ ਬਣਾ ਦਿੱਤਾ। ਸ਼ੋਭਾ ਯਾਤਰਾ ਦੇ ਮੁੱਖ ਪ੍ਰਬੰਧਕ ਵਿਕਾਸ ਸ਼ਰਮਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਸਮਾਗਮ ਦੇ ਸੁਚੱਜੇ ਪ੍ਰਬੰਧ ਕੀਤੇ ਗਏ। ਯਾਤਰਾ ਦੌਰਾਨ ਵੱਡੀ ਗਿਣਤੀ ਵਿੱਚ ਸਨਾਤਨ ਧਰਮ ਪ੍ਰੇਮੀਆਂ ਨੇ ਸ਼ਾਮਲ ਹੋ ਕੇ ਭਗਵਾਨ ਸ੍ਰੀ ਕ੍ਰਿਸ਼ਨ ਪ੍ਰਤੀ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸ਼ੋਭਾ ਯਾਤਰਾ ਦੀ ਵਿਸ਼ੇਸ਼ ਖਿੱਚ ਮਹਿਲਾਵਾਂ ਵੱਲੋਂ ਪੇਸ਼ ਕੀਤੇ ਗਏ ਭਜਨ ਰਹੇ। ਭੈਣਾਂ ਨੇ ਭਗਤੀਮਈ ਭਜਨਾਂ ਰਾਹੀਂ ਸੰਗਤ ਨੂੰ ਨਿਹਾਲ ਕਰ ਦਿੱਤਾ ਅਤੇ ਹਰ ਕਿਸੇ ਦਾ ਮਨ ਮੋਹ ਲਿਆ।



ਭਜਨਾਂ ਅਤੇ ਧਾਰਮਿਕ ਜੈਕਾਰਿਆਂ ਨਾਲ ਪੂਰਾ ਸ਼ਹਿਰ ਭਗਤੀ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਇਸ ਮੌਕੇ ਸਨਾਤਨ ਧਰਮ ਸਭਾ ਬਲਾਚੌਰ ਦੇ ਮੈਂਬਰ ਜਗਦੀਸ਼ ਕਪਿਲ, ਸੁਰਿੰਦਰ ਪਨੇਸਰ, ਰਣਦੀਪ ਕੌਸ਼ਲ, ਪਰਮਜੀਤ ਰੱਤੇਵਾਲੀਆ, ਪ੍ਰਦੀਪ ਨਾਗਪਾਲ, ਸੋਮਨਾਥ ਤਕਲਾ ਅਤੇ ਨਵੀਨ ਸੰਦੇਸ਼ ਸਮੇਤ ਸੈਂਕੜਿਆਂ ਦੀ ਗਿਣਤੀ ਵਿੱਚ ਸਨਾਤਨ ਧਰਮ ਪ੍ਰੇਮੀ ਹਾਜ਼ਰ ਸਨ। ਸ਼ਰਧਾਲੂਆਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਜਨਮ ਦਿਹਾੜੇ ਦੀਆਂ ਖੁਸ਼ੀਆਂ ਸਾਂਝੀਆਂ ਕਰਦਿਆਂ ਆਪਸੀ ਭਾਈਚਾਰੇ, ਸ਼ਾਂਤੀ ਅਤੇ ਸਦਭਾਵਨਾ ਦਾ ਸੰਦੇਸ਼ ਦਿੱਤਾ।

ਸ਼ੋਭਾ ਯਾਤਰਾ ਦੌਰਾਨ ਸ਼ਹਿਰ ਵਾਸੀਆਂ ਵੱਲੋਂ ਵੀ ਧਾਰਮਿਕ ਸ਼ਰਧਾ ਨਾਲ ਯਾਤਰਾ ਦਾ ਸਵਾਗਤ ਕੀਤਾ ਗਿਆ। ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਇਸ ਪਾਵਨ ਮੌਕੇ ਨੇ ਬਲਾਚੌਰ ਸ਼ਹਿਰ ਨੂੰ ਭਗਤੀ, ਸ਼ਰਧਾ ਅਤੇ ਸਨਾਤਨ ਸੰਸਕ੍ਰਿਤੀ ਦੇ ਰੰਗ ਵਿੱਚ ਰੰਗ ਦਿੱਤਾ।

# ਲਾਇਨਜ ਕਲੱਬ ਫਗਵਾੜਾ ਸਮਾਰਟ ਸਿਟੀ ਨੇ ਲਗਾਇਆ ਆਲੂ-ਪੂਰੀ ਦਾ ਲੰਗਰ



**ਫਗਵਾੜਾ (ਜਸਵਿੰਦਰ ਢੱਡਾ)**- ਲਾਇਨਜ਼ ਇੰਟਰਨੈਸ਼ਨਲ 321-ਡੀ ਦੀ ਸੌ ਫੀਸਦੀ ਐਕਟਿਵ ਲਾਇਨਜ਼ ਕਲੱਬ ਫਗਵਾੜਾ ਸਮਾਰਟ ਸਿਟੀ ਵਲੋਂ ਕਲੱਬ ਪ੍ਰਧਾਨ ਲਾਇਨ ਸੰਤੋਖ ਰਾਜ ਟੂਰਾ ਦੀ ਅਗਵਾਈ ਅਤੇ ਪ੍ਰੋਜੈਕਟ ਡਾਇਰੈਕਟਰ ਲਾਇਨ ਅਸ਼ੋਕ ਵਧਵਾ ਡਿਸਟ੍ਰਿਕਟ ਚੇਅਰਮੈਨ ਦੀ ਦੇਖਰੇਖ ਹੇਠ ਸਥਾਨਕ ਬੰਗਾ ਰੋਡ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਨੂੰ ਸਮਰਪਿਤ ਆਲੂ-ਪੂਰੀ ਦਾ ਲੰਗਰ ਲਗਾਇਆ ਗਿਆ। ਜਿਸਦੀ ਸ਼ੁਰੂਆਤ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਵਲੋਂ ਕਰਵਾਈ ਗਈ। ਉਹਨਾਂ ਦੇ ਨਾਲ ਸਮਾਜ ਸੇਵਕ ਰਾਜਕੁਮਾਰ ਮੱਟੂ ਨੇ ਵੀ ਵਿਸ਼ੇਸ਼ ਤੌਰ ਤੇ ਹਾਜ਼ਰੀ ਲਗਵਾਈ ਅਤੇ ਵਿਧਾਇਕ ਧਾਲੀਵਾਲ ਅਤੇ ਸਮੂਹ ਕਲੱਬ ਮੈਂਬਰਾਂ ਦੇ ਨਾਲ ਹੱਥੀਂ ਲੰਗਰ ਦੀ ਸੇਵਾ ਵਰਤਾਈ। ਵਿਧਾਇਕ ਧਾਲੀਵਾਲ ਨੇ ਸਮੂਹ ਸੰਗਤ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਸਮਾਜ ਸੇਵਕ ਰਾਜਕੁਮਾਰ ਮੱਟੂ ਨੇ ਵੀ ਆਪਣੀਆਂ ਸ਼ੁੱਭ ਇੱਛਾਵਾਂ ਦਿੰਦਿਆਂ ਕਿਹਾ ਕਿ ਲੰਗਰ ਸਾਡੀ ਸਾਂਝੀ ਪੰਜਾਬੀ ਵਿਰਾਸਤ ਅਤੇ ਸੇਵਾ ਭਾਵਨਾ ਦੇ ਪ੍ਰਤੀਕ ਹਨ।ਲੰਗਰ ਦੌਰਾਨ ਕਲੱਬ ਦੇ ਚਾਰਟਰ ਪ੍ਰਧਾਨ ਤੇਜਿੰਦਰ ਬਾਵਾ ਐੱਮ ਜੇ ਐੱਫ ਅਤੇ ਡਿਸਟ੍ਰਿਕਟ ਚੇਅਰਮੈਨ ਲਾਇਨ ਸੁਨੀਲ ਢੀਂਗਰਾ ਵੀ ਉਚੇਰੇ ਤੌਰ ਤੇ ਪਹੁੰਚੇ ਅਤੇ ਲੰਗਰ ਦੀ ਸੇਵਾ ਵਰਤਾਉਣ ਵਿੱਚ ਵਢਮੁੱਲਾ ਯੋਗਦਾਨ ਪਾਇਆ।

ਇਸ ਮੌਕੇ ਕਲੱਬ ਸਕੱਤਰ ਲਾਇਨ ਗੁਲਸ਼ਨ ਸ਼ਰਮਾ ਲੱਕੀ, ਖਜਾਨਚੀ ਲਾਇਨ ਵਿਜੇ ਅਰੋੜਾ ਅਤੇ ਲਾਇਨ ਅਮਿਤ ਢੀਂਗਰਾ ਪੀ ਆਰ ਓ ਤੋਂ ਇਲਾਵਾ ਲਾਇਨ ਅਸ਼ੋਕ ਮਨੀਲਾ, ਲਾਇਨ ਬੱਬੂ ਮਨੀਲਾ, ਲਾਇਨ ਨਵੀਨ ਵਧਵਾ, ਲਾਇਨ ਸੰਜੇ ਤ੍ਰੇਹਨ, ਲਾਇਨ ਕੁਲਦੀਪ ਸਿੰਘ, ਲਾਇਨ ਸੰਦੀਪ ਸਿੰਘ, ਲਾਇਨ ਮਹੇਸ਼ ਬੰਗਾ, ਲਾਇਨ ਡਾ. ਭੁਪਿੰਦਰ ਸਿੰਘ, ਲਾਇਨ ਵਿਪਨ ਠਾਕੁਰ, ਲਾਇਨ ਮੋਹਿਤ ਮਨੋਚਾ, ਲਾਇਨ ਹਰੀਸ਼ ਗੁਲਾਟੀ, ਲਾਇਨ ਸੰਜੀਵ ਕੁਮਾਰ ਮਿੰਚੂ ਆਦਿ ਹਾਜ਼ਰ ਸਨ।

# ਚੰਨੀ ਵੱਲੋਂ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਮੋਰਿੰਡਾ ਬਲਾਕ ਸੰਮਤੀਆਂ ਅਨੁਸਾਰ ਵੱਖ ਵੱਖ ਪਿੰਡਾਂ ਵਿੱਚ ਕੀਤੀਆਂ ਗਈਆਂ ਜਿਸ ਵਿੱਚ ਵੱਡੇ ਪੱਧਰ ਤੇ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦਫਤਰ ਸਕੱਤਰ ਜਗਤਾਰ ਸਿੰਘ ਅਰਨੌਲੀ ਨੇ ਦੱਸਿਆ ਕਿ ਪੰਜਾਬ ਨੂੰ ਮੁੜ ਤੋਂ ਆਰਥਿਕ ਪੱਖੋਂ ਖੜਾ ਕਰਨ ਲਈ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣੀ ਜਰੂਰੀ ਹੈ । ਉਹਨਾਂ ਕਿਹਾ ਕਿ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਕਾਂਗਰਸ ਪਾਰਟੀ ਦੇ ਸਮੇਂ ਸ਼ੁਰੂ ਹੋਏ ਜਿਆਦਾਤਰ ਪ੍ਰੋਜੈਕਟ ਮੌਜੂਦਾ ਸਰਕਾਰ ਵੱਲੋਂ ਬੰਦ ਕੀਤੇ ਹੋਏ ਹਨ ਜਿਨਾਂ ਨੂੰ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਉਪਰੰਤ ਮੁੜ ਤੋਂ ਚਾਲੂ ਕਰਕੇ ਮੁਕੰਮਲ ਕਰਵਾਇਆ ਜਾਵੇਗਾ। ਇਸ ਮੌਕੇ ਪਨਗਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾ, ਪ੍ਰਧਾਨ ਦਰਸ਼ਨ ਸਿੰਘ ਸੰਧੂ, ਬਲਾਕ ਸੰਮਤੀ ਮੋਰਿੰਡਾ ਦੀ ਚੇਅਰਪਰਸਨ ਹਰਵਿੰਦਰ ਕੌਰ ਸੰਧੂ, ਸਾਬਕਾ ਬਲਾਕ ਸੰਮਤੀ ਚੇਅਰਮੈਨ ਪਰਸਨ ਬਲਜੀਤ ਕੌਰ ਸਮਾਣਾ, ਬਲਾਕ ਸੰਮਤੀ ਮੈਂਬਰ ਹਰਕੀਰਤ ਸਿੰਘ ਮੜੌਲੀ ਕਲਾਂ, ਬਲਵਿੰਦਰ ਸਿੰਘ ਰੰਗੀਆਂ, ਜਸਵਿੰਦਰ ਕੌਰ ਮੁੰਡੀਆ, ਕੌਂਸਲਰ ਮਨਦੀਪ ਸਿੰਘ ਬਾਜਵਾ, ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਗੁਰਵਿੰਦਰ ਸਿੰਘ ਜੋਕੀ, ਸਾਬਕਾ ਸਰਪੰਚ ਨਵਤੇਜ ਸਿੰਘ ਸਹੇੜੀ, ਸਾਬਕਾ ਬਲਾਕ ਸੰਮਤੀ ਮੈਂਬਰ ਬਲਵੀਰ ਸਿੰਘ ਸਹੇੜੀ, ਸਾਬਕਾ ਸਰਪੰਚ ਜਸਮੇਰ ਸਿੰਘ ਮੁੰਡੀਆ, ਸਮਾਜ ਸੇਵੀ ਸੁਖਵਿੰਦਰ ਸਿੰਘ ਮੰਡੀਆਂ, ਪੰਚਾਇਤ ਮੈਂਬਰ ਲਾਭ ਸਿੰਘ ਮੁੰਡੀਆਂ, ਯੂਥ ਆਗੂ ਗੁਰਜੀਤ ਸਿੰਘ ਮੁੰਡੀਆ, ਸਰਪੰਚ ਨਰਾਤਾ ਸਿੰਘ ਅਰਨੌਲੀ, ਧਰਮਿੰਦਰ ਸਿੰਘ ਅਰਨੌਲੀ, ਸਾਬਕਾ ਸਰਪੰਚ ਨਿਧਾਨ ਸਿੰਘ ਗੋਪਾਲਪੁਰ ਆਦਿ ਸਹਿਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ 'ਚ 'ਜਸ਼ਨ-ਏ-ਆਗਾਜ਼' ਨੇ ਬੰਨ੍ਹਿਆ ਰੰਗ

**ਜਲੰਧਰ (ਨ ਜ਼ ਸ)**- ਕਿਸੇ ਵੀ ਵਿਦਿਅਕ ਸੰਸਥਾ ਦੀਆਂ ਕੰਧਾਂ ਸਿਰਫ਼ ਇੱਟਾਂ ਨਾਲ ਨਹੀਂ ਬਣਦੀਆਂ, ਇਨ੍ਹਾਂ ਵਿੱਚ ਵਿਦਿਆਰਥੀਆਂ ਦੇ ਸੁਪਨੇ, ਉਮੀਦਾਂ ਅਤੇ ਭਵਿੱਖ ਦੀਆਂ ਕਹਾਣੀਆਂ ਸਾਹ ਲੈਂਦੀਆਂ ਹਨ। ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਜਲੰਧਰ ਵਿੱਚ ਨਵੇਂ ਵਿਦਿਆਰਥੀਆਂ ਦੇ

**● ਨਵੀਂ ਪੀੜ੍ਹੀ ਦੇ ਸੁਪਨਿਆਂ ਨੂੰ ਮਿਲੀ ਉਡਾਣ**

ਸਵਾਗਤ ਲਈ ਕਰਵਾਇਆ ਗਿਆ ਫ੍ਰੈਸ਼ਰਜ਼ ਪਾਰਟੀ 'ਜਸ਼ਨ-ਏ-ਆਗਾਜ਼' ਵੀ ਕੁਝ ਅਜਿਹੇ ਹੀ ਸੁਪਨਿਆਂ ਦਾ ਰੰਗੀਲਾ ਆਗਾਜ਼ ਬਣਿਆ।ਕਾਲਜ ਦੇ ਓ ਐਸ ਡੀ ਪ੍ਰੋ. (ਡਾ.) ਨਵਜੋਤ ਦੀ ਅਗਵਾਈ ਅਤੇ ਸੁਚੱਜੀ ਦੇਖ-ਰੇਖ ਹੇਠ ਕਰਵਾਏ ਇਸ ਸਮਾਗਮ ਵਿੱਚ ਨਵੇਂ ਵਿਦਿਆਰਥੀਆਂ ਦਾ ਉਤਸ਼ਾਹ, ਕਲਾ ਅਤੇ ਆਤਮ-ਵਿਸ਼ਵਾਸ ਦੇਖਣ ਨੂੰ ਮਿਲਿਆ। ਸਮਾਗਮ ਨੇ ਕਾਲਜ ਕੈਂਪਸ ਨੂੰ ਸੰਗੀਤ, ਨ੍ਰਿਤ, ਸੱਭਿਆਚਾਰਕ ਪੇਸ਼ਕਾਰੀਆਂ ਅਤੇ ਨੌਜਵਾਨੀ ਦੀ ਊਰਜਾ ਨਾਲ ਸਰਸ਼ਾਰ ਕਰ ਦਿੱਤਾ। ਸਮਾਗਮ ਵਿੱਚ ਪੀ ਪੀ ਆਰ ਮਾਰਕੀਟ, ਜਲੰਧਰ ਦੇ ਪ੍ਰਧਾਨ ਜੀ ਐੱਸ ਰਾਜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਹੋਰ ਪਤਵੰਤੇ ਮਹਿਮਾਨਾਂ ਤੋਂ ਇਲਾਵਾ ਕਾਲਜ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਵੀ ਮੌਜੂਦ ਰਹੇ। 'ਜਸ਼ਨ-ਏ-ਆਗਾਜ਼' ਦੌਰਾਨ ਵਿਦਿਆਰਥੀਆਂ ਨੇ ਸੰਗੀਤ, ਡਾਂਸ, ਸੱਭਿਆਚਾਰਕ ਪੇਸ਼ਕਾਰੀਆਂ ਅਤੇ ਵੱਖ-ਵੱਖ ਟੈਲੈਂਟ ਗਤੀਵਿਧੀਆਂ ਰਾਹੀਂ ਆਪਣੀ



ਕਲਾ ਦਾ ਪ੍ਰਦਰਸ਼ਨ ਕੀਤਾ। ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਨੇ ਪੂਰੇ ਜੋਸ਼ ਨਾਲ ਭਾਗ ਲੈਂਦਿਆਂ ਇਹ ਸਾਬਤ ਕੀਤਾ ਕਿ ਨਵੀਂ ਪੀੜ੍ਹੀ ਕੋਲ ਸਿਰਫ਼ ਸੁਪਨੇ ਹੀ ਨਹੀਂ, ਸਗੋਂ ਉਨ੍ਹਾਂ ਨੂੰ ਹਕੀਕਤ ਵਿੱਚ ਬਦਲਣ ਦਾ ਹੌਸਲਾ ਵੀ ਹੈ। ਇਸ ਮੌਕੇ ਮੈਨੇਜਮੈਂਟ ਦੀ ਵਿਦਿਆਰਥਣ ਕਨਿਕਾ ਨੂੰ 'ਮਿਸ ਫ੍ਰੈਸ਼ਰ' ਅਤੇ ਬੀਕਾਮ ਦੇ ਵਿਦਿਆਰਥੀ ਗਗਨਦੀਪ ਸਿੰਘ ਨੂੰ 'ਮਿਸਟਰ ਫ੍ਰੈਸ਼ਰ' ਚੁਣਿਆ ਗਿਆ। ਜੇਤੂ ਵਿਦਿਆਰਥੀਆਂ ਦਾ ਦਰਸ਼ਕਾਂ ਵੱਲੋਂ ਜ਼ੋਰਦਾਰ ਤਾੜੀਆਂ ਨਾਲ ਸਵਾਗਤ ਕੀਤਾ ਗਿਆ। ਮੁੱਖ ਮਹਿਮਾਨ ਜੀ ਐੱਸ ਰਾਜਾ ਨੇ ਨਵੇਂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਾਲਜ ਜੀਵਨ ਸਿਰਫ਼ ਡਿਗਰੀ ਹਾਸਲ ਕਰਨ ਦਾ ਸਮਾਂ ਨਹੀਂ, ਬਲਕਿ ਸ਼ਖ਼ਸੀਅਤ ਨਿਰਮਾਣ, ਹੁਨਰ ਵਿਕਾਸ ਅਤੇ ਆਪਣੇ ਸੁਪਨਿਆਂ ਨੂੰ ਦਿਸ਼ਾ ਦੇਣ ਦਾ ਮਹੱਤਵਪੂਰਨ ਪੜਾਅ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸਹਿ-ਵਿੱਦਿਅਕ ਗਤੀਵਿਧੀਆਂ ਵਿੱਚ ਵੀ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰੋ. (ਡਾ.) ਨਵਜੋਤ ਨਵੇਂ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਕਾਲਜ ਪਰਿਵਾਰ ਵਿੱਚ ਸ਼ਾਮਲ ਹੋਣਾ ਉਨ੍ਹਾਂ ਲਈ ਇੱਕ ਨਵੇਂ ਸਫ਼ਰ ਦੀ ਸ਼ੁਰੂਆਤ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਕਾਦਮਿਕ ਗਿਆਨ ਦੇ ਨਾਲ-ਨਾਲ ਲੀਡਰਸ਼ਿਪ, ਸੰਚਾਰ-ਕਲਾ, ਰਚਨਾਤਮਕਤਾ, ਟੀਮ ਵਰਕ ਅਤੇ ਆਤਮ-ਵਿਸ਼ਵਾਸ ਵਰਗੇ ਗੁਣ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ। ਸਮਾਗਮ ਦੇ ਅੰਤਲੇ ਪਲਾਂ ਵਿੱਚ ਕੈਂਪਸ ਖੁਸ਼ੀ ਅਤੇ ਉਤਸ਼ਾਹ ਨਾਲ ਭਰ ਗਿਆ। ਵਿਦਿਆਰਥੀਆਂ ਨੇ ਇੱਕ-ਦੂਜੇ ਨਾਲ ਖੁਸ਼ੀਆਂ ਸਾਂਝੀਆਂ ਕਰਦਿਆਂ ਤਸਵੀਰਾਂ ਖਿੱਚਵਾਈਆਂ ਅਤੇ ਇਸ ਯਾਦਗਾਰ ਦਿਨ ਨੂੰ ਆਪਣੇ ਕਾਲਜ ਜੀਵਨ ਦੀਆਂ ਸੁਨਹਿਰੀ ਯਾਦਾਂ ਵਿੱਚ ਦਰਜ ਕਰ ਲਿਆ।

## ਫਾਲਕਨ ਫਾਊਂਡੇਸ਼ਨ ਸਕੂਲ 'ਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਫਾਊਂਡੇਸ਼ਨ ਸਕੂਲ 'ਚ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰੀ-ਨਰਸਰੀ ਤੋਂ ਪਹਿਲੀ ਜਮਾਤ ਦੇ ਵਿਦਿਆਰਥੀਆਂ ਲਈ ਵੱਖ-ਵੱਖ ਰਚਨਾਤਮਕ ਅਤੇ ਮਨੋਰੰਜਕ ਗਤੀਵਿਧੀਆਂ ਕਰਵਾਈਆਂ ਗਈਆਂ। ਪ੍ਰੀ-ਨਰਸਰੀ, ਨਰਸਰੀ ਅਤੇ ਐੱਲ ਕੇਜੀ ਦੇ ਵਿਦਿਆਰਥੀਆਂ ਨੇ ਮਟਕੀ ਅਤੇ ਬਾਂਸਰੀ ਰੰਗ ਭਰਨ ਦੀ ਗਤੀਵਿਧੀ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ। ਨੰਨੇ-ਮੁੰਨੇ ਬੱਚਿਆਂ ਨੇ ਸੁੰਦਰ ਤਸਵੀਰਾਂ ਵਿੱਚ ਆਪਣੀ ਪਸੰਦ ਦੇ ਰੰਗ



ਭਰੇ ਅਤੇ ਇਸ ਗਤੀਵਿਧੀ ਦਾ ਖੂਬ ਆਨੰਦ ਮਾਣਿਆ। ਪ੍ਰੀ-ਨਰਸਰੀ ਅਤੇ ਨਰਸਰੀ ਦੀ ਗਤੀਵਿਧੀ ਚੰਚਲ ਅਤੇ ਮਨਜੀਤ ਦੀ ਦੇਖ-ਰੇਖ ਹੇਠ ਕਰਵਾਈ ਗਈ, ਜਦਕਿ ਐੱਲ ਕੇਜੀ ਦੀ ਗਤੀਵਿਧੀ ਪਰਮਜੀਤ ਵੱਲੋਂ ਕਰਵਾਈ ਗਈ। ਯੂ ਕੇ ਜੀ ਅਤੇ ਪਹਿਲੀ ਜਮਾਤ ਦੇ ਵਿਦਿਆਰਥੀਆਂ ਨੇ ਰਚਨਾਤਮਕ ਮਟਕੀ ਸਜਾਵਟ ਗਤੀਵਿਧੀ ਵਿੱਚ ਭਾਗ ਲਿਆ। ਇਸ ਗਤੀਵਿਧੀ ਰਾਹੀਂ ਬੱਚਿਆਂ ਨੇ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ ਅਤੇ ਜਨਮ ਅਸ਼ਟਮੀ ਨਾਲ ਜੁੜੀਆਂ ਪਰੰਪਰਾਵਾਂ ਬਾਰੇ ਜਾਣਿਆ। ਯੂ ਕੇ ਜੀ ਦੀ ਗਤੀਵਿਧੀ ਪ੍ਰੀਟੀ ਅਤੇ ਪਹਿਲੀ ਜਮਾਤ ਦੀ ਗਤੀਵਿਧੀ ਹਰਸ਼ ਦੀ ਦੇਖ-ਰੇਖ ਹੇਠ ਕਰਵਾਈ ਗਈ।

## ਸਰਕਾਰੀ ਕਾਲਜ ਟਾਂਡਾ ਦੇ ਕੰਪਿਊਟਰ ਵਿਭਾਗ ਵੱਲੋਂ ਸੈਮੀਨਾਰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਗਿਆਨੀ ਕਰਤਾਰ ਸਿੰਘ ਯਾਦਗਾਰੀ ਸਰਕਾਰੀ ਕਾਲਜ ਟਾਂਡਾ ਵਿਖੇ ਪ੍ਰਿੰਸੀਪਲ ਡਾ ਸ਼ਸ਼ੀ ਬਾਲਾ ਦੀ ਯੋਗ ਅਗਵਾਈ ਅਧੀਨ ਕਾਲਜ ਵਿੱਚ ਕੰਪਿਊਟਰ ਵਿਭਾਗ ਵਲੋਂ ਇੱਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦਾ



ਆਯੋਜਨ ਪ੍ਰੋ. ਸ਼ਵੇਤਾ ਸੰਗਰ, ਪ੍ਰੋ. ਵਿਨੇ ਕੁਮਾਰ , ਪ੍ਰੋ. ਰਜਨਦੀਪ ਕੌਰ, ਪ੍ਰੋ. ਜੀਵਨ ਜੋਤੀ , ਪ੍ਰੋ ਮਾਨਵੀ ਵਰਮਾ ਵਲੋਂ ਕੀਤਾ ਗਿਆ। ਇਸ ਸੈਮੀਨਾਰ ਦਾ ਵਿਸ਼ਾ 'ਵੈਬ ਟੈਕਨਾਲੋਜੀ' ਰੱਖਿਆ ਗਿਆ। ਇਸ ਵਿਸ਼ੇ ਲਈ ਸੀ.ਟੀ.ਓ ਗੌਰਵ ਸ਼ਰਮਾ ਅਤੇ ਰਮਨ ਸਲਗੋਤਰਾ ਓ ਸੈਵਨ ਸਰਵਿਸ ਆਈ ਟੀ ਕੰਪਨੀ ਜਲੰਧਰ ਤੋਂ ਮੁੱਖ ਬੁਲਾਰੇ ਬੁਲਾਏ ਗਏ। ਮੰਚ ਸੰਚਾਲਨ ਪ੍ਰੋਫੈਸਰ ਸ਼ਵੇਤਾ ਸੰਗਰ ਵਲੋਂ ਕੀਤਾ ਗਿਆ।ਪ੍ਰਿੰਸੀਪਲ ਡਾ. ਸ਼ਸ਼ੀ ਬਾਲਾ ਵਲੋਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਅਤੇ ਧੰਨਵਾਦ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੈਬ ਟੈਕਨਾਲੋਜੀ ਤੋਂ ਵੱਧ ਤੋਂ ਵੱਧ ਜਾਣਕਾਰੀ ਹਾਸਿਲ ਕਰਨ ਲਈ ਉਤਸ਼ਾਹਿਤ ਕੀਤਾ। ਆਏ ਹੋਏ ਬੁਲਾਰਿਆਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵੈਬ ਟੈਕਨਾਲੋਜੀ, ਏ ਆਈ, ਡਾਟਾ ਸਾਇੰਸ, ਮਸ਼ੀਨ ਲਰਨਿੰਗ ਆਦਿ ਬਾਰੇ ਜਾਣਕਾਰੀ ਦਿੱਤੀ।

# ਬੀ ਏ ਸਮੈਸਟਰ ਚੌਥਾ ਦਾ ਨਤੀਜਾ ਰਿਹਾ ਸੌ ਫ਼ੀਸਦੀ

**ਸ਼ਾਹਕੋਟ (ਗਿਆਨ ਸੈਦਪੁਰੀ)**- ਮਾਤਾ ਸਾਹਿਬ ਕੌਰ ਖ਼ਾਲਸਾ ਕਾਲਜ ਫ਼ਾਰ ਵਿਮੈਨ ਢੰਡੋਵਾਲ (ਸ਼ਾਹਕੋਟ) ਦਾ ਬੀ ਏ ਸਮੈਸਟਰ ਚੌਥਾ ਦਾ ਨਤੀਜਾ ਸੌ ਫ਼ੀਸਦੀ ਰਿਹਾ ਹੈ ਅਤੇ ਸਾਰੀਆਂ ਵਿਦਿਆਰਥਣਾਂ ਵਧੀਆ ਅੰਕ ਲੈ ਕੇ





ਪਾਸ ਹੋਈਆਂ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੇ ਕੋਆਰਡੀਨੇਟਰ ਸਨੇਹ ਲਤਾ, ਵਾਇਸ ਪ੍ਰਿੰਸੀਪਲ ਪ੍ਰਵੀਨ ਕੌਰ ਨੇ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਲੋਂ ਐਲਾਨੇ ਗਏ ਨਤੀਜੇ ਅਨੁਸਾਰ ਕਾਲਜ ਦੀ ਵਿਦਿਆਰਥਣ ਸਿਮਰਨਜੀਤ ਨੇ 8.30 ਪੁਆਇੰਟ ਹਾਸਲ ਕਰਕੇ ਖਾਲਜ ਵਿਚ ਪਹਿਲਾ, ਗੁਰਲੀਨ ਕੌਰ ਜੋਸਨ ਨੇ 8.25 ਪੁਆਇੰਟ ਹਾਸਲ ਕਰਕੇ ਦੂਜਾ ਅਤੇ ਜਸਪ੍ਰੀਤ ਕੌਰ ਨੇ 7.87 ਪੁਆਇੰਟ ਹਾਸਲ ਕਰਕੇ ਕਾਲਜ ਵਿਚ ਤੀਜਾ ਸਥਾਨ ਹਾਸਲ ਕੀਤਾ। ਇਸ ਵਧੀਆ ਨਤੀਜੇ ਲਈ ਸੰਸਥਾ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਚੱਠਾ, ਕਮੇਟੀ ਮੈਂਬਰ ਗੁਰਨਾਮ ਸਿੰਘ ਚੱਠਾ, ਹਰੀਸ਼ ਮਿੱਤਰ, ਕੁਲਬੀਰ ਸਿੰਘ ਚੱਠਾ, ਜਗਤੇਜ ਸਿੰਘ ਕੋਹੀਆਰ, ਜਥੇ. ਚਰਨ ਸਿੰਘ ਸਿਧੜ, ਜਥੇ. ਸੋਹਣ ਸਿੰਘ ਖਹਿਰਾ, ਨਰਿੰਦਰ ਸਿੰਘ ਬਾਂਸਲ, ਜਸਵੀਰ ਸਿੰਘ, ਮਨਜਿੰਦਰ ਸਿੰਘ, ਸਕੂਲ ਪ੍ਰਿੰਸੀਪਲ ਰੇਖਾ ਸ਼ਰਮਾ, ਵਾਇਸ ਪ੍ਰਿੰਸੀਪਲ ਰਾਜਵਿੰਦਰ ਕੌਰ ਨੇ [illegible] ਹਾਸਲ ਕਰਨ ਅਤੇ ਵਧੀਆ ਅੰਕਾ ਨਾਲ ਪ੍ਰੀਖਿਆ ਪਾਸ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਸ਼ੁੱਭ ਕਾਮਨਾਵਾਂ ਦਿੱਤੀਆਂ। ਉਨ੍ਹਾਂ ਇਸ ਸ਼ਾਨਦਾਰ ਸਫ਼ਲਤਾ ਦਾ ਸਿਹਰਾ ਕਾਲਜ ਦੇ ਮਿਹਨਤੀ ਸਟਾਫ਼ ਦੇ ਸਿਰ ਬੰਨ੍ਹਦਿਆਂ ਆਉਣ ਵਾਲੇ ਸਮੇਂ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।

# ਚਾਂਦਪੁਰ ਰੁੜਕੀ 'ਚ ਕਾਂਗਰਸ ਦੀ ਲੋਕ ਮਿਲਣੀ ਨੂੰ ਮਿਲਿਆ ਭਰਵਾਂ ਹੁੰਗਾਰਾ

**ਬਲਾਚੌਰ (ਜਸਵਿੰਦਰ ਬੈਂਸ)**- ਪਿੰਡ ਚਾਂਦਪੁਰ ਰੁੜਕੀ ਵਿਖੇ ਕਾਂਗਰਸ ਪਾਰਟੀ ਵੱਲੋਂ ਕਰਵਾਈ ਗਈ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਅਤੇ ਪਾਰਟੀ ਵਰਕਰਾਂ ਵੱਲੋਂ ਪਾਰਟੀ ਪ੍ਰਤੀ ਭਰੋਸੇ ਅਤੇ



ਸਮਰਥਨ ਦਾ ਪ੍ਰਗਟਾਵਾ ਕੀਤਾ ਗਿਆ। ਲੋਕ ਮਿਲਣੀ ਵਿੱਚ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਵਰਕਰਾਂ ਅਤੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਦਿਆਂ ਇਲਾਕੇ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ। ਇਸ ਮੌਕੇ ਅਜੇ ਮੰਗੂਪੁਰ ਨੇ ਕਿਹਾ ਕਿ ਪਿੰਡ-ਪਿੰਡ ਜਾ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸੁਣਨਾ ਕਾਂਗਰਸ ਪਾਰਟੀ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਚਾਂਦਪੁਰ ਰੁੜਕੀ ਦੇ ਲੋਕਾਂ ਵੱਲੋਂ ਮਿਲ ਰਿਹਾ ਪਿਆਰ, ਸਹਿਯੋਗ ਅਤੇ ਭਰੋਸਾ ਪਾਰਟੀ ਵਰਕਰਾਂ ਲਈ ਵੱਡੀ ਤਾਕਤ ਹੈ। ਲੋਕਾਂ ਦੇ ਹੱਕਾਂ ਅਤੇ ਇਲਾਕੇ ਦੇ ਵਿਕਾਸ ਨਾਲ ਜੁੜੇ ਮੁੱਦਿਆਂ ਨੂੰ ਹਰ ਪੱਧਰ 'ਤੇ ਉਠਾਇਆ ਜਾਵੇਗਾ। ਉਨ੍ਹਾਂ ਵਰਕਰਾਂ ਨੂੰ ਪਾਰਟੀ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਲਈ [illegible] ਮਜ਼ਬੂਤੀ ਨਾਲ ਕੰਮ ਕਰਨ ਦਾ ਸੱਦਾ ਦਿੱਤਾ। ਅਜੇ ਮੰਗੂਪੁਰ ਨੇ ਲੋਕ ਮਿਲਣੀ ਵਿੱਚ ਪਹੁੰਚੇ ਸਮੂਹ ਪਿੰਡ ਵਾਸੀਆਂ ਅਤੇ ਕਾਂਗਰਸੀ ਵਰਕਰਾਂ ਦਾ ਪਿਆਰ ਤੇ ਵਿਸ਼ਵਾਸ ਦੇਣ ਲਈ ਧੰਨਵਾਦ ਕੀਤਾ। ਲੋਕ ਮਿਲਣੀ ਦੌਰਾਨ ਚੌਧਰੀ ਦਰਸ਼ਨ ਲਾਲ ਮੰਗੂਪੁਰ ਸਾਬਕਾ ਵਿਧਾਇਕ ਬਲਾਚੌਰ, ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਕਿਰਨਦੀਪ ਕੌਰ ਚੇਅਰਮੈਨ ਬਲਾਕ ਸੰਮਤੀ ਸੜੋਆ, ਤਿਲਕ ਰਾਜ ਸੂਦ ਬਲਾਕ ਪ੍ਰਧਾਨ ਸੜੋਆ, ਚੌਧਰੀ ਸ਼ਾਮ ਸਰਪੰਚ ਛਛੇਵਾਲ, ਪ੍ਰੇਮ ਚੌਧਰੀ ਚੇਅਰਮੈਨ ਜਵਾਹਰ ਬਾਲ ਮੰਚ, ਜਤਿੰਦਰ ਦਿਆਲ ਪ੍ਰਧਾਨ ਕਿਸਾਨ ਸੈੱਲ, ਜਿੰਦਰ ਕੁਮਾਰ ਪ੍ਰਧਾਨ ਐਸ.ਸੀ. ਸੈੱਲ, [illegible] ਸਿੰਘ, ਇੰਦਰਜੀਤ ਪਾਲ, ਗਿਰਧਾਰੀ ਲਾਲ, ਰਾਮਦਾਸ, ਈਸ਼ਵਰ ਚੌਧਰੀ, ਜੀਂਦੀ ਚੌਧਰੀ, ਰਮੇਸ਼ ਲਾਲ, ਸਰਵਣ ਪੰਜਾਬ ਪੁਲਿਸ, ਸੁਰਿੰਦਰ, ਰਾਜ ਪਾਲ ਇੰਸਪੈਕਟਰ, ਚਰਨਜੀਤ ਪਟਵਾਰੀ, ਰਾਮਪਾਲ ਪਟਵਾਰੀ, ਕਾਕਾ ਪ੍ਰਧਾਨ, ਬਿੰਦਰ ਸਰਪੰਚ, ਜੀਤ ਸਾਬਕਾ ਸਰਪੰਚ, ਹਰਪ੍ਰੀਤ, ਧਰਮਚੰਦ ਬਿੱਟੂ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਅਤੇ ਸਮਰਥਕ ਹਾਜ਼ਰ ਸਨ।

## ਔਰਤ ਨਾਲ ਕੁੱਟਮਾਰ ਕਰਨ ਵਾਲਿਆਂ ਖਿਲਾਫ ਕੇਸ ਦਰਜ

**ਨਵਾਂਸ਼ਹਿਰ (ਮਨੋਜ ਲਾਡੀ)**- ਥਾਣਾ ਰਾਹੋਂ ਦੇ ਅਧੀਨ ਪੈਂਦੇ ਪਿੰਡ ਚਕਲੀ ਸੁਜਾਤ ਦੀ ਇਕ ਔਰਤ ਨਾਲ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਪੁਲਸ ਵਲੋਂ ਕੇਸ ਦਰਜ ਕੀਤਾ ਗਿਆ ਹੈ। ਪੁਲਸ ਥਾਣਾ ਰਾਹੋਂ ਵਿਖੇ ਦਰਜ ਮਾਮਲੇ ਅਨੁਸਾਰ ਏਐਸਆਈ ਮਹਿੰਦਰ ਲਾਲ ਨੇ ਦੱਸਿਆ ਕਿ ਸਤਵਿੰਦਰ ਕੌਰ ਪਤਨੀ ਮਨਜੀਤ ਕੁਮਾਰ ਵਾਸੀ ਪਿੰਡ ਚੱਕਲੀ ਸੁਜਾਤ ਦੇ ਬਿਆਨ 'ਤੇ ਅਮਨਦੀਪ ਕੁਮਾਰ ਪੁੱਤਰ ਹਰਜਸ, ਦਵਿੰਦਰ ਕੁਮਾਰ ਪੁੱਤਰ ਹਰਜਸ, ਸੁਨੀਤਾ ਰਾਣੀ ਪਤਨੀ ਦਵਿੰਦਰ ਕੁਮਾਰ, ਸੀਸ਼ੋ ਪਤਨੀ ਹਰਜਸ, ਹਰਜਸ ਵਾਸੀਆਨ ਪਿੰਡ ਚੱਕਲੀ ਸੁਜਾਤ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਸਤਵਿੰਦਰ ਕੌਰ ਨੇ ਦੱਸਿਆ ਕਿ ਕਥਿਤ ਮੁਲਜ਼ਮਾਂ ਨੇ ਉਸ ਨਾਲ ਕਥਿਤ ਤੌਰ 'ਤੇ ਕੁੱਟਮਾਰ ਕੀਤਾ। ਪੁਲਿਸ ਨੇ ਸਤਵਿੰਦਰ ਕੌਰ ਨਾਲ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਏ ਐੱਸ ਆਈ ਮੋਹਨ ਲਾਲ ਨੇ ਦੱਸਿਆ ਕਿ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਹਾਲੇ ਬਾਕੀ ਹੈ।

## ਹਰਦੀਪ ਮੁੰਡੀਆਂ ਦੇ ਹਲਕੇ 'ਚ ਰੋਸ ਮਾਰਚ 9 ਨੂੰ

**ਕਪੂਰਥਲਾ (ਮਨਜੀਤ ਮਾਨ)**- ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ ਸੂਬਾ ਜਨਰਲ ਸਕੱਤਰ ਦਰਸ਼ਨ ਸਿੰਘ ਕਾਠਗੜ੍ਹ ਅਤੇ ਸੂਬਾ ਪ੍ਰੈਸ ਸਕੱਤਰ ਸੰਜੀਵ ਕੌਂਡਲ ਨੇ ਪੰਜਾਬ ਸਰਕਾਰ ਵਲੋਂ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਮੋਰਚਾ ਦੇ ਮੁੱਖ ਆਗੂ ਸੁਖਚੈਨ ਸਿੰਘ ਖਹਿਰਾ ਦੀ ਬਦਲੀ ਕਰਨ ਤੇ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਤੇ



ਯੂਨੀਅਨ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਬਲਰਾਜ ਮੌੜ ਵਲੋਂ ਦੱਸਿਆ ਗਿਆ ਕਿ ਯੂਨੀਅਨ ਵਲੋਂ ਅਪਣੀਆ ਮੰਗਾਂ ਨੂੰ ਪੂਰਾ ਕਰਨ ਲਈ 9 ਸਤੰਬਰ ਨੂੰ ਕੈਬਨਿਟ ਮੰਤਰੀ ਹਰਦੀਪ ਮੁੰਡੀਆਂ ਦੇ ਹਲਕੇ ਵਿਚ ਪੰਜਾਬ ਪੱਧਰ ਦਾ ਰੋਸ ਪ੍ਰਦਰਸ਼ਨ ਰੱਖਿਆ ਗਿਆ ਹੈ। ਯੂਨੀਅਨ ਦੀਆਂ ਮੁੱਖ ਮੰਗਾਂ ਵਿੱਚ ਮਹਿਕਮੇ ਵਿੱਚ ਰੈਗੂਲਰ ਭਰਤੀ ਕੀਤੀ ਜਾਵੇ, ਇਨਲਿਸਟਮੇਟ ਵਾਲੇ ਆਉਟਸੋਰਸਿੰਗ ਕਾਮੇ ਅਤੇ ਮਸਟਰੋਲ ਵਾਲੇ ਕਾਮਿਆਂ ਨੂੰ ਰੈਗੂਲਰ ਕੀਤਾ ਜਾਵੇ, ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਕਾਮਿਆਂ ਨੂੰ ਪੁਰਾਣੀ ਪੈਨਸ਼ਨ ਲਾਗੂ ਕੀਤੀ ਜਾਵੇ 20:30:50 ਪਲੇਸਮੈਂਟ ਤੇ ਦੋ ਇੰਕਰੀਮੈਂਟ ਦਾ ਲਾਭ ਦਿੱਤਾ ਜਾਵੇ ਅਤੇ ਡਿਪਲੋਮਾ ਪਾਸ ਮੁਲਾਜ਼ਮਾਂ ਨੂੰ ਪ੍ਰਮੋਟ ਕੀਤਾ ਜਾਵੇ।

## 1997 ਪੋਲਿੰਗ ਸਟੇਸ਼ਨਾਂ 'ਤੇ ਭਲਕੇ ਲਗਾਏ ਜਾਣਗੇ ਵਿਸ਼ੇਸ਼ ਕੈਂਪ

**ਜਲੰਧਰ (ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਕਿ ਐਸ ਆਈ ਆਰ-2026 ਤਹਿਤ ਆਮ ਲੋਕਾਂ ਅਤੇ ਵੋਟਰਾਂ ਤੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਲਈ 6 ਸਤੰਬਰ ਨੂੰ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਜ਼ਿਲ੍ਹੇ ਦੇ ਸਾਰੇ 1997 ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਦੌਰਾਨ ਸਾਰੇ ਬੀ.ਐਲ.ਓ. ਆਪੋ-ਆਪਣੇ ਪੋਲਿੰਗ ਬੂਥਾਂ 'ਤੇ ਹਾਜ਼ਰ ਰਹਿਣਗੇ ਅਤੇ ਵੋਟਰਾਂ ਨੂੰ ਨੋਟਿਸ ਫਾਰਮ, ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਸਬੰਧੀ ਲੋੜੀਂਦੀ ਜਾਣਕਾਰੀ ਅਤੇ ਸਹਾਇਤਾ ਪ੍ਰਦਾਨ ਕਰਨਗੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਯੋਗਤਾ ਮਿਤੀ 1 ਅਕਤੂਬਰ 2026 ਦੇ ਆਧਾਰ 'ਤੇ ਜਿਸ ਨਾਗਰਿਕ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੈ, ਉਹ ਆਪਣਾ ਨਾਂਅ ਵੋਟਰ ਸੂਚੀ ਵਿੱਚ ਦਰਜ ਕਰਵਾਉਣ ਲਈ ਫਾਰਮ ਨੰਬਰ 6 ਭਰ ਕੇ ਇਸ ਵਿਸ਼ੇਸ਼ ਕੈਂਪ ਦਾ ਲਾਭ ਲੈਣ। ਇਸੇ ਤਰ੍ਹਾਂ ਵੋਟਰ ਕਾਰਡ ਵਿੱਚ ਦਰਜ ਵੇਰਵਿਆਂ ਵਿੱਚ ਕਿਸੇ ਵੀ ਕਿਸਮ ਦੀ ਦਰੁੱਸਤੀ ਕਰਵਾਉਣ ਲਈ ਫਾਰਮ ਨੰਬਰ 8 ਭਰਿਆ ਜਾ ਸਕਦਾ ਹੈ।

# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਡਰੋਨ ਸ਼ੋਅ ਯਾਦਗਾਰੀ ਹੋ ਨਿਬੜਿਆ

**ਹਜ਼ਾਰਾਂ ਲੋਕਾਂ ਨੇ ਮਾਣਿਆ ਅਦਭੁੱਤ ਨਜ਼ਾਰਾ**

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਨਵੀਂ ਦਾਣਾ ਮੰਡੀ ਸੁਲਤਾਨਪੁਰ ਲੋਧੀ ਵਿਖੇ ਕਰਵਾਇਆ ਗਿਆ 500 ਡਰੋਨਾਂ ਦਾ ਸ਼ਾਨਦਾਰ ਆਸਮਾਨੀ ਸ਼ੋ ਬੇਹੱਦ ਪ੍ਰਭਾਵਸ਼ਾਲੀ ਅਤੇ ਯਾਦਗਾਰੀ ਪਲਾਂ ਨਾਲ ਸੰਪੰਨ ਹੋ ਗਿਆ। ਆਸਮਾਨ ਵਿੱਚ ਇੱਕੋ ਸਮੇਂ 500 ਡਰੋਨਾਂ ਵੱਲੋਂ ਰੌਸ਼ਨੀ ਦੇ ਰੂਪ ਵਿੱਚ ਪੇਸ਼ ਕੀਤੇ ਗਏ



ਵੱਖ-ਵੱਖ ਦ੍ਰਿਸ਼ਾਂ ਨੇ ਦਰਸ਼ਕਾਂ ਨੂੰ ਮੋਹ ਲਿਆ ਅਤੇ ਪੂਰਾ ਮਾਹੌਲ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਰੰਗਿਆ ਨਜ਼ਰ ਆਇਆ। ਡਰੋਨ ਸ਼ੋਅ ਦੌਰਾਨ ਆਧੁਨਿਕ ਤਕਨਾਲੋਜੀ, ਰੌਸ਼ਨੀ, ਸੰਗੀਤ ਅਤੇ ਨਰੇਸ਼ਨ ਦੇ ਸੁਮੇਲ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ ਦੀ ਸੇਵਾ ਨਾਲ ਜੁੜੇ ਸੰਦੇਸ਼ ਨੂੰ ਬੇਹੱਦ ਖੂਬਸੂਰਤ ਢੰਗ ਨਾਲ ਪੇਸ਼ ਕੀਤਾ ਗਿਆ। ਆਸਮਾਨ ਵਿੱਚ ਬਣਦੇ ਰੌਸ਼ਨ ਆਕਾਰਾਂ ਅਤੇ ਦ੍ਰਿਸ਼ਾਂ ਨੂੰ ਦੇਖ ਕੇ ਲੋਕਾਂ ਨੇ ਖੂਬ ਤਾਲੀਆਂ ਵਜਾਈਆਂ ਅਤੇ ਆਪਣੇ ਮੋਬਾਈਲ ਫੋਨਾਂ ਵਿੱਚ ਇਨ੍ਹਾਂ ਇਤਿਹਾਸਿਕ ਪਲਾਂ ਨੂੰ ਕੈਦ ਕੀਤਾ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਡਰੋਨ ਸ਼ੋਅ ਸੁਲਤਾਨਪੁਰ ਲੋਧੀ ਦੇ ਇਤਿਹਾਸ ਵਿੱਚ ਇੱਕ ਵਿਲੱਖਣ ਅਤੇ ਯਾਦਗਾਰੀ ਅਧਿਆਇ ਵਜੋਂ ਦਰਜ ਹੋ ਗਿਆ, ਜਿਸ ਨੇ ਆਧੁਨਿਕ ਤਕਨਾਲੋਜੀ ਰਾਹੀਂ ਗੁਰੂ ਸਾਹਿਬ ਦੇ ਸਦੀਵੀ ਸੰਦੇਸ਼-ਬਰਾਬਰੀ, ਇਨਸਾਫ਼, ਭਾਈਚਾਰਾ ਅਤੇ ਮਾਨਵਤਾ ਨੂੰ ਲੋਕਾਂ ਤੱਕ ਪਹੁੰਚਾਇਆ।

## 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਲਈ ਰਜਿਸਟ੍ਰੇਸ਼ਨ ਕਰਵਾਉਣ ਖਿਡਾਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਦੇ ਖੇਡ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਦੇ ਉਦੇਸ਼ ਨਾਲ 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਬਲਾਕ ਪੱਧਰੀ ਖੇਡ ਮੁਕਾਬਲੇ 7 ਤੋਂ 12 ਸਤੰਬਰ ਤੱਕ, ਜਦਕਿ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 20 ਤੋਂ 26 ਸਤੰਬਰ ਤੱਕ ਕਰਵਾਏ ਜਾਣਗੇ। ਉਨ੍ਹਾਂ



ਦੱਸਿਆ ਕਿ ਬਲਾਕ ਪੱਧਰ 'ਤੇ ਇਸ ਸਾਲ 7 ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਇਸ ਵਾਰ ਟੈਨਿਸ ਕ੍ਰਿਕਟ ਨੂੰ ਵੀ ਖੇਡਾਂ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸੇ ਤਰ੍ਹਾਂ ਜ਼ਿਲ੍ਹਾ ਪੱਧਰ 'ਤੇ 29 ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਲਾਕ ਪੱਧਰੀ ਮੁਕਾਬਲਿਆਂ ਲਈ ਹੁਣ ਤੱਕ ਸਿਰਫ਼ 186 ਖਿਡਾਰੀਆਂ/ਟੀਮਾਂ ਨੇ ਆਨਲਾਈਨ ਰਜਿਸਟ੍ਰੇਸ਼ਨ ਕਰਵਾਈ ਹੈ, ਜਿਨ੍ਹਾਂ ਵਿੱਚ ਵਿਅਕਤੀਗਤ ਮੁਕਾਬਲਿਆਂ ਲਈ 164 ਖਿਡਾਰੀ ਅਤੇ ਟੀਮ ਮੁਕਾਬਲਿਆਂ ਲਈ 22 ਟੀਮਾਂ ਨੇ ਸਪੋਰਟਸ ਪੋਰਟਲ 'ਤੇ ਰਜਿਸਟ੍ਰੇਸ਼ਨ ਕਰਵਾਈ ਹੈ।

# ਜਨਮ ਅਸ਼ਟਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਡੇਰਾਬੱਸੀ ਵਿੱਚ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ ਗਿਆ । ਨਰਸਰੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਜਨਮ ਅਸ਼ਟਮੀ ਨੂੰ ਬੜੀ ਸ਼ਰਧਾ, ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਸ੍ਰੀ ਕ੍ਰਿਸ਼ਨ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ ਪ੍ਰਤੀ ਦਿੱਤੇ ਸੰਦੇਸ਼ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਸਮਾਗਮ ਦੌਰਾਨ ਨੰਨ੍ਹੇ-ਮੁੰਨ੍ਹੇ ਵਿਦਿਆਰਥੀਆਂ ਨੇ ਸ੍ਰੀ ਕ੍ਰਿਸ਼ਨ ਅਤੇ ਰਾਧਾ ਜੀ ਦੀ ਵੇਸ਼ਭੂਸ਼ਾ ਧਾਰਨ ਕਰਕੇ ਸਭ ਦਾ ਮਨ ਮੋਹ ਲਿਆ। ਬੱਚਿਆਂ ਵੱਲੋਂ ਕ੍ਰਿਸ਼ਨ ਨਾਲ ਸੰਬੰਧਿਤ ਗੀਤ, ਕਵਿਤਾਵਾਂ, ਭਜਨ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਵੀ ਕੀਤੀਆਂ ਗਈਆਂ। ਵਿਦਿਆਰਥੀਆਂ ਨੇ ਮਟਕੀ ਸਜਾਉਣ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਵਿੱਚ ਵੀ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਸਕੂਲ ਦਾ ਮਾਹੌਲ ਧਾਰਮਿਕ ਅਤੇ ਸੱਭਿਆਚਾਰਕ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ। ਇਹ ਸਾਰਾ ਪ੍ਰੋਗਰਾਮ ਸਕੂਲ ਦੇ ਉਪ-ਪ੍ਰਧਾਨ ਸ: ਅੰਮ੍ਰਿਤ ਪਾਲ ਸਿੰਘ ਜੀ ,ਮੁੱਖ ਅਧਿਆਪਕਾ ਕਵਿਤਾ ਦੀ ਸਰਪ੍ਰਸਤੀ ਹੇਠ ਕਰਵਾਇਆ ਗਿਆ।

## ਭਾਸ਼ਣ ਮੁਕਾਬਲੇ ਕਰਵਾਏ

**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ 'ਚ ਅੰਤਰ ਹਾਊਸ ਇੰਗਲਿਸ਼ ਭਾਸ਼ਣ ਪ੍ਰਤੀਯੋਗਤਾ ਕਰਵਾਈ ਗਈ। ਸਕੂਲ ਪ੍ਰਸ਼ਾਸਕ ਇੰਜ. ਨਿਮਰਤਾ ਕੌਰ ਉਚੇਚੇ ਤੌਰ 'ਤੇ ਸਮਾਗਮ ਵਿਚ ਸ਼ਾਮਲ ਹੋਏ। ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਆਪਣੇ ਆਤਮ ਵਿਸ਼ਵਾਸ ਅਤੇ ਉਚਾਰਨ ਕਲਾ ਦਾ ਵਧੀਆ ਪ੍ਰਦਰਸ਼ਨ ਕੀਤਾ। ਪ੍ਰਤੀਯੋਗਤਾ ਦੌਰਾਨ ਊਧਮ ਸਿੰਘ ਹਾਊਸ ਦੀ ਜਸ਼ਨਪ੍ਰੀਤ ਕੌਰ ਪਹਿਲੇ, ਭਗਤ ਸਿੰਘ ਹਾਊਸ ਦੀ



ਰਿਦੀਮਾ ਦੂਸਰੇ ਸਥਾਨ 'ਤੇ ਰਹੀ, ਜਦਕਿ ਲਾਲਾ ਲਾਜਪਤ ਰਾਏ ਹਾਊਸ ਦੀ ਸੁਖਮਨਪ੍ਰੀਤ ਕੌਰ ਤੇ ਭਗਤ ਸਿੰਘ ਹਾਊਸ ਦੀ ਸਾਕਸ਼ੀ ਸਾਂਝੇ ਤੌਰ 'ਤੇ ਤੀਸਰੇ ਸਥਾਨ 'ਤੇ ਰਹੀਆਂ। ਹਰਲੀਨ ਕੌਰ ਨੂੰ ਉਭਰਦਾ ਹੋਇਆ ਬੁਲਾਰਾ ਐਲਾਨਿਆ ਗਿਆ। ਜੱਜ ਦੀ ਭੂਮਿਕਾ ਦਲਜੀਤ ਕੌਰ ਵੱਲੋਂ ਨਿਭਾਈ ਗਈ। ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਨੂੰ ਵਧੀਆ ਬੁਲਾਰਾ ਬਣਨ ਦਾ ਮੌਕਾ ਦਿੰਦੇ ਹਨ।

## ਵਿਦਿਆਰਥੀਆਂ ਨੇ ਟੇਬਲ ਟੈਨਿਸ ਮੁਕਾਬਲੇ 'ਚ ਜ਼ਿਲ੍ਹੇ 'ਚੋਂ ਦੂਜਾ ਸਥਾਨ ਕੀਤਾ ਹਾਸਲ

**ਪੋਜੇਵਾਲ (ਰਾਮ ਲਾਲ)**- ਸਰਕਾਰੀ ਹਾਈ ਸਕੂਲ ਪਿੰਡ ਚਾਂਦਪੁਰ ਰੁੜਕੀ ਦੇ ਵਿਦਿਆਰਥੀਆਂ ਨੇ ਟੇਬਲ ਟੈਨਿਸ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਹਾਸਲ



ਕਰਕੇ ਸਕੂਲ ਅਤੇ ਪਿੰਡ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੁਕਾਬਲੇ ਵਿੱਚ ਹਰਮਨ, ਲਕਸ਼ਦੀਪ ਸਿੰਘ, ਪਰਮਜੀਤ ਸਿੰਘ ਅਤੇ ਹਰਸ਼ ਨੇ ਆਪਣੀ ਖੇਡ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਦੀ ਇਸ ਪ੍ਰਾਪਤੀ ਨਾਲ ਸਕੂਲ ਦੇ ਅਧਿਆਪਕਾਂ, ਮਾਪਿਆਂ ਅਤੇ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ।ਵਿਦਿਆਰਥੀਆਂ ਨੂੰ ਇਸ ਮੁਕਾਮ ਤੱਕ ਪਹੁੰਚਾਉਣ ਵਿੱਚ ਅਧਿਆਪਕ ਨਰੇਸ਼ ਕੁਮਾਰ ਦਾ ਵਿਸ਼ੇਸ਼ ਯੋਗਦਾਨ ਰਿਹਾ।ਉਨ੍ਹਾਂ ਦੀ ਮਿਹਨਤ ਸਦਕਾ ਬੱਚਿਆਂ ਨੇ ਜ਼ਿਲ੍ਹਾ ਪੱਧਰ 'ਤੇ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਜਾਣਕਾਰੀ ਦਿੰਦਿਆਂ ਰਜਿੰਦਰ ਸੀਆਰਪੀਐਫ ਅਤੇ ਡਿੰਪੀ, ਵਾਈਸ ਪ੍ਰੈਜ਼ੀਡੈਂਟ, ਉਸਵਾਲ ਫਨੀਸ਼ਿੰਗ ਮਿਲ ਲੁਧਿਆਣਾ ਨੇ ਕਿਹਾ ਕਿ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।

# ਪ ਸ ਸ ਫ ਨੇ ਨਗਰ ਨਿਗਮ ਤੇ ਅੱਗ ਬੁਝਾਊ ਕਰਮਚਾਰੀਆਂ ਦੇ ਸਮਰਥਨ ਵਿੱਚ ਇੱਕਜੁੱਟਤਾ ਦਿਵਸ ਮਨਾਇਆ

**ਗੁਰਾਇਆ (ਬਿੰਦਰ ਸੁਮਨ)**- ਹਰਿਆਣਾ ਰਾਜ ਵਿੱਚ ਨਗਰ ਨਿਗਮ/ਨਗਰ ਨਿਗਮਾਂ ਕਰਮਚਾਰੀਆਂ ਅਤੇ ਅੱਗ ਬੁਝਾਊ ਵਿਭਾਗ ਦੇ ਕਰਮਚਾਰੀਆਂ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ 6 ਅਗਸਤ 2026 ਤੋਂ ਜਾਰੀ ਅਣਮਿੱਥੇ ਸਮੇਂ ਦੀ ਹੜਤਾਲ ਦਾ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ ਸ ਸ ਫ,




ਮੁੱਖ ਦਫਤਰ-1406-22 ਬੀ, ਚੰਡੀਗੜ੍ਹ) ਵਲੋਂ ਪੁਰਜ਼ੋਰ ਸਮਰਥਨ ਕਰਦਿਆਂ ਇਕਜੁੱਟਤਾ ਦਿਵਸ ਪ ਸ ਸ ਫ ਦੇ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ।ਇਸ ਮੌਕੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਅਤੇ ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੇ ਕੌਮੀ ਵਾਈਸ ਪ੍ਰਧਾਨ ਸਾਥੀ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਸਥਾਨਕ ਨਿਗਮਾਂ ਵਿੱਚ ਕੰਮ ਕਰ ਰਹੇ ਠੇਕਾ ਅਤੇ ਕਾਂਟਰੈਕਟ ਕਰਮਚਾਰੀਆਂ ਨੂੰ ਰੈਗੂਲਰ ਕਰਨ ਅਤੇ ਅੱਗ ਬੁਝਾਊ ਵਿਭਾਗ ਦੇ ਸ਼ਹੀਦ ਕਰਮਚਾਰੀਆਂ ਦੇ ਆਸ਼ਰਿਤਾਂ ਨੂੰ ?50 ਲੱਖ ਮੁਆਵਜ਼ਾ ਦੇਣ ਦੀ ਮੰਗ ਪੂਰੀ ਤਰ੍ਹਾਂ ਜਾਇਜ਼ ਅਤੇ ਵਾਜਬ ਹੈ।

ਇਹ ਮੰਗਾਂ ਕਰਮਚਾਰੀਆਂ ਦੇ ਅਧਿਕਾਰਾਂ, ਸਮਾਜਿਕ ਸੁਰੱਖਿਆ ਅਤੇ ਸਨਮਾਨਜਨਕ ਜੀਵਨ ਨਾਲ ਜੁੜੀਆਂ ਹੋਈਆਂ ਹਨ। ਉਹਨਾਂ ਕਿਹਾ ਕਿ ਸੰਘਰਸ਼ਸ਼ੀਲ ਕਰਮਚਾਰੀਆਂ ਦੀ ਏਕਤਾ ਅੱਗੇ ਦਮਨ ਦੀ ਕੋਈ ਵੀ ਕਾਰਵਾਈ ਸਫ਼ਲ ਨਹੀਂ ਹੋਵੇਗੀ।

ਹਰਿਆਣਾ ਸਰਕਾਰ ਦੀ ਵਾਅਦਾ-ਖ਼ਿਲਾਫ਼ੀ ਅਤੇ ਦਮਨਕਾਰੀ ਨੀਤੀਆਂ ਦੇ ਵਿਰੋਧ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਵੱਲੋਂ ਅੱਜ ਵੱਖ-ਵੱਖ ਥਾਵਾਂ 'ਤੇ ਇਕਜੁੱਟਤਾ ਪ੍ਰਦਰਸ਼ਨ ਕਰਕੇ ਹਰਿਆਣਾ ਦੇ ਸੰਘਰਸ਼ਸ਼ੀਲ ਕਰਮਚਾਰੀਆਂ ਪ੍ਰਤੀ ਆਪਣਾ ਸਮਰਥਨ ਪ੍ਰਗਟ ਕੀਤਾ ਗਿਆ।

ਇਸ ਸਮੇਂ ਮਨੋਜ ਕੁਮਾਰ ਸਰੋਏ, ਨਿਰਮੋਲਕ ਸਿੰਘ ਹੀਰਾ, ਬਲਵਿੰਦਰ ਕੁਮਾਰ, ਕੁਲਦੀਪ ਸਿੰਘ ਕੌੜਾ, ਰਤਨ ਸਿੰਘ ,ਬਲਵੀਰ ਸਿੰਘ ,ਅਕਲ ਚੰਦ ਸਿੰਘ, ਸੰਦੀਪ ਰਾਜੋਵਾਲ, ਸੁਖਵਿੰਦਰ ਰਾਮ,ਬਲਵੀਰ ਸਿੰਘ ਗੁਰਾਇਆ, ਸੂਰਜ ਪ੍ਰਕਾਸ਼ ,ਕੁਲਵੰਤ ਰੁੜਕਾ, ਤਾਰਾ ਸਿੰਘ ਬੀਕਾ ,ਕਰਮਜੀਤ ਸਿੰਘ ਸੋਨੂ, ਅਤੇ ਭੁਪਿੰਦਰ ਕੁਮਾਰ ਹਾਜ਼ਰ ਸਨ।

# ਪੰਜਾਬ ਰਾਜ ਖੁਰਾਕ ਕਮਿਸ਼ਨ ਵੱਲੋਂ ਕਰਵਾਏ ਜਾਣਗੇ ਦੋ ਸੈਮੀਨਾਰ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਰਾਜ ਖੁਰਾਕ ਕਮਿਸ਼ਨ (ਪੀ ਐਸ ਐਫ ਸੀ) ਨੇ ਇੱਥੇ ਮਹਾਤਮਾ ਗਾਂਧੀ ਰਾਜ ਲੋਕ ਪ੍ਰਸ਼ਾਸਨ ਸੰਸਥਾ (ਮਗਸੀਪਾ) ਵਿਖੇ ਹੋਈ ਮੀਟਿੰਗ ਵਿੱਚ 7 ਸਤੰਬਰ ਨੂੰ ਮਗਸੀਪਾ ਵਿਖੇ ਦੋ ਸੈਮੀਨਾਰ ਕਰਵਾਉਣ ਦਾ ਫੈਸਲਾ ਕੀਤਾ।ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਕਮਿਸ਼ਨ ਦੇ ਚੇਅਰਮੈਨ ਸ੍ਰੀ ਬਾਲ ਮੁਕੰਦ ਸ਼ਰਮਾ ਨੇ ਦੱਸਿਆ ਕਿ ਪਹਿਲਾ ਸੈਮੀਨਾਰ 'ਜਨਤਕ ਵੰਡ ਪ੍ਰਣਾਲੀ ਸੁਧਾਰਾਂ, ਪਾਰਦਰਸ਼ਤਾ, ਤਕਨਾਲੋਜੀ ਅਤੇ ਪੋਰਟੇਬਿਲਟੀ' ਵਿਸ਼ੇ 'ਤੇ ਅਧਾਰਿਤ ਹੋਵੇਗਾ। ਜਦਕਿ ਦੂਜਾ ਸੈਮੀਨਾਰ ਸਰਕਾਰ ਵੱਲੋਂ ਸਪਾਂਸਰਡ ਭੋਜਨ ਸਕੀਮਾਂ ਵਿੱਚ ਪੋਸ਼ਣ ਨੂੰ ਉਤਸ਼ਾਹਿਤ ਕਰਨ ਦੇ ਵਿਸ਼ੇ 'ਤੇ ਕੇਂਦਰਿਤ ਹੋਵੇਗਾ। ਇਸ ਤੋਂ ਇਲਾਵਾ 8 ਸਤੰਬਰ ਨੂੰ ਮਗਸੀਪਾ ਦੇ ਆਡੀਟੋਰੀਅਮ ਵਿੱਚ ਪਹਿਲਾ ਸੈਮੀਨਾਰ-ਕਮ-ਐਵਾਰਡ ਸਮਾਰੋਹ ਕਰਨ ਦਾ ਵੀ ਫੈਸਲਾ ਕੀਤਾ ਗਿਆ ਹੈ। ਇਹ ਸਮਾਗਮ ਪੰਜਾਬ ਰਾਜ ਖੁਰਾਕ ਕਮਿਸ਼ਨ ਅਤੇ ਪੰਜਾਬ ਵਪਾਰ ਪ੍ਰਮੋਸ਼ਨ ਕੌਂਸਲ ਦੁਆਰਾ ਸਾਂਝੇ ਤੌਰ 'ਤੇ ਕਰਵਾਇਆ ਜਾਵੇਗਾ। ਇਹ ਇੱਕ-ਰੋਜ਼ਾ ਸੈਮੀਨਾਰ ਨੀਤੀ ਘਾੜਿਆਂ, ਉਦਯੋਗਿਕ ਮਾਹਿਰਾਂ, ਐਮਐਸਐਮਈਜ਼, ਸਟਾਰਟ ਅੱਪਸ ਅਤੇ ਸੰਸਥਾਗਤ ਭਾਈਵਾਲਾਂ ਨੂੰ ਇੱਕੋਂ ਥਾਂ ਇਕੱਠੇ ਕਰਕੇ ਫੂਡ ਪ੍ਰੋਸੈਸਿੰਗ ਖੇਤਰ ਨੂੰ ਪ੍ਰਫੁੱਲਿਤ ਕਰਨ ਵਿੱਚ ਮਦਦ ਕਰੇਗਾ। ਬਾਲ ਮੁਕੰਦ ਸ਼ਰਮਾ ਨੇ ਅੱਗੇ ਕਿਹਾ ਕਿ ਇਸ ਸਮਾਗਮ ਵਿੱਚ ਸੂਬੇ ਦੇ ਸਟਾਰਟ ਅੱਪ ਈਕੋਸਿਸਟਮ, ਉੱਦਮਾਂ ਦੀ ਸਹੂਲਤ ਅਤੇ ਵਿੱਤੀ ਸਹਾਇਤਾ ਦੇ ਨਾਲ-ਨਾਲ ਵਪਾਰਕ ਵਿਕਾਸ ਨੀਤੀ 2026 ਤਹਿਤ ਸੰਸਥਾਗਤ ਸਹਾਇਤਾ ਅਤੇ ਫੂਡ ਪ੍ਰੋਸੈਸਿੰਗ ਨੀਤੀ 2026 'ਤੇ ਵੀ ਚਰਚਾ ਹੋਵੇਗੀ। ਇਸ ਮੌਕੇ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ, ਵਿਜੇ ਦੱਤ ਅਤੇ ਮੈਂਬਰ ਸਕੱਤਰ ਕਨੂ ਥਿੰਦ ਸ਼ਾਮਲ ਸਨ।

# ਵਿਦਿਆਰਥਣਾਂ ਲਈ ਦੋ ਰੋਜ਼ਾ 'ਸਖੀ-ਜੀ' ਪ੍ਰੋਗਰਾਮ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਮਨਮੋਹਨ ਸਿੰਘ (ਕੁਲਪਤੀ) ਦੀ ਪ੍ਰੇਰਨਾ ਅਤੇ ਪ੍ਰੋ. ਡਾ. ਪਲਵਿੰਦਰ ਸਿੰਘ (ਉਪ-ਕੁਲਪਤੀ) ਦੀ ਯੋਗ ਅਗਵਾਈ ਹੇਠ,ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਲੋਂ 1-2 ਸਤੰਬਰ 2026 ਨੂੰ ਨਵੀਆਂ ਦਾਖਲ ਹੋਈਆਂ ਵਿਦਿਆਰਥਣਾਂ ਲਈ ਦੋ ਰੋਜ਼ਾ ਜਾਗਰੂਕਤਾ ਪ੍ਰੋਗਰਾਮ 'ਸਖੀ-ਜੀ' ਆਯੋਜਿਤ ਕੀਤਾ ਗਿਆ।

ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਨਵੇਂ ਦਾਖਲ ਹੋਏ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੀਆਂ ਵੱਖ-ਵੱਖ ਵਿਦਿਆਰਥੀ ਭਲਾਈ ਸੇਵਾਵਾਂ, ਸਹਾਇਤਾ ਪ੍ਰਣਾਲੀਆਂ ਅਤੇ ਸੰਸਥਾਗਤ ਢਾਂਚੇ ਤੋਂ ਜਾਣੂ ਕਰਵਾਉਣਾ ਸੀ, ਨਾਲ ਹੀ ਉਨ੍ਹਾਂ ਨੂੰ ਕੈਂਪਸ ਵਿੱਚ ਉਪਲਬਧ ਅਧਿਕਾਰਾਂ, ਜ਼ਿੰਮੇਵਾਰੀਆਂ ਅਤੇ ਮੌਕਿਆਂ ਬਾਰੇ ਜਾਗਰੂਕ ਕਰਨਾ ਸੀ।

ਪ੍ਰੋਗਰਾਮ ਦੌਰਾਨ ਯੂਨੀਵਰਸਿਟੀ ਦੀਆਂ ਵੱਖ-ਵੱਖ ਕਮੇਟੀਆਂ ਦੇ ਨੁਮਾਇੰਦਿਆਂ ਨੇ ਵਿਦਿਆਰਥੀਆਂ ਨਾਲ ਆਪਣੇ ਵਲੋਂ ਦਿੱਤੀਆਂ ਜਾਂਦੀਆਂ ਸੇਵਾਵਾਂ ਅਤੇ ਜ਼ਿੰਮੇਵਾਰੀਆਂ ਬਾਰੇ ਜਾਣਕਾਰੀ ਦਿੱਤੀ। ਵੱਖ ਵੱਖ ਸੈਸ਼ਨਾਂ ਦੁਰਾਨ ਜਿਨਸੀ ਸ਼ੋਸ਼ਣ ਰੋਕਥਾਮ, ਐਂਟੀ-ਰੈਗਿੰਗ, ਕਾਊਂਸਲਿੰਗ ਅਤੇ ਮਾਨਸਿਕ ਸਿਹਤ, ਲਿੰਗ ਸੰਵੇਦਨਸ਼ੀਲਤਾ ਅਤੇ ਸਮਾਨਤਾ, ਯੂਥ ਵੈਲਫੇਅਰ, ਵਿਦਿਆਰਥੀ ਅਗਵਾਈ ਅਤੇ ਭਾਗੀਦਾਰੀ, ਸਿਹਤ ਅਤੇ ਮੈਡੀਕਲ ਐਮਰਜੈਂਸੀ, ਕੈਂਪਸ ਸੁਰੱਖਿਆ, ਅਤੇ ਆਵਾਜਾਈ ਸਹਾਇਤਾ ਵਰਗੇ ਮਹੱਤਵਪੂਰਨ ਵਿਸ਼ੇ ਸ਼ਾਮਲ ਸਨ।

## ਵੋਟਰ ਸੂਚੀਆਂ ਦੀ ਜਾਂਚ ਤੇ ਤਸਦੀਕ ਸੰਬੰਧੀ ਕੈਂਪ ਲਗਾਇਆ

**ਅਲਾਵਲਪੁਰ (ਮਦਨ ਬੰਗੜ)**- ਕਸਬਾ ਅਲਾਵਲਪੁਰ ਦੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਚੋਣ ਕਮਿਸ਼ਨ ਦੀ ਐੱਸ ਆਈ ਆਰ ਪ੍ਰਕਿਰਿਆ ਤਹਿਤ ਵੋਟਰ ਸੂਚੀਆਂ ਦੀ ਜਾਂਚ ਤੇ ਤਸਦੀਕ ਦਾ ਕੰਮ ਕੀਤਾ ਗਿਆ। ਵੋਟਰ



ਮੈਪਿੰਗ ਸਬੰਧੀ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਮੌਕੇ ਨਾਇਬ ਤਹਿਸੀਲਦਾਰ ਅੰਕੁਸ਼ ਸਿੰਘ, ਕਾਨੂੰਨਗੋ ਰਮਨ ਕੁਮਾਰ, ਬੀ.ਐੱਲ.ਓ. ਸੁਪਰਵਾਈਜ਼ਰ ਮਨੋਜ ਕੁਮਾਰ ਅਤੇ ਬੀ.ਐੱਲ.ਓਜ਼ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਕੈਂਪ ਦੌਰਾਨ ਕਸਬਾ ਅਲਾਵਲਪੁਰ ਦੇ ਉਨ੍ਹਾਂ ਵੋਟਰਾਂ ਦੀ ਮੈਪਿੰਗ ਦਾ ਕੰਮ ਕੀਤਾ ਗਿਆ, ਜਿਨ੍ਹਾਂ ਦੀ ਸਾਲ 2003 ਦੀ ਵੋਟਰ ਸੂਚੀ ਨਾਲ ਮੈਪਿੰਗ ਨਹੀਂ ਹੋਈ ਸੀ। ਇਨ੍ਹਾਂ ਵੋਟਰਾਂ ਨੂੰ ਇਸ ਸਬੰਧੀ ਨੋਟਿਸ ਜਾਰੀ ਕੀਤੇ ਗਏ ਸਨ। ਕੈਂਪ ਵਿੱਚ ਸਵੇਰੇ 9 ਵਜੇ ਤੋਂ ਹੀ ਵੋਟਰਾਂ ਦੀ ਆਮਦ ਸ਼ੁਰੂ ਹੋ ਗਈ ਸੀ ਅਤੇ ਦੇਰ ਸ਼ਾਮ 7 ਵਜੇ ਤੱਕ ਇਹ ਕਾਰਜ ਜਾਰੀ ਰਿਹਾ।

## ਮੁੱਖ ਮੰਤਰੀ ਸਿਹਤ ਯੋਜਨਾ ਹੋਈ ਡਿਜੀਟਲ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੀ ਮੁੱਖ ਮੰਤਰੀ ਸਿਹਤ ਯੋਜਨਾ ਨਾਗਰਿਕ-ਕੇਂਦਰਿਤ ਸਿਹਤ ਸੇਵਾਵਾਂ ਦੀ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਚੁੱਕ ਰਹੀ ਹੈ, ਜਿਸ ਤਹਿਤ ਰਾਜ ਸਿਹਤ ਏਜੰਸੀ (ਐਸ ਐਚ ਏ), ਪੰਜਾਬ ਨੇ ਲਾਭਪਾਤਰੀਆਂ ਨੂੰ ਅਧਿਕਾਰਤ ਪੋਰਟਲ ਤੋਂ ਆਪਣਾ ਹੈਲਥ ਕਾਰਡ ਡਿਜੀਟਲ ਤੌਰ 'ਤੇ ਡਾਊਨਲੋਡ ਕਰਨ ਦੇ ਯੋਗ ਬਣਾਇਆ ਹੈ।ਇਸ ਸੁਵਿਧਾ ਤਹਿਤ ਯੋਗ ਲਾਭਪਾਤਰੀਆਂ ਨੂੰ ਹੁਣ ਹੈਲਥ ਕਾਰਡ ਦੀ ਕਾਪੀ ਪ੍ਰਾਪਤ ਕਰਨ ਲਈ ਕਿਸੇ ਕੇਂਦਰ 'ਤੇ ਜਾਣ ਦੀ ਲੋੜ ਨਹੀਂ ਹੋਵੇਗੀ।ਲਾਭਪਾਤਰੀ ਦੀ ਵੈਰੀਫਿਕੇਸ਼ਨ/ਈ-ਕੇਵਾਈਸੀ ਅਤੇ ਫੋਟੋ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਹੈਲਥ ਕਾਰਡ ਨੂੰ ਆਨਲਾਈਨ ਦੇਖਿਆ ਅਤੇ ਡਾਊਨਲੋਡ ਕੀਤਾ ਜਾ ਸਕੇਗਾ। ਇਸ ਨੂੰ ਮੋਬਾਈਲ ਫੋਨ ਵਿੱਚ ਸੁਰੱਖਿਅਤ ਰੱਖਿਆ ਜਾ ਸਕਦਾ ਹੈ ਜਾਂ ਭਵਿੱਖ ਵਿੱਚ ਵਰਤੋਂ ਲਈ ਪ੍ਰਿੰਟ ਵੀ ਕੀਤਾ ਜਾ ਸਕਦਾ ਹੈ।



ਪ੍ਰੀਆਂਸ਼ ਧਵਨ



ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਵਿੱਤਰ ਤਿਉਹਾਰ ਮੌਕੇ ਪੀਲੇ ਰੰਗ ਦੀ ਧੋਤੀ, ਮੁਕਟ ਨਾਲ ਸਜਿਆ ਇੱਕ ਪਿਆਰਾ ਬੱਸੀ ਬੰਸਰੀ ਵਜਾਉਂਦਾ ਹੋਇਆ। (ਫੋਟੋ ਤੇ ਵੇਰਵਾ : ਅਮਨ ਗਰਗ, ਨਾਭਾ)

# ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਕਲਸ਼ ਯਾਤਰਾ ਸਜਾਈ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਠੱਕਰਵਾਲ ਬਾਬਾ ਮੇਹਰ ਗਿਰ ਮੰਦਰ ਠਾਕੁਰ ਦੁਆਰਾ ਠੱਕਰਵਾਲ ਹੁਸ਼ਿਆਰਪੁਰ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ



ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਹਾਂਉਤਸਵ ਮੌਕੇ 1 ਸਤੰਬਰ ਤੋਂ 7 ਸਤੰਬਰ ਤੱਕ ਸ੍ਰੀ ਮੱਦ ਭਗਵਤ ਕਥਾ ਕੀਰਤਨ ਸਮਾਗਮ ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ ਕਰਵਾਏ ਜਾ ਰਹੇ ਹਨ।

ਇਸ ਮੌਕੇ ਮਾਸਟਰ ਸਰਬਜੀਤ ਸਿੰਘ ਮੰਝ ਠੱਕਰਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸ੍ਰੀ ਮੱਦ ਭਗਵਤ ਕਥਾ ਸਬੰਧੀ ਕਲਸ਼ ਯਾਤਰਾ ਸਜਾਈ ਗਈ। ਇਹ ਕਲਸ਼ ਯਾਤਰਾ ਬਾਬਾ ਮੇਹਰ ਗਿਰ ਮੰਦਰ ਠਾਕੁਰਦੁਆਰਾ ਤੋਂ ਆਰੰਭ ਹੋ ਕੇ ਵੱਖ ਵੱਖ ਮੁਹੱਲਿਆਂ ਤੋਂ ਹੁੰਦੀ ਹੋਈ ਸਮਾਪਤੀ ਹੋਈ।

ਇਸ ਕਲਸ਼ ਯਾਤਰਾ ਦਾ ਪਿੰਡ ਠੱਕਰਵਾਲ ਅਤੇ ਮੌਜੋਮਜਾਰਾ ਦੀਆਂ ਸੰਗਤਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਕਲਸ਼ ਯਾਤਰਾ ਦੌਰਾਨ ਵੱਖ ਵੱਖ ਮਹੱਲਿਆਂ ਵਿੱਚ ਸੰਗਤਾਂ ਵੱਲੋਂ ਲੰਗਰ ਲਗਾਏ ਗਏ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 7 ਸਤੰਬਰ ਤੱਕ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਹਾਂਉਤਸਵ ਮੌਕੇ ਸ੍ਰੀ ਭੀਸ਼ਮ ਸ਼ਾਸਤਰੀ ਹਰ ਰੋਜ਼ ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ ਸ੍ਰੀ ਮੱਦ ਭਗਵਤ ਦੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

ਕਲਸ਼ ਯਾਤਰਾ ਦੌਰਾਨ ਪੰਡਤ ਰਵਿੰਦਰ ਝਾਅ ਠੱਕਰਵਾਲ, ਖੜਕ ਸਿੰਘ ਮੰਝ, ਮਾਸਟਰ ਸਰਬਜੀਤ ਸਿੰਘ ਮੰਝ, ਬੰਟੀ, ਦਲਜੀਤ ਸਿੰਘ, ਗੁਰਪ੍ਰੀਤ ਸਿੰਘ ਮੰਝ, ਨਰਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਸਮਾਜਿਕ ਸੁਰੱਖਿਆ ਸਕੀਮਾਂ ਅਧੀਨ 36 ਲੱਖ ਤੋਂ ਵੱਧ ਲਾਭਪਾਤਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜ ਦੇ ਕਮਜ਼ੋਰ, ਲੋੜਵੰਦ ਅਤੇ ਵੰਚਿਤ ਵਰਗਾਂ ਦੀ ਭਲਾਈ ਨੂੰ ਸਰਵਉੱਚ ਤਰਜੀਹ ਦਿੰਦਿਆਂ ਉਨ੍ਹਾਂ ਨੂੰ ਸਮਾਜਿਕ ਅਤੇ ਆਰਥਿਕ ਸੁਰੱਖਿਆ ਪ੍ਰਦਾਨ ਕਰਨ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਹਰ ਯੋਗ ਨਾਗਰਿਕ ਨੂੰ ਸਨਮਾਨ, ਆਤਮ-ਨਿਰਭਰਤਾ ਅਤੇ ਆਰਥਿਕ ਸੁਰੱਖਿਆ ਨਾਲ ਜੀਵਨ ਜਿਊਣ ਦੇ ਯੋਗ ਬਣਾਉਣਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਬੁਢਾਪਾ ਪੈਨਸ਼ਨ ਸਕੀਮ ਸਮੇਤ ਵੱਖ-ਵੱਖ ਸਮਾਜਿਕ ਸੁਰੱਖਿਆ ਸਕੀਮਾਂ ਤਹਿਤ ਪੰਜਾਬ ਸਰਕਾਰ ਵੱਲੋਂ ਹੁਣ ਤੱਕ ਡਾਇਰੈਕਟ ਬੈਨੀਫਿਟ ਟਰਾਂਸਫਰ (ਡੀ.ਬੀ.ਟੀ.) ਰਾਹੀਂ ?2,697.44 ਕਰੋੜ ਤੋਂ ਵੱਧ ਦੀ ਰਕਮ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਕਰਵਾਈ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਣਾਲੀ ਨੇ ਵਿੱਤੀ ਸਹਾਇਤਾ ਦੀ ਵੰਡ ਨੂੰ ਪਾਰਦਰਸ਼ੀ, ਸਮੇਂ ਸਿਰ ਅਤੇ ਬਿਨਾਂ ਕਿਸੇ ਬਿਚੋਲਗੀ ਦੇ ਯਕੀਨੀ ਬਣਾਇਆ ਹੈ। ਡਾ. ਬਲਜੀਤ ਕੌਰ ਨੇ ਕਿਹਾ ਕਿ ਇਸ ਵੇਲੇ ਪੰਜਾਬ ਭਰ ਵਿੱਚ 36 ਲੱਖ ਤੋਂ ਵੱਧ ਲਾਭਪਾਤਰੀ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਲੈ ਰਹੇ ਹਨ। ਮੰਤਰੀ ਨੇ ਦੱਸਿਆ ਕਿ ਮੌਜੂਦਾ ਵਿੱਤੀ ਵਰ੍ਹੇ 2026-27 ਦੌਰਾਨ ਸਮਾਜਿਕ ਸੁਰੱਖਿਆ ਸਕੀਮਾਂ ਲਈ ?6,131.91 ਕਰੋੜ ਦਾ ਬਜ਼ਟ ਉਪਬੰਧ ਕੀਤਾ ਗਿਆ ਹੈ।

# ਅਚੀਵਰਜ਼ ਗਰੁੱਪ ਨੇ ਜਲੰਧਰ ਜਿਮਖਾਨਾ ਕਲੱਬ ਦਾ ਕਾਰਜਭਾਰ ਸੰਭਾਲਿਆ



**ਜਲੰਧਰ (ਸ਼ੈਲੀ ਐਲਬਰਟ)**- ਅਚੀਵਰਜ਼ ਗਰੁੱਪ ਨੇ 2026 ਦੀਆਂ ਕਲੱਬ ਚੋਣਾਂ ਵਿੱਚ ਆਪਣੀ ਫੈਸਲਾਕੁੰਨ ਜਿੱਤ ਤੋਂ ਬਾਅਦ ਸ਼ੁੱਕਰਵਾਰ ਨੂੰ ਜਲੰਧਰ ਜਿਮਖਾਨਾ ਕਲੱਬ ਦਾ ਅਧਿਕਾਰਤ ਤੌਰ 'ਤੇ ਕਾਰਜਭਾਰ ਸੰਭਾਲ ਲਿਆ। ਨਵੀਂ ਚੁਣੀ ਗਈ ਟੀਮ ਨੇ ਇਸ ਵੱਕਾਰੀ ਸੰਸਥਾ ਦੀ ਬਿਹਤਰੀ, ਵਿਕਾਸ ਅਤੇ ਸਮੁੱਚੀ ਤਰੱਕੀ ਲਈ ਮਿਲ ਕੇ ਕੰਮ ਕਰਨ ਦਾ ਸੰਕਲਪ ਲਿਆ।ਅਚੀਵਰਜ਼ ਗਰੁੱਪ ਨੇ ਚੋਣਾਂ ਵਿੱਚ ਸਾਰੇ ਚਾਰ ਮੁੱਖ ਅਹੁਦੇਦਾਰਾਂ ਦੇ ਅਹੁਦਿਆਂ 'ਤੇ ਜਿੱਤ ਹਾਸਲ ਕੀਤੀ ਅਤੇ ਦਸ ਕਾਰਜਕਾਰੀ ਮੈਂਬਰਾਂ ਦੀਆਂ ਸੀਟਾਂ ਵਿੱਚੋਂ ਅੱਠ ਸੀਟਾਂ ਜਿੱਤੀਆਂ।ਧੀਰਜ ਸੇਠ ਜੂਨੀਅਰ ਵਾਈਸ ਪ੍ਰੈਜ਼ੀਡੈਂਟ ਚੁਣੇ ਗਏ ਹਨ, ਅਮਿਤ ਕੁਕਰੇਜਾ ਨੇ ਆਨਰੇਰੀ ਸਕੱਤਰ ਦਾ ਕਾਰਜਭਾਰ ਸੰਭਾਲ ਲਿਆ ਹੈ, ਹਰਪ੍ਰੀਤ ਸਿੰਘ ਗੋਲਡੀ ਜੁਆਇੰਟ ਸਕੱਤਰ ਚੁਣੇ ਗਏ ਹਨ, ਜਦਕਿ ਸੌਰਭ ਖੁੱਲਰ ਖਜ਼ਾਨਚੀ ਚੁਣੇ ਗਏ ਹਨ। ਅਚੀਵਰਜ਼ ਗਰੁੱਪ ਵੱਲੋਂ ਚੁਣੇ ਗਏ ਅੱਠ ਕਾਰਜਕਾਰੀ ਮੈਂਬਰਾਂ ਵਿੱਚ ਸ਼ਾਲਿਨੀ ਕਾਲਰਾ, ਨਿਤਿਨ ਬਹਿਲ, ਜੁਬਿਨ ਸ਼ੰਗਾਰੀ, ਮੋਹਿੰਦਰ ਸਿੰਘ, ਅਤੁਲ ਤਲਵਾਰ, ਵਿੰਨੀ ਸ਼ਰਮਾ ਧਵਨ, ਐਮ ਬੀ ਬਾਲੀ ਅਤੇ ਰਾਜੀਵ ਬੰਸਲ ਸ਼ਾਮਲ ਹਨ।ਪ੍ਰੋਗਰੈਸਿਵ ਗਰੁੱਪ ਵੱਲੋਂ ਪ੍ਰੋ. ਵਿਪਨ ਝਾਂਜੀ ਅਤੇ ਸ਼ਲੀਨ ਜੋਸ਼ੀ ਨੇ ਬਾਕੀ ਦੋ ਕਾਰਜਕਾਰੀ ਮੈਂਬਰਾਂ ਦੇ ਅਹੁਦਿਆਂ 'ਤੇ ਜਿੱਤ ਹਾਸਲ ਕੀਤੀ।ਕਾਰਜਭਾਰ ਸੰਭਾਲਣ ਦੇ ਸਮਾਗਮ ਦੌਰਾਨ 'ਆਪ' ਜਲੰਧਰ ਸੈਂਟਰਲ ਹਲਕਾ ਇੰਚਾਰਜ ਨਿਤਿਨ ਕੋਹਲੀ ਨੇ ਜਲੰਧਰ ਜਿਮਖਾਨਾ ਕਲੱਬ ਦੇ ਨਵੇਂ ਚੁਣੇ ਗਏ ਅਹੁਦੇਦਾਰਾਂ, ਕਾਰਜਕਾਰੀ ਮੈਂਬਰਾਂ ਅਤੇ ਸਾਰੇ ਮੈਂਬਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਨਵੀਂ ਟੀਮ ਇੱਕੋ ਜਿਹੀ ਸੋਚ ਰੱਖਣ ਵਾਲੇ ਮੈਂਬਰਾਂ ਤੋਂ ਬਣੀ ਹੈ, ਜੋ ਕਲੱਬ ਦੀ ਭਲਾਈ ਅਤੇ ਵਿਕਾਸ ਪ੍ਰਤੀ ਸਾਂਝੀ ਵਚਨਬੱਧਤਾ ਰੱਖਦੇ ਹਨ।ਕਾਰਜਭਾਰ ਸੰਭਾਲਣ ਦੇ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਮੈਂਬਰ, ਸਮਰਥਕ ਅਤੇ ਸ਼ੁਭਚਿੰਤਕ ਮੌਜੂਦ ਸਨ।



ਰਤਨ ਕੁਮਾਰ ਧਨੇੜਾ ਦੀ ਅਗਵਾਈ ਵਿੱਚ ਤਰਲੋਚਨ ਚੰਦ ਮਜਾਰਾ ਨੂੰ ਐੱਸ ਸੀ ਮੋਰਚਾ ਸ੍ਰੀ ਅਨੰਦਪੁਰ ਸਾਹਿਬ ਦਾ ਮੰਡਲ ਪ੍ਰਧਾਨ ਲਗਾਇਆ ਗਿਆ। ਜਿਸ ਵਿਚ ਮੀਤ ਪ੍ਰਧਾਨ ਅਮਰ ਸੋਢੀ, ਅੰਮ੍ਰਿਤ ਲਾਲ ਘੋਗਾਂ, ਜ਼ਿਲ੍ਹਾ ਸਕੱਤਰ ਸ਼ਾਮ ਸੁੰਦਰ ਰੰਗਾ, ਜਨਰਲ ਸਕੱਤਰ ਪ੍ਰਦੀਪ ਕੁਮਾਰ ਕੋਟਲਾ, ਸਤਵਿੰਦਰ ਸਿੰਘ (ਮੀਡੀਆ ਇੰਚਾਰਜ) ਸੋਸ਼ਲ ਮੀਡੀਆ ਇੰਚਾਰਜ ਗੁਰਪਾਲ ਸਿੰਘ, ਯੁਵਾ ਮੋਰਚਾ ਦੇ ਵਰਿੰਦਰ ਸਿੰਘ, ਜੋਬਨ ਸਿੰਘ, ਰਣਜੀਤ ਸਿੰਘ, ਗੰਗਾ ਸਿੰਘ, ਪਿਆਰਾ ਲਾਲ, ਹਰੀ ਓਮ, ਸਤਪਾਲ, ਰਮਨ ਸਿੰਘ, ਲੰਬਰਦਾਰ ਸੋਨੀ, ਕਿਸ਼ਨ ਚੰਦ, ਮਹਿਲਾ ਵਰਕਰ ਸੁਨੀਤਾ ਰਾਣੀ, ਰਾਣੀ ਦੇਵੀ, ਸਵਿਤਰੀ ਦੇਵੀ ਅਤੇ ਭਾਰੀ ਗਿਣਤੀ ਵਿੱਚ ਭਾਜਪਾ ਵਰਕਰ ਮੌਜੂਦ ਰਹੇ। (ਫੋਟੋ ਤੇ ਵੇਰਵਾ : ਅਰਵਿੰਦਰ ਸਿੰਘ ਬਿੰਦੀ ਅਨੰਦਪੁਰ ਸਾਹਿਬ)